ਸ਼ੁੱਕਰਵਾਰ, 7 ਜੁਲਾਈ, 2023
23 ਹਾੜ੍ਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 36

# ਨਵਾਂ ਜ਼ਮਾਨਾ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

DAILY NAWAN ZAMANA • FRIDAY, 7 JULY, 2023 ਜਲੰਧਰ
You Tube nawan zamana TV
ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## 50-60 ਬੋਰੀਆਂ, ਟਮਾਟਰ ਚੋਰੀ



**ਬੈਂਗਲੁਰੂ :** ਕਰਨਾਟਕ ’ਚ ਇੱਕ ਮਹਿਲਾ ਦੇ ਖੇਤ ’ਚੋਂ ਕਥਿਤ ਤੌਰ ’ਤੇ ਢਾਈ ਲੱਖ ਦੇ ਟਮਾਟਰ ਚੋਰੀ ਹੋ ਗਏ। ਚੋਰ ਰਾਤ ਨੂੰ ਹਾਸਨ ਜ਼ਿਲ੍ਹੇ ਦੇ ਗੋਨੀ ਸੋਮਨਹੱਲੀ ਪਿੰਡ ਸਥਿਤ ਖੇਤ ’ਚ 50-60 ਬੈਗ ਟਮਾਟਰ ਦੇ ਲੈ ਕੇ ਫਰਾਰ ਹੋ ਗਏ। ਮਹਿਲਾ ਕਿਸਾਨ ਧਾਰਿਣੀ ਦੀ ਸ਼ਿਕਾਇਤ ’ਤੇ ਹਲੇਬੀਡੂ ਪੁਲਸ ਸਟੇਸ਼ਨ ’ਚ ਚੋਰੀ ਦਾ ਮਾਮਲਾ ਦਰਜ ਕੀਤਾ ਗਿਆ। ਧਾਰਿਣੀ ਨੇ ਕਿਹਾ ਕਿ ਚੋਰੀ ਉਦੋਂ ਹੋਈ ਜਦ ਟਮਾਟਰ ਦੀ ਕੀਮਤ 120 ਰੁਪਏ ਪ੍ਰਤੀ ਕਿਲੋਗ੍ਰਾਮ ਤੋਂ ਉਪਰ ਪਹੁੰਚਣ ’ਤੇ ਉਹ ਫਸਲ ਕੱਟ ਕੇ ਬੈਂਗਲੁਰੂ ਦੇ ਬਾਜ਼ਾਰ ’ਚ ਲੈ ਜਾਣ ਦੀ ਯੋਜਨਾ ਬਣਾ ਰਹੀ ਸੀ। ਚੋਰਾਂ ਨੇ ਟਮਾਟਰ ਦੀ ਬਾਕੀ ਖੜੀ ਫਸਲ ਵੀ ਉਜਾੜ ਦਿੱਤੀ।

## ਬੱਸ-ਵੈਨ ਦੀ ਟੱਕਰ ’ਚ ਤਿੰਨ ਦੀ ਮੌਤ

**ਨਵੀਂ ਦਿੱਲੀ :** ਰਾਜਧਾਨੀ ਦਿੱਲੀ ’ਚ ਵੀਰਵਾਰ ਦੁਪਹਿਰ ਮਾਰੂਤੀ ਵੈਨ ਇੱਕ ਡੀ ਟੀ ਸੀ ਬੱਸ ਨਾਲ ਟਕਰਾਅ ਗਈ। ਇੱਥੇ ਲੋਨੀ ਗੋਲ ਚੱਕਰ ਦੇ ਕੋਲ ਫਲਾਈਓਵਰ ਦੇ ਉਪਰ ਦੀ ਇਹ ਘਟਨਾ ਹੈ। ਵੈਨ ਸੜਕ ਦੇ ਡਿਵਾਇਡਰ ਨਾਲ ਟਕਰਾਅ ਕੇ ਦੂਜੇ ਪਾਸੇ ਚਲੀ ਗਈ ਅਤੇ ਇੱਕ ਡੀ ਟੀ ਸੀ ਬੱਸ ਨਾਲ ਉਸ ਦੀ ਟੱਕਰ ਹੋ ਗਈ। ਇਸ ਹਾਦਸੇ ’ਚ ਤਿੰਨ ਲੋਕਾਂ ਦੀ ਮੌਤ ਹੋ ਗਈ ਤੇ ਅੱਠ ਲੋਕ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ। ਡੀ ਟੀ ਸੀ ਬੱਸ ਪਜਨਪੁਰਾ ਤੋਂ ਨੰਦ ਨਗਰੀ ਜਾ ਰਹੀ ਸੀ। ਉਥੇ ਹੀ ਵੈਨ ਸੜਕ ਦੇ ਦੂਜੇ ਪਾਸੇ ਤੋਂ ਆਪਣੀ ਮੰਜ਼ਲ ਵੱਲ ਜਾ ਰਹੀ ਸੀ। ਵੈਨ ’ਚ ਕੁੱਲ 11 ਲੋਕ ਸਵਾਰ ਸਨ।

## ਰੂਸੀ ਲੜਾਕੂ ਜਹਾਜ਼ ਨੇ ਅਮਰੀਕੀ ਐੱਮ ਕਿਊ-9 ਡਰੋਨ ਰੋਕਿਆ

**ਦਮਿਸ਼ਕ :** ਸੀਰੀਆ ’ਚ ਰੂਸ ਦੇ 3 ਲੜਾਕੂ ਜਹਾਜ਼ਾਂ ਨੇ ਅਮਰੀਕਾ ਦੇ 3 ਐੱਮ ਕਿਊ-9 ਡਰੋਨ ਦਾ ਰਸਤਾ ਰੋਕ ਦਿੱਤਾ। ਅਮਰੀਕਾ ਏਅਰਫੋਰਸ ਮੁਤਾਬਿਕ ਰੂਸ ਦੇ ਸਿਖੋਈ 35 ਫਾਈਟਰ ਜੈਟਸ ਨੇ ਡਰੋਨਸ ਦੇ ਸਾਹਮਣੇ ਪੈਰਾਸ਼ੂਟ ਰਾਹੀਂ ਫਲੇਅਰਸ ਦਾਗਣੇ ਸ਼ੁਰੂ ਕਰ ਦਿੱਤੇ, ਜਿਸ ਨਾਲ ਉਸ ਦਾ ਫਰੰਟ ਵਿਊ ਬਲਾਕ ਹੋਣ ਲੱਗਾ। ਇਸ ਤੋਂ ਬਾਅਦ ਆਪਣਾ ਰਸਤਾ ਬਦਲਣਾ ਪਿਆ। ਅਮਰੀਕਾ ਨੇ ਕਿਹਾ ਕਿ ਉਨ੍ਹਾ ਦੇ ਡਰੋਨ ਸੀਰੀਆ ’ਚ ਆਈ ਐੱਸ ਆਈ ਐੱਸ ਦੇ ਠਿਕਾਣਿਆਂ ਦੀ ਨਿਗਰਾਨੀ ਕਰ ਰਹੇ ਸਨ। ਅਮਰੀਕਾ ਹਵਾਈ ਫੌਜ ਦੇ ਲੈਫਟੀਨੈਂਟ ਜਨਰਲ ਅਲੈਕਸ ਗ੍ਰਿਨਕੇਵਿਚ ਨੇ ਰੂਸ ਦੀ ਇਸ ਹਰਕਤ ਨੂੰ ਗੈਰ ਜ਼ਿੰਮੇਵਾਰਾਨਾ ਅਤੇ ਅਸੁੱਰਖਿਅਤ ਦੱਸਿਆ। ਯੂ ਐੱਸ ਸੈਂਟਰਲ ਕਮਾਂਡ ਨੇ ਘਟਨਾ ਦਾ ਇੱਕ ਵੀਡੀਓ ਵੀ ਜਾਰੀ ਕੀਤਾ।

## ਨੰਦੂ ਤੇ ਵਿਕਰਮਜੀਤ ਖਿਲਾਫ ਇੰਟਰਪੋਲ ਦਾ ਰੈੱਡ ਨੋਟਿਸ

**ਨਵੀਂ ਦਿੱਲੀ :** ਇੰਟਰਪੋਲ ਨੇ ਗੈਂਗਸਟਰ ਲਾਰੈਂਸ ਬਿਸ਼ਨੋਈ ਗਰੋਹ ਨਾਲ ਜੁੜੇ ਕਪਿਲ ਸਾਂਗਵਾਨ ਉਰਫ ਨੰਦੂ ਅਤੇ ਵਿਕਰਮਜੀਤ ਸਿੰਘ ਖਿਲਾਫ ਰੈੱਡ ਨੋਟਿਸ ਜਾਰੀ ਕੀਤੇ ਹਨ। ਕੌਮੀ ਜਾਂਚ ਏਜੰਸੀ ਦੇ ਸੂਤਰਾਂ ਨੇ ਦੱਸਿਆ ਕਿ ਇਹ ਗੈਂਗਸਟਰ ਵਿਦੇਸ਼ਾਂ ਤੋਂ ਗਰੋਹ ਚਲਾ ਰਹੇ ਹਨ। ਸ਼ੱਕ ਹੈ ਕਿ ਵਿਕਰਮਜੀਤ ਸਿੰਘ, ਜਿਸ ਨੂੰ ਵਿਕਰਮ ਬਰਾੜ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਹੈ, ਦੁਬਈ ’ਚ ਲੁਕਿਆ ਹੋਇਆ ਹੈ, ਜਦੋਂ ਕਿ ਕਪਿਲ ਸਾਂਗਵਾਨ ਬਰਤਾਨੀਆ ’ਚ ਹੈ।

## ਅੱਤਵਾਦ ਪ੍ਰਤੀ ਨਰਮ ਨਹੀਂ : ਟਰੂਡੋ

**ਓਟਵਾ :** ਖਾਲਿਸਤਾਨ ਪੱਖੀ ਇਕੱਠਾਂ ਅਤੇ ਦਹਿਸ਼ਤਗਰਦਾਂ ਖਿਲਾਫ ਕਾਰਵਾਈ ’ਚ ਨਰਮੀ ਦੇ ਦੋਸ਼ਾਂ ਦਾ ਜੁਆਬ ਦਿੰਦਿਆਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕਿਹਾ ਕਿ ਕੈਨੇਡਾ ਨੇ ਹਮੇਸ਼ਾ ਅੱਤਵਾਦ ਖਿਲਾਫ ਗੰਭੀਰ ਕਾਰਵਾਈ ਕੀਤੀ ਹੈ ਅਤੇ ਅੱਗੇ ਵੀ ਕਰਦਾ ਰਹੇਗਾ। ਦੋ ਮਹੀਨਿਆਂ ’ਚ ਕੈਨੇਡਾ ’ਚ ਖਾਲਿਸਤਾਨੀ ਵੱਖਵਾਦੀਆਂ ਨਾਲ ਜੁੜੀਆਂ ਤਿੰਨ ਵੱਡੀਆਂ ਭਾਰਤ ਵਿਰੋਧੀ ਘਟਨਾਵਾਂ ਸਾਹਮਣੇ ਆਈਆਂ ਹਨ। ਕੈਨੇਡਾ ਨੂੰ ਵਿਭਿੰਨਤਾ ਵਾਲਾ ਦੇਸ਼ ਦੱਸਦੇ ਹੋਏ ਉਨ੍ਹਾ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇਗਾ ਕਿ ਹਿੰਸਾ ਅਤੇ ਕੱਟੜਵਾਦ ਦੇ ਸਾਰੇ ਰੂਪਾਂ ਨੂੰ ਸਿਰ ਨਾ ਚੁੱਕਣ ਦਿੱਤਾ ਜਾਵੇ। ਟਰੂਡੋ ਨੇ ਇਨ੍ਹਾਂ ਦੋਸ਼ਾਂ ਦਾ ਖੰਡਨ ਕੀਤਾ ਕਿ ਉਹ ਅੱਤਵਾਦ ਪ੍ਰਤੀ ਨਰਮ ਹਨ।

## ਅਣਵਿਆਹਿਆਂ ਨੂੰ ਰਾਹਤ

**ਚੰਡੀਗੜ੍ਹ :** ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਵੀਰਵਾਰ ਰਾਜ ਦੇ 45-60 ਉਮਰ ਵਰਗ ਦੇ ਅਣਵਿਆਹੇ ਮਰਦਾਂ ਅਤੇ ਔਰਤਾਂ ਨੂੰ 2750 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੇਣ ਦਾ ਐਲਾਨ ਕੀਤਾ। ਇਹ ਪੈਨਸ਼ਨ ਉਨ੍ਹਾਂ ਨੂੰ ਮਿਲੇਗੀ, ਜਿਨ੍ਹਾਂ ਦੀ ਸਾਲਾਨਾ ਆਮਦਨ 1.80 ਲੱਖ ਤੋਂ ਘੱਟ ਹੋਵੇਗੀ। ਖੱਟਰ ਨੇ 3 ਲੱਖ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ 40 ਤੋਂ 60 ਸਾਲ ਦੀ ਉਮਰ ਦੇ ਉਨ੍ਹਾਂ ਵਿਅਕਤੀਆਂ ਨੂੰ ਵੀ 2750 ਪ੍ਰਤੀ ਮਹੀਨਾ ਪੈਨਸ਼ਨ ਦੇਣ ਦਾ ਐਲਾਨ ਕੀਤਾ ਹੈ, ਜਿਨ੍ਹਾਂ ਦੀਆਂ ਪਤਨੀਆਂ ਦੀ ਮੌਤ ਹੋ ਚੁੱਕੀ ਹੈ।

## ਰਾਣਾ ਦੀ ਪਟੀਸ਼ਨ ਰੱਦ ਕਰਨ ਦੀ ਅਪੀਲ

**ਵਾਸ਼ਿੰਗਟਨ :** ਅਮਰੀਕੀ ਸਰਕਾਰ ਨੇ ਕੈਲੀਫੋਰਨੀਆ ਦੀ ਅਦਾਲਤ ਨੂੰ ਪਾਕਿਸਤਾਨੀ ਮੂਲ ਦੇ ਕੈਨੇਡੀਅਨ ਕਾਰੋਬਾਰੀ ਤਹੱਵੁਰ ਰਾਣਾ ਦੀ ਪਟੀਸ਼ਨ ਨੂੰ ਰੱਦ ਕਰਨ ਦੀ ਅਪੀਲ ਕੀਤੀ ਹੈ ਅਤੇ ਦੁਹਰਾਇਆ ਹੈ ਕਿ ਉਸ ਨੂੰ ਭਾਰਤ ਹਵਾਲੇ ਕੀਤਾ ਜਾਣਾ ਚਾਹੀਦਾ ਹੈ, ਜਿੱਥੇ ਉਹ 2008 ਦੇ ਮੁੰਬਈ ਅੱਤਵਾਦੀ ਹਮਲਿਆਂ ਲਈ ਲੋੜੀਂਦਾ ਹੈ। ਰਾਣਾ ਨੇ ਹਵਾਲਗੀ ਦਾ ਵਿਰੋਧ ਕੀਤਾ ਹੈ। ਅਮਰੀਕਾ ਦੀ ਅਦਾਲਤ ਨੇ ਮਈ ’ਚ 62 ਸਾਲਾ ਰਾਣਾ ਦੀ ਭਾਰਤ ਹਵਾਲਗੀ ਨੂੰ ਮਨਜ਼ੂਰੀ ਦਿੱਤੀ ਸੀ। ਰਾਣਾ ਇਸ ਸਮੇਂ ਲਾਸ ਏਂਜਲਸ ਦੇ ਮੈਟਰੋਪੋਲੀਟਨ ਡਿਟੈਂਸ਼ਨ ਸੈਂਟਰ ’ਚ ਹੈ। ਭਾਰਤ ਨੇ 10 ਜੂਨ 2020 ਨੂੰ ਹਵਾਲਗੀ ਲਈ ਰਾਣਾ ਦੀ ਗ੍ਰਿਫਤਾਰੀ ਦੀ ਮੰਗ ਕਰਨ ਲਈ ਸ਼ਿਕਾਇਤ ਦਰਜ ਕਰਵਾਈ ਸੀ। ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਪ੍ਰਸ਼ਾਸਨ ਨੇ ਰਾਣਾ ਦੀ ਭਾਰਤ ਹਵਾਲਗੀ ਦਾ ਸਮਰਥਨ ਕੀਤਾ ਅਤੇ ਮਨਜ਼ੂਰੀ ਦਿੱਤੀ ਸੀ।

# ਰਾਜਸਥਾਨ ’ਚ ਸੀ ਐੱਮ ਚਿਹਰਾ ਨਹੀਂ : ਕਾਂਗਰਸ

### ਅਸੰਬਲੀ ਉਮੀਦਵਾਰਾਂ ਦੀ ਪਹਿਲੀ ਲਿਸਟ ਸਤੰਬਰ ’ਚ




**ਨਵੀਂ ਦਿੱਲੀ :** ਰਾਜਧਾਨੀ ਦਿੱਲੀ ’ਚ ਵੀਰਵਾਰ ਕਾਂਗਰਸ ਦੀ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ’ਚ ਰਾਜਸਥਾਨ ਦੇ ਕੁੱਲ 29 ਕਾਂਗਰਸੀ ਨੇਤਾ ਸ਼ਾਮਲ ਹੋਏ। ਅਸਲ ’ਚ ਨਵੰਬਰ-ਦਸੰਬਰ ’ਚ ਰਾਜਸਥਾਨ ’ਚ ਵਿਧਾਨ ਸਭਾ ਚੋਣਾਂ ਹੋਣ ਵਾਲੀਆਂ ਹਨ। ਕਰਨਾਟਕ ’ਚ ਸਰਕਾਰ ਬਣਾਉਣ ਤੋਂ ਬਾਅਦ ਕਾਂਗਰਸ ਦਾ ਜੋਸ਼ ਹਾਈ ਹੈ। ਕਾਂਗਰਸ ਹੁਣ ਰਾਜਸਥਾਨ ’ਚ ਸਰਕਾਰ ਰਿਪੀਟ ਕਰਨ ਦਾ ਪਲਾਨ ਬਣਾ ਰਹੀ ਹੈ। ਮੀਟਿੰਗ ’ਚ ਚਾਰ ਵੱਡੇ ਫੈਸਲਿਆਂ ’ਤੇ ਸਹਿਮਤੀ ਬਣੀ। ਇਸ ’ਚ ਫੈਸਲਾ ਲਿਆ ਗਿਆ ਕਿ ਰਾਜਸਥਾਨ ’ਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ’ਚ ਕਾਂਗਰਸ ਦਾ ਕੋਈ ਮੁੱਖ ਮੰਤਰੀ ਚਿਹਰਾ ਨਹੀਂ ਹੋਵੇਗਾ। ਰਾਜਸਥਾਨ ਚੋਣਾਂ ਲਈ ਤਿਆਰੀਆਂ ’ਤੇ ਗੱਲਬਾਤ ਕਰਦੇ ਹੋਏ ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ ਕਿਹਾ ਕਿ ਉਮੀਦਵਾਰਾਂ ਦੀ ਸੂਚੀ ਸਤੰਬਰ ਦੇ ਪਹਿਲੇ ਹਫ਼ਤੇ ਐਲਾਨੀ ਜਾਵੇਗੀ। ਹਾਲਾਂਕਿ ਉਨ੍ਹਾ ਮੁੱਖ ਮੰਤਰੀ ਅਸ਼ੋਕ ਗਹਿਲੋਤ ਅਤੇ ਸਚਿਨ ਪਾਇਲਟ ਵਿਚਾਲੇ ਸ਼ਾਂਤੀ ਨੂੰ ਲੈ ਕੇ ਕਿਸੇ ਵੀ ਫਾਰਮੂਲੇ ਦੀ ਗੱਲ ’ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਮੀਟਿੰਗ ’ਚ ਸ਼ਾਮਲ ਨੇਤਾਵਾਂ ਨੇ ਸਹਿਮਤੀ ਨਾਲ ਫੈਸਲਾ ਲਿਆ ਕਿ ਕਾਂਗਰਸ ਰਾਜਸਥਾਨ ਚੋਣਾਂ ਜਿੱਤ ਸਕਦੀ ਹੈ, ਬਸ਼ਰਤੇ ਪਾਰਟੀ ’ਚ ਇਕਜੁੱਟਤਾ ਰਹੇ। ਮੀਟਿੰਗ ’ਚ ਸਾਰੇ ਨੇਤਾਵਾਂ ਨੇ ਇਕਜੁੱਟ ਹੋਣ ਕੇ ਚੋਣਾਂ ਲੜਨ ਦਾ ਫੈਸਲਾ ਕੀਤਾ। ਇਹ ਫੈਸਲਾ ਵੀ ਲਿਆ ਕਿ ਅਗਾਮੀ ਚੋਣਾਂ ’ਚ ਉਮੀਦਵਾਰਾਂ ਦਾ ਨਾਂਅ ਚੋਣ ਜਿੱਤਣ ਦੀ ਸਮਰਥਾ ਦੇ ਆਧਾਰ ’ਤੇ ਕੀਤਾ ਜਾਵੇਗਾ। ਕਾਂਗਰਸ ਨੇਤਾ ਪਾਇਲਟ ਨੇ ਕਿਹਾ ਕਿ ਮੀਟਿੰਗ ’ਚ ਸਾਰੇ ਮੁੱਦਿਆਂ ’ਤੇ ਸਾਰਥਕ, ਵਿਆਪਕ ਅਤੇ ਅਹਿਮ ਚਰਚਾ ਹੋਈ। ਸਾਡਾ ਸੰਗਠਨ, ਨੇਤਾ, ਵਿਧਾਇਕ ਅਤੇ ਸਾਰੇ ਮੰਤਰੀ ਮਿਲ ਕੇ ਕੰਮ ਕਰਨਗੇ। ਉਨ੍ਹਾ ਕਿਹਾ, ‘ਜਿਸ ਤਰ੍ਹਾਂ ਮੈਂ ਕਹਿੰਦਾ ਰਹਿੰਦਾ ਹਾਂ ਕਿ ਸਾਡਾ ਟੀਚਾ ਹੈ ਰਾਜਸਥਾਨ ’ਚ ਫਿਰ ਤੋਂ ਕਾਂਗਰਸ ਦੀ ਸਰਕਾਰ ਕਿਸ ਤਰ੍ਹਾਂ ਬਣੇ।’ ਮੀਟਿੰਗ ’ਚ ਕਾਂਗਰਸ ਪ੍ਰਧਾਨ ਮਲਿਕਾਰੁਜਨ ਖੜਗੇ, ਰਾਹੁਲ ਗਾਂਧੀ, ਮੁੱਖ ਮੰਤਰੀ ਅਸ਼ੋਕ ਗਹਿਲੋਤ, ਰਾਜਸਥਾਨ ਪਾਰਟੀ ਦੇ ਇੰਚਾਰਜ ਸੁਖਜਿੰਦਰ ਸਿੰਘ ਰੰਧਾਵਾ ਅਤੇ ਪੀ ਸੀ ਸੀ ਚੀਫ਼ ਗੋਵਿੰਦ ਡੋਟਾਸਰਾ ਸਮੇਤ 29 ਨੇਤਾ ਸ਼ਾਮਲ ਹੋਏ।

## ਮੇਰੇ ਸੁਦਾਮਾ!



**ਭੋਪਾਲ :** ਜਿਸ ਆਦਿਵਾਸੀ ਦੇ ਸਿਰ ’ਤੇ ਮੱਧ ਪ੍ਰਦੇਸ਼ ਦੇ ਸੀਧੀ ਤੋਂ ਭਾਜਪਾ ਵਿਧਾਇਕ ਦੇ ਨੁਮਾਇੰਦੇ ਨੇ ਮੂਤ ਕੀਤਾ ਸੀ, ਉਸ ਨੂੰ ਵੀਰਵਾਰ ਆਪਣੀ ਕੋਠੀ ’ਤੇ ਸੱਦ ਕੇ ਮੁੱਖ ਮੰਤਰੀ ਸ਼ਿਵਰਾਜ ਚੌਹਾਨ ਨੇ ਉਸ ਦੇ ਪੈਰ ਧੋਤੇ, ਆਰਤੀ ਉਤਾਰੀ ਤੇ ਤਿਲਕ ਲਾਇਆ। ਨਾਲ ਬੈਠ ਕੇ ਖਾਣਾ ਵੀ ਖਾਧਾ ਤੇ ਉਸ ਨੂੰ ਆਪਣਾ ਸੁਦਾਮਾ ਦੱਸਿਆ। ਮੱਧ ਪ੍ਰਦੇਸ਼ ’ਚ ਆਦਿਵਾਸੀਆਂ ਦੀ ਕਾਫੀ ਗਿਣਤੀ ਹੈ ਤੇ ਇਸ ਸਾਲ ਦੇ ਅੰਤ ’ਚ ਅਸੰਬਲੀ ਚੋਣਾਂ ਹੋਣ ਵਾਲੀਆਂ ਹਨ।

## ਧਰਤੀ ਦੇ ਤਾਪਮਾਨ ਨੇ ਤੀਜੇ ਦਿਨ ਵੀ ਰਿਕਾਰਡ ਬਣਾਇਆ

**ਨਿਊ ਯਾਰਕ :** ਬੁੱਧਵਾਰ ਲਗਾਤਾਰ ਤੀਜੇ ਦਿਨ ਧਰਤੀ ਦਾ ਔਸਤ ਤਾਪਮਾਨ ਰਿਕਾਰਡ ਉੱਚ ਪੱਧਰ ’ਤੇ ਦਰਜ ਕੀਤਾ ਗਿਆ। ਇਸ ਤੋਂ ਪਹਿਲਾਂ ਸੋਮਵਾਰ ਨੂੰ ਗਲੋਬਲ ਔਸਤ ਤਾਪਮਾਨ ਰਿਕਾਰਡ ਉੱਚ ਪੱਧਰ ’ਤੇ ਪਹੁੰਚ ਗਿਆ ਸੀ ਅਤੇ ਅਗਲੇ ਹੀ ਦਿਨ ਮੰਗਲਵਾਰ ਨੂੰ ਤਾਪਮਾਨ ਹੋਰ ਵੀ ਵੱਧ ਦਰਜ ਕੀਤਾ ਗਿਆ ਸੀ। ਸੋਮਵਾਰ ਨੂੰ ਧਰਤੀ ਦਾ ਔਸਤ ਤਾਪਮਾਨ 17.01 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਸੀ, ਜੋ ਮੰਗਲਵਾਰ ਨੂੰ ਵਧ ਕੇ 17.18 ਡਿਗਰੀ ਹੋ ਗਿਆ। ਯੂਨੀਵਰਸਿਟੀ ਆਫ ਮੇਨ ਦੇ ‘ਕਲਾਈਮੇਟ ਰੀਐਨਾਲਾਈਜ਼ਰ’ ਦੇ ਮੁਤਾਬਕ ਬੁੱਧਵਾਰ ਔਸਤ ਗਲੋਬਲ ਤਾਪਮਾਨ ਵੀ 17.18 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਕਲਾਈਮੇਟ ਰੀਐਨਾਲਾਈਜ਼ਰ ਸੈਟੇਲਾਈਟ ਡੇਟਾ ਅਤੇ ਕੰਪਿਊਟਰਾਈਜ਼ਡ ਕੈਲਕੂਲੇਸ਼ਨ ਦੇ ਆਧਾਰ ’ਤੇ ਦੁਨੀਆ ਦੇ ਤਾਪਮਾਨ ਨੂੰ ਮਾਪਦਾ ਹੈ। ਵਿਗਿਆਨੀ ਪਿਛਲੇ ਕਈ ਮਹੀਨਿਆਂ ਤੋਂ ਚਿਤਾਵਨੀ ਦੇ ਰਹੇ ਹਨ ਕਿ ਮਨੁੱਖੀ ਗਤੀਵਿਧੀਆਂ ਕਾਰਨ ਹੋਣ ਵਾਲੇ ਜਲਵਾਯੂ ਪਰਿਵਰਤਨ ਕਾਰਨ 2023 ’ਚ ਰਿਕਾਰਡ ਗਰਮੀ ਦਰਜ ਕੀਤੀ ਜਾ ਸਕਦੀ ਹੈ।

## ਕਨ੍ਹੱਈਆ ਐੱਨ ਐੱਸ ਯੂ ਆਈ ਦਾ ਇੰਚਾਰਜ ਬਣਾਇਆ



**ਨਵੀਂ ਦਿੱਲੀ :** ਕਾਂਗਰਸ ਨੇ ਵੀਰਵਾਰ ਕਨ੍ਹੱਈਆ ਕੁਮਾਰ ਨੂੰ ਨੈਸ਼ਨਲ ਸਟੂਡੈਂਟਸ ਯੂਨੀਅਨ ਆਫ ਇੰਡੀਆ ਦਾ ਇੰਚਾਰਜ ਥਾਪਿਆ। ਕਨ੍ਹੱਈਆ 2021 ਵਿਚ ਸੀ ਪੀ ਆਈ ’ਚੋਂ ਕਾਂਗਰਸ ’ਚ ਆਇਆ ਸੀ। 2016 ਵਿਚ ਜੇ ਐੱਨ ਯੂ ’ਚ ਇਕ ਪ੍ਰੋਗਰਾਮ ਕਰਕੇ ਉਸ ਨੂੰ ਦੇਸ਼ਧ੍ਰੋਹ ਤਹਿਤ ਗ੍ਰਿਫਤਾਰ ਕੀਤਾ ਗਿਆ ਸੀ।

## ਮਨੀਪੁਰ ’ਚ ਸਕੂਲ ਦੇ ਬਾਹਰ ਮਹਿਲਾ ਨੂੰ ਮਾਰੀ ਗੋਲੀ

**ਇੰਫਾਲ :** ਮਨੀਪੁਰ ਦੇ ਇੰਫਾਲ ਵੈਸਟ ਜ਼ਿਲ੍ਹੇ ’ਚ ਵੀਰਵਾਰ ਨੂੰ ਸਕੂਲ ਦੇ ਬਾਹਰ ਇੱਕ ਮਹਿਲਾ ਨੂੰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇੱਕ ਦਿਨ ਪਹਿਲਾਂ ਹੀ ਇੱਥੇ ਸਕੂਲ ਖੁੱਲ੍ਹੇ ਸਨ। ਹਾਲਾਤ ਨੂੰ ਦੇਖਦੇ ਹੋਏ ਸੂਬਾ ਸਰਕਾਰ ਨੇ ਇੰਟਰਨੈੱਟ ’ਤੇ ਪਾਬੰਦੀ 5 ਦਿਨ ਹੋਰ ਵਧਾ ਦਿੱਤੀ ਹੈ। ਸੂਬੇ ’ਚ 64 ਦਿਨਾ ਤੋਂ ਕੂਕੀ ਅਤੇ ਮੈਤੇਈ ਭਾਈਚਾਰੇ ਦੇ ਲੋਕਾਂ ਵਿਚਾਲੇ ਹਿੰਸਾ ਜਾਰੀ ਹੈ। ਹੁਣ ਤੱਕ 135 ਤੋਂ ਵੱਧ ਲੋਕ ਇਸ ਹਿੰਸਾ ’ਚ ਆਪਣੀ ਜਾਨ ਗੁਆ ਚੁੱਕੇ ਹਨ ਅਤੇ 400 ਤੋਂ ਜ਼ਿਆਦਾ ਲੋਕ ਜ਼ਖ਼ਮੀ ਹੋ ਚੁੱਕੇ ਹਨ। ਮਣੀਪੁਰ ਸਰਕਾਰ ਨੇ 8ਵੀਂ ਤੱਕ ਦੇ ਸਕੂਲ ਖੋਲ੍ਹਣ ਦਾ ਆਦੇਸ਼ ਦਿੱਤਾ ਸੀ। ਨੌਵੀਂ ਤੋਂ 12ਵੀਂ ਤੱਕ ਦੇ ਸਕੂਲ ਅਤੇ ਕਾਲਜਾਂ ਨੂੰ ਹਾਲੇ ਨਹੀਂ ਖੋਲ੍ਹਿਆ ਜਾਵੇਗਾ। ਇਨ੍ਹਾਂ ਸਕੂਲਾਂ ’ਚ ਰਾਹਤ ਕੈਂਪ ਲੱਗੇ ਹਨ। ਕੈਂਪਾਂ ’ਚ ਲੱਗਭੱਗ 50 ਹਜ਼ਾਰ ਤੋਂ ਜ਼ਿਆਦਾ ਲੋਕ ਰਹਿ ਰਹੇ ਹਨ। ਇਸੇ ਦੌਰਾਨ ਨਵੀਂ ਦਿੱਲੀ ’ਚ ਗ੍ਰਹਿ ਮਾਮਲਿਆਂ ਬਾਰੇ ਸੰਸਦ ਦੀ ਸਥਾਈ ਕਮੇਟੀ ਦੇ ਚੇਅਰਮੈਨ ਵੱਲੋਂ ਮਨੀਪੁਰ ਦੀ ਸਥਿਤੀ ’ਤੇ ਚਰਚਾ ਕਰਵਾਉਣ ਦੀ ਮੰਗ ਨੂੰ ਰੱਦ ਕਰਨ ਤੋਂ ਬਾਅਦ ਵਿਰੋਧੀ ਧਿਰ ਦੇ ਮੈਂਬਰਾਂ ਨੇ ਵੀਰਵਾਰ ਮੀਟਿੰਗ ਵਿਚੋਂ ਵਾਕਆਊਟ ਕਰ ਦਿੱਤਾ। ਤ੍ਰਿਣਮੂਲ ਕਾਂਗਰਸ ਦੇ ਡੈਰੇਕ ਓ’ ਬ੍ਰਾਇਨ ਅਤੇ ਕਾਂਗਰਸ ਦੇ ਦਿਗਵਿਜੇ ਸਿੰਘ ਤੇ ਪ੍ਰਦੀਪ ਭੱਟਾਚਾਰੀਆ ਨੇ ‘ਜੇਲ੍ਹ ਦੀ ਸਥਿਤੀ, ਬੁਨਿਆਦੀ ਢਾਂਚਾ ਅਤੇ ਸੁਧਾਰ’ ਵਿਸ਼ੇ ’ਤੇ ਵਿਚਾਰ ਕਰਨ ਲਈ ਰੱਖੀ ਮੀਟਿੰਗ ਦੌਰਾਨ ਕਮੇਟੀ ਦੇ ਚੇਅਰਮੈਨ ਬ੍ਰਿਜ ਲਾਲ ਨੂੰ ਮਨੀਪੁਰ ਬਾਰੇ ਪੱਤਰ ਸੌਂਪਿਆ। ਪੱਤਰ ’ਚ ਕਿਹਾ ਗਿਆ ਸੀ ਕਿ ਮੈਂਬਰ ਮਨੀਪੁਰ ਦੀ ਸਥਿਤੀ ਨੂੰ ਨਜ਼ਰਅੰਦਾਜ਼ ਨਹੀਂ ਕਰ ਸਕਦੇ। ਮੀਟਿੰਗ ’ਚ ਚੇਅਰਮੈਨ ਸਮੇਤ ਸੱਤ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਚੇਅਰਮੈਨ ਨੇ ਮਨੀਪੁਰ ਦੀ ਸਥਿਤੀ ’ਤੇ ਤੁਰੰਤ ਚਰਚਾ ਕਰਨ ’ਚ ਅਸਮਰਥਤਾ ਪ੍ਰਗਟਾਈ। ਇਸ ਕਾਰਨ ਵਿਰੋਧੀ ਧਿਰ ਦੇ ਮੈਂਬਰ ਮੀਟਿੰਗ ਵਿੱਚੋਂ ਬਾਹਰ ਆ ਗਏ।

## ਰਾਜਨੀਤੀ ’ਚ ਕੋਈ ਰਿਟਾਇਰ ਨਹੀਂ ਹੁੰਦਾ : ਲਾਲੂ



**ਨਵੀਂ ਦਿੱਲੀ :** ਐੱਨ ਸੀ ਪੀ ਦੇ ਰਲੇਵੇਂ ਤੋਂ ਬਾਅਦ ਸ਼ਰਦ ਪਵਾਰ ਨੂੰ ਵਿਰੋਧੀ ਪਾਰਟੀਆਂ ਦਾ ਸਮਰਥਨ ਮਿਲ ਰਿਹਾ ਹੈ। ਬਿਹਾਰ ਦੇ ਸਾਬਕਾ ਮੁੱਖ ਮੰਤਰੀ ਅਤੇ ਆਰ ਜੇ ਡੀ ਦੇ ਪ੍ਰਧਾਨ ਲਾਲੂ ਯਾਦਵ ਨੇ ਸ਼ਰਦ ਪਵਾਰ ਨੂੰ ਸਮਰਥਨ ਦਿੱਤਾ ਹੈ, ਜੋ ਸੋਨੀਆ ਗਾਂਧੀ, ਮਮਤਾ ਬੈਨਰਜੀ ਅਤੇ ਨਿਤਿਸ਼ ਕੁਮਾਰ ਤੋਂ ਬਾਅਦ ਆਇਆ ਹੈ। ਇਸ ਦੇ ਨਾਲ ਹੀ ਵਿਰੋਧੀ ਏਕਤਾ ’ਤੇ ਬੋਲਦੇ ਹੋਏ ਉਨ੍ਹਾ ਕਿਹਾ ਕਿ ਭਾਜਪਾ ਨੂੰ ਬੋਲਣ ਦਿਓ, ਭਾਜਪਾ ਨੂੰ ਅਗਲੇ ਸਾਲ ਚੋਣਾਂ ’ਚ ਹਰਾਇਆ ਜਾਵੇਗਾ। ਸ਼ਰਦ ਪਵਾਰ ਇੱਕ ਸ਼ਕਤੀਸ਼ਾਲੀ ਨੇਤਾ ਹੈ, ਪਰ ਇਹ ਸਭ ਕੁਝ ਉਸ ਦੇ ਭਤੀਜੇ ਦੀ ਦੇਣ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਲਾਲੂ ਪ੍ਰਸਾਦ ਯਾਦਵ ਨੇ ਕਿਹਾ ਕਿ ਉਹ ਕਿਸੇ ਦੇ ਕਹਿਣ ਨਾਲ ਰਿਟਾਇਰ ਹੋ ਜਾਵੇਗਾ? ਕੀ ਰਾਜਨੀਤੀ ’ਚ ਕੋਈ ਬੁੱਢਾ ਹੋਣ ’ਤੇ ਰਿਟਾਇਰ ਹੋ ਜਾਂਦਾ ਹੈ? ਰਾਜਨੀਤੀ ’ਚ ਰਿਟਾਇਰਮੈਂਟ ਦੀ ਕੋਈ ਉਮਰ ਨਹੀਂ ਹੁੰਦੀ। ਅਸੀਂ ਸ਼ਰਦ ਪਵਾਰ ਦੇ ਨਾਲ ਹਾਂ। ਇਸ ਨਾਲ ਵਿਰੋਧੀ ਏਕਤਾ ਨੂੰ ਕੋਈ ਨੁਕਸਾਨ ਨਹੀਂ ਪਹੁੰਚੇਗਾ। ਲਾਲੂ ਪ੍ਰਸਾਦ ਯਾਦਵ ਨੇ ਕਿਹਾ ਕਿ 17 ਪਾਰਟੀਆਂ ਦੇ ਲੋਕ ਇਕਜੁੱਟ ਹੋ ਰਹੇ ਹਨ।

ਭਾਜਪਾ ਦੇ ਲੋਕਾਂ ਨੂੰ ਜੋ ਕਹਿਣਾ ਹੈ ਕਹਿਣ ਦਿਓ। ਇਸ ਤੋਂ ਪਹਿਲਾਂ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ, ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ, ਤਮਿਲਨਾਡੂ ਦੇ ਮੁੱਖ ਮੰਤਰੀ ਸਟਾਲਿਨ, ਕਾਂਗਰਸ ਨੇਤਾ ਮਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਨੇ ਫੋਨ ’ਤੇ ਸ਼ਰਦ ਪਵਾਰ ਨੂੰ ਆਪਣਾ ਸਮਰਥਨ ਦਿੱਤਾ।

# ਖਿਡਾਰੀਆਂ ਨੂੰ ਸਨਮਾਨ ਤੇ ਨੌਕਰੀਆਂ ਦੇਵਾਂਗੇ : ਮੀਤ ਹੇਅਰ

### ਖੇਡ ਨੀਤੀ ਦਾ ਖਰੜਾ ਤਿਆਰ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਪੰਜਾਬ ਨੂੰ ਖੇਡਾਂ ’ਚ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਦੀ ਵਚਨਬੱਧਤਾ ’ਤੇ ਚੱਲਦਿਆਂ ਖੇਡ ਵਿਭਾਗ ਵੱਲੋਂ ਬਣਾਈ ਜਾ ਰਹੀ ਨਵੀਂ ਖੇਡ ਨੀਤੀ ਦੇ ਖਰੜੇ ਨੂੰ ਕਰੀਬ ਤਿਆਰ ਕਰ ਲਿਆ ਗਿਆ ਹੈ ਅਤੇ ਜਲਦ ਹੀ ਮੁੱਖ ਮੰਤਰੀ ਵੱਲੋਂ ਜਾਰੀ ਕੀਤੀ ਜਾਵੇਗੀ। ਇਹ ਜਾਣਕਾਰੀ ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਤਜਵੀਜ਼ਤ ਖੇਡ ਨੀਤੀ ਦੇ ਖਰੜੇ ਨੂੰ ਅੰਤਿਮ ਛੋਹਾਂ ਦੇਣ ਤੋਂ ਬਾਅਦ ਜਾਰੀ ਪ੍ਰੈੱਸ ਬਿਆਨ ਰਾਹੀਂ ਦਿੱਤੀ। ਇਸ ਤੋਂ ਪਹਿਲਾਂ ਖੇਡ ਮੰਤਰੀ ਨੇ ਖੇਡ ਨੀਤੀ ਦਾ ਖਰੜਾ ਤਿਆਰ ਕਰਨ ਲਈ ਖੇਡ ਮਾਹਿਰਾਂ ਦੀ ਬਣਾਈ ਕਮੇਟੀ ਨਾਲ ਨਿਰੰਤਰ ਮੀਟਿੰਗਾਂ ਕੀਤੀਆਂ ਸਨ ਅਤੇ ਖਿਡਾਰੀਆਂ ਤੇ ਖੇਡਾਂ ਨਾਲ ਜੁੜੀਆਂ ਵੱਖ-ਵੱਖ ਸੰਸਥਾਵਾਂ ਦੀ ਫੀਡਬੈਕ ਵੀ ਲਈ ਗਈ। ਮੀਤ ਹੇਅਰ ਨੇ ਕਿਹਾ ਕਿ ਖੇਡ ਸੱਭਿਆਚਾਰ ਪੈਦਾ ਕਰਨ ਲਈ ਪਿੰਡ/ਸ਼ਹਿਰ ਪੱਧਰ ਤੋਂ ਸੂਬਾ ਪੱਧਰ ਤੱਕ ਖੇਡ ਨਰਸਰੀਆਂ ਤੋਂ ਲੈ ਕੇ ਸੈਂਟਰ ਆਫ਼ ਐਕਸੀਲੈਂਸ ਬਣਾਏ ਜਾਣ ’ਤੇ ਜ਼ੋਰ ਦਿੱਤਾ ਗਿਆ ਹੈ। ਖਿਡਾਰੀਆਂ ਦੀਆਂ ਪ੍ਰਾਪਤੀਆਂ ਦੇ ਹਿਸਾਬ ਨਾਲ ਸਿੱਧੀਆਂ ਨੌਕਰੀਆਂ ਦਾ ਪ੍ਰਬੰਧ ਕਰਨਾ, ਖਿਡਾਰੀਆਂ ਦੀ ਡਾਈਟ, ਸਿਖਲਾਈ ਅਤੇ ਸੱਟਾਂ-ਫੇਟਾਂ ਤੋਂ ਉਭਾਰਨ ਲਈ ਵਿਸ਼ੇਸ਼ ਸੈਂਟਰ, ਕੋਚਾਂ ਦਾ ਮਾਣ-ਸਨਮਾਨ ਅਤੇ ਖੇਡਾਂ ਦੀ ਪ੍ਰਮੋਸ਼ਨ ਲਈ ਕੰਮ ਕਰਨ ਵਾਲੀਆਂ ਸ਼ਖਸੀਅਤਾਂ/ਸੰਸਥਾਵਾਂ ਦਾ ਸਨਮਾਨ ਖੇਡ ਨੀਤੀ ਦਾ ਅਹਿਮ ਹਿੱਸਾ ਹੋਵੇਗਾ। ਖੇਡ ਮੰਤਰੀ ਨੇ ਦੱਸਿਆ ਕਿ ਕੌਮਾਂਤਰੀ ਮੁਕਾਬਲਿਆਂ ਦੀ ਤਿਆਰੀ ਲਈ ਖਿਡਾਰੀਆਂ ਦੀ ਵਿੱਤੀ ਮਦਦ ਤੋਂ ਲੈ ਕੇ ਤਮਗ਼ਾ ਜਿੱਤਣ ਵਾਲੇ ਖਿਡਾਰੀਆਂ ਦਾ ਨਗਦ ਰਾਸ਼ੀ ਨਾਲ ਸਨਮਾਨ ’ਤੇ ਵੀ ਜ਼ੋਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਜਿਹੜੇ ਖੇਡ ਮੁਕਾਬਲੇ ਇਨਾਮ ਰਾਸ਼ੀ ਵਾਲੀ ਸੂਚੀ ’ਚ ਨਹੀਂ ਸ਼ਾਮਲ ਸਨ, ਉਨ੍ਹਾਂ ਨੂੰ ਸ਼ਾਮਲ ਕਰਨਾ ਅਤੇ ਪੈਰਾ ਸਪੋਰਟਸ ਦੇ ਨਾਲ ਸਪੈਸ਼ਲ ਓਲੰਪਿਕਸ/ਬਲਾਈਂਡ/ਡੈਫ ਖੇਡਾਂ ਦੇ ਤਮਗ਼ਾ ਜੇਤੂਆਂ ਨੂੰ ਵੀ ਨਗਦ ਰਾਸ਼ੀ ਦੇਣ ਦੀ ਸਿਫਾਰਸ਼ ਕੀਤੀ ਜਾ ਰਹੀ ਹੈ।

ਮੀਤ ਹੇਅਰ ਨੇ ਦੱਸਿਆ ਕਿ ਕੋਚਾਂ ਦੀ ਭਰਤੀ ਅਤੇ ਖੇਡ ਵਿਭਾਗ ’ਚ ਵੱਖ-ਵੱਖ ਆਸਾਮੀਆਂ ਭਰਨ ’ਤੇ ਵੀ ਜ਼ੋਰ ਦਿੱਤਾ ਜਾਵੇਗਾ। ਮੌਜੂਦਾ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ ਨਵੇਂ ਖੇਡ ਸਟੇਡੀਅਮਾਂ ਦੀ ਉਸਾਰੀ ’ਚ ਖੇਡ ਗਰਾਊਂਡ ਨੂੰ ਬਣਾਉਣ ’ਤੇ ਹੀ ਧਿਆਨ ਕੇਂਦਰਿਤ ਕੀਤਾ ਜਾਵੇਗਾ। ਮੀਟਿੰਗ ਵਿੱਚ ਵਿਸ਼ੇਸ਼ ਮੁੱਖ ਸਕੱਤਰ ਖੇਡਾਂ ਸਰਵਜੀਤ ਸਿੰਘ, ਵਿਸ਼ੇਸ਼ ਸਕੱਤਰ ਪੀ ਆਨੰਦ ਕੁਮਾਰ ਤੇ ਡਾਇਰੈਕਟਰ ਹਰਪ੍ਰੀਤ ਸਿੰਘ ਸੂਦਨ ਵੀ ਹਾਜ਼ਰ ਸਨ।

## ਪੰਜਾਬ ’ਚ 9 ਤੱਕ ਯੈਲੋ ਅਲਰਟ

**ਚੰਡੀਗੜ੍ਹ :** ਹਰਿਆਣਾ, ਪੰਜਾਬ ਤੇ ਚੰਡੀਗੜ੍ਹ ’ਚ ਵੀ ਮਾਨਸੂਨ ਨੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਿੱਤੀ ਹੈ। ਮੌਸਮ ਵਿਭਾਗ ਨੇ ਵੀਰਵਾਰ ਹਰਿਆਣਾ ਅਤੇ ਪੰਜਾਬ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਰਾਜਧਾਨੀ ਦਿੱਲੀ ਸਮੇਤ ਦੇਸ਼ ਦੇ ਕਈ ਰਾਜਾਂ ’ਚ ਮੀਂਹ ਦਾ ਅਲਰਟ ਜਾਰੀ ਹੈ। ਮੌਸਮ ਵਿਭਾਗ ਨੇ ਕਿਹਾ ਹੈ ਕਿ ਅਗਲੇ ਛੇ ਤੋਂ ਸੱਤ ਦਿਨਾਂ ਤੱਕ ਦੇਸ਼ ਦੇ ਕਈ ਸੂਬਿਆਂ ’ਚ ਭਾਰੀ ਬਾਰਸ਼ ਹੋਵੇਗੀ। ਪੰਜਾਬ ’ਚ ਮਾਨਸੂਨ ਮੁੜ ਸਰਗਰਮ ਹੋ ਗਿਆ ਹੈ। ਮੌਸਮ ਵਿਗਿਆਨੀਆਂ ਨੇ 7 ਜੁਲਾਈ ਨੂੰ ਪੰਜਾਬ ਦੇ ਕੁਝ ਹਿੱਸਿਆਂ ’ਚ ਹਲਕਾ ਅਤੇ 8 ਤੋਂ 9 ਜੁਲਾਈ ਤੱਕ ਜ਼ਿਆਦਾਤਰ ਹਿੱਸਿਆਂ ’ਚ ਤੇਜ਼ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੈ। ਦੂਜੇ ਪਾਸੇ ਗੁਜਰਾਤ ’ਚ 8 ਜੁਲਾਈ ਤੱਕ ਮੀਂਹ ਦਾ ਤੇਜ਼ ਦੌਰ ਜਾਰੀ ਰਹਿਣ ਦੀ ਸੰਭਾਵਨਾ ਹੈ। ਕਈ ਜ਼ਿਲ੍ਹਿਆਂ ’ਚ ਤੇਜ਼ ਹਨੇਰੀ ਦੇ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ। 40 ਤੋਂ 50 ਕਿਲੋਮੀਟਰ ਦੀ ਰਫਤਾਰ ਨਾਲ ਹਵਾਵਾਂ ਚੱਲਣ ਦੀ ਵੀ ਸੰਭਾਵਨਾ ਹੈ। ਮੌਨਸੂਨ ਦੱਖਣੀ ਅਤੇ ਦੱਖਣ-ਪੂਰਬੀ ਹਰਿਆਣਾ (ਮਹੇਂਦਰਗੜ੍ਹ, ਰੇਵਾੜੀ, ਝੱਜਰ, ਗੁਰੂਗ੍ਰਾਮ, ਨੂਹ, ਪਲਵਲ, ਫਰੀਦਾਬਾਦ, ਰੋਹਤਕ, ਸੋਨੀਪਤ, ਪਾਣੀਪਤ) ’ਚ ਸਰਗਰਮ ਰਹਿਣ ਦੀ ਸੰਭਾਵਨਾ ਹੈ।

## ਸਰਕਾਰੀ ਵਕੀਲ ’ਤੇ 8 ਲੱਖ ਰੁਪਏ ਰਿਸ਼ਵਤ ਲੈਣ ਦਾ ਕੇਸ ਦਰਜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਵਿਜੀਲੈਂਸ ਬਿਊਰੋ ਨੇ ਵੀਰਵਾਰ ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਸਰਕਾਰੀ ਵਕੀਲ ਗੌਤਮ ਮਜੀਠੀਆ ਖਿਲਾਫ ਐਕੁਆਇਰ ਕੀਤੀ 20 ਵਿੱਘੇ ਜ਼ਮੀਨ ਦਾ ਮੁਆਵਜ਼ਾ ਜਾਰੀ ਕਰਵਾਉਣ ਬਦਲੇ 8 ਲੱਖ ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ।

ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਵਕੀਲ ਖਿਲਾਫ ਇਹ ਕੇਸ ਜਤਿੰਦਰ ਸਿੰਘ ਵਾਸੀ ਪ੍ਰਤਾਪ ਐਵੀਨਿਊ ਅੰਮ੍ਰਿਤਸਰ ਦੀ ਸ਼ਿਕਾਇਤ ’ਤੇ ਦਰਜ ਕੀਤਾ ਗਿਆ ਹੈ। ਜਤਿੰਦਰ ਸਿੰਘ ਨੇ 18 ਮਈ ਨੂੰ ਐਂਟੀ ਕੁਰੱਪਸ਼ਨ ਪੋਰਟਲ ’ਤੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਵੱਲੋਂ 25 ਮਾਰਚ, 2022 ਨੂੰ ਗ੍ਰਹਿਣ ਕੀਤੀ ਗਈ 20 ਵਿੱਘੇ ਜ਼ਮੀਨ ਦਾ ਵਾਧੂ ਮੁਆਵਜ਼ਾ ਜਾਰੀ ਕਰਵਾਉਣ ਬਦਲੇ ਐਡਵੋਕੇਟ ਗੌਤਮ ਮਜੀਠੀਆ ਨੇ ਉਸ ਕੋਲੋਂ 20 ਲੱਖ ਰੁਪਏ ਰਿਸ਼ਵਤ ਮੰਗੀ। ਅਦਾਲਤ ਨੇ 20 ਵਿੱਘੇ ਜ਼ਮੀਨ ਦਾ 20 ਫੀਸਦੀ ਵਾਧੂ ਮੁਆਵਜ਼ਾ ਜਤਿੰਦਰ ਸਿੰਘ ਨੂੰ ਜਾਰੀ ਕਰਨ ਦੇ ਹੁਕਮ ਕੀਤੇ ਸਨ ਅਤੇ ਜਦੋਂ ਸ਼ਿਕਾਇਤਕਰਤਾ ਨੇ ਵਾਧੂ ਮੁਆਵਜ਼ੇ ਲਈ ਉਕਤ ਐਡਵੋਕੇਟ ਕੋਲ ਪਹੁੰਚ ਕੀਤੀ ਤਾਂ ਉਸ ਨੇ ਮੁਆਵਜ਼ਾ ਜਾਰੀ ਕਰਵਾਉਣ ਬਦਲੇ ਉਸ ਕੋਲੋਂ 20 ਲੱਖ ਰੁਪਏ ਰਿਸ਼ਵਤ ਮੰਗੀ, ਜਿਸ ਵਿੱਚੋਂ 8 ਲੱਖ ਰੁਪਏ ਉਹ ਪਹਿਲਾਂ ਹੀ ਲੈ ਚੁੱਕਾ ਹੈ। ਮੁੱਢਲੀ ਜਾਂਚ ਤੋਂ ਬਾਅਦ ਵਕੀਲ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਥਾਣਾ ਵਿਜੀਲੈਂਸ ਬਿਊਰੋ ਅੰਮ੍ਰਿਤਸਰ ਰੇਂਜ ’ਚ ਕੇਸ ਦਰਜ ਕੀਤਾ ਗਿਆ ਹੈ ਅਤੇ ਉਸ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਮੁਹਾਲੀ ਰੈਲੀ ’ਚ ਵੱਡੇ ਕਾਫ਼ਲੇ ਸਮੇਤ ਸ਼ਾਮਲ ਹੋਵਾਂਗੇ : ਦੇਵੀ ਕੁਮਾਰੀ, ਚੌਹਾਨ



**ਚੰਡੀਗੜ੍ਹ :** ਪੰਜਾਬ ਦੀਆਂ ਪ੍ਰਮੁੱਖ ਟਰੇਡ ਯੂਨੀਅਨਾਂ ਏਟਕ ਸਮੇਤ ਸੂਬਾ ਸਰਕਾਰ ਸਨਅਤੀ, ਮਨਰੇਗਾ, ਖੇਤ ਮਜ਼ਦੂਰਾਂ, ਆਂਗਣਵਾੜੀ ਵਰਕਰਾਂ, ਹੈਲਪਰਾਂ, ਆਸ਼ਾ ਵਰਕਰਾਂ ਸਮੇਤ ਭੱਠਾ ਮਜ਼ਦੂਰਾਂ ਤੇ ਉਸਾਰੀ ਕਾਮਿਆਂ ਨੂੰ ਮਾੜੀਆਂ ਨੀਤੀਆਂ ਤਹਿਤ ਭੁੱਖੇ ਮਰਨ ਦੀਆਂ ਨੀਤੀਆਂ ਨੂੰ ਲਾਗੂ ਕਰਨ ਦੇ ਵਿਰੋਧ ਵਿੱਚ ਸੰਘਰਸ਼ਸ਼ੀਲ ਟਰੇਡ ਯੂਨੀਅਨਾਂ ਵੱਲੋਂ 14 ਜੁਲਾਈ ਨੂੰ ਮੁਹਾਲੀ ਵਿਖੇ ਕੀਤੀ ਜਾਣ ਵਾਲੀ ਸਾਂਝੀ ਰੈਲੀ ਤੇ ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦਾ ਸਮਰਥਨ ਕਰਦਿਆਂ ਪੰਜਾਬ ਇਕਾਈ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਰੈਲੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਗਿਆ। ਉਕਤ ਸ਼ਬਦਾਂ ਦਾ ਪ੍ਰਗਟਾਵਾ ਜਥੇਬੰਦੀ ਦੇ ਸੂਬਾ ਸਕੱਤਰ ਦੇਵੀ ਕੁਮਾਰੀ ਅਤੇ ਸੂਬਾ ਮੀਤ ਪ੍ਰਧਾਨ ਕ੍ਰਿਸ਼ਨ ਚੌਹਾਨ ਨੇ ਬਿਆਨ ਜਾਰੀ ਕਰਦਿਆਂ ਕੀਤਾ। ਆਗੂਆਂ ਨੇ ਮਜ਼ਦੂਰਾਂ ਦੀਆਂ ਉਜਰਤਾਂ ਵਿੱਚ ਫੌਰੀ ਵਾਧੇ ਦੀ ਮੰਗ ਕਰਦਿਆ ਗੈਰ-ਹੁਨਰਮੰਦ ਮਜ਼ਦੂਰਾਂ ਲਈ ਘੱਟੋ-ਘੱਟ 26000/ ਰੁਪਏ ਪ੍ਰਤੀ ਮਹੀਨਾ, ਲੇਬਰ ਕਾਨੂੰਨਾਂ ਨੂੰ ਸਖਤੀ ਨਾਲ ਲਾਗੂ ਕਰਨ ਅਤੇ ਚਾਰ ਲੇਬਰ ਕੋਡ ਨੂੰ ਫੌਰੀ ਰੱਦ ਕਰਨ ਦੀ ਮੰਗ ਕੀਤੀ। ਮਨਰੇਗਾ ਵਰਕਰਾਂ ਦੀ 700/ ਰੁਪਏ ਦਿਹਾੜੀ ਪ੍ਰਤੀ ਦਿਨ, ਸਾਲ ਵਿੱਚ 200 ਦਿਨ ਕੰਮ ਦੀ ਗਰੰਟੀ, ਉਸਾਰੀ ਕਾਮਿਆਂ ਦੀਆਂ ਸਹੂਲਤਾਂ ਲਾਗੂ ਕਰਨ, ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਹੈਲਪਰਾਂ ਨੂੰ ਵਰਕਰਾਂ ਦਾ ਦਰਜਾ ਦੇ ਕੇ ਘੱਟੋ-ਘੱਟ ਉਜਰਤਾਂ ਦੇ ਘੇਰੇ ਵਿੱਚ ਲਿਆਉਣ ਸਮੇਤ ਹੱਕੀ ਤੇ ਜਾਇਜ਼ ਮੰਗਾਂ ਲਈ ਸੰਘਰਸ਼ ਕੀਤਾ ਜਾਵੇਗਾ। ਜਥੇਬੰਦੀ ਦੀ ਲੀਡਰਸ਼ਿਪ ਨੇ ਸੂਬੇ ਦੇ ਮਨਰੇਗਾ ਵਰਕਰਾਂ, ਖੇਤ ਮਜ਼ਦੂਰਾਂ ਤੇ ਕਿਰਤੀ ਕਾਮਿਆਂ ਨੂੰ 14 ਜੁਲਾਈ (ਸ਼ੁੱਕਰਵਾਰ) ਨੂੰ ਮੁਹਾਲੀ ਵਿਖੇ ਲੇਬਰ ਭਵਨ ਨਜ਼ਦੀਕ ਕਾਫਲਿਆਂ ਸਮੇਤ ਪੁੱਜਣ ਦੀ ਅਪੀਲ ਕੀਤੀ।

## ਅੱਜ-ਨਾਮਾ

ਅਕਾਲੀ-ਭਾਜਪਾ ਦੀ ਚੱਲਦੀ ਬਾਤ ਬੇਸ਼ੱਕ,
ਕਦੀ ਹਾਂ ਕਰਦੇ ਤਾਂ ਕਦੀ ਇਨਕਾਰ ਬੇਲੀ।
ਹਾਲਤ ਕਮਜ਼ੋਰ ਕੁਝ ਵੱਧ ਅਕਾਲੀਆਂ ਦੀ,
ਭਾਜਪਾ ਕਰਦੀ ਪਈ ਬਹੁਤ ਖੁਆਰ ਬੇਲੀ।
ਮਿਲ ਗਿਆ ਜਾਖੜ ਪ੍ਰਧਾਨ ਆ ਭਾਜਪਾ ਨੂੰ,
ਬਣਨ ਲਈ ਬੁਰਾ ਨਾ ਕਦੀ ਤਿਆਰ ਬੇਲੀ।
ਚੁੱਕਦੀਆਂ ਸੋਚ ਕੇ ਕਦਮ ਆ ਧਿਰਾਂ ਦੋਵੇਂ,
ਚੁੱਕਣਾ ਈ ਲੱਤਾਂ ਨੇ ਜਿੰਨਾ ਕੁ ਭਾਰ ਬੇਲੀ।
ਚੱਲਦੀ ਬਾਤ ਦਾ ਕਰਨ ਇਨਕਾਰ ਬੇਸ਼ੱਕ,
ਅਟਕਦੀ ਸੀਟਾਂ ਲਈ ਜਾਪਦੀ ਗੱਲ ਬੇਲੀ।
ਜਦੋਂ ਵੀ ਸੀਟਾਂ ਦਾ ਹੋ ਗਿਆ ਤੈਅ ਨੰਬਰ,
ਖੜਕਦੇ ਸੁਣਨਗੇ ਓਦੋਂ ਫਿਰ ਟੱਲ ਬੇਲੀ।

-ਤੀਸ ਮਾਰ ਖਾਂ

# ਇੱਕ ਸਾਲ ’ਚ ਦਿੱਤੀਆਂ ਰਿਕਾਰਡ 29936 ਸਰਕਾਰੀ ਨੌਕਰੀਆਂ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਕਿਹਾ ਕਿ ਇਹ ਪਹਿਲੀ ਦਫ਼ਾ ਹੈ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ 29936 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ, ਜੋ ਇੱਕ ਰਿਕਾਰਡ ਹੈ ਕਿਉਂਕਿ ਦੇਸ਼ ਭਰ ਵਿੱਚ ਕਿਸੇ ਵੀ ਸੂਬਾ ਸਰਕਾਰ ਨੇ ਪਹਿਲੇ ਸਾਲ ਵਿੱਚ ਨੌਜਵਾਨਾਂ ਨੂੰ ਇੰਨੀਆਂ ਨੌਕਰੀਆਂ ਨਹੀਂ ਦਿੱਤੀਆਂ ਹਨ। ਸਿਹਤ ਤੇ ਪਰਵਾਰ ਭਲਾਈ, ਬਿਜਲੀ ਅਤੇ ਮੈਡੀਕਲ ਖੋਜ ਵਿਭਾਗ ਵਿੱਚ 252 ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪਣ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਮਾਣ ਮਹਿਸੂਸ ਕਰਨਾ ਚਾਹੀਦਾ ਹੈ ਕਿ ਉਹ ਸੂਬਾ ਸਰਕਾਰ ਦਾ ਹਿੱਸਾ ਬਣ ਰਹੇ ਹਨ, ਜੋ ਨਵੇਂ ਪੰਜਾਬ ਦੀ ਸਿਰਜਣਾ ਲਈ ਅਣਥੱਕ ਮਿਹਨਤ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜਿਹੜੇ ਲੋਕ ਆਪਣੇ ਸੱਤਾ ਦੇ ਦੌਰ ਦੌਰਾਨ ਆਲੀਸ਼ਾਨ ਘਰਾਂ ਵਿੱਚ ਰਹਿ ਰਹੇ ਸਨ, ਉਨ੍ਹਾਂ ਨੂੰ ਲੋਕਾਂ ਨੇ ਸੂਬੇ ਦੇ ਰਾਜਨੀਤਕ ਨਕਸ਼ੇ ਤੋਂ ਬਾਹਰ ਕਰ ਦਿੱਤਾ ਹੈ। ਉਨ੍ਹਾ ਕਿਹਾ ਕਿ ਸੂਬੇ ਨੇ ਇੱਕ ਨਵੇਂ ਯੁੱਗ ਦੀ ਸਵੇਰ ਵੇਖੀ ਹੈ, ਕਿਉਂਕਿ ਅਜਿੱਤ ਮੰਨੇ ਜਾਂਦੇ ਇਨ੍ਹਾਂ ਆਗੂਆਂ ਨੂੰ ਲੋਕਾਂ ਨੇ ਸੱਤਾ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ ਹੈ। ਭਗਵੰਤ ਮਾਨ ਨੇ ਵਿਅੰਗ ਕਰਦਿਆਂ ਕਿਹਾ ਕਿ ਵੱਡੇ-ਵੱਡੇ ਮਹਿਲਾਂ ਵਿੱਚ ਰਹਿਣ ਵਾਲੇ ਇਨ੍ਹਾਂ ਲੋਕਾਂ ਨੇ ਕਦੇ ਵੀ ਆਮ ਆਦਮੀ ਦੀ ਭਲਾਈ ਦੀ ਕੋਈ ਪ੍ਰਵਾਹ ਨਹੀਂ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਇਹ ਨਕਾਰੇ ਹੋਏ ਆਗੂ ਉਨ੍ਹਾਂ ਵਿਰੁੱਧ ਨਵੇਂ ਗਠਜੋੜ ਬਣਾ ਰਹੇ ਹਨ ਜਾਂ ਪੁਰਾਣੇ ਗਠਜੋੜ ਬਹਾਲ ਕਰਨ ਲਈ ਜੋੜ-ਤੋੜ ਲਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਗਠਜੋੜਾਂ ਦਾ ਇੱਕੋ-ਇੱਕ ਮਨੋਰਥ ਕਿਸੇ ਵੀ ਢੰਗ ਨਾਲ ਸੂਬੇ ਦੀ ਸਿਆਸੀ ਸੱਤਾ ਹਥਿਆਉਣਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਦੀ ਸੋਚ ਦੇ ਉਲਟ ਉਹ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੇ ਹਨ ਅਤੇ ਆਪਣੇ ਅਹੁਦੇ ਦੀ ਵਰਤੋਂ ਜਨਤਾ ਦੀ ਸੇਵਾ ਲਈ ਕਰ ਰਹੇ ਹਨ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਲਈ ਸਿਖਲਾਈ ਦੇਣ ਦੇ ਮੱਦੇਨਜ਼ਰ ਅੱਠ ਹਾਈ-ਟੈਕ ਸੈਂਟਰ ਖੋਲ੍ਹ ਰਹੀ ਹੈ। ਇਹ ਕੇਂਦਰ ਨੌਜਵਾਨਾਂ ਨੂੰ ਯੂ.ਪੀ.ਐੱਸ.ਸੀ. ਦੀ ਪ੍ਰੀਖਿਆ ਪਾਸ ਕਰਨ ਅਤੇ ਸੂਬੇ ਅਤੇ ਦੇਸ਼ ਵਿੱਚ ਉੱਚੇ ਅਹੁਦਿਆਂ ’ਤੇ ਪਹੁੰਚਣ ਲਈ ਮਿਆਰੀ ਸਿਖਲਾਈ ਪ੍ਰਦਾਨ ਕਰਨਗੇ।

ਇਸ ਮੌਕੇ ਕੈਬਨਿਟ ਮੰਤਰੀ ਡਾ: ਬਲਬੀਰ ਸਿੰਘ ਤੇ ਹਰਭਜਨ ਸਿੰਘ ਤੇ ਹੋਰ ਵੀ ਹਾਜ਼ਰ ਸਨ।

## ਹਾਈ ਕੋਰਟਾਂ ਲਈ 7 ਨਵੇਂ ਚੀਫ਼ ਜਸਟਿਸਾਂ ਦੇ ਨਾਵਾਂ ਦੀ ਸਿਫਾਰਸ਼

**ਨਵੀਂ ਦਿੱਲੀ :** ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੇ ਸੁਪਰੀਮ ਕੋਰਟ ਕਾਲੇਜੀਅਮ ਨੇ ਬੰਬੇ, ਗੁਜਰਾਤ, ਤਿਲੰਗਾਨਾ, ਆਂਧਰਾ ਪ੍ਰਦੇਸ਼, ਕੇਰਲਾ, ਓਡੀਸ਼ਾ ਅਤੇ ਮਨੀਪੁਰ ਦੀਆਂ ਹਾਈ ਕੋਰਟਾਂ ਲਈ ਚੀਫ ਜਸਟਿਸਾਂ ਦੀ ਨਿਯੁਕਤੀ ਦੀ ਸਿਫਾਰਸ਼ ਕੀਤੀ ਹੈ। ਸੁਪਰੀਮ ਕੋਰਟ ਨੇ ਬੁੱਧਵਾਰ ਦੇਰ ਰਾਤ ਆਪਣੀ ਵੈੱਬਸਾਈਟ ’ਤੇ ਐਲਾਨ ਕੀਤਾ ਕਿ ਇਹ ਫੈਸਲਾ ਤਿੰਨ ਮੈਂਬਰੀ ਕਾਲੇਜੀਅਮ , ਜਿਸ ’ਚ ਜਸਟਿਸ ਸੰਜੈ ਕਿਸ਼ਨ ਕੌਲ, ਜਸਟਿਸ ਸੰਜੀਵ ਖੰਨਾ ਵੀ ਸ਼ਾਮਲ ਹਨ, ਨੇ 5 ਜੁਲਾਈ ਨੂੰ ਹੋਈ ਮੀਟਿੰਗ ’ਚ ਲਿਆ। ਅਲਾਹਾਬਾਦ ਹਾਈ ਕੋਰਟ ਦੇ ਜਸਟਿਸ ਦੇਵੇਂਦਰ ਕੁਮਾਰ ਉਪਾਧਿਆਏ ਅਤੇ ਜਸਟਿਸ ਸੁਨੀਤਾ ਅਗਰਵਾਲ ਨੂੰ ਕ੍ਰਮਵਾਰ ਬੰਬੇ ਹਾਈ ਕੋਰਟ ਅਤੇ ਗੁਜਰਾਤ ਹਾਈ ਕੋਰਟ ਦੇ ਚੀਫ ਜਸਟਿਸ ਵਜੋਂ ਨਿਯੁਕਤ ਕਰਨ ਦੀ ਸਿਫਾਰਸ਼ ਕੀਤੀ ਗਈ ਹੈ। ਕਰਨਾਟਕ ਹਾਈ ਕੋਰਟ ਦੇ ਜਸਟਿਸ ਆਲੋਕ ਅਰਾਧੇ ਨੂੰ ਤਿਲੰਗਾਨਾ ਹਾਈ ਕੋਰਟ, ਜਦੋਂ ਕਿ ਬੰਬੇ ਹਾਈ ਕੋਰਟ ਦੇ ਜਸਟਿਸ ਧੀਰਜ ਸਿੰਘ ਠਾਕੁਰ ਨੂੰ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਚੀਫ ਜਸਟਿਸ ਵਜੋਂ ਨਿਯੁਕਤ ਕਰਨ ਦੀ ਸਿਫਾਰਸ਼ ਕੀਤੀ ਗਈ ਹੈ।

ਕੇਰਲ ਹਾਈ ਕੋਰਟ ਦੇ ਚੀਫ ਜਸਟਿਸ ਵਜੋਂ ਨਿਯੁਕਤੀ ਲਈ ਗੁਜਰਾਤ ਹਾਈ ਕੋਰਟ ਦੇ ਕਾਰਜਕਾਰੀ ਚੀਫ ਜਸਟਿਸ ਆਸੀਸ ਜੇ. ਦੇਸਾਈ ਦੀ ਸਿਫਾਰਸ ਕੀਤੀ ਗਈ ਹੈ, ਜਦੋਂ ਕਿ ਓਡੀਸ਼ਾ ਹਾਈ ਕੋਰਟ ਦੇ ਜਸਟਿਸ ਸੁਭਾਸ਼ ਤਲਪਾਤਰਾ ਨੂੰ ਉਸੇ ਹਾਈ ਕੋਰਟ ’ਚ ਚੀਫ ਜਸਟਿਸ ਨਿਯੁਕਤ ਕਰਨ ਦੀ ਸਿਫਾਰਸ ਕੀਤੀ ਗਈ ਹੈ।

ਦਿੱਲੀ ਹਾਈ ਕੋਰਟ ਦੇ ਜਸਟਿਸ ਸਿਧਾਰਥ ਮ੍ਰਿਦੁਲ ਦੀ ਮਨੀਪੁਰ ਹਾਈ ਕੋਰਟ ਦੇ ਚੀਫ ਜਸਟਿਸ ਵਜੋਂ ਨਿਯੁਕਤੀ ਦੀ ਸਿਫਾਰਸ਼ ਕੀਤੀ ਗਈ ਹੈ।

7-JULY-PAGE-1.qxd 7/6/2023 10:33 PM Page 2



## ਇੰਪਲਾਈਜ਼ ਫੈਡਰੇਸ਼ਨ ਨੇ ਮੀਟਿੰਗ ਦੌਰਾਨ ਅਹੁਦੇਦਾਰ ਚੁਣੇ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਪਾਵਰਕਾਮ ਅਧੀਨ ਕੰਮ ਕਰਦੇ ਬਿਜਲੀ ਕਾਮਿਆਂ ਦੀ ਜਥੇਬੰਦੀ ਇੰਪਲਾਈਜ਼ ਫੈਡਰੇਸ਼ਨ ਮੰਡਲ ਪੱਧਰ ਮੀਟਿੰਗ ਦਫਤਰ ਪਾਤੜਾਂ ਵਿਖੇ ਹੋਈ, ਜਿਸ ਵਿੱਚ ਬਿਜਲੀ ਮੁਲਾਜ਼ਮਾਂ ਦੀਆਂ ਪਿਛਲੇ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਸੰਬੰਧੀ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸੇਵਾ ਮੁਕਤ ਬਿਜਲੀ ਮੁਲਾਜ਼ਮ ਆਗੂ ਰਘਬੀਰ ਸਿੰਘ ਘੱਗਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਦੌਰਾਨ ਪਾਸ ਇਕ ਮਤੇ ਰਾਹੀਂ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਵੱਲੋਂ 7 ਜੁਲਾਈ ਦੀ ਮੀਟਿੰਗ 'ਚ ਮਸਲੇ ਹੱਲ ਕੀਤੇ ਜਾਣ ਦੀ ਮੰਗ ਕੀਤੀ ਗਈ ਤਾਂ ਕਿ ਮੁਲਾਜ਼ਮਾਂ ਵਿੱਚ ਪਾਈ ਜਾ ਰਹੀ ਬੇਚੈਨੀ ਦੂਰ ਹੋ ਸਕੇ। ਇਸ ਦੌਰਾਨ ਜਥੇਬੰਦੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਚੋਣ ਦੌਰਾਨ ਗੁਰਵਿੰਦਰ ਸਿੰਘ ਖਾਨੇਵਾਲ ਡਵੀਜ਼ਨ ਪਾਤੜਾਂ ਦਿਹਾਤੀ ਦਾ ਮੀਤ ਪ੍ਰਧਾਨ, ਹਰਵਿੰਦਰ ਸਿੰਘ ਲਾਲਵਾ ਨੂੰ ਮੀਤ ਪ੍ਰਧਾਨ, ਸੰਦੀਪ ਸਿੰਘ ਸ਼ਹਿਰੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ, ਸੁਖਚੈਨ ਸਿੰਘ ਨੂੰ ਮੀਤ ਪ੍ਰਧਾਨ ਦਿਹਾਤੀ ਅਤੇ ਗਗਨਦੀਪ ਸਿੰਘ ਪ੍ਰੈਸ ਸਕੱਤਰ ਦਿਹਾਤੀ ਚੁਣਿਆ ਗਿਆ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੁਲਾਜ਼ਮ ਆਗੂ ਹਰੀ ਸਿੰਘ ਚਹਿਲ, ਦਲਵੀਰ ਸਿੰਘ ਘੱਗਾ, ਬੱਗਾ ਰਾਮ ਖਾਨੇਵਾਲ, ਗੋਰਾ ਲਾਲ, ਅਮਨਦੀਪ ਸਿੰਘ ਖਨੌਰੀ ਤੇ ਬਲਜਿੰਦਰ ਹਾਮਝੇੜੀ ਆਦਿ ਹਾਜ਼ਰ ਸਨ।

## ਪੰਜਾਬ ਨੰਬਰਦਾਰ ਐਸੋਸੀਏਸ਼ਨ ਗਾਲਿਬ ਗਰੁੱਪ ਦੀ ਮੀਟਿੰਗ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਮੁਕਤਸਰ ਸਾਹਿਬ ਦੇ ਪ੍ਰਧਾਨ ਸੁਖਦੇਵ ਸਿੰਘ ਮੜਮੱਲੂ, ਚੇਅਰਮੈਨ ਅਵਤਾਰ ਸਿੰਘ ਜੰਡੋਕੇ, ਬਿੰਦਰਪਾਲ ਸਿੰਘ ਝਬੇਲਵਾਲੀ ਅਤੇ ਜਗਸੀਰ ਸਿੰਘ ਸੁਖਨਾ (ਸਟੇਟ ਬਾਡੀ) ਦੀ ਅਗਵਾਈ ਹੇਠ ਹੋਈ ਮੀਟਿੰਗ 'ਚ ਬਿੰਦਰਪਾਲ ਸਿੰਘ ਝਬੇਲਵਾਲੀ (ਸਟੇਟ ਬਾਡੀ) ਦੇ ਭਰਾ, ਦਰਸ਼ਨ ਸਿੰਘ ਕਿਰਪਾਲਤਾ ਦੇ ਮਾਤਾ ਅਤੇ ਕੁਲਵੰਤ ਸਿੰਘ ਲੋਹਾਰਾ ਦੀ ਧਰਮ ਪਤਨੀ ਦੀ ਬੇਵਕਤੀ ਮੌਤ 'ਤੇ ਸਾਰੀ ਨੰਬਰਦਾਰ ਯੂਨੀਅਨ ਵੱਲੋਂ ਦੁੱਖ ਪ੍ਰਗਟ ਕੀਤਾ ਗਿਆ। ਮੀਟਿੰਗ ਵਿੱਚ ਨੰਬਰਦਾਰਾਂ ਦੀਆਂ ਮੰਗਾਂ ਜੱਦੀ ਪੁਸ਼ਤੀ ਕਰਨਾ, ਮਾਣ ਭੱਤੇ ਵਿੱਚ ਵਾਧਾ, ਤਹਿਸੀਲਾਂ ਵਿੱਚ ਨੰਬਰਦਾਰਾ ਲਈ ਕਮਰਾ ਅਲਾਟ ਕਰਨਾ, ਟੋਲ ਟੈਕਸ ਮਾਫ ਕਰਨਾ ਆਦਿ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਨੰਬਰਦਾਰ ਯੂਨੀਅਨ ਵੱਲੋਂ ਜੇ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੀਟਿੰਗ 'ਚ ਬਲਕਰਨ ਸਿੰਘ ਗੋਲਡੀ ਭਾਗਸਰ, ਰਜਵੰਤ ਸਿੰਘ ਸੰਗਰਾਣਾ, ਚਾਨਣ ਸਿੰਘ ਚੱਕ ਗਾਂਧਾ, ਬਲਦੇਵ ਸਿੰਘ ਕੋਟਲੀ ਸੰਘਰ, ਭੁਪਿੰਦਰ ਸਿੰਘ ਬਾਜਾ ਮਰਾੜ, ਗੁਰਦੀਪ ਸਿੰਘ ਰੱਤਾ ਟਿੱਬਾ, ਪਾਲ ਸਿੰਘ ਸੀਰਵਾਲੀ, ਗੁਰਜੀਤ ਨੰਬਰਦਾਰ ਕੋਟਲੀ ਅਬਲੂ, ਸੁਖਦੇਵ ਸਿੰਘ ਖੱਪਿਆਂਵਾਲੀ, ਲਾਭ ਸਿੰਘ ਛੱਤੇਆਣਾ, ਪਿੰਦਰ ਸਿੰਘ ਲੰਡੇਰੋਡੇ, ਤੇਜਿੰਦਰ ਸਿੰਘ ਸ਼ੇਰੇਵਾਲਾ, ਬਲਜਿੰਦਰ ਸਿੰਘ ਕੁਰਾਈਵਾਲਾ, ਬਲਵਿੰਦਰ ਸਿੰਘ ਲਖਮੀਰੇਆਣਾ, ਚੂਹੜ ਸਿੰਘ ਭੁੱਟੀਵਾਲਾ, ਵੀਰ ਸਿੰਘ ਗੂੜੀ ਸੰਘਰ, ਰਛਪਾਲ ਸਿੰਘ ਕੋਟਲੀ ਅਬਲੂ ਵਕੀਲ ਸਿੰਘ ਬਧਾਈ, ਬਲਜੀਤ ਨੰਬਰਦਾਰ ਸੰਗਰਾਣਾ, ਤੇਜਾ ਸਿੰਘ ਦੋਦਾ, ਇਕਬਾਲ ਨੰਬਰਦਾਰ ਗਿੱਦੜਬਾਹਾ ਅਦਿ ਹਾਜ਼ਰ ਸਨ।

## ਮਾਨਵਤਾ ਬਾਲ ਆਸ਼ਰਮ ਦਾ ਕੀਤਾ ਦੌਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਤੇ ਰਾਜ ਕੁਮਾਰ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਮਿਸ ਹਰਪ੍ਰੀਤ ਕੌਰ, ਸਿਵਲ ਜੱਜ (ਸੀਨੀ. ਡਵੀਜ਼ਨ)-ਸਹਿਤ ਸਕੱਤਰ ਮਾਨਵਤਾ ਬਾਲ ਆਸ਼ਰਮ ਦਾ ਦੌਰਾ ਕੀਤਾ। ਇਸ ਮੌਕੇ ਡਾਕਟਰ ਸ਼ਿਵਾਨੀ ਡੀ. ਸੀ. ਪੀ. ਓ. ਤੇ ਰਾਜਵਿੰਦਰ ਕੌਰ ਵਕੀਲ ਮੈਂਬਰ ਵੀ ਮੌਜੂਦ ਸਨ। ਮਾਨਵਤਾ ਬਾਲ ਆਸ਼ਰਮ ਵਿੱਚ ਰਹਿ ਰਹੇ ਬੱਚਿਆਂ ਬਾਰੇ ਉੱਥੋਂ ਦੇ ਇੰਚਾਰਜ ਨਾਲ ਗੱਲਬਾਤ ਕੀਤੀ ਗਈ। ਉਨ੍ਹਾਂ ਦੱਸਿਆ ਕਿ ਬੱਚਿਆਂ ਦੀ ਸਾਂਭ-ਸੰਭਾਲ ਤੇ ਮੈਡੀਕਲ ਸਹੂਲਤ ਵਧੀਆ ਤਰੀਕੇ ਨਾਲ ਦਿੱਤੀ ਜਾ ਰਹੀ ਹੈ। ਪੈਨਲ ਦੇ ਵਕੀਲਾਂ ਨਾਲ ਲੱਗ ਰਹੀ ਨੈਸ਼ਨਲ ਲੋਕ ਅਦਾਲਤ ਸੰਬੰਧੀ ਮੀਟਿੰਗ ਵੀ ਕੀਤੀ ਗਈ। ਉਨ੍ਹਾਂ ਦੱਸਿਆ ਕਿ 15 ਜੁਲਾਈ ਤੇ 09 ਸਤੰਬਰ ਨੂੰ ਲੱਗ ਰਹੀ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਕੇਸ ਲਗਾਉਣ ਸੰਬੰਧੀ ਪ੍ਰਚਾਰ ਕਰਨ ਤਾਂ ਜੋ ਲੱਗ ਰਹੀ ਲੋਕ ਅਦਾਲਤ ਵਿੱਚ ਦੋਹਾਂ ਧਿਰਾਂ ਦਾ ਰਾਜ਼ੀਨਾਮਾ ਕਰਵਾਇਆ ਜਾ ਸਕੇ, ਤਾਂ ਜੋ ਇਸ ਨਾਲ ਧਨ ਤੇ ਸਮੇਂ ਦੀ ਬੱਚਤ ਹੋ ਸਕੇ। ਇਸ ਮੌਕੇ ਮੋਟਰ ਐਕਸੀਡੈਂਟਲ ਕਲੇਮ ਕੇਸਾਂ ਦਾ ਵੱਧ ਤੋਂ ਵੱਧ ਰਾਜ਼ੀਨਾਮਾ ਕਰਵਾਉਣ ਦੇ ਉਪਰਾਲੇ ਕੀਤੇ ਜਾਣ।

## ਮੈਕਰੋ ਗਲੋਬਲ ਆਈਲਟਸ ਤੇ ਸਟੱਡੀ ਵੀਜ਼ਾ ਲਈ ਲੋਕਾਂ ਦੀ ਬਣੀ ਪਹਿਲੀ ਪਸੰਦ : ਡੱਲਾ



**ਜਗਰਾਉਂ (ਸੰਜੀਵ ਅਰੋੜਾ)**-ਆਈਲਟਸ ਦੀ ਕੋਚਿੰਗ ਤੇ ਸ਼ਾਨਦਾਰ ਇੰਮੀਗ੍ਰੇਸ਼ਨ ਸੇਵਾਵਾਂ ਦੇਣ ਨਾਲ ਮੈਕਰੋ ਗਲੋਬਲ ਗਰੁੱਪ ਆਫ਼ ਇੰਸਟੀਚਿਊਟ ਪੰਜਾਬ ਦੀ ਮੰਨੀ-ਪ੍ਰਮੰਨੀ ਸੰਸਥਾ ਬਣ ਚੁੱਕੀ ਹੈ। ਮੈਕਰੋ ਗਲੋਬਲ ਦੀ ਜਗਰਾਉਂ ਬ੍ਰਾਂਚ, ਜੋ ਕਿ ਪਿਛਲੇ ਸਮੇਂ ਤੋਂ ਧੜਾਧੜ ਸਟੱਡੀ ਵੀਜ਼ੇ ਲਗਵਾ ਕੇ ਖਿੱਚ ਦਾ ਕੇਂਦਰ ਬਣੀ ਹੋਈ ਹੈ, ਇਕ ਵਾਰ ਫਿਰ ਹੋਣਹਾਰ ਵਿਦਿਆਰਥੀ ਦਾ ਵਿਦੇਸ਼ ਜਾ ਕੇ ਪੜ੍ਹਨ ਦਾ ਸੁਪਨਾ ਸਾਕਾਰ ਕਰਨ 'ਚ ਮਦਦਗਾਰ ਸਾਬਿਤ ਹੋਈ ਹੈ। ਜ਼ਿਕਰਯੋਗ ਹੈ ਕਿ ਰਮਨਦੀਪ ਕੌਰ ਪੁੱਤਰੀ ਤੇਜਿੰਦਰ ਸਿੰਘ ਵਾਸੀ ਸਿੱਧਵਾਂ ਬੇਟ ਲੁਧਿਆਣਾ ਨੇ ਆਪਣਾ ਕੇਸ ਇੱਥੋਂ ਲਗਵਾਇਆ। ਸਿੱਟੇ ਵਜੋਂ ਵਧੀਆ ਸੇਧ ਤੇ ਕਾਰਜਗੁਜ਼ਾਰੀ ਸਦਕਾ ਆਪਣਾ ਕੈਨੇਡਾ ਦਾ ਸਟੱਡੀ ਵੀਜ਼ਾ ਪ੍ਰਾਪਤ ਕੀਤਾ। ਸਟੱਡੀ ਵੀਜ਼ਾ ਪ੍ਰਾਪਤ ਕਰਨ 'ਤੇ ਰਮਨਦੀਪ ਕੌਰ ਨੇ ਜਗਰਾਉਂ ਬ੍ਰਾਂਚ ਦੇ ਸਮੂਹ ਇੰਮੀਗ੍ਰੇਸ਼ਨ ਸਟਾਫ਼ ਤੇ ਐੱਮ. ਡੀ. ਗੁਰਮਿਲਾਪ ਸਿੰਘ ਡੱਲਾ ਦਾ ਧੰਨਵਾਦ ਕੀਤਾ। ਇਸ ਮੌਕੇ ਸੰਸਥਾ ਦੇ ਸੰਸਥਾਪਕ ਗੁਰਮਿਲਾਪ ਸਿੰਘ ਨੇ ਜਗਰਾਉਂ ਬ੍ਰਾਂਚ ਦੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ ਤੇ ਰਮਨਦੀਪ ਕੌਰ ਨੂੰ ਉਸ ਦੇ ਸੁਨਹਿਰੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਸਾਬਕਾ ਵਿਧਾਇਕ ਸੁਖਜੀਤ ਲੋਹਗੜ੍ਹ ਨੇ ਜਗਸੀਰ ਕਾਲੇਕੇ ਨਾਲ ਕੀਤਾ ਦੁੱਖ ਸਾਂਝਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਦੇ ਮਾਤਾ ਸਰਦਾਰਨੀ ਰਣਜੀਤ ਕੌਰ ਗਿੱਲ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ। ਸਾਬਕਾ ਚੇਅਰਮੈਨ ਜਗਸੀਰ ਕਾਲੇਕੇ ਦੇ ਨਾਲ ਸਾਬਕਾ ਵਿਧਾਇਕ ਮਹੇਸਇੰਦਰ ਸਿੰਘ, ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਐਡਵੋਕੇਟ ਧਰਮਪਾਲ ਸਿੰਘ, ਚੇਅਰਮੈਨ ਗੁਰਚਰਨ ਚੀਦਾ, ਵਾਇਸ ਚੇਅਰਮੈਨ ਸੁਭਾਸ਼ ਗੋਇਲ, ਭੋਲਾ ਬਰਾੜ, ਗੁਰਬਚਨ ਬਰਾੜ, ਜੋਧਾ ਬਰਾੜ, ਹਰਦੀਸ ਸੇਖਾ, ਵਿੱਕੀ ਸਰਪੰਚ, ਕਾਕਾ ਸਰਪੰਚ, ਨਾਹਰ ਸੈਕਟਰੀ, ਮੁਖਤਿਆਰ ਸੁਖਾਨੰਦ, ਰਾਜਾ ਸਮਾਲਸਰ, ਦਿਲਬਾਗ ਸਰਪੰਚ, ਰੇਸ਼ਮ ਸੰਗਤਪੁਰਾ, ਕੁਲਵੀਰ ਸਿੰਘ, ਹਰਪ੍ਰੀਤ ਸਰਪੰਚ, ਸੋਹਣ ਸਿੰਘ ਖੇਲਾ, ਸੀਪਾ ਰਾਜਿਆਣਾ, ਨਰ ਸਿੰਘ ਬਰਾੜ, ਗਗਨ ਸਰਪੰਚ, ਸੁੱਖਾ ਲੰਗੇਆਣਾ, ਚਰਨਜੀਤ ਲੁਹਾਰਾ, ਹੈਪੀ ਸਰਪੰਚ, ਨਵਜੋਤ ਚੰਦ ਨਵਾਂ, ਨਿਰਮਲ ਸਰਪੰਚ, ਮਲਕੀਤ ਸਿੰਘ ਪੰਚ, ਮੱਘਰ ਪੰਚ, ਜਗਦੇਵ ਲਧਾਈਕੇ, ਮੇਜਰ ਸਰਪੰਚ, ਗੁਰਸਰਨ ਮਾੜੀ, ਮੇਜਰ ਸਰਪੰਚ ਰਾਜਿਆਣਾ, ਮਦਨ ਖਾਲਸਾ, ਜਤਿੰਦਰ ਮਾਹਲਾ, ਬਲਜੀਤ ਨੱਥੋਕੇ, ਪਵਿੱਤਰ ਸਰਪੰਚ, ਦਰਸ਼ਨ ਸਰਪੰਚ, ਬਲਦੇਵ ਸਰਪੰਚ, ਸੁਖਚੈਨ ਨਿਗਾਹਾਂ, ਬਲਵੀਰ ਮਾਹਲਾ, ਬਲਵਿੰਦਰ ਗਰੀਨ ਵਾਲੇ, ਦੀਪਕ ਆੜ੍ਹਤੀਆ ਗੁਰਮੇਲ ਸਰਪੰਚ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਅਸਲਾ ਸਪਲਾਈ ਕਰਨ ਵਾਲੇ ਅੰਤਰਰਾਜੀ ਗਰੋਹ ਦਾ ਪਰਦਾਫਾਸ਼

### 5 ਪਿਸਟਲ, 10 ਮੈਗਜ਼ੀਨ ਸਮੇਤ 5 ਵਿਅਕਤੀ ਗ੍ਰਿਫਤਾਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਅਭਨੀਤ ਕੌਂਡਲ ਆਈ ਪੀ ਐੱਸ ਸੀਨੀਅਰ ਪੁਲਸ ਕਪਤਾਨ ਖੰਨਾ ਦੀ ਰਹਿਨੁਮਾਈ ਹੇਠ ਅਤੇ ਡਾ. ਪ੍ਰਗਿਆ ਜੈਨ ਆਈ ਪੀ ਐੱਸ ਕਪਤਾਨ (ਆਈ) ਪੁਲਸ ਜ਼ਿਲ੍ਹਾ ਖੰਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮਾਜ ਵਿਰੋਧੀ ਅਨਸਰਾਂ ਨੂੰ ਕਾਬੂ ਕਰਨ ਲਈ ਚਲਾਈ ਮੁਹਿੰਮ ਨੂੰ ਉਸ ਸਮੇਂ ਸਫਲਤਾ ਪ੍ਰਾਪਤ ਹੋਈ, ਜਦੋਂ ਇੰਸਪੈਕਟਰ ਅਮਨਦੀਪ ਸਿੰਘ ਇੰਚਾਰਜ ਸੀ ਆਈ ਏ ਸਟਾਫ ਖੰਨਾ ਦੀ ਅਗਵਾਈ ਹੇਠ ਖੰਨਾ ਪੁਲਸ ਪਾਰਟੀ ਨੇ 5 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 5 ਪਿਸਟਲ ਸਮੇਤ 10 ਮੈਗਜ਼ੀਨ ਦੀ ਬਰਾਮਦਗੀ ਕੀਤੀ ਹੈ। ਸੀ ਆਈ ਏ ਸਟਾਪ, ਖੰਨਾ ਦੀ ਪੁਲਸ ਪਾਰਟੀ ਨੇ ਮੋਬਾਈਲ ਨਾਕਾਬੰਦੀ ਦੌਰਾਨ ਅਮਲੋਹ ਰੋਡ ਚੌਕ ਖੰਨਾ ਵਿਖੇ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਗੌਤਮ ਸਰਮਾ ਉਰਫ ਗੋਰੂ, ਰਜਿੰਦਰ ਮੀਨਾ, ਸੁਰੇਸ਼ ਕੁਮਾਰ ਤੇ ਸਰਦਾਰ ਗੁਜਰ ਮਿਲ ਕੇ ਪੰਜਾਬ ਤੇ ਹੋਰ ਸੂਬਿਆਂ ਵਿੱਚ ਹਥਿਆਰਾਂ ਦੀ ਨੋਕ 'ਤੇ ਆਮ ਲੋਕਾਂ ਪਾਸੋਂ ਨਗਦੀ ਤੇ ਗੱਡੀਆਂ ਦੀ ਖੋਹ ਕਰਦੇ ਹਨ। ਇਨ੍ਹਾਂ ਵਿਅਕਤੀਆਂ ਵੱਲੋਂ ਕੁਝ ਦਿਨ ਪਹਿਲਾਂ ਖੋਹ ਕੀਤੀ ਇੱਕ ਕਾਰ ਨੰਬਰ ਆਰ ਦੇ 14 ਟੀ ਡੀ 2822 ਤੇ ਸਵਾਰ ਹੋ ਕੇ ਰਾਜਸਥਾਨ ਤੋਂ ਜਲੰਧਰ ਜਾ ਰਹੇ ਹਨ। ਇਨ੍ਹਾਂ ਵਿਅਕਤੀਆਂ ਕੋਲ ਗੈਰ-ਕਾਨੂੰਨੀ ਹਥਿਆਰ ਵੀ ਹਨ। ਮੁਖਬਰ ਦੀ ਇਤਲਾਹ ਅਨੁਸਾਰ ਇਹ ਵਿਅਕਤੀ ਸਰਵਿਸ ਰੋਡ ਫੋਕਲ ਪੁਆਇੰਟ ਖੰਨਾ ਨੇੜੇ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਗਈ ਦੌਰਾਨੇ ਚੈਕਿੰਗ ਆਰ ਦੇ 14 ਟੀ ਡੀ 2822 ਕਾਰ ਰੰਗ ਚਿੱਟਾ ਨੂੰ ਮੰਡੀ ਗੋਬਿੰਦਗੜ੍ਹ ਵੱਲੋਂ ਆਉਂਦੀਆਂ ਰੋਕਿਆ ਗਿਆ। ਇਸ ਕਾਰ ਵਿੱਚ ਸਵਾਰ ਵਿਅਕਤੀਆਂ ਨੇ ਆਪਣਾ ਨਾਮ ਕਰਮਵਾਰ ਸਰੇਸ਼ ਕੁਮਾਰ, ਗੌਤਮ ਸ਼ਰਮਾ ਗੋਰੂ, ਰਜਿੰਦਰ ਕੁਮਾਰ ਮੀਨਾ ਸਰਦਾਰ ਗੁਜਰ ਦੱਸਿਆ। ਤਲਾਸ਼ੀ ਦੌਰਾਨ ਇਨ੍ਹਾਂ ਵਿਅਕਤੀਆਂ ਕੋਲੋਂ ਦੋ ਪਿਸਟਲ 32 ਬੋਰ ਸਮੇਤ ਮੈਗਜ਼ੀਨ ਤੇ ਇਕ ਕਿਰਚ ਅਤੇ ਖੋਹ ਸਦਾ ਕਾਰ ਬਰਾਮਦ ਕੀਤੀ ਗਈ।

ਗ੍ਰਿਫਤਾਰ ਕੀਤੇ ਵਿਅਕਤੀਆਂ ਨੂੰ ਖੰਨਾ ਦੀ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਮਾਣਯੋਗ ਅਦਾਲਤ ਵੱਲੋਂ ਇਨ੍ਹਾਂ ਵਿਅਕਤੀਆਂ ਦਾ ਪੁਲਸ ਰਿਮਾਂਡ ਦਿੱਤਾ ਗਿਆ। ਇਨ੍ਹਾਂ ਵਿਅਕਤੀਆਂ ਨੇ ਮੰਨਿਆ ਕਿ ਇਹ ਅਸਲਾ ਤਕਦੀਰ ਸਿੰਘ ਵਾਸੀ ਮੱਧ ਪ੍ਰਦੇਸ ਤੋਂ ਲੈ ਕੇ ਆਉਂਦੇ ਹਾਂ। ਖੰਨਾ ਪੁਲਸ ਵੱਲੋਂ ਤਕਦੀਰ ਸਿੰਘ ਨੂੰ ਮੁਕੱਦਮੇ ਵਿੱਚ ਸ਼ਾਮਲ ਕਰਕੇ ਗੌਤਮ ਸ਼ਰਮਾ ਦੀ ਨਿਸ਼ਾਨਦੇਹੀ ਤਕਦੀਰ ਸਿੰਘ ਵਾਸੀ ਮੱਧ ਪ੍ਰਦੇਸ ਪਾਸੋਂ 04 ਪਿਸਟਲ 08 ਮੈਗਜ਼ੀਨ ਸਮੇਤ ਗ੍ਰਿਫਤਾਰ ਕਰਕੇ ਪੰਜਾਬ ਲਿਆਂਦਾ ਗਿਆ। ਇਨ੍ਹਾਂ ਵਿਅਕਤੀਆਂ ਵੱਲੋਂ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ।

# ਖੱਬੇ ਪੱਖੀ ਲਹਿਰ ਨੂੰ ਹੋਰ ਪ੍ਰਚੰਡ ਕਰਨ ਦੀ ਲੋੜ : ਬਰਾੜ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਭਾਰਤੀ ਕਮਿਊਨਿਸਟ ਪਾਰਟੀ ਦੀ ਸਿਰਸਾ ਜ਼ਿਲ੍ਹਾ ਪ੍ਰੀਸ਼ਦ ਦੀ ਮੀਟਿੰਗ ਸਥਾਨਕ ਬਾਬਾ ਬੰਤਾ ਸਿੰਘ ਭਵਨ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਕਾਮਰੇਡ ਬਲਦੇਵ ਸਿੰਘ ਬਰਾੜ ਨੇ ਕੀਤੀ। ਇਸ ਮੌਕੇ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਜਗਰੂਪ ਸਿੰਘ ਨੇ ਜ਼ਿਲ੍ਹੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ ਤੇ ਮੀਟਿੰਗ ਦਾ ਸੰਚਾਲਨ ਸੀ ਪੀ ਆਈ ਦੇ ਨੌਜਵਾਨ ਆਗੂ ਪ੍ਰੀਤ ਪਾਲ ਸਿੱਧੂ ਨੇ ਕੀਤਾ। ਮੀਟਿੰਗ ਦੌਰਾਨ ਸੂਬਾ ਸਕੱਤਰ ਦਰਿਆ ਸਿੰਘ ਕਸ਼ਯਪ ਨੇ ਦੇਸ਼ ਤੇ ਸੂਬੇ ਦੀ ਸਥਿਤੀ ਬਾਰੇ ਕਿਹਾ ਕਿ ਕੇਂਦਰ ਅਤੇ ਸੂਬੇ ਦੀਆਂ ਭਾਜਪਾ ਸਰਕਾਰਾਂ ਸਰਮਾਏਦਾਰਾਂ ਦੇ ਹੱਕ ਵਿੱਚ ਨੀਤੀਆਂ ਲਾਗੂ ਕਰਕੇ ਲੋਕਾਂ ਦੇ ਰੋਜ਼ੀ-ਰੋਟੀ, ਸਮਾਜਿਕ ਸਦਭਾਵਨਾ, ਸੰਵਿਧਾਨਕ ਤੇ ਜਮਹੂਰੀ, ਨਾਗਰਿਕ ਅਧਿਕਾਰਾਂ 'ਤੇ ਹਮਲੇ ਤੇਜ਼ ਕਰ ਰਹੀਆਂ ਹਨ। ਕਾ: ਸਵਰਨ ਸਿੰਘ ਵਿਰਕ ਨੇ ਕਿਹਾ ਕਿ ਸਰਕਾਰਾਂ ਦੀ ਫੁੱਟ ਪਾਊ ਫਿਰਕੂ ਰਾਜਨੀਤੀ ਕਾਰਨ ਦੇਸ਼ ਦੀ ਅੰਦਰੂਨੀ ਸੁਰੱਖਿਆ ਨੂੰ ਖ਼ਤਰਾ ਪੈਦਾ ਹੋ ਰਿਹਾ ਹੈ, ਜਿਸ ਦੀ ਤਾਜ਼ਾ ਮਿਸਾਲ ਮਨੀਪੁਰ ਵਿੱਚ ਵਾਪਰੀਆਂ ਹਿੰਸਕ ਘਟਨਾਵਾਂ ਹਨ। ਕਾਮਰੇਡ ਵਿਰਕ ਨੇ ਕਿਹਾ ਕਿ ਜਨਤਕ ਸਿੱਖਿਆ, ਸਿਹਤ ਤੇ ਟਰਾਂਸਪੋਰਟ ਸੇਵਾਵਾਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ, ਖੁਰਾਕ ਸੁਰੱਖਿਆ, ਮਨਰੇਗਾ ਤੇ ਹੋਰ ਲਾਭਕਾਰੀ ਸਕੀਮਾਂ ਨੂੰ ਤਬਾਹ ਕੀਤਾ ਜਾ ਰਿਹਾ ਹੈ। ਸੂਬਾ ਸਕੱਤਰ ਤਿਲਕ ਰਾਜ ਵਿਨਾਇਕ ਨੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਸੀ ਪੀ ਆਈ ਐੱਮ ਦੇ ਸਹਿਯੋਗ ਨਾਲ ਸੂਬੇ ਵਿੱਚ ਜਨ ਸੰਪਰਕ ਮੁਹਿੰਮ ਚਲਾਏਗੀ। ਉਨ੍ਹਾਂ ਕਿਹਾ ਕਿ ਅਗਸਤ ਦੇ ਅੰਤ ਵਿੱਚ ਜੀਂਦ ਵਿੱਚ ਦੋਵਾਂ ਖੱਬੀਆਂ ਪਾਰਟੀਆਂ ਦੀ ਸੂਬਾ ਪੱਧਰੀ ਵਰਕਰ ਕਾਨਫਰੰਸ ਕੀਤੀ ਜਾਵੇਗੀ। ਜ਼ਿਲ੍ਹੇ ਵਿੱਚ ਪਾਰਟੀ ਦੇ ਨਵੇਂ ਮੈਂਬਰ ਬਣਾਉਣ ਲਈ ਵਰਕਰਾਂ ਨੂੰ ਸ਼ਾਮਲ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੀਟਿੰਗ ਵਿੱਚ ਲਛਮਣ ਸਿੰਘ ਸ਼ੇਖਾਵਤ, ਹਰਜਿੰਦਰ ਭੰਗੂ, ਬੂਟਾ ਸਿੰਘ, ਜੋਗਿੰਦਰ ਸਿੰਘ ਦਮਦਮਾ, ਹਰਦੇਵ ਸਿੰਘ ਸੰਧੂ, ਬਲਰਾਜ ਬਾਣੀ, ਸੁਰਜੀਤ ਸਿੰਘ ਦਮਦਮਾ, ਪਾਲਾ ਸਿੰਘ ਚੀਮਾ, ਬਲਜੀਤ ਸਿੰਘ, ਬਲਵੰਤ ਸਿੰਘ, ਹੰਸਰਾਜ, ਗੁਰਦੇਵ ਸਿੰਘ, ਹਰਦਿਆਲ ਸਿੰਘ ਝੋਰੜਾਂਵਾਲੀ, ਹਰੀਸ਼ਚੰਦਰ ਡੱਬਵਾਲੀ ਨੇ ਵੀ ਸ਼ਮੂਲੀਅਤ ਕੀਤੀ।

# ਜੀ ਟੀ ਯੂ ਵੱਲੋਂ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਦੀ ਡਟਵੀਂ ਹਮਾਇਤ ਦਾ ਐਲਾਨ

### ਪਿਛਲੀਆਂ ਸਰਕਾਰਾਂ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲੀ ਤੇ ਹੁਣ ਆਮ ਆਦਮੀ ਪਾਰਟੀ ਭਵਿੱਖ ਰੋਲਣ ਦੀ ਤਿਆਰੀ 'ਚ : ਆਗੂ

**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਕਾਈ ਫ਼ਿਰੋਜ਼ਪੁਰ ਵੱਲੋਂ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਵੱਲੋਂ ਰੈਗੂਲਰ ਨਾ ਕਰਨ ਦੇ ਰੋਸ ਵਜੋਂ 6 ਜੁਲਾਈ ਤੋਂ ਕਲਮ ਛੋੜ ਹੜਤਾਲ ਕੀਤੀ ਜਾ ਰਹੀ ਹੈ। ਉਸ ਹੜਤਾਲ ਦੀ ਡੱਟਵੀਂ ਹਮਾਇਤ ਕਰਨ ਦਾ ਐਲਾਨ ਕੀਤਾ ਹੈ। ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂਆਂ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਟੋ, ਵਿੱਤ ਸਕੱਤਰ ਜਗਸੀਰ ਸਿੰਘ ਸਿੰਘ ਗਿੱਲ, ਸੀਨੀਅਰ ਮੀਤ ਪ੍ਰਧਾਨ ਰਾਜੀਵ ਹਾਂਡਾ, ਬਲਵਿੰਦਰ ਸਿੰਘ ਸੰਧੂ ਆਦਿ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਪਿਛਲੇ 9 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਪ੍ਰਚਾਰ ਕਰ ਰਹੀ ਹੈ, ਪਰ ਜੋ ਸੱਚਾਈ ਸਾਹਮਣੇ ਆਈ ਹੈ, ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ.ਐੱਸ.ਆਰ. ਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ 'ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ, ਜੋ ਕਿ ਕੋਰਾ ਝੂਠ ਹੈ। ਯੂਨੀਅਨ ਆਗੂਆਂ ਗੁਰਚਰਨ ਸਿੰਘ ਕਲਸੀ, ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ, ਰਾਜਿੰਦਰ ਸਿੰਘ ਰਾਜਾ, ਸੰਦੀਪ ਸਹਿਗਲ ਨੇ ਕਿਹਾ ਕਿ ਅਕਾਲੀ ਦਲ ਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆਂ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ, ਜੋ ਕਿ ਵਾਰ-ਵਾਰ ਮੰਤਰੀਆਂ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀਂ ਹੋਈ। ਇਸ ਤੋਂ ਇਲਾਵਾ ਸਰਕਾਰ ਵੱਲੋਂ ਮਨਜ਼ੂਰ 3% ਸਾਲਾਨਾ ਤਰੱਕੀ ਦੀ ਫਾਈਲ ਵੀ ਕਲੀਅਰ ਨਹੀਂ ਕੀਤੀ ਜਾ ਰਹੀ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ ਵਿੱਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ।

ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਪ੍ਰਚਾਰ ਐਨਾ ਕੀਤਾ ਜਾ ਰਿਹਾ ਕਿ ਜਿਵੇਂ ਕੱਚੇ ਮੁਲਾਜ਼ਮਾਂ ਨੂੰ ਪਤਾ ਨਹੀਂ ਕਿੰਨਾ ਵੱਡਾ ਤੋਹਫਾ ਦੇ ਦਿੱਤਾ ਹੋਵੇ। ਆਗੂ ਨੇ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵੀਡੀਓ ਸੰਦੇਸ਼ ਰਾਹੀਂ ਦੱਸਿਆ ਕਿ ਕੁਝ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੇ ਸੰਦੇਸ਼ 'ਚ ਦਫਤਰੀ ਕਰਮਚਾਰੀਆਂ ਦਾ ਕੋਈ ਜ਼ਿਕਰ ਨਹੀ ਕੀਤਾ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਲਾ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਆਗੂਆਂ ਹਰਪਾਲ ਸਿੰਘ, ਸੰਦੀਪ ਕੁਮਾਰ, ਬਲਜਿੰਦਰ ਸਿੰਘ, ਸੰਜੇ ਚੌਧਰੀ, ਮੈਡਮ ਸ਼ਹਿਨਾਜ਼, ਪ੍ਰੇਮ ਸਿੰਘ, ਕਮਲਪੁਰੀ, ਸੁਰਿੰਦਰ ਨਰੂਲਾ ਆਦਿ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕੇ ਸਰਕਾਰ ਇਨ੍ਹਾਂ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਮੰਨ ਕੇ ਪੂਰੇ ਭੱਤੇ ਤੇ ਸਕੇਲ ਸਮੇਤ ਰੈਗੂਲਰ ਕਰੇ।

# ਪ੍ਰਾਇਮਰੀ ਹੈਲਥ ਸੈਂਟਰ ਰੁਕਨੇਵਾਲਾ ਦਾ ਵਿਧਾਇਕ ਭੁੱਲਰ ਵੱਲੋਂ ਉਦਘਾਟਨ

### ਮਾਨ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ : ਭੁੱਲਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੁੱਖ ਮੰਤਰੀ ਭਗਵੰਤ ਮਾਨ ਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਯੋਗ ਅਗਵਾਈ ਵਿੱਚ ਰਾਜ ਸਰਕਾਰ ਆਪਣੇ ਕੀਤੇ ਵਾਅਦੇ ਅਨੁਸਾਰ ਪੰਜਾਬ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ ਤੇ ਮੁਫ਼ਤ ਤੇ ਮਿਆਰੀ ਸਿਹਤ ਸੇਵਾਵਾਂ ਪਿੰਡ ਪੱਧਰ ਤੱਕ ਆਮ ਲੋਕਾਂ ਨੂੰ ਮੁਹੱਈਆ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਫਿਰੋਜ਼ਪੁਰ ਸ਼ਹਿਰੀ ਤੋਂ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਪਿੰਡ ਰੁਕਨੇ ਵਾਲਾ ਵਿਖੇ ਪ੍ਰਾਇਮਰੀ ਹੈਲਥ ਸੈਂਟਰ ਦਾ ਉਦਘਾਟਨ ਕਰਨ ਉਪਰੰਤ ਕੀਤਾ ਗਿਆ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਰਾਜ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਉਨ੍ਹਾਂ ਵੱਲੋਂ ਵੀ ਆਪਣੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾ ਕਿਹਾ ਕਿ ਹਲਕੇ ਵਿਚ ਹਰ ਤਰ੍ਹਾਂ ਦੀਆਂ ਸਹੂਲਤਾਂ ਲੋਕਾਂ ਨੂੰ ਮੁਹੱਈਆ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਸਿਹਤ ਤੇ ਸਿੱਖਿਆ ਨੂੰ ਤਰਜੀਹੀ ਖੇਤਰਾਂ ਵਜੋਂ ਵਿਕਸਤ ਕਰ ਰਹੀ ਹੈ ਤੇ ਪੂਰੇ ਰਾਜ ਵਿੱਚ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਹੁਣ ਤੱਕ ਲਗਪਗ 580 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਜਿੱਥੇ ਲੋਕਾਂ ਨੂੰ ਮੁਫ਼ਤ ਦਵਾਈਆਂ, ਟੈਸਟਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਮੌਕੇ ਸਰਪੰਚ ਪਰਮਜੀਤ ਸਿੰਘ ਪੰਮਾ, ਗੁਰਜੀਤ ਸਿੰਘ ਚੀਮਾ, ਲਾਲਜੀਤ ਸਿੰਘ ਭੁੱਲਰ, ਸੁਖਦੇਵ ਸਿੰਘ ਭੱਦਰੂ, ਦਵਿੰਦਰ ਸਿੰਘ, ਜੱਜ ਕਮਾਲੇਵਾਲਾ, ਦਿਲਬਾਗ ਸਿੰਘ, ਬਲਦੇਵ ਸਿੰਘ, ਪਿੱਪਲ ਸਿੰਘ ਸਰਕਲ ਪ੍ਰਧਾਨ, ਜਸਬੀਰ ਸਿੰਘ, ਸੁਖਵਿੰਦਰ ਸਿੰਘ, ਕੈਪਟਨ ਭੁਪਿੰਦਰ ਸਿੰਘ ਭੁੱਲਰ, ਕੁਲਦੀਪ ਸਿੰਘ ਚੀਮਾ, ਸੁਰਜੀਤ ਸਿੰਘ, ਮਨਪ੍ਰੀਤ ਸਿੰਘ, ਜੇ ਈ ਗੁਰਪ੍ਰੀਤ, ਗੁਰਭੇਜ ਸਿੰਘ ਤੇ ਹਿਮਾਂਸ਼ੂ ਠੱਕਰ ਤੋਂ ਇਲਾਵਾ ਸੀਨੀਅਰ ਮੈਡੀਕਲ ਅਫਸਰ ਡਾ. ਰੇਖਾ ਭੱਟੀ, ਬਲਾਕ ਐਜੂਕੇਟਰ ਅੰਕੁਸ਼ ਭੰਡਾਰੀ, ਸੀ ਐੱਚ ਓ ਪ੍ਰਤਿਭਾ, ਲਖਵਿੰਦਰ ਸਿੰਘ, ਸਮੂਹ ਆਸ਼ਾ ਵਰਕਰ ਤੇ ਪਿੰਡ ਵਾਸੀ ਹਾਜ਼ਰ ਸਨ।

# ਨਿੱਤ ਵਾਪਰ ਰਹੀਆਂ ਚੋਰੀ ਦੀਆਂ ਘਟਨਾਵਾਂ ਕਾਰਨ ਲੋਕਾਂ 'ਚ ਦਹਿਸ਼ਤ



**ਤਪਾ ਮੰਡੀ (ਅਰੁਣ ਗੋਇਲ)**-ਸਥਾਨਕ ਇਲਾਕੇ 'ਚ ਦਿਨ-ਪ੍ਰਤੀ-ਦਿਨ ਹੋ ਰਹੀਆਂ ਮੋਬਾਇਲ ਖੋਹਣ ਤੇ ਮੋਟਰਸਾਇਕਲ ਚੋਰੀ ਦੀਆਂ ਘਟਨਾਵਾਂ 'ਚ ਵਾਧਾ ਹੋਣ ਕਾਰਨ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ, ਇੰਝ ਮਹਿਸੂਸ ਹੋ ਰਿਹਾ ਹੈ ਜਿਵੇਂ ਸ਼ਹਿਰ 'ਚ ਚੋਰ ਚੁਸਤ ਹੋ ਗਏ ਹਨ ਤੇ ਪੁਲਸ ਸੁਸਤ ਹੋ ਗਈ ਹੋਵੇ। ਇਸ ਸੰਬੰਧੀ ਸਬਜ਼ੀ ਵਿਕਰੇਤਾ ਰਾਜੂ ਖਾਂ ਪੁੱਤਰ ਨੌਸਾਦ ਵਾਸੀ ਸੁਖਾਨੰਦ ਬਸਤੀ ਤਪਾ ਨੇ ਦੱਸਿਆ ਕਿ ਉਹ ਰੂਪ ਚੰਦ ਰੋਡ ਸਥਿਤ ਸਟੇਟ ਬੈਂਕ ਆਫ ਇੰਡੀਆ ਨੇੜੇ ਸਬਜ਼ੀ ਦੀ ਦੁਕਾਨ ਕਰਦਾ ਹਾਂ, ਮੈਂ ਕਿਸੇ ਭੋਗ ਸਮਾਗਮ 'ਤੇ ਗਿਆ ਹੋਇਆ ਸੀ, ਮੇਰੀ ਪਤਨੀ ਰੋਟੀ ਪਕਾਉਣ ਘਰ ਗਈ ਹੋਈ ਸੀ ਤਾਂ ਦੁਕਾਨ ਤੇ ਮੇਰਾ ਲੜਕਾ ਬੈਠਾ ਸੀ ਤਾਂ ਤਿੰਨ ਮੋਟਰਸਾਈਕਲ ਲੁਟੇਰਿਆਂ 'ਚੋਂ ਇੱਕ ਲੁਟੇਰੇ ਨੇ ਉੱਤਰ ਕੇ ਅੰਬ ਦਾ ਰੇਟ ਪੁੱਛਣ ਲੱਗਣ ਤੇ ਮੇਰੇ ਬੇਟੇ ਤੋਂ ਮੋਬਾਇਲ ਖੋਹ ਕੇ ਤਿੰਨੋਂ ਲੁਟੇਰੇ ਵਾਈਕ ਤੇ ਫਰਾਰ ਹੋ ਗਏ। ਇਨ੍ਹਾਂ 'ਚੋਂ ਇੱਕ ਨੇ ਮੂੰਹ ਬੰਨ੍ਹਿਆਂ ਹੋਇਆ ਸੀ। ਇਸ ਤੋਂ ਇਲਾਵਾ 2 ਦਿਨਾਂ 'ਚ ਕੁਝ ਨਾਮਾਲੂਮ ਤਿੰਨ ਮੋਟਰਸਾਈਕਲ ਚੋਰੀ ਹੋ ਗਏ। ਇਨ੍ਹਾਂ 'ਚੋਂ ਇੱਕ ਟੈਲੀਫੋਨ ਐਕਚੇਂਜ ਨੇੜਿਉਂ, ਦੂਸਰਾ 4 ਨੰਬਰ ਗਲੀ ਤੇ ਤੀਸਰਾ ਪਸ਼ੂ ਹਸਪਤਾਲ 'ਚੋਂ ਚੋਰੀ ਹੋਣ ਬਾਰੇ ਜਾਣਕਾਰੀ ਮਿਲੀ ਹੈ।

ਇਨ੍ਹਾਂ ਸਾਰੀਆਂ ਘਟਨਾਵਾਂ ਸੰਬੰਧੀ ਪੁਲਸ ਨੂੰ ਸੂਚਨਾ ਦੇ ਦਿੱਤੀ ਗਈ ਹੈ ਅਤੇ ਸੀਸੀਟੀਵੀ ਕੈਮਰਿਆਂ 'ਚ ਵੀ ਕੈਦ ਹੋ ਗਈ ਹੈ, ਪਰ ਦਿਨ-ਦਿਹਾੜੇ ਹੋ ਰਹੀਆਂ ਘਟਨਾਵਾਂ ਨੂੰ ਪੁਲਸ ਲੱਭਣ 'ਚ ਨਾਕਾਮ ਰਹੀ ਹੈ। ਇਸ ਸੰਬੰਧੀ ਪੁਲਸ ਦਾ ਕਹਿਣਾ ਹੈ ਕਿ ਉਕਤ ਸਾਰੀਆਂ ਵਾਰਦਾਤਾਂ ਸੰਬੰਧੀ ਪੁਲਸ ਨੂੰ ਸੂਚਨਾ ਮਿਲ ਗਈ ਹੈ। ਪੁਲਸ ਇਲਾਕੇ ਦੇ ਸੀਸੀਟੀਵੀ ਕੈਮਰੇ ਖੰਘਾਲਣ ਤੇ ਲੱਗੀ ਹੋਈ ਹੈ ਜਲਦੀ ਹੀ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ।

# ਵਿਧਾਇਕ ਦਹੀਆ ਨੇ ਹਲਕੇ ਦੇ ਸੇਮਨਾਲਿਆਂ ਤੇ ਰਜਬਾਹਿਆਂ ਦੀ ਕਰਵਾਈ ਸਫਾਈ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬਰਸਾਤੀ ਮੌਸਮ ਨੂੰ ਮੱਦੇਨਜ਼ਰ ਰੱਖਦਿਆਂ ਵਿਧਾਇਕ ਫਿਰੋਜ਼ਪੁਰ ਦਿਹਾਤੀ ਐਡਵੋਕੇਟ ਰਜਨੀਸ਼ ਦਹੀਆ ਵੱਲੋਂ ਹਲਕੇ ਦੀਆਂ ਨਹਿਰਾਂ, ਰਜਬਾਹਿਆਂ ਤੇ ਸੇਮਨਾਲਿਆਂ ਦਾ ਨਿਰੀਖਣ ਕਰਕੇ ਸਫਾਈ ਕਰਵਾਈ ਗਈ ਤਾਂ ਜੋ ਹਲਕੇ ਦੇ ਲੋਕਾਂ ਦੀਆਂ ਫਸਲਾਂ ਨੂੰ ਡੋਬੇ ਦੀ ਮਾਰ ਨਾ ਝੱਲਣੀ ਪਵੇ। ਇਸ ਮੌਕੇ ਵਿਧਾਇਕ ਰਜਨੀਸ਼ ਦਹੀਆ ਨੇ ਦੱਸਿਆ ਕਿ ਪਿਛਲੇ ਸਾਲ ਭਾਰੀ ਮੀਂਹ ਕਾਰਨ ਹਲਕੇ ਦੇ ਮੋਹਕਮ ਭੱਟੀ, ਸਹਿਜ਼ਾਦੀ ਤੇ ਸ਼ਕੂਰ ਆਦਿ ਪਿੰਡਾਂ ਨੂੰ ਡੋਬੇ ਦੀ ਮਾਰ ਝੱਲਣੀ ਪਈ ਸੀ, ਜਿਸ ਕਾਰਨ ਕਿਸਾਨਾਂ ਦੀ ਫਸਲ ਦਾ ਕਾਫੀ ਨੁਕਸਾਨ ਹੋਇਆ ਸੀ। ਉਨ੍ਹਾ ਕਿਹਾ ਕਿ ਇਸ ਸਾਲ ਬਰਸਾਤੀ ਮੌਸਮ ਤੋਂ ਪਹਿਲਾਂ ਹੀ ਇਨ੍ਹਾਂ ਸੇਮਨਾਲਿਆਂ ਦੀ ਸਫਾਈ ਕਰਵਾਈ ਗਈ ਹੈ ਤਾਂ ਜੋ ਕਿਸਾਨਾਂ ਦੀਆਂ ਫਸਲਾਂ ਨੂੰ ਕੁਦਰਤੀ ਆਫਤਾਂ ਤੋਂ ਬਚਾਇਆ ਜਾ ਸਕੇ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਤੇ ਕਿਸਾਨਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਸੇ ਤਹਿਤ ਹੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਫਸਲ ਦੀ ਬਿਜਾਈ ਲਈ ਬਿਜਲੀ ਤੇ ਨਹਿਰੀ ਪਾਣੀ ਦੀ ਸਪਲਾਈ ਨਿਰਵਿਘਨ ਦਿੱਤੀ ਜਾ ਰਹੀ ਹੈ ਤਾਂ ਜੋ ਕਿਸਾਨਾਂ ਨੂੰ ਕੋਈ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਟੇਲਾਂ ਵਾਲੇ ਕਿਸਾਨਾਂ ਨੂੰ ਵੀ ਪੂਰੀ ਮਾਤਰਾ ਵਿੱਚ ਨਹਿਰੀ ਪਾਣੀ ਮਿਲਿਆ ਹੈ। ਵਿਧਾਇਕ ਦਹੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਲ ਫਸਲਾਂ ਦੇ ਖਰਾਬੇ ਦੇ ਪੈਸੇ ਵੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਏ ਗਏ ਸਨ। ਇਸ ਸਾਲ ਪੰਜਾਬ ਸਰਕਾਰ ਵੱਲੋਂ ਨਹਿਰਾਂ, ਰਜਬਾਹਿਆਂ ਤੇ ਸੇਮਨਾਲਿਆਂ ਦੀ ਸਫਾਈ ਕਰਵਾਈ ਗਈ ਹੈ ਤੇ ਵਿਭਾਗੀ ਅਧਿਕਾਰੀਆਂ ਨੂੰ ਸਖਤ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਬਰਸਾਤੀ ਮੌਸਮ ਨੂੰ ਮੱਦੇਨਜ਼ਰ ਰੱਖਦਿਆਂ ਹਰ ਤਰ੍ਹਾਂ ਦੇ ਪੁਖਤਾ ਪ੍ਰਬੰਧ ਕਰ ਲਏ ਜਾਣ। ਇਸ ਮੌਕੇ ਇਲਾਕੇ ਦੇ ਕਿਸਾਨਾਂ ਨੇ ਸੇਮਨਾਲਿਆਂ, ਨਹਿਰਾਂ ਦੀ ਸਫਾਈ ਲਈ ਤੇ ਨਿਰਵਿਘਨ ਸਪਲਾਈ ਲਈ ਦਹੀਆ ਦਾ ਧੰਨਵਾਦ ਕੀਤਾ। ਇਸ ਮੌਕੇ ਆਪ ਆਗੂ ਰੌਬੀ ਸੰਧੂ ਵੀ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਅਹਿਮ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਇਕਾਈ ਮਾਨਸਾ ਦੀ ਇੱਕ ਅਹਿਮ ਮੀਟਿੰਗ ਸਥਾਨਕ ਅਮਰ ਰਿਜ਼ੌਰਟ ਵਿਖੇ ਜ਼ਿਲ੍ਹਾ ਪ੍ਰਧਾਨ ਸੱਤਪਾਲ ਰਿਸ਼ੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜ਼ਿਲ੍ਹਾ ਕਮੇਟੀ ਤੇ ਬਲਾਕਾਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸੂਬਾ ਕਮੇਟੀ ਮੈਂਬਰ ਤਾਰਾ ਚੰਦ ਭਾਵਾ ਨੇ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਜ਼ਿਲ੍ਹਾ ਪ੍ਰਧਾਨ ਵੱਲੋਂ ਆਏ ਸਾਥੀਆਂ ਨੂੰ ਜੀ ਆਇਆਂ ਕਹਿਣ ਉਪਰੰਤ ਮੀਟਿੰਗ ਦੀ ਸ਼ੁਰੂਆਤ ਕੀਤੀ। ਪਹੁੰਚੇ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਚੋਣਾਂ ਸਮੇਂ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਮੰਗਾਂ ਸਬੰਧੀ ਕੀਤੇ ਵਾਅਦੇ ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਵੱਲੋਂ ਕੋਰੋਨਾ ਕਾਲ ਸਮੇਂ ਨਿਭਾਏ ਵੱਡਮੁੱਲੇ ਯੋਗਦਾਨ ਨੂੰ ਅਣਗੌਲਿਆ ਕਰਨ ਸਬੰਧੀ ਚਰਚਾ ਕਰਦਿਆਂ ਮਾਨ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਸੂਬਾ ਕਮੇਟੀ ਵੱਲੋਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦੀ ਪੂਰਤੀ ਲਈ ਲੋਕ ਕਚਹਿਰੀ ਵਿੱਚ ਜਾ ਕੇ ਚਲਾਈ ਵਿਆਪਕ ਜਨਤਕ ਦਸਤਖਤੀ ਮੁਹਿੰਮ ਤੇ ਗ੍ਰਾਮ ਪੰਚਾਇਤਾਂ, ਨਗਰ ਕੌਂਸਲਾਂ ਤੇ ਮਿਉਂਸਪਲ ਕਾਰਪੋਰੇਸ਼ਨਾਂ ਤੋਂ ਸਾਡੀ ਮੰਗ ਸਬੰਧੀ ਮਤੇ ਪਵਾ ਕੇ ਪੰਜਾਬ ਸਰਕਾਰ ਨੂੰ ਭੇਜੇ ਜਾਣ ਦੀ ਹਾਜ਼ਰੀਨ ਵੱਲੋਂ ਸ਼ਲਾਘਾ ਕਰਦਿਆਂ ਕਿਹਾ ਕਿ ਪਿੰਡ ਪਿੰਡ ਜਾ ਕੇ ਇਸ ਮੁਹਿੰਮ ਨੂੰ ਭਰਾਤਰੀ ਜਥੇਬੰਦੀਆਂ ਦਾ ਪੂਰਾ ਸਹਿਯੋਗ ਤਨਦੇਹੀ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਜ਼ਿਲ੍ਹਾ ਚੇਅਰਮੈਨ ਰਘਵੀਰ ਚੰਦ ਸ਼ਰਮਾ, ਸਕੱਤਰ ਸਿਮਰਜੀਤ ਗਾਗੋਵਾਲ, ਕੈਸ਼ੀਅਰ ਅਮਰੀਕ ਸਿੰਘ ਮਾਖਾ, ਸਹਾਇਕ ਸਕੱਤਰ ਹਰਬੰਸ ਸਿੰਘ ਦਿਆਲਪੁਰਾ, ਗੁਰਪ੍ਰੀਤ ਸਿੰਘ ਉੱਭਾ, ਬਲਾਕ ਬਰੇਟਾ ਦੇ ਪ੍ਰਧਾਨ ਪ੍ਰੇਮ ਸਿੰਘ ਕਿਸ਼ਨਗੜ੍ਹ, ਚੇਅਰਮੈਨ ਨਿਰਮਲ ਸਿੰਘ ਬਹਾਦਰਪੁਰ ਤੇ ਸਕੱਤਰ ਬਿੰਟੂ ਸਰਮਾ, ਜੋਗਾ ਦੇ ਪ੍ਰਧਾਨ ਗੁਰਬਿੰਦਰ ਸਿੰਘ, ਬੁਢਲਾਡਾ ਦੇ ਸਕੱਤਰ ਗਮਦੂਰ ਸਿੰਘ ਦੋਦੜਾ, ਸੀਨੀਅਰ ਵਾਈਸ ਪ੍ਰਧਾਨ ਨਾਇਬ ਸਿੰਘ ਅਹਿਮਦਪੁਰ ਕੈਸ਼ੀਅਰ ਆਦਿ ਨੇ ਜਥੇਬੰਦਕ ਸਮੱਸਿਆਵਾਂ ਨੂੰ ਵਿਚਾਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ 'ਚ ਕੇਡਰ ਨੂੰ ਜਥੇਬੰਦਕ ਸਿੱਖਿਆ ਦੇਣ ਲਈ ਤੇ ਜਥੇਬੰਦੀ ਦੀ ਮੈਂਬਰਸ਼ਿਪ ਵਧਾਉਣ ਲਈ ਅਹਿਮ ਉਪਰਾਲੇ ਕੀਤੇ ਜਾਣਗੇ। ਸੀਨੀਅਰ ਵਾਈਸ ਪ੍ਰਧਾਨ ਗੁਰਜੀਤ ਸਿੰਘ ਬਰ੍ਹੇ ਨੇ ਸਮਾਜ 'ਚ ਫੈਲੀਆਂ ਕੁਰੀਤੀਆਂ ਸਬੰਧੀ ਵਿਚਾਰ ਵਟਾਂਦਰਾ ਕਰਦਿਆਂ ਨਸ਼ਾ ਵੇਚਣ, ਭਰੂਣ ਹੱਤਿਆ ਕਰਨ ਵਾਲਿਆਂ ਨੂੰ ਤਾੜਨਾ ਕਰਦਿਆਂ ਪੰਜਾਬ ਸਰਕਾਰ ਤੋਂ ਅਜਿਹੇ ਗਲਤ ਅਨਸਰਾਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ। ਇਸ ਮੌਕੇ ਜ਼ਿਲ੍ਹਾ ਸਲਾਹਕਾਰ ਹਰਚੰਦ ਸਿੰਘ ਮੱਤੀ, ਪ੍ਰੈੱਸ ਸਕੱਤਰ ਮੈਂਗਲ ਸਿੰਘ, ਸਹਾਇਕ ਕੈਸ਼ੀਅਰ ਅਸ਼ੋਕ ਕੁਮਾਰ ਗਾਮੀਵਾਲਾ,

# ਮਹਾਂਪ੍ਰਗਯ ਸਕੂਲ ਦੇ ਵਿਦਿਆਰਥੀ ਐਨ ਸੀ ਸੀ (ਨੈਸ਼ਨਲ ਕੈਡੇਟ ਕੋਰ) ਕੈਂਪ ਲਈ ਰਵਾਨਾ



**ਜਗਰਾਉਂ (ਸੰਜੀਵ ਅਰੋੜਾ)**-ਮਹਾਂਪ੍ਰਗਯ ਸਕੂਲ ਦੇ ਡਾਇਰੈਕਟਰ ਵਿਸ਼ਾਲ ਜੈਨ ਦੀ ਦੂਰਦ੍ਰਿਸ਼ਟੀ ਤੇ ਨੌਜਵਾਨਾਂ ਅੰਦਰ ਚਰਿੱਤਰ, ਸਾਹਸ, ਅਨੁਸ਼ਾਸਨ, ਧਰਮ ਨਿਰਪੱਖ ਦ੍ਰਿਸ਼ਟੀਕੋਣ ਤੇ ਨਿਰਸਵਾਰਥ ਸੇਵਾ ਦੇ ਆਦਰਸ਼ਾਂ ਦੀ ਗੁਣਵੱਤਾ ਦਾ ਵਿਕਾਸ ਕਰਨ ਲਈ ਸਕੂਲ ਵਿੱਚ ਐੱਨ. ਸੀ. ਸੀ. ਜੂਨੀਅਰ ਤੇ ਸੀਨੀਅਰ ਵਿੰਗ ਦਾ ਪ੍ਰਬੰਧ ਕੀਤਾ ਹੋਇਆ ਹੈ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਲਈ ਕੈਡਟਸ ਨੂੰ ਐੱਨ. ਸੀ. ਸੀ. ਕੇਅਰ ਟੇਕਰ ਅਜੈਪਾਲ ਸਿੰਘ ਦੀ ਦੇਖ ਰੇਖ ਵਿੱਚ ਏ. ਟੀ. ਸੀ.-41 ਦੇ ਅੰਤਰਗਤ ਸੀ.ਏ.ਟੀ.ਸੀ. ਵੱਲੋਂ ਆਯੋਜਿਤ ਦਸ ਦਿਨਾਂ ਕੈਂਪ, ਜੋ ਜੀ. ਐੱਨ. ਡੀ. ਇੰਜੀਨੀਅਰਿੰਗ ਕਾਲਜ ਲੁਧਿਆਣਾ ਵਿਖੇ ਲੱਗ ਰਿਹਾ ਹੈ, ਵਿੱਚ ਭਾਗ ਲੈਣ ਲਈ ਰਵਾਨਾ ਕੀਤਾ। ਇਸ ਕੈਂਪ ਵਿੱਚ ਕੈਡਟਸ ਨੂੰ ਡ੍ਰਿਲ, ਸ਼ੂਟਿੰਗ, ਸਰੀਰਕ ਤੰਦਰੁਸਤੀ, ਫਸਟ ਏਡ ਤੇ ਨਕਸ਼ੇ ਪੜ੍ਹਨ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਦੇ ਪ੍ਰਬੰਧ ਨੂੰ ਨੇਪਰੇ ਚੜ੍ਹਾਉਣ ਵਿੱਚ ਕੋਚ ਪ੍ਰੀਤ ਇੰਦਰ ਕੁਮਾਰ ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਵਿਸ਼ਾਲ ਜੈਨ ਨੇ ਕਿਹਾ ਕਿ ਇਹੋ ਜਿਹੇ ਕੈਂਪ ਵਿਦਿਆਰਥੀਆਂ ਨੂੰ ਸਵੈ-ਇੱਛਤ ਨਿਰਣਾ ਕਰਨ, ਸਮਾਜ ਤੇ ਦੇਸ਼ ਸੇਵਾ ਲਈ ਤਤਪਰ ਰਹਿਣਾ ਤੇ ਆਤਮ ਨਿਰਭਰ ਬਣਨਾ ਸਿਖਾਉਣਗੇ।

# ਕਿਸਾਨਾਂ ਨੂੰ ਉੱਚ ਮਿਆਰੀ ਖੇਤੀ ਇਨਪੁਟਸ ਮੁਹੱਈਆ ਕਰਵਾਉਣਾ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦਾ ਮੁੱਖ ਨਿਸ਼ਾਨਾ : ਡਾ. ਬੈਨੀਪਾਲ

**ਲੁਧਿਆਣਾ (ਐੱਮ ਐੱਸ ਭਾਟੀਆ/ਰੈਕਟਰ ਕਥੂਰੀਆ/ਪ੍ਰਦੀਪ ਸ਼ਰਮਾ)** : ਪੰਜਾਬ ਸਰਕਾਰ ਦੇ ਕਿਸਾਨਾਂ ਤੱਕ ਮਿਆਰੀ ਇਨਪੁਟਸ ਪਹੁੰਚਾਉਣ ਦੇ ਅਹਿਦ ਤਹਿਤ ਮਾਨਯੋਗ ਖੇਤੀਬਾੜੀ ਮੰਤਰੀ ਸ੍. ਗੁਰਮੀਤ ਸਿੰਘ ਖੁੱਡੀਆਂ ਦੇ ਹੁਕਮਾਂ ਤੇ ਡਾਇਰੈਕਟਰ ਖੇਤੀਬਾੜੀ ਦੀ ਅਗਵਾਈ ਵਿੱਚ ਕਾਰਵਾਈ ਕਰਦਿਆਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਲੁਧਿਆਣਾ ਦੀ ਫਲਾਇੰਗ ਸੁਕੈਡ ਟੀਮ ਵੱਲੋਂ ਜਾਲ੍ਹੀ ਕੀਟਨਾਸ਼ਕ ਦਵਾਈਆਂ ਤੇ ਖਾਦ ਬਰਾਮਦ ਕੀਤੀ ਗਈ ਹੈ।

ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਨਰਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਮੈਸ਼ ਵਿਲੋਵੁੱਡ ਕੈਮੀਕਲ ਲਿਮਟਿਡ, ਸਰੀਂਹ ਤੇ ਮੈਸ਼ ਸ਼੍ਰੀਜੀ ਪੈਸਟੀਸਾਈਡ ਪ੍ਰਾਈਵੇਟ ਲਿਮਟਿਡ, ਵਡੋਦਰਾ, ਗੁਜਰਾਤ ਦੇ ਜ਼ਿੰਮੇਵਾਰ ਵਿਅਕਤੀਆਂ ਵੱਲੋਂ ਨਕਲੀ ਪਦਾਰਥ ਖੇਤੀਬਾੜੀ ਦੀ ਵਰਤੋਂ ਲਈ ਪੰਜਾਬ ਤੇ ਪੰਜਾਬ ਤੋਂ ਬਾਹਰ ਦੇ ਸੂਬਿਆਂ ਵਿੱਚ ਕਿਸਾਨਾਂ ਨੂੰ ਵੇਚਿਆ ਜਾ ਰਿਹਾ ਸੀ। ਵਿਭਾਗ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਡਾ. ਪ੍ਰਦੀਪ ਸਿੰਘ ਟਿਵਾਨਾ ਤੇ ਡਾ. ਗੌਰਵ ਧੀਰ ਵੱਲੋਂ ਕੰਪਨੀ ਦੇ ਵਿਕਰੀ ਕੇਂਦਰ/ਗੁਦਾਮ ਵਿੱਚ ਚੈਕਿੰਗ ਕਰਨ ਉਪਰੰਤ ਬਨਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਤੇ ਕੰਪਨੀ ਦੇ ਜ਼ਿੰਮੇਵਾਰ ਵਿਅਕਤੀਆਂ ਖਿਲਾਫ ਥਾਣਾ ਵਿਖੇ ਐੱਫ਼.ਆਈ.ਆਰ. ਨੰ: 0070 ਮਿਤੀ 05-07-2023 ਦਰਜ ਕਰਵਾਈ ਗਈ। ਉਕਤ ਕੰਪਨੀ ਤੇ ਜ਼ਿੰਮੇਵਾਰ ਵਿਕਅਤੀਆਂ ਖਿਲਾਫ ਖਾਦ (ਕੰਟਰੋਲ) ਆਰਡਰ 1985, ਇਨਸੈਕਟੀਸਾਈਡਜ਼ ਐਕਟ 1968 ਇਨਸੈਕਟੀਸਾਈਡਜ਼ ਰੂਲਜ਼ 1971, ਜ਼ਰੂਰੀ ਵਸਤਾਂ ਐਕਟ 1955 ਤਹਿਤ ਹੋਰ ਬਨਦੀ ਯੋਗ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ। ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਨਰਿੰਦਰ ਸਿੰਘ ਬੈਨੀਪਾਲ ਨੇ ਜ਼ਿਲ੍ਹੇ ਦੇ ਸਮੂਹ ਰਿਟੇਲ ਤੇ ਹੋਲਸੇਲ ਡੀਲਰਾਂ ਤੇ ਕੰਪਨੀਆਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਕਿਸਾਨੀ ਹਿੱਤ ਵਿੱਚ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਕਿਸੇ ਵੀ ਕਿਸਮ ਦੀ ਗੈਰ-ਕਾਨੂੰਨੀ, ਅਣ-ਅਧਿਕਾਰਿਤ ਤੇ ਗੈਰ-ਮਿਆਰੀ ਕੀੜੇਮਾਰ ਦਵਾਈਆਂ ਜਾਂ ਖਾਦਾਂ ਦੀ ਵਿਕਰੀ ਜ਼ਿਲ੍ਹੇ ਅੰਦਰ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮੂਹ ਡੀਲਰ ਧਿਆਨ ਰੱਖਣ ਕਿ ਬਿਨਾਂ ਅਥਾਰਟੀ ਦੇ ਕਿਸੇ ਵੀ ਕਿਸਮ ਦੀ ਦਵਾਈ ਜਾਂ ਖਾਦ ਨਾ ਵੇਚੀ ਜਾਵੇ ਤੇ ਆਪੋ-ਆਪਣੇ ਲਾਇਸੰਸਾਂ ਵਿੱਚ ਲੋੜੀਂਦੀ ਦਰੁਸਤੀ ਸਮੇਂ ਸਿਰ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉੱਚ ਮਿਆਰੀ ਖੇਤੀ ਇਨਪੁਟਸ ਦੀ ਸਪਲਾਈ ਯਕੀਨੀ ਬਣਾਉਣਾ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦਾ ਮੁੱਖ ਨਿਸ਼ਾਨਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਉਲੰਘਣਾ ਕਰਨ ਵਾਲੇ ਡੀਲਰਾਂ ਤੇ ਕੰਪਨੀਆਂ ਖਿਲਾਫ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਸਬੰਧੀ ਸਟਾਫ ਮੀਟਿੰਗ ਦੌਰਾਨ ਜ਼ਿਲ੍ਹੇ ਦੇ ਸਮੂਹ ਬਲਾਕ ਖੇਤੀਬਾੜੀ ਅਫਸਰ ਤੇ ਖੇਤੀਬਾੜੀ ਵਿਕਾਸ ਅਫਸਰਾਂ ਨੂੰ ਕੁਆਲਟੀ ਕੰਟਰੋਲ ਮੁਹਿੰਮ ਚਲਾ ਕੇ ਖਾਦਾਂ, ਦਵਾਈਆਂ ਦੀ ਵੱਧ ਤੋਂ ਵੱਧ ਸੈਂਪਲਿੰਗ ਕਰਨ ਤੇ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੀਆਂ ਸਾਰੀਆਂ ਦੁਕਾਨਾਂ ਦੀ ਚੈਕਿੰਗ ਕਰਕੇ ਵਿਭਾਗੀ ਕਾਨੂੰਨਾਂ/ਐਕਟਾਂ ਅਨੁਸਾਰ ਕਾਰਵਾਈ ਕਰਨ ਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ ਹਨ।

YES BANK

Registered & Corporate Office : YES BANK House, Off Western Express Highway, Santacruze East, Mumbai-400055, CIN: L65190MH2003PLC143249, Email: communications@yesbank.in, Website: www.yesbank.in

[(ਰੂਲ-8 (i)] ਸੰਕੇਤਕ ਕਬਜ਼ਾ ਨੋਟਿਸ

ਜਦਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 1. ਮੈਸ: ਜ਼ੀਨਥ ਸਰਜੀਕਲ ਕੰਪਨੀ ਰਾਹੀਂ ਇਸ ਦੇ ਮਾਲਕਾਂ ਸ੍ਰੀ ਨਿਰਮਲ ਕੁਮਾਰ ਕੁਮਾਰ ਭਾਟੀਆ ਪੁੱਤਰ ਸ੍ਰੀ ਬਖੀ ਰਾਮ ਭਾਟੀਆ, ਦਫਤਰੀ ਪਤਾ : ਦੁਕਾਨ ਨੰ. 7, ਭਿੰਡਰ ਮਾਰਕਿਟ, ਜਲੰਧਰ-144003 (ਕਰਜ਼ਦਾਰ) 2. ਸ੍ਰੀ ਨਿਰਮਲ ਕੁਮਾਰ ਕੁਮਾਰ ਭਾਟੀਆ ਪੁੱਤਰ ਸ੍ਰੀ ਬਖੀ ਰਾਮ ਭਾਟੀਆ ਵਾਸੀ ਮਕਾਨ ਨੰ. 34, ਮੈਕਲੋਡ ਰੋਡ, ਅੰਮ੍ਰਿਤਸਰ,-143001 (ਗਰੰਟਰ, ਸਹਿ-ਕਰਜ਼ਦਾਰ ਅਤੇ ਰਹਿਣਕਾਰ) 3. ਸ੍ਰੀ ਰਾਜਨ ਭਾਟੀਆ ਪੁੱਤਰ ਸ੍ਰੀ ਨਿਰਮਲ ਕੁਮਾਰ ਕੁਮਾਰ ਭਾਟੀਆ, ਵਾਸੀ ਮਕਾਨ ਨੰ. 3-ਏ, ਲਾਲ ਦੇਵੀ ਬਿਲਡਿੰਗ, ਮੈਕਲੋਡ ਰੋਡ, ਅੰਮ੍ਰਿਤਸਰ-143001 (ਗਰੰਟਰ, ਸਹਿ-ਕਰਜ਼ਦਾਰ ਅਤੇ ਰਹਿਣਕਾਰ) 4. ਸ੍ਰੀ ਅਸ਼ਵਨੀ ਭਾਟੀਆ ਪੁੱਤਰ ਸ੍ਰੀ ਨਿਰਮਲ ਕੁਮਾਰ ਕੁਮਾਰ ਭਾਟੀਆ ਵਾਸੀ ਮਕਾਨ ਨੰ. 3, ਅਲਕਾ ਬਿਲਡਿੰਗ, ਮੈਕਲੋਡ ਰੋਡ, ਅੰਮ੍ਰਿਤਸਰ-143001 (ਗਰੰਟਰ, ਸਹਿ-ਕਰਜ਼ਦਾਰ ਅਤੇ ਰਹਿਣਕਾਰ) ਨੂੰ ਨੋਟਿਸ 'ਚ 30 ਨਵੰਬਰ 2022 ਨੂੰ ਦਰਸਾਈ ਰਕਮ ਰੁ. 1,69,23,002.48 (ਇੱਕ ਕਰੋੜ ਉਨੱਤਰ ਲੱਖ ਤੇਈ ਹਜ਼ਾਰ ਦੋ ਰੁਪਏ ਅਤੇ ਅਠਤਾਲੀ ਪੈਸੇ ਕੇਵਲ) ਸਮੇਤ 3 ਜੁਲਾਈ 2023 ਤੋਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੇ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ 30 ਨਵੰਬਰ 2022 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਤੇ 5 ਦਸੰਬਰ 2022 ਨੂੰ ਭੇਜਿਆ ਸੀ।

ਕਰਜ਼ਦਾਰ ਅਤੇ ਗਰੰਟਰ ਪੂਰੀ ਰਕਮ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਖਾਸ ਕਰਕੇ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 3 ਜੁਲਾਈ 2023 ਨੂੰ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਇਨ੍ਹਾਂ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖ਼ਬਰਦਾਰ ਕੀਤਾ ਜਾਂਦਾ ਹੈ। ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਬਕਾਇਆ ਰਕਮ ਰੁਪਏ 1,69, 23, 002.48 (ਇੱਕ ਕਰੋੜ ਉਨੱਤਰ ਲੱਖ ਤੇਈ ਹਜ਼ਾਰ ਦੋ ਰੁਪਏ ਅਤੇ ਅਠਤਾਲੀ ਪੈਸੇ ਕੇਵਲ) 30 ਨਵੰਬਰ 2022 ਨੂੰ ਅਤੇ ਇਸ ਉੱਪਰ ਵਿਆਜ ਅਤੇ ਲਾਗਤਾਂ ਯੈੱਸ ਬੈਂਕ ਲਿਮ. ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰ-ਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਰਹਿਣਕਾਰ |
|---|---|
| ਰਹਿਣਕਾਰ ਕੋਲ ਹੇਠਾਂ ਵਿਸਥਾਰਤ ਪਰਿਸਰਾਂ ਦੀ ਕਰੈਡਿਟ ਸਕਿਉਰਿੰਗ ਸਹੂਲਤ ਹੈ :- ਪਲਾਟ ਨੰ. 2-ਏ ਕੁੱਲ ਖੇਤਰ ਪੈਮਾਇਸ਼ 287.5 (95.84+95.83+95.83) ਵਰਗ ਗਜ਼, ਖਸਰਾ ਨੰ. 3076/2356 (1-3) ਮਿਨ, ਖੇਵਟ ਖਤੌਨੀ ਨੰ. 933/1296 ਹੱਦਬਸਤ ਨੰ. 387, ਵਾਕਿਆ ਰਕਬਾ ਅੰਮ੍ਰਿਤਸਰ ਅਰਬਨ ਸਰਕਲ ਨੰ. 109, ਮੈਕਲੋਡ ਰੋਡ, ਅੰਮ੍ਰਿਤਸਰ ਵਿਖੇ ਸਥਿਤ, ਪੂਰਬ : ਸ਼ਿੰਗਾਰਾ ਸਿੰਘ ਦੀ ਜਾਇਦਾਦ, ਪੱਛਮ : ਸ੍ਰੀ ਐੱਨ ਕੇ ਭਾਟੀਆ ਅਤੇ ਹੋਰਾਂ ਦੀ ਜਾਇਦਾਦ, ਉੱਤਰ : ਸੜਕ ਵੱਲ ਦਰਵਾਜ਼ਾ ਅਤੇ ਦੱਖਣ : ਸੇਂਟ ਫਰਾਂਸਿਸ ਸਕੂਲ ਦੀ ਜਾਇਦਾਦ। | 1. ਸ੍ਰੀ ਨਿਰਮਲ ਕੁਮਾਰ ਕੁਮਾਰ ਭਾਟੀਆ ਪੁੱਤਰ ਸ੍ਰੀ ਬਖੀ ਰਾਮ ਭਾਟੀਆ। 2. ਸ੍ਰੀ ਰਾਜਨ ਭਾਟੀਆ, ਸ੍ਰੀ ਨਿਰਮਲ ਕੁਮਾਰ ਕੁਮਾਰ ਭਾਟੀਆ, ਸ੍ਰੀ ਅਸ਼ਵਨੀ ਭਾਟੀਆ, ਸ੍ਰੀ ਨਿਰਮਲ ਕੁਮਾਰ ਕੁਮਾਰ ਭਾਟੀਆ। |

ਮਿਤੀ : 3 ਜੁਲਾਈ 2023
ਸਥਾਨ : ਅੰਮ੍ਰਿਤਸਰ

ਸ੍ਰੀ ਗੌਰਵ ਮਹਾਜਨ
ਅਧਿਕਾਰਤ ਅਫਸਰ
ਵਾਸਤੇ ਯੈੱਸ ਬੈਂਕ ਲਿਮਟਿਡ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

7-July-Page-3.qxd 7/6/2023 10:54 PM Page 1





ਨਵਾਂ ਜ਼ਮਾਨਾ

ਸ਼ੁੱਕਰਵਾਰ, 7 ਜੁਲਾਈ 2023

# ਭਾਜਪਾ ਦਾ ਆਦਿਵਾਸੀ ਪ੍ਰੇਮ

*ਮੱਧ ਪ੍ਰਦੇਸ਼ ਦੇ ਸੀਧੀ ਤੋਂ ਭਾਜਪਾ ਵਿਧਾਇਕ ਕੇਦਾਰ ਸ਼ੁਕਲਾ ਦੇ ਨੁਮਾਇੰਦੇ ਵੱਲੋਂ ਆਦਿਵਾਸੀ 'ਤੇ ਪੇਸ਼ਾਬ ਕਰਨ ਤੋਂ ਬਾਅਦ ਹੋਈ ਤਿੱਖੀ ਪ੍ਰਤੀਕਿਰਿਆ ਨੂੰ ਖੁੰਢਾ ਕਰਨ ਲਈ ਭਾਜਪਾ ਮੁੱਖ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਪੀੜਤ ਪਰਵਾਰ ਨੂੰ ਸੀ ਐੱਮ ਹਾਊਸ ਸੱਦਿਆ। ਉਹ ਉਸ ਦਾ ਹੱਥ ਫੜ ਕੇ ਅੰਦਰ ਲੈ ਕੇ ਗਏ। ਕੁਰਸੀ 'ਤੇ ਬਿਠਾਇਆ। ਪੈਰ ਧੋਤੇ, ਆਰਤੀ ਉਤਾਰੀ ਤੇ ਤਿਲਕ ਲਾਇਆ। ਸ਼ਾਲ ਪਹਿਨਾ ਕੇ ਉਸ ਦਾ ਸਨਮਾਨ ਕੀਤਾ ਤੇ ਕਿਹਾ—ਇਸ ਘਟਨਾ ਤੋਂ ਮੈਂ ਦੁਖੀ ਹਾਂ। ਮੈਂ ਤੁਹਾਥੋਂ ਮੁਆਫੀ ਮੰਗਦਾ ਹਾਂ। ਤੁਸੀਂ ਮੇਰੇ ਲਈ ਰੱਬ ਵਰਗੇ ਹੋ।*

*25 ਜੂਨ ਨੂੰ ਇਸ ਘਟਨਾ ਦਾ ਵੀਡੀਓ ਵਾਇਰਲ ਹੋਣ ਦੇ ਬਾਅਦ ਚੌਹਾਨ ਨੇ ਮੁਲਜ਼ਮ ਨੂੰ ਮਿਸਾਲੀ ਸਜ਼ਾ ਦੇਣ ਦਾ ਐਲਾਨ ਕੀਤਾ ਸੀ। ਉਸ ਨੂੰ ਕੌਮੀ ਸੁਰੱਖਿਆ ਐਕਟ ਤਹਿਤ ਗ੍ਰਿਫਤਾਰ ਕਰਨ ਦਾ ਹੁਕਮ ਦਿੱਤਾ ਸੀ। ਲੋੜ ਪੈਣ 'ਤੇ ਉਸ ਨੂੰ ਜ਼ਮੀਨ 'ਚ ਗੱਡ ਦੇਣ ਦੀ ਗੱਲ ਵੀ ਕਹੀ ਸੀ। ਮੁਲਜ਼ਮ ਦੇ ਘਰ ਦਾ ਕੁਝ ਹਿੱਸਾ ਵੀ ਢੁਹਾ ਦਿੱਤਾ ਸੀ, ਜਿਵੇਂ ਕਿ ਯੂ ਪੀ ਤੇ ਮੱਧ ਪ੍ਰਦੇਸ਼ ਵਿਚ ਬੁਲਡੋਜ਼ਰ ਚਲਾਉਣ ਦੀ ਰਵਾਇਤ ਹੈ। ਮੁਲਜ਼ਮ ਪ੍ਰਵੇਸ਼ ਸ਼ੁਕਲਾ ਨੂੰ ਮੰਗਲਵਾਰ ਗ੍ਰਿਫਤਾਰ ਕਰ ਲਿਆ ਗਿਆ ਸੀ। ਵੀਡੀਓ ਵਿਚ ਉਹ ਸਿਗਰਟ ਫੜੀ, ਜੀਨ ਦੀ ਜਿਪ ਖੋਲ੍ਹ ਕੇ ਆਦਿਵਾਸੀ ਦੇ ਸਿਰ 'ਤੇ ਪੇਸ਼ਾਬ ਕਰਦਾ ਨਜ਼ਰ ਆ ਰਿਹਾ ਹੈ। ਇਹ ਹਰਕਤ ਦੱਸਦੀ ਹੈ ਕਿ ਸਾਹਮਣੇ ਬੈਠੇ ਵਿਅਕਤੀ ਨੂੰ ਉਹ ਇਨਸਾਨ ਨਹੀਂ ਮੰਨ ਰਿਹਾ। ਜੇ ਇਨਸਾਨ ਦੀ ਥਾਂ ਜਾਨਵਰ ਵੀ ਹੁੰਦਾ, ਤਦ ਵੀ ਇਹ ਹਰਕਤ ਕਿਸੇ ਵੀ ਮਾਅਨੇ 'ਚ ਬਰਦਾਸ਼ਤ ਲਾਇਕ ਨਹੀਂ ਸੀ। ਇਹ ਵੀਡੀਓ ਦਰਸਾਉਂਦਾ ਹੈ ਕਿ ਸੱਤਾ ਦਾ ਘਮੰਡ ਭਾਜਪਾ ਵਾਲਿਆਂ ਦੇ ਸਿਰ 'ਤੇ ਕਿੰਨਾ ਹਾਵੀ ਹੈ। ਜਦੋਂ ਇਹ ਵੀਡੀਓ ਵਾਇਰਲ ਹੋਇਆ, ਉਸ ਦਿਨ ਰਾਸ਼ਟਰਪਤੀ ਮੁਰਮੂ, ਜਿਸ ਨੂੰ ਰਾਸ਼ਟਰਪਤੀ ਬਣਾਉਣ ਵੇਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਦੀਵਾਸੀਆਂ ਨੂੰ ਮਾਣ ਬਖਸ਼ਣ ਦੀ ਗੱਲ ਕਹੀ ਸੀ, ਤੇਲੰਗਾਨਾ 'ਚ ਆਦਿਵਾਸੀਆਂ ਦੇ ਵੱਡੇ ਨਾਇਕ ਅਲੂਰੀ ਸੀਤਾ ਰਾਮ ਰਾਜੂ ਦੀ ਮੂਰਤੀ ਤੋਂ ਪਰਦਾ ਹਟਾ ਰਹੀ ਸੀ। ਆਦਿਵਾਸੀਆਂ 'ਚ 'ਜੰਗਲ ਦੇ ਹੀਰੋ' ਖਿਤਾਬ ਨਾਲ ਨਿਵਾਜੇ ਗਏ ਰਾਜੂ ਦਾ ਪੂਰਾ ਜੀਵਨ ਅੰਗਰੇਜ਼ ਹਾਕਮਾਂ ਵੱਲੋਂ ਆਦੀਵਾਸੀਆਂ ਦੇ ਸ਼ੋਸ਼ਣ ਦੇ ਖਿਲਾਫ ਬੀਤਿਆ ਸੀ।*

*ਮੱਧ ਪ੍ਰਦੇਸ਼ ਵਿਚ ਅਸੰਬਲੀ ਚੋਣਾਂ ਸਾਲ ਦੇ ਅਖੀਰ 'ਚ ਹੋਣ ਵਾਲੀਆਂ ਹਨ ਤੇ ਸ਼ਿਵਰਾਜ ਚੌਹਾਨ ਦਾ ਪੀੜਤ ਨੂੰ ਸੁਦਾਮਾ ਦੱਸਣਾ ਵੀ ਇਸੇ ਮਜਬੂਰੀ ਦੇ ਸੰਦਰਭ ਵਿਚ ਦੇਖਣਾ ਚਾਹੀਦਾ ਹੈ। ਸ਼ੋਸ਼ੇਬਾਜ਼ੀ ਵਿਚ ਭਾਜਪਾ ਆਗੂਆਂ ਨਾਲੋਂ ਕੋਈ ਬਾਜ਼ੀ ਨਹੀਂ ਮਾਰ ਸਕਦਾ। ਜੇ ਚੌਹਾਨ ਨੇ ਮੁਲਜ਼ਮ ਖਿਲਾਫ ਕਾਰਵਾਈ ਕਰਨੀ ਸੀ ਤਾਂ ਐੱਸ ਸੀ/ ਐੱਸ ਟੀ ਕਾਨੂੰਨ ਤਹਿਤ ਕਰਦੇ। ਐੱਨ ਐੱਸ ਏ ਤਾਂ ਦੇਸ਼ ਦੀ ਸੁਰੱਖਿਆ ਲਈ ਖਤਰਾ ਬਣਨ ਵਾਲਿਆਂ 'ਤੇ ਲਾਇਆ ਜਾਂਦਾ ਹੈ। ਐੱਸ ਸੀ/ਐੱਸ ਟੀ ਕਾਨੂੰਨ ਤਹਿਤ ਪਰਚਾ ਦਰਜ ਹੁੰਦਾ ਤਾਂ ਉਸ ਦਾ ਮਤਲਬ ਹੋਣਾ ਸੀ ਕਿ ਸਰਕਾਰ ਮੰਨ ਲੈਂਦੀ ਕਿ ਆਦੀਵਾਸੀ 'ਤੇ ਵਾਕਈ ਜ਼ੁਲਮ ਹੋਇਆ। ਜ਼ਮੀਨ 'ਚ ਗੱਡ ਦੇਣ ਦੀ ਭਬਕੀ ਮਾਰ ਕੇ ਤੇ ਪੈਰ ਧੋਣ ਦਾ ਅਡੰਬਰ ਕਰਕੇ ਚੌਹਾਨ ਨੇ ਲੋਕਾਂ ਦਾ ਧਿਆਨ ਭਟਕਾਉਣ ਦੀ ਹੀ ਕੋਸ਼ਿਸ਼ ਕੀਤੀ ਹੈ। ਐੱਨ ਐੱਸ ਏ ਤਹਿਤ ਕੇਸ ਅਦਾਲਤ 'ਚ ਟਿਕਣਾ ਹੀ ਨਹੀਂ। ਇਹੀ ਹੈ ਭਾਜਪਾ ਦਾ ਆਜ਼ਾਦੀ ਦਾ ਅੰਮ੍ਰਿਤ ਕਾਲ।*

# 2024 ਦੀਆਂ ਲੋਕ ਸਭਾ ਚੋਣਾਂ ਲਈ ਭਾਜਪਾ ਵਿਰੁੱਧ ਸਾਂਝਾ ਮੁਹਾਜ਼



ਪਵਨ ਕੁਮਾਰ ਕੌਸ਼ਲ

ਫਾਸ਼ੀਵਾਦ ਅਤੇ ਕੇਂਦਰ ਭਾਜਪਾ ਸਰਕਾਰ ਦੀਆਂ ਏਕਾਅਧਿਕਾਰ ਅਤੇ ਫਾਸ਼ੀਵਾਦੀ ਨੀਤੀਆਂ ਦੇ ਵਿਰੋਧ ਵਿੱਚ ਦੇਸ਼ ਵਿੱਚ ਕਾਫੀ ਚਰਚਾ ਹੋ ਰਹੀ ਹੈ। ਉਂਝ ਜੇ ਦੇਖਿਆ ਜਾਵੇ ਤਾਂ ਅਸੀਂ ਦੇਖਦੇ ਹਾਂ ਕਿ ਇਨ੍ਹਾਂ ਨੀਤੀਆਂ ਦੇ ਪ੍ਰਚਲਨ ਦੀ ਚਰਚਾ ਸਾਰੇ ਵਿਸ਼ਵ ਅੰਦਰ ਹੋ ਰਹੀ ਹੈ। 2024 ਵਿੱਚ ਲੋਕ ਸਭਾ ਚੋਣਾਂ ਲਈ ਭਾਜਪਾ ਨੂੰ ਹਾਰ ਦੇਣ ਲਈ ਇਸ ਵਿਰੁੱਧ ਸਾਂਝਾ ਮੁਹਾਜ਼ ਉਸਾਰਨ ਲਈ ਸਰਗਰਮੀਆਂ ਸ਼ੁਰੂ ਹੋ ਗਈਆਂ ਹਨ। ਸਾਂਝੇ ਮੁਹਾਜ਼ ਪਹਿਲਾਂ ਵੀ ਬਣਦੇ ਰਹੇ, ਪ੍ਰੰਤੂ ਟਿਕ ਕੋਈ ਨਹੀਂ ਪਾਇਆ। ਹਾਂ 1977 ਵਿੱਚ ਜਨਤਾ ਪਾਰਟੀ ਦੇ ਨਾਂਅ ਹੇਠ ਬਣੇ ਸਾਂਝੇ ਮੁਹਾਜ਼ ਦੇ ਪ੍ਰਧਾਨ ਮੰਤਰੀ ਮੁਰਾਰਜੀ ਦੇਸਾਈ 1979 ਤੱਕ ਟਿਕੇ ਰਹੇ। ਬਾਅਦ ਵਿੱਚ ਬਣੇ ਸਾਂਝੇ ਮੁਹਾਜ਼ ਬਹੁਤਾ ਸਮਾਂ ਟਿਕੇ ਨਹੀਂ ਰਹੇ। ਬਾਅਦ ਵਿੱਚ ਬਣੇ ਪ੍ਰਧਾਨ ਮੰਤਰੀ ਥੋੜ੍ਹਾ ਥੋੜ੍ਹਾ ਸਮਾਂ ਰਹੇ, ਜਿਨ੍ਹਾਂ ਵਿੱਚ ਸ੍ਰੀ ਦੇਵਗੌੜਾ, ਵੀ ਪੀ ਸਿੰਘ, ਇੰਦਰਜੀਤ ਗੁਜਰਾਲ, ਚੰਦਰ ਸ਼ੇਖਰ ਪ੍ਰਧਾਨ ਮੰਤਰੀ ਦੀ ਕੁਰਸੀ 'ਤੇ ਬੈਠੇ।

ਫਾਸ਼ੀਵਾਦ ਦੀ ਕੋਈ ਵੀ ਆਮ ਵਿਸ਼ੇਸ਼ਤਾ, ਭਾਵੇਂ ਆਪਣੇ-ਆਪ ਵਿੱਚ ਸਹੀ ਹੋਵੇ, ਸਾਨੂੰ ਫਾਸ਼ੀਵਾਦ ਦੇ ਵਿਕਾਸ ਦੀਆਂ ਵਿਸ਼ੇਸ਼ ਵਿਸ਼ੇਸ਼ਤਾਵਾਂ ਅਤੇ ਵੱਖ-ਵੱਖ ਦੇਸ਼ਾਂ ਵਿੱਚ ਅਤੇ ਇਸ ਦੇ ਵੱਖ-ਵੱਖ ਪੜਾਵਾਂ ਵਿੱਚ ਫਾਸ਼ੀਵਾਦੀ ਤਾਨਾਸ਼ਾਹੀ ਦੇ ਵੱਖ-ਵੱਖ ਰੂਪਾਂ ਦਾ ਅਧਿਐਨ ਕਰਨ ਅਤੇ ਧਿਆਨ ਵਿੱਚ ਰੱਖਣ ਦੀ ਲੋੜ ਹੈ। ਫਾਸ਼ੀਵਾਦ ਵਿਰੁੱਧ ਸੰਘਰਸ਼ ਦੇ ਪ੍ਰਭਾਵਸ਼ਾਲੀ ਢੰਗਾਂ ਅਤੇ ਰੂਪਾਂ ਦਾ ਨਕਸ਼ਾ ਤਿਆਰ ਕਰਨਾ ਜ਼ਰੂਰੀ ਹੈ। ਇਕੱਲਾ ਦਰੁਸਤ ਪ੍ਰੋਗਰਾਮ ਅਤੇ ਲਾਈਨ ਹੀ ਕਾਫੀ ਨਹੀਂ, ਫਾਸ਼ੀਵਾਦ ਵਿਰੁੱਧ ਸੰਘਰਸ਼ ਠੋਸ ਹੋਣਾ ਚਾਹੀਦਾ ਹੈ।

ਪਰ ਫਾਸ਼ੀਵਾਦ ਜੋ ਵੀ ਮਖੌਟੇ ਅਪਣਾ ਲੈਂਦਾ ਹੈ, ਜੋ ਵੀ ਰੂਪਾਂ ਵਿਚ ਇਹ ਆਪਣੇ-ਆਪ ਨੂੰ ਪੇਸ਼ ਕਰਦਾ ਹੈ, ਚਾਹੇ ਉਹ ਕਿਸੇ ਵੀ ਤਰੀਕੇ ਨਾਲ ਸੱਤਾ ਵਿਚ ਆਉਂਦਾ ਹੈ। ਫਾਸ਼ੀਵਾਦ ਕਿਰਤੀ ਲੋਕਾਂ ਦੇ ਸਮੂਹ 'ਤੇ ਪੂੰਜੀ ਦਾ ਸਭ ਤੋਂ ਭਿਆਨਕ ਹਮਲਾ ਹੈ। ਫਾਸ਼ੀਵਾਦ ਬੇਲਗਾਮ ਸ਼ਾਵਨਵਾਦ ਹੈ; ਫਾਸ਼ੀਵਾਦ ਮਜ਼ਦੂਰ ਜਮਾਤ ਅਤੇ ਸਾਰੇ ਕਿਰਤੀ ਲੋਕਾਂ ਦਾ ਸਭ ਤੋਂ ਘਾਤਕ ਦੁਸ਼ਮਣ ਹੈ।

ਫਾਸ਼ੀਵਾਦ ਕਿਰਤੀ ਨੌਜਵਾਨਾਂ ਨੂੰ ਇੱਕ ਸ਼ਾਨਦਾਰ ਭਵਿੱਖ ਲਈ ਇੱਕ ਵਿਸ਼ਾਲ ਰਾਜਮਾਰਗ ਦਾ ਵਾਅਦਾ ਕਰਦਾ ਹੈ, ਪਰ ਅਸਲ ਵਿੱਚ ਇਹ ਨੌਜਵਾਨ ਮਜ਼ਦੂਰਾਂ ਦੀ ਥੋਕ ਬਰਖਾਸਤਗੀ, ਲੇਬਰ ਕੈਂਪਾਂ ਅਤੇ ਜਿੱਤ ਦੀ ਜੰਗ ਲਈ ਲਗਾਤਾਰ ਮਿਲਟਰੀ ਡਰਿਲਿੰਗ ਲਿਆਇਆ ਹੈ। ਇਹ ਟਰੱਸਟਾਂ ਦੀ ਅਸਹਿਣਸ਼ੀਲ ਤਾਨਾਸ਼ਾਹੀ ਸਥਾਪਤ ਕਰਦਾ ਹੈ ਅਤੇ ਭ੍ਰਿਸ਼ਟਾਚਾਰ ਅਤੇ ਪਤਨ ਨੂੰ ਬੇਮਿਸਾਲ ਹੱਦ ਤੱਕ ਫੈਲਾਉਂਦਾ ਹੈ

ਫਾਸ਼ੀਵਾਦ ਬੇਜ਼ਮੀਨੇ ਅਤੇ ਬਰਬਾਦ ਹੋਏ ਕਿਸਾਨਾਂ ਦੇ ਹਿੱਤਾਂ ਵਿੱਚ, ਬਰਬਾਦ ਅਤੇ ਗਰੀਬ ਕਿਸਾਨਾਂ ਨੂੰ ਕਰਜ਼ੇ ਦੀ ਬੰਧਨ ਨੂੰ ਖਤਮ ਕਰਨ, ਕਿਰਾਏ ਨੂੰ ਖਤਮ ਕਰਨ ਅਤੇ ਬਿਨਾਂ ਮੁਆਵਜ਼ੇ ਦੇ ਜ਼ਮੀਨੀ ਜਾਇਦਾਦਾਂ ਨੂੰ ਜਬਤ ਕਰਨ ਦਾ ਵਾਅਦਾ ਕਰਦਾ ਹੈ, ਪਰ ਅਸਲ ਵਿੱਚ ਇਹ ਕਿਰਤੀ ਕਿਸਾਨਾਂ ਨੂੰ ਟਰੱਸਟਾਂ ਅਤੇ ਫਾਸ਼ੀਵਾਦੀ ਰਾਜ-ਤੰਤਰ ਦੀ ਬੇਮਿਸਾਲ ਗੁਲਾਮੀ ਦੀ ਸਥਿਤੀ ਵਿੱਚ ਰੱਖ ਰਿਹਾ ਹੁੰਦਾ ਹੈ ਅਤੇ ਵੱਡੇ ਜ਼ਿਮੀਂਦਾਰਾਂ, ਬੈਂਕਾਂ ਅਤੇ ਸੂਦਖੋਰਾਂ ਦੁਆਰਾ ਕਿਸਾਨੀ ਦੇ ਵਿਸ਼ਾਲ ਸਮੂਹ ਦੇ ਸ਼ੋਸ਼ਣ ਨੂੰ ਵੱਧ ਤੋਂ ਵੱਧ ਸੀਮਾਂ ਤੱਕ ਲੈ ਜਾਂਦਾ ਹੈ।

ਜਿੰਨੇ ਸਾਂਝੇ ਮੁਹਾਜ਼ ਬਣੇ, ਸਭ ਸਿਧਾਂਤਹੀਣ ਮੌਕਾਪ੍ਰਸਤ ਹੀ ਬਣੇ, ਜਿਨ੍ਹਾਂ ਕੋਲ ਕੋਈ ਘੱਟੋ-ਘੱਟ ਪ੍ਰੋਗਰਾਮ ਨਹੀਂ ਸੀ। ਇਨ੍ਹਾਂ ਬਣੇ ਸਾਂਝੇ ਮੁਹਾਜ਼ਾਂ ਵਿੱਚ ਖੱਬੇ ਪੱਖੀ ਪਾਰਟੀਆਂ ਹਾਸ਼ੀਏ ਉਪਰ ਆ ਗਈਆਂ। ਕਮਿਊਨਿਸਟ ਪਾਰਟੀਆਂ ਨੂੰ ਆਪਣੇ ਗੜ੍ਹ ਮੰਨੇ ਜਾਂਦੇ ਸੂਬਿਆਂ ਵਿੱਚ ਨਮੋਸ਼ੀ ਭਰੀ ਹਾਰ ਦਾ ਮੂੰਹ ਦੇਖਣਾ ਪਿਆ। ਪਾਰਲੀਮਾਨੀ ਚੋਣ ਪ੍ਰਬੰਧ ਅੰਦਰ ਸਰਮਾਏਦਾਰ ਪੱਖੀ ਪਾਰਟੀਆਂ ਹੀ ਜੇਤੂ ਰਹਿੰਦੀਆਂ ਹਨ। ਸਾਡੇ ਸਾਹਮਣੇ ਕੇਰਲ 'ਚ ਵਿਸ਼ਵ ਦੀਆਂ ਚੋਣਾਂ ਰਾਹੀਂ 1957 ਵਿੱਚ ਬਣੀ ਕਮਿਊਨਿਸਟ ਸਰਕਾਰ ਨੂੰ 1959 ਵਿੱਚ ਕਾਂਗਰਸ ਦੀ ਕੇਂਦਰ ਸਰਕਾਰ ਨੇ ਭੰਗ ਕਰ ਦਿੱਤਾ। ਕਮਿਊਨਿਸਟਾਂ ਦੇ ਗੜ੍ਹ ਮੰਨੇ ਜਾਂਦੇ ਸੂਬੇ ਕੇਰਲਾ, ਬੰਗਾਲ ਅਤੇ ਤ੍ਰਿਪੁਰਾ ਅੰਦਰ ਨਿਮੋਸ਼ੀ ਭਰੀ ਹਾਰ ਹੋਈ। ਜਮਾਤੀ ਸੰਘਰਸ਼ ਦੀ ਅਹਿਮੀਅਤ ਛੱਡ ਕੇ ਬੁਰਜੂਆ ਪਾਰਲੀਮਾਨੀ ਰਾਹ ਫੜਨ ਦਾ ਇਹੋ ਸਿੱਟਾ ਨਿਕਲਦਾ ਹੈ।

ਅੱਗੇ ਆਉਂਦੀਆਂ 2024 ਦੀਆਂ ਲੋਕ ਸਭਾ ਚੋਣਾਂ ਲਈ ਭਾਜਪਾ ਵਿਰੁੱਧ ਚੋਣਾਂ ਲੜਨ ਲਈ ਸਾਂਝਾ ਮੁਹਾਜ਼ ਬਣਾਉਣ ਦੀਆਂ ਸਰਗਰਮੀਆਂ ਸ਼ੁਰੂ ਹੋ ਗਈਆਂ ਹਨ। ਸਭ ਤੋਂ ਵੱਧ ਸਰਗਰਮੀਆਂ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤੀਸ਼ ਕੁਮਾਰ ਦਿਖਾ ਰਹੇ ਹਨ, ਜਿਨ੍ਹਾਂ ਨੇ ਆਰ ਜੇ ਡੀ, ਕਾਂਗਰਸ ਪਾਰਟੀ ਅਤੇ ਭਾਜਪਾ ਨਾਲ ਮਿਲ ਕੇ ਬਹੁਤ ਝੂਟੇ ਲਏ ਹਨ।

ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਵੀ ਬਹੁਤ ਸਰਗਰਮੀ ਦਿਖਾ ਰਹੇ ਨੇ। ਪਹਿਲਾਂ ਹੋਈਆਂ ਚੋਣਾਂ ਅੰਦਰ ਇਹ ਦੂਸਰੀਆਂ ਪਾਰਟੀਆਂ ਨੂੰ ਅਛੂਤ ਹੀ ਸਮਝਦੇ ਸਨ, ਹੱਥ ਤਾਂ ਕਿਸੇ ਨਾਲ ਕੀ ਮਿਲਾਉਣੇ ਸੀ, ਝਾਕਦੇ ਵੀ ਨਹੀਂ ਸਨ। ਹੁਣ ਕੀ ਲੋੜ ਪੈ ਗਈ ਦੂਜੀਆਂ ਪਾਰਟੀਆਂ ਨਾਲ ਹੱਥ ਮਿਲਾਉਣ ਦੀ ?

ਆਮ ਆਦਮੀ ਪਾਰਟੀ ਨੂੰ ਅਕਸਰ ਭਾਜਪਾ ਦੀ ਬੀ ਟੀਮ ਕਿਹਾ ਜਾਂਦਾ ਹੈ। ਇਹ ਕਿਸੇ ਹੱਦ ਤੱਕ ਠੀਕ ਵੀ ਹੈ। ਦਿੱਲੀ ਦੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਇਸ ਨੇ 70 ਸੀਟਾਂ ਵਿੱਚੋਂ 62 ਸੀਟਾਂ ਜਿੱਤੀਆਂ, ਪ੍ਰੰਤੂ ਲੋਕ ਸਭਾ ਵਿੱਚ ਸਾਰੀਆਂ ਸੀਟਾ ਭਾਜਪਾ ਨੇ ਜਿੱਤੀਆਂ, ਇਸ ਤੋਂ ਪਹਿਲਾਂ ਵਿਧਾਨ ਸਭਾ ਅੰਦਰ ਆਪ ਦੀਆਂ 67 ਸੀਟਾਂ ਸਨ। ਇਹ ਕਿਵੇਂ ਹੋ ਸਕਦਾ, ਇਹ ਇੰਝ ਲੱਗਦਾ ਕਿ ਇਨ੍ਹਾਂ ਵਿਚਕਾਰ ਕੋਈ ਗੁਪਤ ਸਮਝੌਤਾ ਸੀ।

ਭਾਜਪਾ ਵੱਲੋਂ ਜੰਮੂ-ਕਸ਼ਮੀਰ ਤੋਂ ਧਾਰਾ 370 ਹਟਾਉਣਾ ਅਤੇ ਉਸ ਨੂੰ ਯੂਨੀਅਨ ਟੈਰੇਟਰੀ ਦਾ ਰੁਤਬਾ ਦੇਣ ਸੰਬੰਧੀ 5 ਅਗਸਤ 2019 ਨੂੰ ਲੋਕ ਸਭਾ ਵਿੱਚ ਪੇਸ਼ ਕੀਤੇ ਇਸ ਬਿੱਲ ਦੇ ਹੱਕ ਵਿੱਚ ਆਮ ਆਦਮੀ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਭਾਜਪਾ ਦਾ ਸਾਥ ਦਿੱਤਾ।

2024 ਦੀਆਂ ਚੋਣਾਂ ਅੰਦਰ ਲਾਹਾ ਲੈਣ ਲਈ ਭਾਜਪਾ ਵੱਲੋਂ "ਸਾਂਝਾ ਸਿਵਲ ਕੋਡ ਬਿੱਲ" ਲਿਆਂਦਾ ਗਿਆ ਤਾਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਕੇਜਰੀਵਾਲ ਨੇ ਉਸ ਦਾ ਵੀ ਸਿਧਾਂਤਕ ਤੌਰ 'ਤੇ ਸਮਰਥਨ ਕਰਨ ਦਾ ਐਲਾਨ ਕਰ ਦਿੱਤਾ। ਇਹ ਬਿੱਲ ਘੱਟ ਗਿਣਤੀ ਭਾਈਚਾਰੇ ਖਾਸ ਕਰਕੇ ਮੁਸਲਮਾਨ ਭਾਈਚਾਰੇ ਵਿਰੁੱਧ ਜਾਂਦਾ ਹੈ। ਇਹ ਬਿੱਲ ਘੱਟ-ਗਿਣਤੀ ਫਿਰਕੇ ਲਈ ਖਤਰਨਾਕ ਸਾਬਤ ਹੋ ਸਕਦਾ।

ਸਿਟੀਜ਼ਨ ਅਮੈਂਡਮੈਂਟ ਬਿੱਲ ਤਹਿਤ, ਅਫਗਾਨਿਸਤਾਨ, ਪਾਕਿਸਤਾਨ ਅਤੇ ਬੰਗਲਾਦੇਸ਼ ਦੇ ਗੈਰ-ਮੁਸਲਿਮ ਘੱਟ-ਗਿਣਤੀਆਂ ਜੋ 31 ਦਸੰਬਰ, 2014 ਨੂੰ ਜਾਂ ਇਸ ਤੋਂ ਪਹਿਲਾਂ ਭਾਰਤ ਵਿੱਚ ਦਾਖਲ ਹੋਏ ਸਨ, ਫਾਸਟ-ਟ੍ਰੈਕ ਭਾਰਤੀ ਨਾਗਰਿਕਤਾ ਲਈ ਯੋਗ ਹਨ। ਹਾਲਾਂਕਿ, ਨਿਯਮ ਬਣਾਏ ਜਾਣ ਤੋਂ ਬਿਨਾਂ ਐਕਟ ਨੂੰ ਲਾਗੂ ਨਹੀਂ ਕੀਤਾ ਜਾ ਸਕਦਾ। ਇਹ ਕਾਨੂੰਨ ਅਫਗਾਨਿਸਤਾਨ, ਬੰਗਲਾਦੇਸ਼ ਤੋਂ ਆਏ ਹਿੰਦੂ, ਸਿੱਖ, ਬੋਧੀ, ਜੈਨ, ਪਾਰਸੀ ਅਤੇ ਈਸਾਈਆਂ ਵਰਗੇ ਛੇ ਵੱਖ-ਵੱਖ ਧਰਮਾਂ ਦੇ ਪ੍ਰਵਾਸੀਆਂ ਲਈ ਪਾਸ ਕੀਤਾ ਗਿਆ ਸੀ ਅਤੇ ਪਾਕਿਸਤਾਨ ਦਾ ਕੋਈ ਵੀ ਵਿਅਕਤੀ ਇਸ ਐਕਟ ਲਈ ਯੋਗ ਮੰਨਿਆ ਜਾਵੇਗਾ, ਜੇਕਰ ਉਹ ਪਿਛਲੇ 12 ਮਹੀਨਿਆਂ ਦੌਰਾਨ ਅਤੇ ਪਿਛਲੇ 14 ਸਾਲਾਂ ਵਿੱਚੋਂ 11 ਸਾਲਾਂ ਲਈ ਭਾਰਤ ਵਿੱਚ ਰਿਹਾ ਹੈ। ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਨਿਰਧਾਰਤ ਸ਼੍ਰੇਣੀ ਲਈ ਰਿਹਾਇਸ਼ ਦੇ ਸਾਲਾਂ ਦੀ ਗਿਣਤੀ 11 ਸਾਲ ਤੋਂ ਪੰਜ ਸਾਲ ਤੱਕ ਢਿੱਲ ਦਿੱਤੀ ਗਈ ਹੈ।

ਕੇਂਦਰ ਨੇ ਸ਼ੁੱਕਰਵਾਰ (19 ਮਈ, 2023) ਨੂੰ ਰਾਸ਼ਟਰੀ ਰਾਜਧਾਨੀ ਵਿੱਚ ਪ੍ਰਸ਼ਾਸਨਿਕ ਸੇਵਾਵਾਂ ਉੱਤੇ ਦਿੱਲੀ ਸਰਕਾਰ ਨੂੰ ਅਧਿਕਾਰ ਦੇਣ ਦੇ ਸੁਪਰੀਮ ਕੋਰਟ ਦੇ ਫੈਸਲੇ ਨੂੰ ਰੱਦ ਕਰਨ ਲਈ ਇੱਕ ਆਰਡੀਨੈਂਸ ਜਾਰੀ ਕੀਤਾ। ਇਹ ਹੁਕਮ ਕਈ ਅਹਿਮ ਸਵਾਲ ਖੜ੍ਹੇ ਕਰਦਾ ਹੈ। ਦਿੱਲੀ ਵਿੱਚ 'ਆਪ' ਨੇ ਵੀਰਵਾਰ ਨੂੰ ਪਹਿਲੀ ਵਾਰ ਆਪਣੇ ਰਾਸ਼ਟਰੀ ਦ੍ਰਿਸ਼ਟੀਕੋਣ ਦਾ ਪਰਦਾਫਾਸ਼ ਕੀਤਾ, ਜਿਸ ਵਿੱਚ ਕਿਹਾ ਗਿਆ ਕਿ ਇਹ ਇੱਕ ਸਿਹਤਮੰਦ ਬਾਜ਼ਾਰ ਅਰਥਵਿਵਸਥਾ ਅਤੇ ਪਾਕਿਸਤਾਨ ਦੁਆਰਾ ਸਪਾਂਸਰ ਕੀਤੇ ਗਏ ਅੱਤਵਾਦ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਦਾ ਸਮਰਥਨ ਕਰਦਾ ਹੈ।

ਲੋਕ ਸਭਾ ਚੋਣਾਂ ਲਈ 'ਆਪ' ਦਾ ਚੋਣ ਮਨੋਰਥ ਪੱਤਰ ਜਾਰੀ ਕਰਦਿਆਂ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਭਾਰਤ ਅੱਜ ਭ੍ਰਿਸ਼ਟਾਚਾਰ, ਫਿਰਕਾਪ੍ਰਸਤੀ ਅਤੇ ਕ੍ਰੋਨੀ ਪੂੰਜੀਵਾਦ ਦੇ ਰੂਪ ਵਿੱਚ ਤਿੰਨ ਵੱਡੇ ਖਤਰਿਆਂ ਦਾ ਸਾਹਮਣਾ ਕਰ ਰਿਹਾ ਹੈ।

2024 ਦੀਆਂ ਲੋਕ ਸਭਾ ਚੋਣਾਂ ਲਈ ਤ੍ਰਿਣਮੂਲ ਕਾਂਗਰਸ ਦੀ ਮੁਖੀ ਸ੍ਰੀਮਤੀ ਮਮਤਾ ਬੈਨਰਜੀ ਵੀ ਸਰਗਰਮੀ ਦਿਖਾ ਰਹੀ ਹੈ, ਪ੍ਰੰਤੂ ਉਸ ਨੇ ਇੱਕ ਸ਼ਰਤ ਰੱਖ ਦਿਤੀ ਕਿ ਪੱਛਮੀ ਬੰਗਾਲ ਵਿੱਚ ਕਾਂਗਰਸ ਕਮਿਊਨਿਸਟਾਂ ਨਾਲ ਸਾਂਝ-ਭਿਆਲੀ ਨਾ ਕਰੇ। ਸ੍ਰੀ ਕੇਜਰੀਵਾਲ ਨੇ ਕਾਂਗਰਸ ਤੋਂ ਆਮ ਆਦਮੀ ਪਾਰਟੀ ਲਈ ਸਮਰਥਨ ਦੇਣ ਲਈ ਸਪੱਸ਼ਟੀ ਕਰਨ ਮੰਗਿਆ, ਕਿਉਂਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਕਾਂਗਰਸ ਦੇ ਸਾਬਕਾ ਵਜ਼ੀਰਾਂ ਅਤੇ ਐੱਮ ਐੱਲ ਏ'ਜ਼ ਵਿਰੁੱਧ ਭ੍ਰਿਸ਼ਟਾਚਾਰ ਕੇਸਾਂ ਸੰਬੰਧੀ ਵਿਜੀਲੈਂਸ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਹੀ ਨਹੀਂ ਕਰ ਰਹੀ, ਸਗੋਂ ਜੇਲ੍ਹ ਕੋਠੜੀਆਂ ਵਿੱਚ ਬੰਦ ਕਰ ਰਹੀ ਹੈ। ਪੰਜਾਬ ਦੀ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਪਰਤਾਪ ਸਿੰਘ ਬਾਜਵਾ ਨੇ ਸਪੱਸ਼ਟ ਤੌਰ 'ਤੇ ਕਹਿ ਦਿੱਤਾ ਕਿ ਕਾਂਗਰਸ ਆਮ ਆਦਮੀ ਪਾਰਟੀ ਦਾ ਸਮਰਥਨ ਨਹੀਂ ਕਰੇਗੀ ਅਤੇ ਅਜਿਹਾ ਹੀ ਕਾਂਗਰਸ ਹਾਈ ਕਮਾਨ ਨੂੰ ਵੀ ਕਹਿ ਦਿੱਤਾ।

ਭਾਜਪਾ ਵਿਰੁੱਧ ਸਾਂਝਾ ਮੁਹਾਜ਼ ਬਣਾਉਣਾ ਓਨੀ ਦੇਰ ਕਾਰਗਰ ਨਹੀਂ ਹੋ ਸਕਦਾ, ਜਦੋਂ ਤੱਕ ਇਹ ਸਿਧਾਂਤਕ ਪਹੁੰਚ ਨਹੀਂ ਅਪਨਾਉਂਦਾ, ਇੱਕ ਘੱਟੋ-ਘੱਟ ਪ੍ਰੋਗਰਾਮ ਨਹੀ ਬਣਾਉਂਦਾ ਜੋ ਸਾਰਿਆਂ ਲਈ ਮਨਜ਼ੂਰ ਹੋਵੇ। ਅਗਰ ਸਾਂਝਾ ਮੁਹਾਜ਼ ਚੋਣਾਂ ਵਿੱਚ ਭਾਜਪਾ ਨੂੰ ਮਾਤ ਦੇ ਦਿੰਦਾ ਹੈ ਤਾਂ ਦੇਸ਼ ਦਾ ਪ੍ਰਧਾਨ ਮੰਤਰੀ ਕੌਣ ਹੋਵੇਗਾ, ਇਸ ਪ੍ਰਤੀ ਵੀ ਸਹਿਮਤੀ ਹੋਣੀ ਜ਼ਰੂਰ ਚਾਹੀਦੀ ਹੈ। ਇਸ ਦੌੜ ਅੰਦਰ ਇਉਂ ਲਗਦਾ ਹੈ ਕਿ ਖੱਬੇ ਪੱਖੀ ਇਸ ਦੌੜ ਵਿੱਚ ਸ਼ਾਮਲ ਨਹੀਂ ਹੋਣਗੇ। ਉਹ ਦੇਸ਼ ਦੇ ਵਿਕਾਸ ਅਤੇ ਕਿਸਾਨਾਂ-ਮਜ਼ਦੂਰਾਂ ਦੇ ਹਿੱਤਾਂ ਨੂੰ ਪਹਿਲ ਦੇਣਗੇ, ਪਰ ਵਿਡੰਬਨਾ ਇਹ ਹੈ ਕਿ ਸਾਂਝੇ ਮੁਹਾਜ਼ ਨੂੰ ਸਰਮਾਏਦਾਰ ਪੱਖੀ ਪਾਰਟੀਆਂ ਦੇਸ਼ ਦੀ ਲੁੱਟ ਕਰਨ ਵਾਲੇ ਇਜਾਰੇਦਾਰ ਅਤੇ ਬਹੁ-ਕੌਮੀ ਕਾਰਪੋਰੇਟ ਘਰਾਣਿਆਂ ਜੋ ਅੱਜ ਦੇਸ਼ ਦੀ ਬਰਬਾਦੀ ਦੇ ਜ਼ਿੰਮੇਵਾਰ ਹਨ, ਨੂੰ ਹੱਥ ਨਹੀਂ ਪਾਉਣਗੀਆਂ। ਅਜਿਹੀਆਂ ਹਾਲਤਾਂ ਦੇ ਹੁੰਦਿਆਂ ਇੱਕ ਸਾਂਝਾ ਮੁਹਾਜ਼ ਬਨਣਾ ਸੰਭਵ ਨਹੀ ਲਗਦਾ।

15 ਵਿਰੋਧੀ ਪਾਰਟੀਆਂ ਦੇ ਪਟਨਾ ਸੰਮੇਲਨ ਨੇ ਸੁਚੇਤ ਤੌਰ 'ਤੇ 2024 ਦੀਆਂ ਆਮ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਭਾਜਪਾ ਨੂੰ ਇੱਕ ਮਜ਼ਬੂਤ ਤਾਕਤ ਵਜੋਂ ਲੈਣ ਦੇ ਸੰਕਲਪ ਨੂੰ ਪ੍ਰਦਰਸ਼ਿਤ ਕੀਤਾ। ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਨੂੰ ਛੱਡ ਕੇ, ਜੋ 23 ਜੂਨ ਨੂੰ ਬਿਹਾਰ ਦੀ ਰਾਜਧਾਨੀ ਵਿੱਚ ਹੋਈ ਮੀਟਿੰਗ ਨੂੰ ਅੱਧ ਵਿਚਾਲੇ ਛੱਡ ਕੇ ਚਲੇ ਗਏ ਸਨ, ਲੱਗਭੱਗ ਸਾਰੇ ਨੇਤਾਵਾਂ ਵਿੱਚ ਇੱਕ ਸਹਿਮਤੀ ਬਣ ਗਈ ਸੀ ਅਤੇ ਬੈਠਕ ਦੇ ਸਕਾਰਾਤਮਕ ਨਤੀਜੇ ਨਿਕਲੇ ਹਨ।

ਦੂਜੀ ਮੀਟਿੰਗ ਤੋਂ ਪਹਿਲਾਂ ਹੀ ਵਿਰੋਧੀ ਪਾਰਟੀਆਂ ਨੂੰ 'ਆਪ' ਨੂੰ ਮੁੜ ਗੱਲਬਾਤ ਦੀ ਮੇਜ਼ 'ਤੇ ਲਿਆਉਣ ਦੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੇਜਰੀਵਾਲ ਦੀ ਅਗਵਾਈ ਵਾਲੀ ਪਾਰਟੀ ਦਾ ਕਾਂਗਰਸ ਨਾਲ ਟਕਰਾਅ ਚੱਲ ਰਿਹਾ ਹੈ, ਆਪ ਨੇ ਦਿੱਲੀ ਆਰਡੀਨੈਂਸ ਦੇ ਮੁੱਦੇ 'ਤੇ ਕਾਂਗਰਸ ਵੱਲੋਂ ਉਸ ਦਾ ਖੁੱਲ੍ਹੇਆਮ ਸਮਰਥਨ ਨਾ ਕਰਨ ਦਾ ਦੋਸ਼ ਲਗਾਇਆ ਹੈ।

"ਅਰਵਿੰਦ ਕੇਜਰੀਵਾਲ ਇਸ ਲੜੀ ਦੀ ਸਭ ਤੋਂ ਕਮਜ਼ੋਰ ਕੜੀ ਹੈ। ਭਾਵੇਂ 'ਆਪ' ਗਠਜੋੜ ਤੋਂ ਦੂਰ ਰਹਿੰਦੀ ਹੈ, ਇਸ ਨਾਲ ਕੋਈ ਫਰਕ ਨਹੀਂ ਪਵੇਗਾ, ਕਿਉਂਕਿ ਪਾਰਟੀ ਨੂੰ ਇਹ ਯਕੀਨ ਨਹੀਂ ਹੈ ਕਿ ਉਹ ਦਿੱਲੀ ਅਤੇ ਪੰਜਾਬ ਵਿਚ ਚੰਗਾ ਪ੍ਰਦਰਸ਼ਨ ਕਰੇਗੀ, ਜਿਵੇਂ ਕਿ ਇਸ ਨੇ ਦੋਵਾਂ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਵਿਚ ਕੀਤਾ ਸੀ। ਦੋਵਾਂ ਰਾਜਾਂ ਵਿੱਚ ਉਸ ਦਾ ਵੋਟ ਬੈਂਕ ਮੁੱਖ ਤੌਰ 'ਤੇ ਇੱਕ ਚਾਹਵਾਨ ਮੱਧ ਵਰਗ ਹੈ, ਜਿਸ ਦੀ ਰਾਜ ਅਤੇ ਰਾਸ਼ਟਰੀ ਚੋਣਾਂ ਲਈ ਵੱਖੋ-ਵੱਖਰੀ ਵਫ਼ਾਦਾਰੀ ਹੈ।

ਵਿਰੋਧੀ ਧਿਰ ਦੀ ਏਕਤਾ ਨੂੰ ਰੁਕਾਵਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਕਾਂਗਰਸ ਅਤੇ 'ਆਪ' ਸਾਂਝੇ ਮੁਹਾਜ਼ ਦਾ ਹਿਸਾ ਬਨਣ ਲਈ ਹੱਥ-ਪੈਰ ਮਾਰ ਰਹੇ ਹਨ। ਇਸ ਮੁਹਾਜ਼ ਦੀ ਦੌੜ ਕੇਵਲ ਚੋਣਾਂ ਲੜਨ ਤੱਕ ਹੀ ਮਹਿਦੂਦ ਲਗਦੀ ਹੈ, ਜਦੋਂ ਕਿ ਇਸਦੇ ਨਾਲ ਮਜ਼ਦੂਰ ਅਤੇ ਕਿਸਾਨ ਸੰਗਠਨਾਂ ਵੱਲੋਂ ਵਰਗ ਸੰਘਰਸ਼ ਦੀ ਅਗਵਾਈ ਦੀ ਲੋੜ ਹੈ, ਜਦੋਂ ਕਿ ਭਾਰਤ ਵਿੱਚ ਵਿਰੋਧੀ ਪਾਰਟੀਆਂ ਇੱਕ ਮਜ਼ਬੂਤ ਭਾਜਪਾ ਵਿਰੋਧੀ ਮੋਰਚਾ ਬਣਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਕਾਂਗਰਸ ਅਤੇ 'ਆਪ' ਵਿਚਕਾਰ ਏਕਤਾ ਦੀ ਘਾਟ ਇੱਕ ਮਹੱਤਵਪੂਰਨ ਰੁਕਾਵਟ ਹੈ। 'ਆਪ' ਨਾਲ ਇਸ ਮੁਹਾਜ਼ ਵਿਚ ਸ਼ਾਮਲ ਹੋਣ ਦੀ ਕਾਂਗਰਸ ਦੀ ਝਿਜਕ ਇਸ ਦੇ ਸਮਰਥਨ ਆਧਾਰ ਨੂੰ ਖ਼ਤਮ ਕਰਨ ਅਤੇ ਇਸ ਦੇ ਪੁਨਰ-ਸੁਰਜੀਤੀ ਵਿਚ ਰੁਕਾਵਟ ਪਾਉਣ ਦੀ ਸੰਭਾਵਨਾ ਤੋਂ ਪੈਦਾ ਹੁੰਦੀ ਹੈ। ਇਸ ਤੋਂ ਇਲਾਵਾ ਇਤਿਹਾਸਕ ਦੁਸ਼ਮਣੀ, ਵਿਚਾਰਧਾਰਾ ਵਿੱਚ ਮਤਭੇਦ ਅਤੇ ਅਤੀਤ ਦੇ ਟਕਰਾਅ ਉਨ੍ਹਾਂ ਦੇ ਸਬੰਧਾਂ ਨੂੰ ਹੋਰ ਗੁੰਝਲਦਾਰ ਬਣਾਉਂਦੇ ਹਨ। ਜਿਵੇਂ-ਜਿਵੇਂ ਆਗਾਮੀ ਕੌਮੀ ਚੋਣਾਂ ਨੇੜੇ ਆ ਰਹੀਆਂ ਹਨ, ਵਿਰੋਧੀ ਧਿਰ ਲਈ ਚੁਣੌਤੀਆਂ ਵਧ ਗਈਆਂ ਹਨ। ਭਾਜਪਾ ਦੀਆਂ ਏਕਾ ਅਧਿਕਾਰ ਅਤੇ ਫਾਸ਼ੀਵਾਦੀ ਨੀਤੀਆਂ ਨੂੰ ਉਦੋਂ ਤੱਕ ਚੁਨੌਤੀ ਨਹੀਂ ਦਿੱਤੀ ਜਾ ਸਕਦੀ, ਜਦੋਂ ਤੱਕ ਖੱਬੇ ਪੱਖੀ ਪਾਰਟੀਆਂ ਮਜ਼ਦੂਰ ਅਤੇ ਕਿਸਾਨ ਸੰਗਠਨ ਇਸ ਸਾਂਝੇ ਮੁਹਾਜ਼ ਦਾ ਹਿੱਸਾ ਨਹੀਂ ਬਣਦੇ।

# ਸੰਪਰਕ : 98550-04500

# ਨਵੀਨੀਕਰਨ ਦੀ ਦੌੜ ਬਨਾਮ ਕੁਦਰਤੀ ਸੋਮਿਆਂ ਦਾ ਉਜਾੜਾ



ਸਰਬਜੀਤ ਲੁਧਿਆਣਵੀ

ਗੁਰੂ ਨਾਨਕ ਦੇਵ ਜੀ ਨੇ ਸਾਨੂੰ ਕੁਦਰਤ ਨਾਲ ਪਿਆਰ ਕਰਨਾ ਸਿਖਾਇਆ ਹੈ, ਪਰ ਇਨਸਾਨ ਨੇ ਆਪਣੇ ਦਿਮਾਗ ਦੀ ਵਰਤੋਂ ਕਰਕੇ ਕੁਦਰਤ ਦਾ ਨਾਸ਼ ਹੀ ਕੀਤਾ ਹੈ। ਕਹਿੰਦੇ ਹਨ ਕਿ ਜਿਹੜੀਆਂ ਚੀਜ਼ਾਂ ਇਨਸਾਨ ਨੂੰ ਮੁਫਤ ਵਿੱਚ ਮਿਲਦੀਆਂ ਹਨ, ਉਹ ਉਹਨਾਂ ਦੀ ਕਦਰ ਨਹੀਂ ਕਰਦਾ। ਇਸੇ ਕਾਰਨ ਅੱਜ ਪਾਣੀ ਤੇ ਹਵਾ ਦੋਵੇਂ ਹੀ ਦੂਸ਼ਿਤ ਹੋ ਰਹੇ ਹਨ। ਅੱਜ ਅਸੀਂ ਨਵੀਨੀਕਰਨ ਦੀ ਪ੍ਰਕਿਰਿਆ ਨੂੰ ਵਾਪਰਦਿਆਂ ਦੇਖ ਕੇ ਖੁਸ਼ ਹੋ ਰਹੇ ਹਾਂ, ਜਦਕਿ ਇੱਥੋਂ ਹੀ ਸ਼ੁਰੂ ਹੁੰਦਾ ਹੈ ਸਾਡੇ ਕੁਦਰਤੀ ਸੋਮਿਆਂ ਦਾ ਉਜਾੜਾ। ਅੱਜ ਦੇ ਮਨੁੱਖ ਨੇ ਹਵਾ-ਪਾਣੀ, ਧਰਤੀ ਸਭ ਨੂੰ ਗੰਧਲਾ ਕਰ ਲਿਆ ਹੈ। ਮਾਇਆ ਦੀ ਦੌੜ ਨੇ ਇਨਸਾਨ ਨੂੰ ਅੰਨ੍ਹਾ ਕਰ ਦਿੱਤਾ ਹੈ। ਅੰਨ੍ਹੇਵਾਹ ਵਧਦਾ ਪ੍ਰਦੂਸ਼ਣ ਆਪਾ-ਮਾਰੂ ਸਿੱਧ ਹੋਵੇਗਾ। ਜੇਕਰ ਅਸੀਂ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਨਾ ਮੰਨਿਆ ਤਾਂ ਵੱਡੀ ਭੁੱਲ ਹੋਵੇਗੀ। ਗੁਰੂ ਨਾਨਕ ਦੇਵ ਜੀ ਨੇ "ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥" ਦਾ ਮਹਾਂਵਾਕ ਉਚਾਰ ਕੇ ਇਹਨਾਂ ਕੁਦਰਤੀ ਸੋਮਿਆਂ ਦੀ ਕੀਮਤ ਤੋਂ ਜਾਣੂ ਕਰਵਾਇਆ ਹੈ।

ਕੁਦਰਤੀ ਸੋਮਿਆਂ ਦੇ ਉਜਾੜੇ ਦੀ ਗੱਲ ਕਿਸ ਪੱਖ ਤੋਂ ਸ਼ੁਰੂ ਕਰਾਂ ? ਅੱਜ ਦਾ ਮਨੁੱਖ ਆਪਣੀਆਂ ਲੋੜਾਂ ਨੂੰ ਪੂਰਾ ਕਰਨ ਲਈ ਕੁਦਰਤੀ ਸੋਮਿਆਂ ਨਾਲ ਖਿਲਵਾੜ ਕਰ ਰਿਹਾ ਹੈ। ਇਹ ਖਿਲਵਾੜ ਕੋਈ ਇੱਕ-ਦੋ ਸਾਲ ਤੋਂ ਸ਼ੁਰੂ ਨਹੀਂ ਹੋਇਆ, ਆਜ਼ਾਦੀ ਤੋਂ ਬਾਅਦ ਡਿਵੈੱਲਪਮੈਂਟ ਦੇ ਨਾਂਅ 'ਤੇ ਰੁੱਖਾਂ ਦੀ ਕਟਾਈ, ਸਨਅਤੀਕਰਨ ਨਾਲ ਪਾਣੀ ਦਾ ਦੂਸ਼ਿਤ ਹੋਣਾ, ਜ਼ਹਿਰੀਲੀ ਹੋਈ ਹਵਾ, ਕੁਲ ਮਿਲਾ ਕੇ ਸਾਡਾ ਸਾਰਾ ਚੌਗਿਰਦਾ ਦੂਸ਼ਿਤ ਹੋ ਰਿਹਾ ਹੈ।

ਅਸੀਂ ਆਪਣੇ ਬਜ਼ੁਰਗਾਂ ਤੋਂ ਹਮੇਸ਼ਾ ਹੀ ਸੁਣਦੇ ਆਏ ਹਾਂ ਕਿ ਸ਼ਹਿਰ ਸੁੱਖ ਸਹੂਲਤਾਂ ਤਾਂ ਅਨੇਕਾਂ ਨੇ, ਪਰ ਬਿਮਾਰੀਆਂ ਦਾ ਘਰ ਹੈ। ਸਮੇਂ ਨੇ ਐਸੀ ਕਰਵਟ ਲਈ ਹੁਣ ਸ਼ਹਿਰੀ ਇਲਾਕਿਆਂ ਨਾਲੋਂ ਵੱਧ ਪਿੰਡਾਂ ਨੂੰ ਵੀ ਨਵੀਨੀਕਰਨ ਦੀ ਕਾਲੀ ਹਨੇਰੀ ਨੇ ਆਪਣੀ ਗ੍ਰਿਫਤ ਵਿੱਚ ਲੈ ਲਿਆ ਹੈ। ਜਿਸ ਨੇ ਸ਼ਹਿਰੀ ਇਲਾਕਿਆਂ ਵਾਂਗ ਪਾਣੀ, ਹਵਾ ਤੇ ਵਾਤਾਵਰਨ ਨੂੰ ਦੂਸ਼ਿਤ ਕੀਤਾ ਹੈ ਤੇ ਜਿਸ ਨਾਲ ਪਿੰਡਾਂ ਵਿੱਚ ਵੀ ਅੱਜ ਹਰ ਦੂਸਰਾ ਵਿਅਕਤੀ ਬਿਮਾਰ ਹੈ। ਇਸ ਲਈ ਕੋਈ ਹੋਰ ਜ਼ਿੰਮੇਵਾਰ ਨਹੀਂ, ਸਮੇਂ ਦੀਆਂ ਸਰਕਾਰਾਂ ਦੇ ਨਾਲ ਅਸੀਂ ਵੀ ਸਭ ਇਸ ਦੇ ਜ਼ਿੰਮੇਵਾਰ ਹਾਂ।

ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਮਨੁੱਖ ਨੂੰ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਅਤੇ ਆਲਾ-ਦੁਆਲਾ ਸਵੱਛ ਕਰਨ ਦੇ ਉਦੇਸ਼ ਨਾਲ ਅਨੇਕਾਂ ਯੋਜਨਾਵਾਂ ਦੀ ਸ਼ੁਰੂਆਤ ਕੀਤੀ ਗਈ।

ਸਰਕਾਰਾਂ ਵੱਲੋਂ ਧਰਤੀ ਹੇਠਾਂ ਪਾਣੀ ਦਾ ਪੱਧਰ ਦਿਨੋਂ-ਦਿਨ ਘਟਣ ਨੂੰ ਲੈ ਕੇ ਕਾਫੀ ਚਿੰਤਾ ਜਤਾਈ ਜਾ ਰਹੀ ਹੈ ਤੇ ਪਾਣੀ ਦੀ ਸੰਭਾਲ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ ਅਨੇਕਾਂ ਯੋਜਨਾਵਾਂ ਨੂੰ ਸ਼ੁਰੂ ਕੀਤਾ ਗਿਆ ਤੇ ਕਈ ਸ਼ੁਰੂ ਕੀਤੀਆਂ ਜਾਣਗੀਆਂ, ਪਰ ਸਰਕਾਰਾਂ ਉਹਨਾਂ ਕਾਰਨਾਂ ਨੂੰ ਲੱਭਣ ਦਾ ਜਾਂ ਤਾਂ ਯਤਨ ਨਹੀਂ ਕਰ ਰਹੀਆਂ ਜਾਂ ਫਿਰ ਉਹਨਾਂ ਦਾ ਹੱਲ ਨਹੀਂ ਕਰਨਾ ਚਾਹੁੰਦੀਆਂ, ਜਿਸ ਨਾਲ ਧਰਤੀ ਹੇਠਾਂ ਪਾਣੀ ਦਾ ਪੱਧਰ ਉੱਚਾ ਹੋ ਸਕੇ।

ਵਰਨਣਯੋਗ ਹੈ ਕਿ ਇੱਕ ਪਾਸੇ ਧਰਤੀ ਹੇਠਾਂ ਪਾਣੀ ਦੀ ਮਾਤਰਾ ਘਟਦੀ ਜਾ ਰਹੀ ਹੈ, ਦੂਸਰੇ ਪਾਸੇ ਧਰਤੀ ਹੇਠਾਂ ਹੀ ਪਾਣੀ ਦੂਸ਼ਿਤ ਹੋ ਰਿਹਾ ਹੈ। ਉਸ ਲਈ ਸਰਕਾਰਾਂ ਦੇ ਨਾਲ-ਨਾਲ ਆਮ ਲੋਕ ਵੀ ਜ਼ਿੰਮੇਵਾਰ ਹਨ।

ਅੱਜ ਨਵੀਨੀਕਰਨ ਦੀ ਦੌੜ ਤੇ ਆਪਣੀਆਂ ਸਹੂਲਤਾਂ ਲਈ ਪਿੰਡਾਂ ਵਿੱਚ ਹਰ ਘਰ ਵਿੱਚ ਪਖਾਨੇ ਬਣਾਏ ਜਾ ਰਹੇ ਹਨ। ਇਹਨਾਂ ਪਖਾਨਿਆਂ ਦਾ ਗੰਦਾ ਪਾਣੀ ਧਰਤੀ ਵਿੱਚ ਟੈਂਕ ਬਣਾ ਕੇ ਉਹਨਾਂ ਵਿੱਚ ਪਾਇਆ ਜਾ ਰਿਹਾ ਹੈ, ਜਿਸ ਨਾਲ ਧਰਤੀ ਹੇਠ ਪਾਣੀ ਹੌਲੀ-ਹੌਲੀ ਦੂਸ਼ਿਤ ਹੋ ਰਿਹਾ ਹੈ, ਕਿਉਂਕਿ ਪਿੰਡਾਂ ਵਿੱਚ ਧਰਤੀ ਹੇਠਾਂ ਬਣੇ ਟੈਂਕ ਦੇ ਆਸ-ਪਾਸ ਹੀ ਪਾਣੀ ਲਈ ਬੋਰ ਕੀਤਾ ਹੋਣ ਕਾਰਨ ਦੂਸ਼ਿਤ ਪਾਣੀ ਪੀਣ ਵਾਲੇ ਪਾਣੀ ਨਾਲ ਮਿਕਸ ਹੋ ਰਿਹਾ ਹੈ, ਜਿਸ ਨਾਲ ਲੋਕ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ, ਕਿਉਂਕਿ ਸ਼ਹਿਰੀ ਇਲਾਕਿਆਂ ਵਾਂਗ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਕੋਈ ਸੀਵਰੇਜ ਸਿਸਟਮ ਨਹੀਂ ਹੁੰਦਾ।

ਅਸੀਂ ਸਾਰੇ ਐਸੀ ਦੌੜ ਦਾ ਹਿੱਸਾ ਖੁਦ ਬਣ ਰਹੇ ਹਾਂ, ਜੋ ਕੁਦਰਤੀ ਸੋਮਿਆਂ ਨੂੰ ਖਤਮ ਕਰਕੇ ਕੰਕਰੀਟ ਦਾ ਜੰਗਲ ਬਣਾ ਰਹੇ ਹਾਂ। ਇਹ ਸ਼ੁਰੂਆਤ ਅਸੀਂ ਆਪਣੇ ਘਰਾਂ ਤੋਂ ਕੀਤੀ ਹੈ। ਖੇਤੀਬਾੜੀ ਵਾਲੀ ਉਪਜਾਊ ਜ਼ਮੀਨ, ਜੋ ਅੰਨ ਪੈਦਾ ਕਰਦੀ ਹੈ, ਨਾਲ ਹੀ ਧਰਤੀ ਹੇਠਾਂ ਪਾਣੀ ਦੇ ਪੱਧਰ ਨੂੰ ਵੀ ਉੱਚਾ ਚੁੱਕਣ ਵਿੱਚ ਸਭ ਤੋਂ ਅਹਿਮ ਭੂਮਿਕਾ ਨਿਭਾਉਂਦੀ ਹੈ, ਅਸੀਂ ਨਵੀਨੀਕਰਨ ਦੀ ਦੌੜ ਵਿੱਚ ਉਸ ਨੂੰ ਹੀ ਖਤਮ ਕਰ ਰਹੇ ਹਾਂ। ਫਿਰ ਵਾਰੀ ਆਉਂਦੀ ਹੈ ਨਦੀਆਂ-ਨਾਲਿਆਂ ਤੇ ਦਰਿਆ ਵਿੱਚੋਂ ਨਿਕਲਣ ਵਾਲੀਆਂ ਨਹਿਰਾਂ, ਸੂਏ, ਕੱਸੀਆਂ, ਖਾਲ, ਜਿਨ੍ਹਾਂ ਨੂੰ ਸਰਕਾਰਾਂ ਨੇ ਪੱਕੇ ਕਰਨਾ ਸ਼ੁਰੂ ਕਰ ਦਿੱਤਾ, ਜੋ ਧਰਤੀ ਹੇਠ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਵਿੱਚ ਸਹਾਈ ਹੁੰਦੇ ਸੀ। ਸਾਡੇ ਬਜ਼ੁਰਗ ਕਹਿੰਦੇ ਸੀ ਥੋੜ੍ਹਾ ਜਿਹਾ ਟੋਇਆ ਪੁੱਟਦੇ ਪਾਣੀ ਨਿਕਲ ਆਉਂਦਾ ਸੀ, ਜਿੱਥੇ ਹੁਣ ਦੋ-ਤਿੰਨ ਸੌ ਫੁੱਟ 'ਤੇ ਪਾਣੀ ਆਉਂਦਾ ਹੈ।

ਸਰਕਾਰਾਂ ਵੱਲੋਂ ਧਰਤੀ ਹੇਠਾਂ ਪਾਣੀ ਦੇ ਪੱਧਰ ਘੱਟਣ ਦਾ ਮੁੱਖ ਕਾਰਨ ਝੋਨੇ ਦੀ ਫਸਲ ਨੂੰ ਮੰਨਿਆ ਜਾ ਰਿਹਾ ਹੈ। ਜੇਕਰ ਇਹੀ ਕਾਰਨ ਹੈ ਤਾਂ ਮੌਕੇ ਦੀਆਂ ਸਰਕਾਰਾਂ ਇਸ ਨੂੰ ਅਫੀਮ ਦੀ ਖੇਤੀ ਵਾਂਗ ਰੋਕ ਕਿਉਂ ਨਹੀਂ ਲਗਾ ਦਿੰਦੀਆਂ। ਪੰਜਾਬ ਦਰਿਆਵਾਂ ਦੀ ਧਰਤੀ ਹੋਣ ਦੇ ਬਾਵਜੂਦ ਅੱਜ 20 ਰੁਪਏ ਲੀਟਰ ਪਾਣੀ ਦੀ ਬੋਤਲ ਮਿਲ ਰਹੀ ਹੈ ਤੇ ਆਉਣ ਵਾਲੇ 25 ਤੋਂ 30 ਸਾਲ ਬਾਅਦ ਪੈਟਰੋਲ ਤੇ ਡੀਜ਼ਲ ਵਾਂਗ ਪੰਜਾਬ ਦੇ ਲੋਕ ਪਾਣੀ ਦੀ ਵਧਦੀ ਕੀਮਤ ਨੂੰ ਘੱਟ ਕਰਨ ਲਈ ਧਰਨੇ ਲਗਾਉਣ ਲਈ ਮਜਬੂਰ ਹੋਣਗੇ ਤੇ ਇਹੀ ਸਾਡੇ ਰਾਜਨੀਤਕ ਨੇਤਾ ਪਾਣੀ ਦੀਆਂ ਵਧਦੀਆਂ ਕੀਮਤਾਂ 'ਤੇ ਰਾਜਨੀਤਕ ਰੋਟੀਆਂ ਸੇਕਣਗੇ ਤੇ ਲੋਕ ਵੀ ਜ਼ਿੰਦਾਬਾਦ ਕਰਦੇ ਹੋਏ ਸਾਹੋ-ਸਾਹੀ ਹੋਣਗੇ। ਜਦ ਤੱਕ ਇਹ ਸਮਾਂ ਆਵੇਗਾ, ਤਦ ਹੋਰ ਮੁੱਦੇ ਇਸ ਮੁੱਦੇ ਦੇ ਮੁਕਾਬਲੇ ਛੋਟੇ ਹੋ ਜਾਣਗੇ ਤੇ ਸਰਕਾਰਾਂ ਦੇ ਡਿੱਗਣ ਤੇ ਬਣਨ ਦਾ ਕਾਰਨ ਵੀ ਇਹ ਹੀ ਮੁੱਦੇ ਹੋਣਗੇ। ਇਸ ਲਈ ਹੁਣ ਮੌਕਾ ਹੈ, ਆਪਣੇ ਵੱਲੋਂ ਕੀਤੀ ਜਾ ਰਹੀ ਭੁੱਲ ਨੂੰ ਆਪ ਹੀ ਸੁਧਾਰ ਲਿਆ ਜਾਵੇ, ਨਹੀਂ ਤਾਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਜ਼ਿੰਦਾਬਾਦ-ਮੁਰਦਾਬਾਦ ਕਰਨ ਦਾ ਅਸੀਂ ਖੁਦ ਮੌਕਾ ਦੇਵਾਂਗੇ।

# ਸੰਪਰਕ : 98144-12483

# ਮਾਨਵ ਜਾਤ ਦਾ ਸਭ ਤੋਂ ਵੱਡਾ ਆਸਰਾ



ਗੁਰਚਰਨ ਸਿੰਘ ਨੂਰਪੁਰ

ਰੁੱਖ ਨਾਲ ਮਨੁੱਖ ਦੀ ਸਾਂਝ ਸਦੀਆਂ ਪੁਰਾਣੀ ਹੈ। ਸਾਡੇ ਵੱਡੇ-ਵਡੇਰੇ, ਜੋ ਝੁੰਡਾਂ ਦੀ ਸ਼ਕਲ ਵਿੱਚ ਧਰਤੀ ਤੇ ਵਿਚਰਦੇ ਸਨ, ਨੂੰ ਸਭ ਤੋਂ ਵੱਡਾ ਆਸਰਾ ਰੁੱਖਾਂ ਨੇ ਦਿੱਤਾ। ਰੁੱਖ ਮਨੁੱਖਤਾ ਦਾ ਓਟ ਆਸਰਾ ਹਨ। ਰੁੱਖ ਜੀਵਨ ਰੱਖਿਅਕ ਹਨ। ਰੁੱਖਾਂ ਬਗੈਰ ਮਨੁੱਖੀ ਵਿਕਾਸ ਸੰਭਵ ਨਹੀਂ ਸੀ। ਰੁੱਖਾਂ ਨਾਲ ਧਰਤੀ 'ਤੇ ਹਰਿਆਲੀ ਹੈ, ਖੁਸ਼ਹਾਲੀ ਹੈ। ਆਦਿ ਕਾਲ ਦਾ ਮਨੁੱਖ ਜਦੋਂ ਕਿਸੇ ਜੰਗਲੀ ਜਾਨਵਰ ਤੋਂ ਬਚਾ ਲਈ ਦੌੜਦਾ ਸੀ ਤਾਂ ਉਸ ਦਾ ਸਭ ਤੋਂ ਵੱਡਾ ਆਸਰਾ ਕੋਈ ਉੱਚਾ ਵਿਸ਼ਾਲ ਰੁੱਖ ਹੁੰਦਾ ਸੀ। ਪੰਜਾਬ ਵਿੱਚ ਪੰਜ ਦਹਾਕੇ ਪਹਿਲਾਂ ਜੇਕਰ ਘਰ ਵਿੱਚ ਕੋਈ ਕਾਰਜ ਹੁੰਦਾ ਸੀ ਜਾਂ ਕੋਈ ਨਵੀਂ ਛਤੌਤ ਕਰਨੀ ਹੁੰਦੀ ਸੀ ਤਾਂ ਇਸ ਲਈ ਰੁੱਖਾਂ ਦਾ ਆਸਰਾ ਲੱਭਿਆ ਜਾਂਦਾ ਸੀ। ਅਸੀਂ ਹੁਣ ਸਮਝ ਲਿਆ ਹੈ ਕਿ ਰੁੱਖਾਂ ਨਾਲ ਸਾਡੀਆਂ ਫਸਲਾਂ ਨੂੰ ਨੁਕਸਾਨ ਹੁੰਦਾ ਹੈ, ਇਸ ਲਈ ਸੜਕਾਂ, ਰਾਹਾਂ, ਵੱਟਾਂ, ਬੰਨਿਆਂ, ਬੰਬੀਆਂ ਤੋਂ ਰੁੱਖਾਂ ਦਾ ਵਢਾਂਗਾ ਕਰ ਦਿੱਤਾ। ਜਦਕਿ ਇਸ ਤੋਂ ਉਲਟ ਫਸਲਾਂ ਦੀ ਸਹੀਂ ਪੈਦਾਵਾਰ ਅਤੇ ਗੁਣਵੱਤਾ ਲਈ ਰੁੱਖ ਜ਼ਰੂਰੀ ਹਨ। ਰੁੱਖਾਂ 'ਤੇ ਪਰਿੰਦੇ ਰਹਿੰਦੇ ਹਨ, ਆਹਲਣੇ ਪਾਉਂਦੇ ਹਨ। ਇਹ ਕੀਟਾਂ ਤੋਂ ਸਾਡੀਆਂ ਫਸਲਾਂ ਨੂੰ ਬਚਾਉਣ ਲਈ ਵੱਡੀ ਭੂਮਿਕਾ ਨਿਭਾਉਂਦੇ ਹਨ। ਇਹੋ ਪੰਛੀ ਰੁੱਖਾਂ ਦੇ ਫਲ ਬੀਜ ਵੀ ਖਾਂਦੇ ਹਨ, ਇੱਕ ਜਗਾਹ ਤੋਂ ਦੂਜੇ ਜਗਾਹ ਬੀਜਾਂ ਨੂੰ ਲੈ ਜਾਣ ਵਿੱਚ ਵੱਡੀ ਭੂਮਿਕਾ ਨਿਭਾਉਂਦੇ ਹਨ। ਨਵੀਂਆਂ ਥਾਂਵਾਂ ਹੋਰ ਰੁੱਖਾਂ ਨੂੰ ਪੈਦਾ ਕਰਨ ਲਈ ਕੁਦਰਤ ਪ੍ਰਤੀ ਆਪਣਾ ਬਣਦਾ ਫਰਜ਼ ਅਦਾ ਕਰਦੇ ਹਨ। ਦੂਜੇ ਪਾਸੇ ਸਾਡੇ ਮਨੁੱਖਾਂ ਦੇ ਸੁਭਾਅ 'ਚੋਂ ਕੁਦਰਤ ਮਨਫੀ ਹੋ ਗਈ ਹੈ, ਸਾਡੇ ਮਨਾਂ ਨੂੰ ਬਜ਼ਾਰ ਨੇ ਵਰਗਲਾ ਲਿਆ ਹੈ। ਬਜ਼ਾਰ ਨੇ ਖੇਤਾਂ ਦੀਆਂ ਸਮੱਸਿਆਵਾਂ ਲਈ ਸਾਨੂੰ ਜ਼ਹਿਰਾਂ ਵੇਚੀਆਂ। ਜ਼ਹਿਰਾਂ ਨਾਲ ਵਾਤਾਵਰਣ ਜ਼ਹਿਰੀਲਾ ਹੋਇਆ। ਬਹੁਤ ਸਾਰੇ ਸਾਡੇ ਪੰਛੀ ਸਾਥੋਂ ਰੁਸ ਕੇ ਦੂਰ ਤੁਰ ਗਏ। ਜ਼ਹਿਰਾਂ ਨੂੰ ਘੱਟ ਕਰਨ ਲਈ ਆਪਣੀਆਂ ਔਲਾਦਾਂ ਨੂੰ ਬਿਮਾਰੀਆਂ ਦੁਸ਼ਵਾਰੀਆਂ ਤੋਂ ਬਚਾਉਣ ਲਈ ਬੜਾ ਜਰੂਰੀ ਹੈ ਕਿ ਰੁੱਖਾਂ ਦੇ ਗਲ ਲੱਗਿਆ ਜਾਵੇ ਰੁੱਖਾਂ ਨੂੰ ਗਲ ਲਾਇਆ ਜਾਵੇ। ਸ਼ਾਇਰ ਪ੍ਰੀਤ ਜੱਗੀ ਲਿਖਦਾ ਹੈ:-

*'ਚੂਸਣ ਜ਼ਹਿਰ ਤਮਾਮ ਹਵਾ 'ਚੋਂ, ਨਾ ਹੋਣ ਪਲੀਤ ਫਿਜ਼ਾਵਾਂ,*
*ਰੁੱਖ ਹੁੰਦੇ ਦਰਵੇਸ਼ਾਂ ਵਰਗੇ, ਮਾਵਾਂ ਵਰਗੀਆਂ ਛਾਵਾਂ।'*

ਵਿਗਿਆਨਕ ਤੱਥ ਇਹ ਹੈ ਮਨੁੱਖ ਅਤੇ ਜੀਵ-ਜੰਤੂਆਂ ਦੇ ਰਹਿਣ ਲਈ ਧਰਤੀ ਦੇ 33 ਫੀਸਦੀ ਰਕਬੇ 'ਤੇ ਜੰਗਲਾਂ ਦਾ ਹੋਣਾ ਬੜਾ ਜ਼ਰੂਰੀ ਹੈ, ਪਰ ਅਸੀਂ ਰੁੱਖਾਂ ਦਾ ਏਨੀ ਵੱਡੀ ਪੱਧਰ 'ਤੇ ਵਢਾਂਗਾ ਕੀਤਾ ਕਿ ਜੰਗਲ ਇਸ ਸਮੇਂ ਸਾਡੇ ਕੋਲ 3.67 ਫੀਸਦੀ ਹਿੱਸੇ ਵਿੱਚ ਹੀ ਬਚੇ ਹਨ। ਜੰਗਲ ਜਿੱਥੇ ਮਨੁੱਖ ਦੀ ਹੋਂਦ ਲਈ ਜ਼ਰੂਰੀ ਹਨ, ਉੱਥੇ ਇਹ ਪੰਛੀਆਂ ਦਾ ਹੀ ਨਹੀਂ, ਜੰਗਲੀ ਪਸ਼ੂਆਂ ਦਾ ਵੀ ਰੈਣ ਬਸੇਰਾ ਹੁੰਦੇ ਹਨ। ਜੰਗਲਾਂ ਦੇ ਸਫਾਏ ਦਾ ਅਰਥ ਹੈ ਜੰਗਲੀ ਪਸ਼ੂ, ਪਰਿੰਦੇ ਅਤੇ ਕੁਦਰਤੀ ਵੰਨਸੁਵੰਨਤਾ ਦਾ ਕਤਲ। ਇਹ ਕਤਲ ਕਿਸੇ ਕੀਮਤ 'ਤੇ ਨਹੀਂ ਹੋਣਾ ਚਾਹੀਦਾ। ਅਸੀਂ ਹੀ ਨਹੀਂ ਸਾਡੀਆਂ ਔਲਾਦਾਂ ਨੇ ਵੀ ਇਸੇ ਧਰਤੀ 'ਤੇ ਵਿਚਰਨਾ ਹੈ। ਜੇਕਰ ਅਸੀਂ ਇਸ ਧਰਤੀ ਦੇ ਕੁਦਰਤ ਪੱਖੀ ਨਿਜ਼ਾਮ ਨੂੰ ਚੰਗਾ ਬਣਾਉਣ ਲਈ ਆਪਣਾ ਬਣਦਾ ਯੋਗਦਾਨ ਨਹੀਂ ਪਾ ਸਕਦੇ ਤਾਂ ਸਾਨੂੰ ਇਹ ਵੀ ਹੱਕ ਨਹੀਂ ਕਿ ਕਿ ਅਸੀਂ ਇਸ ਦੀ ਤਬਾਹੀ ਦੇ ਬਾਨਣੂ ਬੰਨ੍ਹਣ ਤੁਰ ਪਈਏ। ਅਸੀਂ ਕੁਦਰਤੀ ਬਨਸਪਤੀ ਅਤੇ ਜੰਗਲਾਂ ਨੂੰ ਸਾਫ ਕਰਕੇ ਧਰਤੀ ਨੂੰ ਜਾਂ ਤਾਂ ਪਲਾਟਾਂ ਦਾ ਰੂਪ ਦੇ ਦਿੱਤਾ ਜਾਂ ਫਿਰ ਉਸ ਥਾਂ 'ਤੇ ਕੰਕਰੀਟ ਦੇ ਜੰਗਲ ਉਸਾਰ ਲਏ। ਸਾਡੇ ਵੱਡੇ-ਵਡੇਰਿਆਂ ਵੱਲੋਂ ਖੂਹਾਂ ਦੇ ਮੌਣਾਂ 'ਤੇ ਲਗਾਏ ਰੁੱਖਾਂ ਦੇ ਝੁੰਡ ਫਰਨੀਚਰ ਦੇ ਰੂਪ ਵਿੱਚ ਸਾਡੇ ਘਰਾਂ ਦਾ ਸ਼ਿੰਗਾਰ ਬਣ ਗਏ। ਸੀਮੈਂਟ ਦੀਆਂ ਬਣੀਆਂ ਛੱਤਾਂ ਅਤੇ ਸ਼ੀਸ਼ੇ ਦੀਆਂ ਬਾਰੀਆਂ ਵਾਲੇ ਘਰ ਉਸਾਰ ਕੇ ਅਸੀਂ ਉਹਨਾਂ ਪੰਛੀਆਂ ਤੋਂ ਸਦਾ ਲਈ ਵਿਛੜ ਗਏ, ਜੋ ਸਾਡੇ ਘਰਾਂ ਵਿੱਚ ਮਹਿਮਾਨ ਬਣ ਕੇ ਸਾਡੇ ਨਾਲ ਰਹਿੰਦੇ ਸਨ। ਵਿਕਾਸ ਦੀ ਹਨੇਰੀ ਸਾਡਾ ਬੜਾ ਕੁਝ ਉਡਾ ਕੇ ਲੈ ਗਈ। ਕੱਚੀਆਂ ਕੰਧਾਂ, ਪੁਰਾਣੇ ਰੁੱਖ, ਖੁੱਡਾਂ ਖੋਲੇ ਹੁਣ ਕਿਤੇ ਨਹੀਂ ਬਚੇ, ਸਾਡੇ ਉਹ ਪੰਛੀ ਚਿੜੀਆਂ, ਤੋਤੇ, ਗਟਾਰਾਂ ਜੋ ਅਜਿਹੀਆਂ ਥਾਵਾਂ ਤੇ ਆਹਲਣੇ ਪਾਉਂਦੇ ਸਨ, ਉਹ ਹੁਣ ਆਹਲਣੇ ਪਾਉਣ ਤੇ ਪਾਉਣ ਕਿੱਥੇ ?

ਸਾਡੇ ਪਿੰਡਾਂ ਵਿੱਚ ਹੁਣ ਉੱਚੀਆਂ ਕੋਠੀਆਂ ਉਸਰ ਗਈਆਂ ਹਨ, ਪਿੰਡ ਬਦਲ ਗਏ ਹਨ। ਕੁਝ ਦਹਾਕੇ ਪਹਿਲਾਂ ਦੇ ਸਾਡੇ ਪਿੰਡਾਂ ਵਿੱਚ ਕੁਝ ਸਾਝੀਆਂ ਥਾਵਾਂ ਹੁੰਦੀਆਂ ਸਨ, ਜਿੱਥੇ ਇਕ-ਦੋ ਵੱਡੇ ਰੁੱਖ ਪਿੱਪਲ ਜਾਂ ਬੋਹੜ ਹੁੰਦੇ ਸਨ। ਉੱਚਾ ਉਡਣ ਵਾਲੇ ਕੁਝ ਪੰਛੀ ਇਹਨਾਂ ਰੁੱਖਾਂ 'ਤੇ ਆਲ੍ਹਣੇ ਬਣਾਉਂਦੇ ਅਤੇ ਅੰਡੇ ਦਿੰਦੇ ਸਨ। ਇਸੇ ਤਰ੍ਹਾਂ ਹਰ ਪਿੰਡ ਵਿੱਚ ਇੱਕ ਛੱਪੜ ਹੁੰਦਾ ਸੀ, ਜੋ ਪਸ਼ੂਆਂ ਨੂੰ ਪਾਣੀ ਪਿਆਉਣ, ਨਹਾਉਣ ਲਈ ਵਰਤਿਆ ਜਾਂਦਾ ਸੀ। ਇੱਥੋਂ ਹੀ ਸਿਆਲ ਆਉਣ ਤੋਂ ਪਹਿਲਾਂ ਲੋਕ ਆਪਣੇ ਘਰਾਂ ਦੇ ਕੰਧਾਂ-ਕੌਲੇ ਲਿਪਣ ਲਈ ਗਿੱਲੀ ਮਿੱਟੀ ਲੈ ਕੇ ਜਾਂਦੇ ਸਨ। ਪੰਜਾਬ ਦੇ ਪਿੰਡਾਂ ਦੇ ਇਹਨਾਂ ਛੱਪੜਾਂ 'ਚ ਡੱਡੂ, ਮੱਛੀਆਂ, ਬਗਲੇ, ਕੱਛੂਕੁੰਮੇ, ਗਡੋਏ ਆਦਿ ਆਮ ਦੇਖੇ ਜਾ ਸਕਦੇ ਸਨ। ਚਿੜੀਆਂ, ਤੋਤੇ, ਲਾਲੀਆਂ, ਕਾਂ, ਕਬੂਤਰ ਆਦਿ ਘਰਾਂ ਦੀਆਂ ਕੰਧਾਂ, ਖੁੱਡਾਂ ਖੋਲਿਆਂ ਵਿੱਚ ਆਹਲਣੇ ਪਾਉਂਦੇ ਹਨ। ਜ਼ਿਆਦਾਤਰ ਪੰਛੀ ਉੱਚੇ, ਵੱਡੇ ਦਰਖਤਾਂ 'ਤੇ ਆਹਲਣੇ ਪਾਉਦੇ ਹਨ। ਇਸ ਤਰ੍ਹਾਂ ਹਰ ਪਿੰਡ ਵਿੱਚ ਇਕ ਤਰ੍ਹਾਂ ਦਾ ਇੱਕ ਮਨਮੋਹਕ ਦ੍ਰਿਸ਼ ਸਿਰਜਿਆ ਨਜ਼ਰ ਆਉਂਦਾ ਸੀ। ਆਹਲਣੇ ਬਣਾਉਣ ਲਈ ਇਹ ਵੱਖ ਵੱਖ ਜਾਨਵਰ ਵੱਖ ਵੱਖ ਤਰ੍ਹਾਂ ਦੇ ਕੱਖਾਂ ਨੂੰ ਵਰਤਦੇ ਹਨ। ਕੁਝ ਪੰਛੀ ਅਜਿਹੇ ਵੀ ਹਨ ਜਿਨ੍ਹਾਂ ਵਾਸਤੇ ਘਰ ਬਣਾਉਣ ਦਾ ਸਮਾਨ ਹੀ ਨਹੀਂ ਬਚਿਆ। ਇਹ ਸਭ ਕੁਝ ਸਾਡੀ ਮੁਨਾਫਾ ਬੁਟੋਰੂ ਬਜਾਰੂ ਸੋਚ ਦੀ ਭੇਂਟ ਚੜ੍ਹ ਗਿਆ।

ਇਕ ਬੜਾ ਪਿਆਰਾ ਪੰਛੀ ਹੈ, ਬਿਜੜਾ, ਜੋ ਸਰਕੜੇ ਨੂੰ ਚੀਰ ਕੇ ਆਪਣਾ ਘਰ ਬਣਾਉਂਦਾ ਹੈ। ਇਸ ਦਾ ਆਹਲਣਾ ਕਿੱਕਰਾਂ ਦੀਆਂ ਟਾਹਣੀਆਂ ਨਾਲ ਲਟਕਵੇਂ ਰੂਪ ਵਿੱਚ ਹੁੰਦਾ ਹੈ। ਦਹਾਕਾ ਕੁ ਪਹਿਲਾਂ ਬਿਜੜੇ ਦੇ ਆਹਲਣੇ ਕਿੱਕਰਾਂ ਨਾਲ ਲਟਕਦੇ ਬਾਹਰ ਖੇਤਾਂ ਵਿੱਚ ਆਮ ਨਜ਼ਰ ਆਉਦੇ ਸਨ, ਪਰ ਹੁਣ ਇਹ ਅਲੋਪ ਹੁੰਦੇ ਜਾ ਰਹੇ ਹਨ। ਅੱਜ ਕਿਤੇ ਵੀ ਸਰਕੜਾ ਨਹੀਂ ਰਿਹਾ ਅਤੇ ਕਿੱਕਰਾਂ ਵੀ ਸੁੱਕ ਗਈਆਂ ਹਨ। ਹੁਣ ਬਿਜੜਾ ਵਿਚਾਰਾ ਆਹਲਣਾ ਪਾਵੇ ਤੇ ਪਾਵੇ ਕਿੱਥੇ ?

ਕੁਦਰਤੀ ਜੰਗਲਾਂ ਅਤੇ ਰੁੱਖਾਂ ਹੇਠਲਾ ਰਕਬਾ ਦਿਨੋ-ਦਿਨ ਘੱਟ ਹੁੰਦਾ ਜਾ ਰਿਹਾ ਹੈ। ਚੀਤੇ, ਸ਼ਰੇ ਹਿਰਨ ਆਦਿ ਜਾਨਵਰ ਬੜੀ ਘੱਟ ਗਿਣਤੀ ਵਿੱਚ ਬਚੇ ਹਨ। ਤੇਜ਼ੀ ਨਾਲ ਜੰਗਲਾਂ ਨੂੰ ਸਾਫ ਕਰਕੇ ਮਨੁੱਖ ਨੇ ਧਰਤੀ ਨੂੰ ਜਾਂ ਤਾਂ ਵਾਹੀਯੋਗ ਬਣਾ ਲਿਆ ਹੈ ਜਾਂ ਇਹਨਾਂ ਜੰਗਲਾਂ ਦੀ ਥਾਂ ਇਮਾਰਤਾਂ ਦੇ ਜੰਗਲ ਉਸਾਰਨੇ ਸ਼ੁਰੂ ਕਰ ਦਿੱਤੇ ਹਨ। ਬਹੁਤ ਸਾਰਾ ਰਕਬਾ ਅਜਿਹਾ ਹੈ, ਜਿੱਥੇ ਜਾਂ ਤਾਂ ਵੱਡੇ-ਵੱਡੇ ਡੇਰੇ ਉਸਾਰ ਲਏ ਗਏ ਜਾਂ ਭੂ ਮਾਫੀਆ ਇਹਦੇ 'ਤੇ ਕਾਬਜ਼ ਹੋ ਗਿਆ। ਇਹਨਾਂ ਥਾਵਾਂ 'ਤੇ ਰੁੱਖ ਜਾਂ ਫਸਲਾਂ ਕੁਝ ਵੀ ਪੈਦਾ ਨਹੀਂ ਹੋ ਰਿਹਾ।

ਧਰਤੀ 'ਤੇ ਪੰਛੀਆਂ ਦੀ ਚਹਿਚਹਾਟ ਨੂੰ ਖਤਮ ਰੱਖਣ ਲਈ ਸਿੱਧੇ ਤੌਰ ਤੇ ਮਨੁੱਖ ਜਿੰਮੇਵਾਰ ਹੈ। ਕੁਝ ਸਾਲਾਂ ਤਕ ਅਸੀਂ ਆਪਣੇ ਬੱਚਿਆਂ ਨੂੰ ਬੱਖਤਾਂ, ਮੋਰ, ਬੁਲਬੁਲਾਂ ਦੀਆਂ ਤਸਵੀਰਾਂ ਕਿਤਾਬਾਂ ਵਿੱਚ ਹੀ ਦਿਖਾ ਸਕਾਂਗੇ। ਹਕੀਕਤ ਵਿੱਚ ਇਹਨਾਂ ਪੰਛੀਆਂ ਨੂੰ ਦੇਖਣਾ ਸ਼ਾਇਦ ਉਹਨਾਂ ਨੂੰ ਨਸੀਬ ਨਾ ਹੋਵੇ। ਮਨੁੱਖ ਨੇ ਆਪਣੀਆਂ ਸਹੂਲਤਾਂ ਲਈ ਕੁਦਰਤੀ ਬਨਸਪਤੀ ਅਤੇ ਜੀਵ ਜੰਤੂਆਂ ਨੂੰ ਖਤਮ ਕਰਨ ਦਾ ਜਿਵੇਂ ਤਹੱਈਆ ਹੀ ਕਰ ਲਿਆ ਹੈ।

ਅੱਜ ਮਨੁੱਖ ਇਸ ਧਰਤੀ 'ਤੇ ਦੂਜੇ ਸਭ ਜੀਵਾਂ ਵਾਸਤੇ ਬਹੁਤ ਭਿਆਨਕ ਸਾਬਤ ਹੋ ਰਿਹਾ ਹੈ। ਇਸ ਧਰਤੀ 'ਤੇ ਰਹਿਣ ਦਾ ਬਾਕੀ ਜੀਵਾਂ ਦਾ ਵੀ ਓਨਾ ਹੀ ਅਧਿਕਾਰ ਹੈ, ਜਿੰਨਾ ਕਿ ਮਨੁੱਖ ਦਾ। ਸਗੋਂ ਇਹ ਕਹਿ ਸਕਦੇ ਹਾਂ ਕਿ ਇਸ ਧਰਤੀ 'ਤੇ ਜੇ ਸਿਰਫ ਮਨੁੱਖ ਹੀ ਨਾ ਹੋਵੇ ਤਾਂ ਬਾਕੀ ਜੀਵ-ਜੰਤੂ ਬੜੇ ਆਰਾਮ ਨਾਲ ਸੁਖੀ ਜ਼ਿੰਦਗੀ ਬਤੀਤ ਕਰਨ। ਮਨੁੱਖ ਆਪਣੇ ਮੁਨਾਫਾ ਕਮਾਊ ਰਵੱਈਏ ਨੂੰ ਹਰ ਹਾਲਤ ਵਿੱਚ ਹਰ ਥਾਂ ਬਿਨਾਂ ਕਿਸੇ ਦੀ ਪ੍ਰਵਾਹ ਕੀਤਿਆਂ ? ਲਾਗੂ ਕਰਦਾ ਆਇਆ ਹੈ। ਮਨੁੱਖ ਨੇ ਕੁਦਰਤੀ ਨਿਯਮਾਂ, ਵਰਤਾਰਿਆਂ ਵਿਚ ਹੱਦੋਂ ਵੱਧ ਦਖਲ-ਅੰਦਾਜ਼ੀ ਕਰਨੀ ਅਰੰਭ ਕਰ ਦਿੱਤੀ ਹੈ, ਜਿਸ ਕਰਕੇ ਪਿਛਲੇ ਕੁਝ ਅਰਸੇ ਤੋਂ ਹੀ ਕੁਝ ਜੀਵਾਂ ਦੀਆਂ ਨਸਲਾਂ ਬੜੀ ਤੇਜ਼ੀ ਨਾਲ ਖਤਮ ਹੋਣੀਆਂ ਸ਼ੁਰੂ ਹੋ ਗਈਆਂ ਹਨ ਅਤੇ ਕੁਝ ਜੀਵ ਜਾਤੀਆਂ ਅਜਿਹੀਆਂ ਵੀ ਹਨ, ਜਿਹਨਾਂ ਦਾ ਮਨੁੱਖ ਦੁਆਰਾ ਸਫਾਇਆ ਹੀ ਹੋ ਗਿਆ ਹੈ। ਇਸ ਪਾਪ ਤੋਂ ਮਨੁੱਖ ਜਾਤੀ ਨੂੰ ਕਦੇ ਵੀ ਬਰੀ ਨਹੀਂ ਕੀਤਾ ਜਾ ਸਕਦਾ।

ਮਨੁੱਖ ਆਪਣੇ ਲਈ ਹਰ ਹਰਬਾ ਵਰਤ ਕੇ ਦੌਲਤ ਦੇ ਅੰਬਾਰ ਲਗਾਉਣ ਲਈ ਹਾਬੜਿਆ ਫਿਰਦਾ ਹੈ। ਦੁਨਿਆਵੀ ਪਦਾਰਥਾਂ ਨੂੰ ਇਕੱਠਾ ਕਰਨ ਦੀ ਹਵਸ ਕਾਰਨ ਮਨੁੱਖ ਆਪਣੇ ਕੁਦਰਤੀ ਵਸੀਲਿਆਂ ਨੂੰ ਲਗਾਤਾਰ ਨਸ਼ਟ ਕਰਦਾ ਜਾ ਰਿਹਾ ਹੈ। ਮੋਟਰ-ਗੱਡੀਆਂ, ਹਵਾਈ ਜਹਾਜ਼ਾਂ , ਰਾਕਟਾਂ, ਮਿਜ਼ਾਇਲਾਂ, ਕਾਰਖਾਨਿਆਂ , ਫੈਕਟਰੀਆਂ ਤੋਂ ਇਲਾਵਾ ਖੇਤੀ ਤੋਂ ਬਚੀ ਰਹਿੰਦ-ਖੂੰਹਦ ਨੂੰ ਸਾੜਨ ਤੋਂ ਪੈਦਾ ਹੋਏ ਜ਼ਹਿਰੀਲੇ ਧੂੰਏਂ ਨੇ ਵਾਤਾਵਰਨ ਨੂੰ ਪਲੀਤ ਕਰ ਦਿੱਤਾ ਹੈ। ਖ਼ਪਤ ਦੇ ਵਧਣ ਨਾਲ ਫੈਕਟਰੀਆਂ, ਕਾਰਖਾਨੇ ਵਧ ਰਹੇ ਹਨ। ਦਰਿਆਵਾਂ ਨਦੀਆਂ ਦੇ ਪਾਣੀਆਂ ਦੀ ਸਵੱਛਤਾ ਖਤਮ ਹੋ ਗਈ ਹੈ। ਦਰਿਆ ਗੰਦੇ ਨਾਲਿਆਂ ਦਾ ਰੂਪ ਧਾਰਨ ਕਰਦੇ ਜਾ ਰਹੇ ਹਨ। ਇਹਨਾਂ ਦੇ ਪਾਣੀਆਂ ਤੇ ਨਿਰਭਰ ਰਹਿਣ ਵਾਲੇ ਪੰਛੀਆਂ ਦੀਆਂ ਨਸਲਾਂ ਬੁਰੀ ਤਰਾਂ ਪ੍ਰਭਾਵਿਤ ਹੋਈਆਂ ਹਨ। ਪਰਵਾਸੀ ਪੰਛੀ ਜੋ ਸਰਦ ਰੁੱਤ ਵਿੱਚ ਸਾਡੇ ਮਹਿਮਾਨ ਬਣਕੇ ਦਰਿਆਵਾਂ ਝੀਲਾਂ 'ਤੇ ਆਉਂਦੇ ਸਨ ਦੀ ਗਿਣਤੀ ਘੱਟ ਹੋਣੀ ਅਰੰਭ ਹੋ ਗਈ ਹੈ।

ਖੇਤਾਂ ਵਿੱਚ ਵੱਧ ਝਾੜ ਲੈਣ ਅਤੇ ਮੁਨਾਫੇ ਵਾਲੀਆਂ ਫਸਲਾਂ ਬੀਜਣ ਦੇ ਰੁਝਾਨ ਕਾਰਨ ਜਿੱਥੇ ਜੀਵਾਂ ਅਤੇ ਪੌਦਿਆਂ ਦੀ ਵੰਨਸੁਵੰਨਤਾ ਘਟੀ ਹੈ, ਉੱਥੇ ਵੱਡੀ ਪੱਧਰ 'ਤੇ ਕੀਤੇ ਜਾ ਰਹੇ ਜ਼ਹਿਰਾਂ ਦੇ ਛਿੜਕਾਅ ਨੇ ਕੁਦਰਤੀ ਸੰਤੁਲਨ ਨੂੰ ਵਿਗਾੜਨਾ ਆਰੰਭ ਕਰ ਦਿੱਤਾ ਹੈ। ਇਸ ਨਾਲ ਸਾਡਾ ਆਲਾ-ਦੁਆਲਾ ਬੁਰੀ ਤਰਾਂ ਪ੍ਰਭਾਵਤ ਹੋਇਆ ਹੈ। ਪੰਛੀ ਮਰ ਰਹੇ ਹਨ, ਕੀੜੇ-ਮਕੌੜੇ, ਮੱਛਰ, ਮੱਖੀਆਂ ਵਧ ਰਹੇ ਹਨ, ਜਿਸ ਕਰਕੇ ਬਿਮਾਰੀਆਂ ਵਧ ਰਹੀਆਂ ਹਨ, ਮਨੁੱਖ ਦਾ ਅਰੋਗ ਰਹਿਣਾ ਇੱਕ ਕਿਸਮ ਦੀ ਚੁਣੌਤੀ ਬਣਦਾ ਜਾ ਰਿਹਾ ਹੈ। ਹਰ ਸਾਲ ਜ਼ਹਿਰਾਂ ਦੇ ਭਰੇ ਟਰੱਕ ਕਿਸਾਨ ਆਪਣੀਆਂ ਜ਼ਮੀਨਾਂ ਵਿੱਚ ਖਪਾ ਰਹੇ ਹਨ। ਅਜਿਹੀ ਭਿਆਨਕ ਬਣ ਰਹੀ ਸਥਿਤੀ ਵਿੱਚ ਇਹ ਪੰਛੀ, ਮਲੂਕ ਜਿੰਦਾਂ ਕਦੋਂ ਕੁ ਤੱਕ ਸਾਡੇ ਮਿੱਤਰ ਬਣੇ ਰਹਿਣਗੇ ? ਕੁਦਰਤੀ ਵਾਤਾਵਰਨ ਵਿੱਚ ਆਏ ਇਸ ਵਿਗਾੜ ਕਾਰਨ ਪੰਛੀਆਂ ਦੀਆਂ ਕਈ ਨਸਲਾਂ ਨਸ਼ਟ ਹੋ ਗਈਆਂ ਅਤੇ ਕਈਆਂ 'ਤੇ ਖਤਰੇ ਦੇ ਬੱਦਲ ਮੰਡਰਾ ਰਹੇ ਹਨ। ਮੱਛਰ, ਮੱਖੀਆਂ, ਸੁੰਡੀਆਂ ਜੋ ਪੰਛੀਆਂ ਦੀ ਖੁਰਾਕ ਬਣਦੇ ਸਨ, ਵਧਣ ਲੱਗ ਪਏ ਹਨ। ਇਸ ਕਰਕੇ ਮਨੁੱਖ ਦੀਆਂ ਖਾਣ ਪੀਣ ਵਾਲੀਆਂ ਵਸਤਾਂ ਵੀ ਦੂਸ਼ਿਤ ਹੋਣ ਲੱਗ ਪਈਆਂ ਹਨ। ਬਿਮਾਰੀਆਂ ਦੁਸ਼ਵਾਰੀਆਂ ਦਾ ਪ੍ਰਕੋਪ ਵਧ ਰਿਹਾ ਹੈ। ਕੁਦਰਤੀ ਵਾਤਾਵਰਨ ਵਿੱਚ ਕੀਤੀ ਹੱਦੋਂ ਵੱਧ ਦਖਲ ਅੰਦਾਜ਼ੀ ਦੀ ਕੀਮਤ ਸਾਨੂੰ ਬਹੁਤ ਮਹਿੰਗੇ ਮੁੱਲ ਤਾਰਨੀ ਪਵੇਗੀ।

ਹਰ ਮਨੁੱਖ ਰੁੱਖ ਲਾਉਣ ਵਿੱਚ ਆਪਣਾ ਬਣਦਾ ਯੋਗਦਾਨ ਦੇ ਸਕਦਾ ਹੈ। ਘਰਾਂ ਵਿੱਚ ਲਿਆਂਦੇ ਫਲਾਂ ਦੀਆਂ ਗਿਟਕਾਂ/ਬੀਜ ਇਕੱਠੇ ਕਰਦੇ ਰਹੋ, ਇਹਨਾਂ ਨੂੰ ਸੜਕਾਂ, ਨਹਿਰਾਂ ਅਤੇ ਹੋਰ ਖਾਲੀ ਥਾਵਾਂ 'ਤੇ ਖਿਲਾਰੋ/ਦੱਬੋ ਜਿੱਥੇ ਇਹ ਫੁੱਟਣ ਤੇ ਰੁੱਖ ਬਣਨ। ਮੌਨਸੂਨ ਦੇ ਇਸ ਮੌਸਮ ਵਿੱਚ ਰੁੱਖ ਲਾਓ, ਰੁੱਖਾਂ ਦਾ ਸਤਿਕਾਰ ਕਰੋ, ਰੁੱਖਾਂ ਦਾ ਵਢਾਂਗਾ ਰੋਕਣ ਲਈ ਯਤਨਸ਼ੀਲ ਹੋਵੋ। ਕਿਤੇ ਇਹ ਨਾ ਹੋਵੇ ਕਿ ਸਾਡੀਆਂ ਆਉਣ ਵਾਲੀਆਂ ਨਸਲਾਂ ਨੂੰ ਸਾਡੇ 'ਕੀਤਿਆਂ' 'ਤੇ ਖੂਨ ਦੇ ਅੱਥਰੂ ਵਹਾਉਣੇ ਪੈਣ।

*# ਸੰਪਰਕ : 98550-51099*

7-JULY-PAGE-5.qxd 7/6/2023 10:44 PM Page 1



# ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਵੱਲੋਂ ਕਲਮ ਛੋੜ ਹੜਤਾਲ, ਕੰਮ-ਕਾਜ ਰਿਹਾ ਠੱਪ






**ਅਹਿਮਦਗੜ੍ਹ (ਪਵਨ ਗੁਪਤਾ)**

ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਵੀਰਵਾਰ ਤੋਂ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਤੇ ਆਈ ਈ ਆਰ ਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ, ਪਰ ਜੋ ਸੱਚਾਈ ਸਾਹਮਣੇ ਆਈ ਹੈ, ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ।

ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸਰਵਸਿੱਖਿਆ ਅਭਿਆਨ ਅਧੀਨ 2005 ਤੋਂ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਨੂੰ ਪੜ੍ਹਾਉਂਦੇ ਇਨਕਲੂਸਿਵ ਐਜੂਕੇਸ਼ਨ ਰੀਸੋਰਸ ਟ੍ਰੇਨਰ ਯੂਨੀਅਨ ਦੇ ਆਗੂ ਸ੍ਰੀਮਤੀ ਬਲਜਿੰਦਰ ਕੌਰ ਨੇ ਕਿਹਾ ਕਿ ਇਨਕਲੂਸਿਵ ਐਜੂਕੇਸ਼ਨ ਰੀਸੋਰਸ ਟ੍ਰੇਨਰ ਦੀ ਤਕਰੀਬਨ 10000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ, ਜਿਸ ਕਾਰਨ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਪੜ੍ਹਾਉਂਦੇ ਅਧਿਆਪਕਾਂ ਨੂੰ ਵਿੱਤੀ ਨੁਕਸਾਨ ਦੇ ਨਾਲ-ਨਾਲ ਮਾਨਸਿਕ ਪ੍ਰੇਸ਼ਾਨੀ ਵੱਲ ਧੱਕਿਆ ਜਾ ਰਿਹਾ ਹੈ। ਇਸ ਦੇ ਨਾਲ ਹੀ ਵਿਸ਼ੇਸ਼ ਅਧਿਆਪਕਾਂ ਨੂੰ ਸਾਲ 2018 ਤੋਂ ਤਨਖਾਹ ਵਿੱਚ ਕੀਤਾ ਜਾਣ ਵਾਲਾ ਵਾਧਾ ਰੋਕ ਕੇ 1-4-15 ਤੋਂ ਪੰਜਾਬ ਸਰਕਾਰ ਵੱਲੋਂ ਜਾਰੀ ਪੇ ਸਕੇਲ ਪੱਤਰ ਦੀ ਉਲੰਘਣਾ ਕੀਤੀ ਗਈ ਹੈ।

ਆਗੂ ਨੇ ਦੱਸਿਆ ਕਿ ਜਦੋਂ 7 ਅਕਤੂਬਰ 2022 ਨੂੰ ਪਾਲਿਸੀ ਜਾਰੀ ਹੋਈ ਸੀ ਤਾਂ ਮੁਲਾਜ਼ਮਾਂ ਨੂੰ ਕੁਝ ਖਦਸ਼ੇ ਸੀ, ਜਿਸ ਸਬੰਧੀ ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਪੰਜਾਬ ਭਵਨ ਵਿਖੇ ਕੀਤੀ ਪ੍ਰੈੱਸ ਕਾਨਫਰੰਸ ਵਿੱਚ ਸਪੱਸ਼ਟ ਕਿਹਾ ਸੀ ਕਿ ਰੈਗੂਲਰ ਮੁਲਾਜ਼ਮਾਂ ਵਾਂਗ ਇਨ੍ਹਾਂ ਕੱਚੇ ਮੁਲਾਜ਼ਮਾਂ ਨੂੰ ਵੀ ਰੈਗੂਲਰ ਹੋਣ 'ਤੇ ਪੇ ਸਕੇਲ ਭੱਤੇ ਸੀ.ਐੱਸ.ਆਰ. ਰੂਲ ਤੇ ਪੈਨਸ਼ਨਰੀ ਲਾਭ ਮਿਲਣਗੇ, ਪਰ 9 ਮਹੀਨਿਆ ਬਾਅਦ ਜੋ ਸੱਚਾਈ ਸਾਹਮਣੇ ਆਈ ਹੈ, ਉਹ ਹਰ ਇਕ ਕੱਚੇ ਮੁਲਾਜ਼ਮ ਦੇ ਹੋਸ਼ ਉਡਾਉਣ ਵਾਲੀ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ।

ਆਗੂਆਂ ਨੇ ਕਿਹਾ ਕਿ 1 ਅਪ੍ਰੈਲ 2018 ਨੂੰ ਸਰਵਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਸਾਰੇ ਲਾਭ ਦੇ ਕੇ ਰੈਗੂਲਰ ਕਰ ਦਿੱਤਾ ਗਿਆ ਸੀ, ਪ੍ਰੰਤੂ ਉਸ ਸਮੇਂ ਵੀ ਵਿਸ਼ੇਸ਼ ਅਧਿਆਪਕਾਂ (ਇਨਕਲੂਸਿਵ ਐਜੂਕੇਸ਼ਨ ਰੀਸੋਰਸ ਟ੍ਰੇਨਰ) ਨਾਲ ਵਿਤਕਰਾ ਕੀਤਾ ਗਿਆ ਅਤੇ ਹੁਣ ਇਸ ਸਰਕਾਰ ਵੱਲੋਂ ਵੀ ਰੈਗੂਲਰ ਦੇ ਨਾਮ 'ਤੇ ਸਿਰਫ ਅਖਬਾਰੀ ਪ੍ਰਚਾਰ ਕਰਕੇ ਬੁੱਤਾ ਸਾਰਿਆ ਜਾ ਰਿਹਾ ਹੈ, ਜਿਸ ਕਰਕੇ ਮੁਲਾਜ਼ਮ ਹੜਤਾਲ ਕਰਨ ਨੂੰ ਮਜਬੂਰ ਹੋਏ ਹਨ। ਇਸ ਮੌਕੇ ਜਤਿਨ ਮਹਿਤਾ, ਹਰੀਸ਼ ਕੁਮਾਰ, ਜਫਰ ਅਬਾਸ, ਬਲਜਿੰਦਰ ਕੌਰ, ਜਤਿੰਦਰ ਸਿੰਘ, ਜਸਵੀਰ ਕੌਰ ਆਦਿ ਹਾਜ਼ਰ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਅੱਜ ਤੋਂ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਤੇ ਆਈਈਆਰਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ, ਪਰ ਜੋ ਸੱਚਾਈ ਸਾਹਮਣੇ ਆਈ ਹੈ, ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ।ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ ਐੱਸ ਆਰ ਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ ਜੋ ਕਿ ਕੋਰਾ ਝੂਠ ਹੈ।ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸਰਵਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਜਨਕ ਸਿੰਘ, ਰਜਿੰਦਰ ਸਿੰਘ ਸੰਧਾ, ਸਰਬਜੀਤ ਸਿੰਘ ਟੁਰਨਾ ਨੇ ਕਿਹਾ ਕਿ ਅਕਾਲੀ ਦਲ ਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ।ਆਗੂਆਂ ਨੇ ਕਿਹਾ ਕਿ 1 ਅਪ੍ਰੈਲ 2018 ਨੂੰ ਸਰਵਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਸਾਰੇ ਲਾਭ ਦੇ ਕੇ ਰੈਗੂਲਰ ਕਰ ਦਿੱਤਾ ਗਿਆ ਸੀ, ਪਰ ਉਸ ਸਮੇਂ ਵੀ ਦਫਤਰੀ ਕਰਮਚਾਰੀਆਂ ਨਾਲ ਵਿਤਕਰਾ ਕੀਤਾ ਗਿਆ ਤੇ ਹੁਣ ਇਸ ਸਰਕਾਰ ਵੱਲੋਂ ਵੀ ਰੈਗੂਲਰ ਦੇ ਨਾਮ 'ਤੇ ਸਿਰਫ ਅਖਬਾਰੀ ਪ੍ਰਚਾਰ ਕਰਕੇ ਬੁੱਤਾ ਸਾਰਿਆ ਜਾ ਰਿਹਾ ਹੈ, ਜਿਸ ਕਰਕੇ ਮੁਲਾਜ਼ਮ ਹੜਤਾਲ ਕਰਨ ਨੂੰ ਮਜਬੂਰ ਹੋਏ ਹਨ।

## ਕੱਚੇ ਦਫਤਰੀ ਮੁਲਾਜ਼ਮਾਂ ਦੀ ਹੜਤਾਲ ਨੂੰ ਡੀ ਟੀ ਐੱਫ ਵੱਲੋਂ ਡਟਵੀਂ ਹਮਾਇਤ

### ਪੇਅ ਸਕੇਲ, ਸੀ ਐੱਸ ਆਰ ਤੇ ਪੈਨਸ਼ਨਰੀ ਲਾਭ ਦੇ ਕੇ ਸੇਵਾਵਾਂ ਰੈਗੂਲਰ ਕੀਤੀਆਂ ਜਾਣ : ਦਿਗਵਿਜੇਪਾਲ



**ਮੋਗਾ (ਅਮਰਜੀਤ ਬੱਬਰੀ)**-ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਅੱਜ ਤੋਂ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਤੇ ਆਈ ਈ ਆਰ ਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ, ਪਰ ਜੋ ਸੱਚਾਈ ਸਾਹਮਣੇ ਆਈ ਹੈ, ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ.ਐਸ.ਆਰ. ਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ 'ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ, ਜੋ ਕਿ ਕੋਰਾ ਝੂਠ ਹੈ। ਇਸ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ ਨੇ ਕਿਹਾ ਕਿ ਅਕਾਲੀ ਦਲ ਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆਂ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ। ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਘੋਲੀਆਂ, ਜ਼ਿਲ੍ਹਾ ਮੀਤ ਪ੍ਰਧਾਨ ਸਵਰਨ ਦਾਸ ਨੇ ਕਿਹਾ ਕਿ ਮਿਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ ਵਿੱਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਡੀਟੀਐੱਫ ਪੰਜਾਬ ਦੀ ਸੂਬਾ ਕਮੇਟੀ ਮੰਗ ਕਰਦੀ ਹੈ ਕਿ ਜਲਦੀ ਤੋਂ ਜਲਦੀ ਕੱਚੇ ਦਫਤਰੀ ਮੁਲਾਜ਼ਮਾਂ ਨੂੰ ਸਹੀ ਅਰਥਾਂ ਵਿੱਚ ਸਾਰੇ ਲਾਭ ਦੇ ਕੇ ਪੱਕਾ ਕੀਤਾ ਜਾਵੇ, ਨਹੀਂ ਤਾਂ ਡੀਟੀਐੱਫ ਵੀ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਸਰਕਾਰ ਖਿਲਾਫ ਵਿੱਢੇ ਸੰਘਰਸ਼ ਵਿੱਚ ਹਿੱਸਾ ਪਾ ਕੇ ਇਸ ਨੂੰ ਹੋਰ ਤਿੱਖਾ ਕਰੇਗੀ। ਜਥੇਬੰਦੀ ਨੇ ਕੱਚੇ ਮੁਲਾਜ਼ਮਾਂ ਦੇ ਚੱਲ ਰਹੇ ਸੰਘਰਸ਼ ਨੂੰ ਭਰਵੀਂ ਹਮਾਇਤ ਦੇਣ ਦਾ ਵੀ ਐਲਾਨ ਕੀਤਾ।

## ਕਾਤਰਾਂ

### ਬਜ਼ੁਰਗਾਂ ਨੂੰ ਵੀ ਬੱਸ ਕਿਰਾਏ 'ਚ ਛੋਟ ਕਰੇ ਸਰਕਾਰ : ਭਿੰਡਰ

**ਸੰਗਰੂਰ (ਪ੍ਰਵੀਨ ਸਿੰਘ)**-ਸ. ਗੁਰਨਾਮ ਸਿੰਘ ਭਿੰਡਰ ਪ੍ਰਧਾਨ ਲੋਕ ਭਲਾਈ ਸੰਘਰਸ਼ ਕਮੇਟੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਔਰਤਾਂ ਨੂੰ ਬੱਸਾਂ ਮੁਫਤ ਸਫਰ ਦੀ ਸਹੂਲਤ ਦਿੱਤੀ ਹੋਈ ਹੈ, ਪਰ 65.70 ਮਰਦਾਂ ਨੂੰ ਕੋਈ ਸਹੂਲਤ ਨਹੀ। ਸ੍ਰ. ਭਿੰਡਰ ਨੇ ਕਿਹਾ ਕਿ ਅਸੀਂ ਮੁਫਤ ਸਫਰ ਨਹੀਂ ਚਾਹੁੰਦੇ ਪਰ ਬੁੱਢੇ ਬਾਬਿਆਂ ਨੂੰ ਬੱਸ ਦਾ ਸਫਰ ਕਰਨ ਸਮੇਂ ਕਿਰਾਇਆ ਅੱਧਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 65 ਸਾਲਾਂ ਦੀ ਉਮਰ ਤੋਂ ਪਹਿਲਾਂ ਕਿਸੇ ਮਰਦ ਤੇ ਔਰਤ ਨੂੰ ਮੁਫਤ ਸਫਰ ਦੀ ਸਹੂਲਤ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਅਸੀਂ ਇਸ ਸਬੰਧੀ ਕੁਝ ਦਿਨਾਂ 'ਚ ਇੱਕ ਮੰਗ ਪੱਤਰ ਡੀ ਸੀ ਸੰਗਰੂਰ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਨੂੰ ਭੇਜਾਂਗੇ।

### ਇੰਗਲਿਸ਼ ਸਟੂਡੀਓ ਕੈਨੇਡਾ ਦੇ ਸਟੱਡੀ ਵੀਜ਼ਾ 'ਚ ਮੋਹਰੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇੰਗਲਿਸ਼ ਸਟੂਡੀਓ ਸੰਸਥਾ, ਜੋ ਕੋਟਕਪੂਰਾ ਰੋਡ ਉਤੇ ਬਾਘਾ ਪੁਰਾਣਾ ਵਿਖੇ ਪੈਟ੍ਰੋਲ ਪੰਪ ਦੇ ਸਾਹਮਣੇ ਹੈ, ਇਥੇ ਵਿਦਿਆਰਥੀਆਂ ਨੂੰ ਸਾਰੀਆਂ ਆਧੁਨਿਕ ਤੇ ਬੁਨਿਆਦੀ ਸਹੂਲਤਾਂ ਪ੍ਰਧਾਨ ਕੀਤੀਆਂ ਜਾਂਦੀਆਂ ਹਨ। ਇਥੇ ਆਈਲੈਟਸ ਕਰਕੇ ਵਿਦਿਆਰਥੀ ਆਪਣੇ ਵਿਦੇਸ਼ ਜਾਣ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ, ਇਸ ਵਾਰ ਇਸ ਸੰਸਥਾ ਦਾ ਵਿਦਿਆਰਥੀ ਮਨਰਾਜ ਸਿੰਘ ਪੁੱਤਰ ਗੁਰਵਿੰਦਰ ਸਿੰਘ ਵਾਸੀ ਅਬੋਹਰ ਸ਼ਹਿਰ ਦਾ ਕੈਨੇਡਾ ਦੇ ਟੋਰਾਂਟੋ ਸ਼ਹਿਰ ਵਿੱਚ ਸਥਿਤ ਫਲੇਮਿੰਗ ਕਾਲਜ ਕੈਨੇਡਾ ਦਾ ਸਟੱਡੀ ਵੀਜ਼ਾ ਬਹੁਤ ਹੀ ਥੋੜ੍ਹੇ ਸਮੇਂ 'ਚ ਲਗਾਇਆ ਹੈ। ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਵਿਦਿਆਰਥੀ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

### ਕਹਾਣੀਕਾਰ ਸੁਖਜੀਤ ਨਾਲ ਰੂ-ਬ-ਰੂ ਸਮਾਗਮ 12 ਨੂੰ



**ਲੁਧਿਆਣਾ (ਭਾਟੀਆ, ਕਥੂਰੀਆ, ਪ੍ਰਦੀਪ)**-ਜ਼ਿਲ੍ਹਾ ਭਾਸ਼ਾ ਅਫ਼ਸਰ ਲੁਧਿਆਣਾ ਡਾ. ਸੰਦੀਪ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਸ਼ਾ ਵਿਭਾਗ ਵੱਲੋਂ ਇੱਕ ਸਮਾਗਮ ਉਲੀਕਿਆ ਗਿਆ ਹੈ, ਜਿਸ ਵਿੱਚ ਸਮਕਾਲੀ ਪੰਜਾਬੀ ਸਾਹਿਤ ਜਗਤ ਵਿੱਚ ਪ੍ਰਮੁੱਖ ਸਥਾਨ ਰੱਖਣ ਵਾਲੇ, ਇਸ ਵਰ੍ਹੇ ਦੇ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਤੇ ਪੰਜਾਬੀ ਦੇ ਹਰਮਨ ਪਿਆਰੇ ਕਹਾਣੀਕਾਰ ਸ਼੍ਰੀ ਸੁਖਜੀਤ 12 ਜੁਲਾਈ ਨੂੰ ਸਰੋਤਿਆਂ ਦੇ ਰੂ-ਬਰੂ ਹੋਣਗੇ। ਡਾ. ਸ਼ਰਮਾ ਨੇ ਦੱਸਿਆ ਕਿ ਸ਼੍ਰੀ ਸੁਖਜੀਤ ਨਾਲ ਰੂ-ਬ-ਰੂ ਦਾ ਇਹ ਸਾਹਿਤਕ ਸਮਾਗਮ ਬੁੱਧਵਾਰ ਨੂੰ ਸਰਕਾਰੀ ਕਾਲਜ (ਲੜਕੀਆਂ) ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ ਵਿਖੇ ਰੱਖਿਆ ਗਿਆ ਹੈ, ਜਿਸ ਵਿੱਚ ਸ਼੍ਰੀ ਸੁਖਜੀਤ ਵਿਦਿਆਰਥੀਆਂ ਨਾਲ ਆਪਣੀ ਸਿਰਜਣ ਪ੍ਰਕਿਰਿਆ ਤੇ ਜੀਵਨ ਦੇ ਅਨੁਭਵ ਸਾਂਝੇ ਕਰਨਗੇ। ਸ਼੍ਰੀ ਸੁਖਜੀਤ ਦੀ ਸਾਹਿਤਕ ਸਿਰਜਣਾ ਬਾਰੇ ਕਹਾਣੀਕਾਰ ਸ਼੍ਰੀ ਬਲਵਿੰਦਰ ਗਰੇਵਾਲ ਵਿਸਥਾਰ ਵਿੱਚ ਚਰਚਾ ਕਰਨਗੇ। ਇਸ ਮੌਕੇ ਸਰਕਾਰੀ ਕਾਲਜ (ਲੜਕੀਆਂ) ਮਾਛੀਵਾੜਾ ਦਾ ਸਮੁੱਚਾ ਸਟਾਫ, ਵਿਦਿਆਰਥੀ ਤੇ ਇਲਾਕੇ ਦੀਆਂ ਹੋਰ ਸਾਹਿਤਕ ਸ਼ਖਸੀਅਤਾਂ ਵੀ ਹਾਜ਼ਰ ਰਹਿਣਗੀਆਂ।

## ਮਾਮਲਾ ਗਰੀਬ ਪਰਵਾਰਾਂ 'ਤੇ ਪੁਲਸ ਅੱਤਿਆਚਾਰ ਦਾ
## ਕਿਰਤੀ ਕਿਸਾਨ ਯੂਨੀਅਨ ਨੇ ਪੀੜਤਾਂ ਨੂੰ ਨੌਕਰੀ ਦੇਣ ਦੀ ਮੰਗ ਉਠਾਈ

### ਥਾਣੇ ਮੂਹਰੇ ਚੱਲ ਰਿਹਾ ਧਰਨਾ 459ਵੇਂ ਦਿਨ 'ਚ ਸ਼ਾਮਲ



**ਜਗਰਾਉਂ (ਨਛੱਤਰ ਸੰਧੂ)**-ਬੀਤੇ ਕੱਲ੍ਹ ਕਿਰਤੀ ਕਿਸਾਨ ਯੂਨੀਅਨ (ਰਜਿ.) ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ ਨੇ ਸੀਨੀਅਰ ਪੁਲਸ ਕਪਤਾਨ ਤੇ ਉੱਪ ਪੁਲਸ ਕਪਤਾਨ ਨਾਲ 465 ਦਿਨਾਂ ਤੋਂ ਪੁਲਸ ਅੱਤਿਆਚਾਰ ਖਿਲਾਫ ਚੱਲ ਰਹੇ ਪੱਕੇ ਮੋਰਚੇ ਸਬੰਧੀ ਮੀਟਿੰਗ ਕੀਤੀ ਤੇ ਪੀੜਤ ਪਰਿਵਾਰਾਂ ਨੂੰ ਨਿਆਂ ਦੇਣ ਦੀ ਮੰਗ ਕੀਤੀ। ਪ੍ਰੈੱਸ ਨੂੰ ਜਾਰੀ ਬਿਆਨ 'ਚ ਤਰਲੋਚਨ ਸਿੰਘ ਝੋਰੜਾਂ ਨੇ ਦੱਸਿਆ ਕਿ ਵਫਦ ਨੇ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਗਰੀਬ ਪਰਿਵਾਰਾਂ 'ਤੇ ਜ਼ੁਲਮ ਕਰਨ ਵਾਲੇ ਤੱਤਕਾਲੀ ਆਪੂ ਬਣੇ ਥਾਣੇਦਾਰ ਗੁਰਿੰਦਰ ਬੱਲ ਤੇ ਸਹਾਇਕ ਥਾਣੇਦਾਰ ਰਾਜਵੀਰ ਸਮੇਤ ਸਾਰੇ ਦੋਸ਼ੀਆਂ ਨੂੰ ਕੌਮੀ ਕਮਿਸ਼ਨ ਦੇ ਹੁਕਮਾਂ ਅਨੁਸਾਰ ਗ੍ਰਿਫਤਾਰ ਕੀਤਾ ਜਾਵੇ ਤੇ ਦੋਵੇਂ ਪੀੜਤ ਪਰਿਵਾਰਾਂ ਨੂੰ ਕਮਿਸ਼ਨ ਦਿੱਲੀ ਦੇ ਆਦੇਸ਼ਾਂ ਅਨੁਸਾਰ ਹੀ ਫੌਰੀ ਮੁਆਵਜ਼ਾ, ਪੈਨਸ਼ਨ ਤੇ ਤਰਸ ਦੇ ਅਧਾਰ 'ਤੇ ਨੌਕਰੀ ਦਿੱਤੀ ਜਾਵੇ। ਝੋਰੜਾਂ ਅਨੁਸਾਰ ਵਫਦ ਦੇ ਨੇ ਪ੍ਰਸ਼ਾਸਨ ਦੇ ਧਿਆਨ 'ਚ ਲਿਆਂਦਾ ਹੈ ਕਿ ਅੱਤਿਆਚਾਰ ਦੇ ਇਸ ਮਾਮਲੇ ਦੇ ਪੜਤਾਲੀਆ ਅਧਿਕਾਰੀ ਰਹੇ ਮਨੁੱਖੀ ਅਧਿਕਾਰ ਕਮਿਸਨ ਦੇ ਸਾਬਕਾ ਡੀਜੀਪੀ ਰਜਿੰਦਰ ਸਿੰਘ ਨੇ ਵੀ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੂੰ ਪੱਤਰ ਲਿਖ ਕੇ ਨੌਕਰੀ ਦੇਣ ਦੀ ਸਿਫਾਰਸ਼ ਕੀਤੀ ਹੈ। ਕਾਬਲੇ ਗੌਰ ਹੈ ਕਿ ਪੀੜਤ ਪਰਿਵਾਰ ਕਰੀਬ ਸਵਾ ਸਾਲ਼ ਤੋਂ ਥਾਣੇ ਮੂਹਰੇ ਪੱਕੇ ਧਰਨੇ 'ਤੇ ਬੈਠਾ ਹੈ। ਵਫਦ ਨੇ ਇਹ ਵੀ ਦੱਸਿਆ ਕਿ ਜਿਵੇਂ ਪ੍ਰਸ਼ਾਸਨ ਨੇ ਪੀੜਤ ਪਰਿਵਾਰ ਨੂੰ ਮੁਆਵਜ਼ਾ ਦੇਣ ਦੀ ਸਿਫਾਰਸ਼ ਕੀਤੀ ਸੀ ਅਤੇ ਕੌਮੀ ਕਮਿਸ਼ਨ ਨੇ ਪੰਜਾਬ ਸਰਕਾਰ ਨੂੰ ਮੁਆਵਜ਼ੇ ਦਾ ਆਦੇਸ਼ ਜਾਰੀ ਕੀਤਾ ਹੈ, ਵਾਂਗ ਹੀ ਨੌਕਰੀ ਦੀ ਸਿਫਾਰਸ਼ ਵੀ ਕੀਤੀ ਜਾਵੇ ਤਾਂ ਕਿ ਪਰਿਵਾਰ ਨੂੰ ਰਾਹਤ ਮਿਲ ਸਕੇ। ਦੱਸਣਾਯੋਗ ਹੈ ਕਿ 19 ਸਾਲਾਂ ਤੋਂ ਨਿਆਂ ਲਈ ਲੜ ਰਹੇ ਪੀੜਤ ਪਰਿਵਾਰਾਂ ਦਾ ਹੁਣ ਤੱਕ ਭਾਰੀ ਨਾ ਪੂਰਾ ਹੋਣ ਯੋਗ ਆਰਥਿਕ, ਸਮਾਜਿਕ, ਸਰੀਰਕ ਤੇ ਮਾਨਸਿਕ ਨੁਕਸਾਨ ਹੋ ਚੁੱਕਾ ਹੈ। ਇਸ ਸਮੇਂ ਸੁਖਦੇਵ ਸਿੰਘ ਚਕਰ, ਅਵਤਾਰ ਸਿੰਘ, ਦਲਜੀਤ ਸਿੰਘ ਬਿੱਲੂ, ਨਿਰਮਲ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

## ਪੀ ਏ ਯੂ ਦੇ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਨੇ ਸਾੜੀਆਂ ਟੈਕਸ ਦੀਆਂ ਕਾਪੀਆਂ

**ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ, ਪ੍ਰਦੀਪ ਸ਼ਰਮਾ)**

ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਪੰਜਾਬ ਸਰਕਾਰ ਵੱਲੋਂ ਲੈ ਗਏ 200/-ਰੁ. ਪ੍ਰਤੀ ਮਹੀਨਾ ਲਾਏ ਜਬਰੀ ਟੈਕਸ ਪ੍ਰਤੀ ਰੋਸ ਦਿਨੋਂ ਦਿਨ ਵੱਧ ਰਿਹਾ ਹੈ। ਇਸ ਨੂੰ ਜਜ਼ੀਆ ਦਸਦਿਆਂ ਇਸ ਦੇ ਖਿਲਾਫ ਰੋਸ ਵਖਾਵੇ ਤੇ ਧਰਨੇ ਜਾਰੀ ਹਨ। ਪੈਨਸ਼ਨਾਂ ਦੇ ਸਿਰ 'ਤੇ ਆਪਣਾ ਬੁਢਾਪਾ ਕੱਟਣ ਵਾਲੇ ਮੁਲਾਜ਼ਮਾਂ ਕੋਲ ਆਮ ਤੌਰ 'ਤੇ ਨਿੱਜੀ ਆਮਦਨ ਦਾ ਕੋਈ ਹੋਰ ਸੋਮਾ ਨਹੀਂ ਹੁੰਦਾ। ਹੁਣ ਜਦੋਂਕਿ ਇਸ ਆਮਦਨ ਵਿੱਚੋਂ ਵੀ 200/- ਰੁਪਏ ਜਬਰੀ ਕੱਟੇ ਜਾਣ ਦਾ ਹੁਕਮ ਆਇਆ ਹੈ ਤਾਂ ਇਹ ਸਾਰੇ ਬੇਹੱਦ ਨਿਰਾਸ਼ ਹਨ। ਨਿਰਾਸ਼ ਹੋਏ ਇਨ੍ਹਾਂ ਮੁਲਾਜ਼ਮਾਂ ਨੇ ਇਸ ਹੁਕਮ ਦਾ ਵਿਰੋਧ ਤਿੱਖਾ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਇਨ੍ਹਾਂ ਮੁਲਾਜ਼ਮਾਂ ਦੇ ਵੱਡੇ ਹਿੱਸੇ ਨੇ ਨਾਮ ਆਦਮੀ ਪਾਰਟੀ ਨੂੰ ਵੋਟਾਂ ਦੇ ਕੇ ਸੱਤਾ ਵਿੱਚ ਲਿਆਂਦਾ ਸੀ। ਕਈ ਥਾਂਵਾਂ 'ਤੇ ਤਾਂ ਪਾਰਟੀ ਲਾਈਨ ਦੀ ਉਲੰਘਣਾ ਕਰਕੇ ਵੀ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੋਟਾਂ ਭੁਗਤਾਈਆਂ ਗਈਆਂ ਸਨ। ਆਮ ਆਦਮੀ ਪਾਰਟੀ ਦੀ ਸਰਕਾਰ ਨਾਲ ਜੁੜੇ ਕਈ ਵੱਡੇ ਨਾਂਵਾਂ ਦਾ ਪਿਛੋਕੜ ਵੀ ਖੱਬੇ ਪੱਖੀ ਸੰਘਰਸ਼ਾਂ ਨਾਲ ਜੁੜਦਾ ਰਿਹਾ ਹੈ।

ਅੱਜ ਵੀ ਇਸ ਮੁੱਦੇ ਨੂੰ ਲੈ ਕੇ ਇਸ ਦਾ ਤਿੱਖਾ ਵਿਰੋਧ ਹੋਇਆ। ਅੱਜ ਪੀਏਯੂ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਸਥਾਨਕ ਵਿਦਿਆਰਥੀ ਭਵਨ ਵਿਖੇ ਸੁਖਦੇਵ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਉੱਪਰ ਵਿਕਾਸ ਦੇ ਨਾਂ ਹੇਠ 200/- ਰੁ ਪ੍ਰਤੀ ਮਹੀਨਾਂ ਲਾਏ ਜਬਰੀ ਟੈਕਸ ਨੂੰ ਜਜ਼ੀਆ ਕਰਾਰ ਦਿੰਦਿਆਂ ਇਸ ਸੰਬੰਧੀ ਕੱਢੀ ਚਿੱਠੀ ਦੀਆਂ ਕਾਪੀਆਂ ਸਾੜਨ ਦਾ ਫੈਸਲਾ ਕੀਤਾ ਗਿਆ। ਇਸ ਸਮੇਂ ਉੱਪ ਪ੍ਰਧਾਨ ਜਸਵੰਤ ਜੀਰਖ ਨੇ ਸਰਕਾਰਾਂ ਦੇ ਲੋਕ ਲਭਾਊ ਫੈਸਲਿਆਂ ਨੂੰ ਲੋਕਾਂ ਨਾਲ ਧੋਖਾ ਕਰਾਰ ਦਿੰਦਿਆਂ ਕਿਹਾ ਕਿ ਰੰਗ-ਬਰੰਗੀਆਂ ਸਰਕਾਰਾਂ ਨੇ ਹਮੇਸ਼ਾ ਹੀ ਰਿਸ਼ਵਤਖੋਰੀ ਬੰਦ ਕਰਨ ਦੇ ਸੋਹਲੇ ਗਾਏ ਹਨ, ਪਰ ਇਸ ਨੂੰ ਖਤਮ ਕਰਨ ਦੀ ਬਜਾਏ ਇਨ੍ਹਾਂ ਨੇ ਇਸ ਨੂੰ ਕਾਨੂੰਨੀ ਮਾਨਤਾ ਦੇ ਦਿੱਤੀ ਹੈ। ਵੋਟਾਂ ਮੌਕੇ ਇੱਕ ਦੂਜੇ ਤੋਂ ਵਧ ਚੜ੍ਹ ਕੇ ਕਣਕ- ਦਾਲ, ਬਿਜਲੀ ਆਦਿ ਮੁਫਤ ਦੇਣ ਦੇ ਲਾਲਚ ਨੂੰ ਕਾਨੂੰਨੀ ਮਾਨਤਾ ਦੇ ਕੇ ਵੋਟਾਂ ਵਟੋਰ ਲਈਆਂ ਜਾਂਦੀਆਂ ਹਨ, ਪਰ ਸਰਕਾਰ ਬਣਾਉਣ ਤੋਂ ਬਾਅਦ ਇਸ ਨੂੰ ਵਿਕਾਸ ਦੇ ਦਾਅਵਿਆਂ ਦਾ ਹਿੱਸਾ ਕਰਾਰ ਦੇ ਕੇ ਵੱਖ ਵੱਖ ਟੈਕਸ ਲਾ ਕੇ ਲੋਕਾਂ ਤੋਂ ਹੀ ਪੂਰਤੀ ਕਰ ਲਈ ਜਾਂਦੀ ਹੈ। ਇਸ ਮੌਕੇ ਜਨਰਲ ਸਕੱਤਰ ਆਸਾ ਸਿੰਘ ਪੰਨੂ, ਜਾਇੰਟ ਸਕੱਤਰ ਸਵਰਨ ਸਿੰਘ ਰਾਣਾ ਤੇ ਪ੍ਰਧਾਨ ਸੁਖਦੇਵ ਸਿੰਘ ਨੇ ਪੰਜਾਬ ਸਰਕਾਰ ਦੇ ਜਜ਼ੀਆ ਟੈਕਸ ਤੇ ਹੋਰ ਲੋਕ ਵਿਰੋਧੀ ਫੈਸਲਿਆਂ ਵਿਰੁੱਧ ਇੱਕਜੁੱਟ ਹੋ ਕੇ ਲੜਨ ਦੀ ਅਪੀਲ ਕੀਤੀ। ਮੀਟਿੰਗ ਉਪਰੰਤ ਸਰਕਾਰ ਖਿਲਾਫ ਨਾਹਰੇਬਾਜ਼ੀ ਕਰਦਿਆਂ ਲਾਇਬ੍ਰੇਰੀ ਸਾਹਮਣੇ ਸਰਕਾਰ ਦੇ ਹੁਕਮਾਂ ਨੂੰ ਸਾੜਿਆ ਗਿਆ ਤੇ ਮੰਗ ਕੀਤੀ ਕਿ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਵੇ। ਇਸ ਸਮੇਂ ਐੱਮ ਐੱਸ ਪਰਮਾਰ, ਰਣਜੋਧ ਸਿੰਘ ਗਰੇਵਾਲ, ਤਜਿੰਦਰ ਮਹਿੰਦਰੂ, ਬਲਵੀਰ ਸਿੰਘ, ਤਰਸੇਮ ਸਿੰਘ, ਜਰਨੈਲ ਸਿੰਘ, ਨਿਰਮਲ ਸਿੰਘ ਸਮੇਤ ਵੱਡੀ ਗਿਣਤੀ ਮੈਂਬਰ ਸ਼ਾਮਲ ਸਨ।



## ਡਰੱਗ ਇੰਸਪੈਕਟਰ ਰੂਪਪ੍ਰੀਤ ਕੌਰ ਨੇ ਚਾਰਜ ਸੰਭਾਲਿਆ



**ਜਗਰਾਉਂ (ਸੰਜੀਵ ਅਰੋੜਾ)**-ਸਿਵਲ ਸਰਜਨ ਦਫ਼ਤਰ ਲੁਧਿਆਣਾ ਤੋਂ ਜਗਰਾਉਂ ਤਬਦੀਲ ਹੋਈ ਆਏ ਡਰੱਗ ਇੰਸਪੈਕਟਰ ਰੂਪਪ੍ਰੀਤ ਕੌਰ ਨੇ ਸਿਵਲ ਹਸਪਤਾਲ ਜਗਰਾਉਂ ਵਿਖੇ ਦਫ਼ਤਰ 'ਚ ਆਪਣਾ ਚਾਰਜ ਸੰਭਾਲ ਲਿਆ ਹੈ। ਇਸ ਮੌਕੇ ਜਗਰਾਉਂ ਤਹਿਸੀਲ ਕੈਮਿਸਟ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਡਾ: ਜਗਮੋਹਨ ਮਿੱਤਲ, ਅਸ਼ੋਕ ਕੁਮਾਰ ਜਿੰਮੀ, ਸੈਕਟਰੀ ਅਜੇ ਗਰੋਵਰ ਤੇ ਬਲਜਿੰਦਰਪਾਲ ਸਿੰਘ ਸਿੰਮੀ ਨੇ ਨਵੀਂ ਡਰੱਗ ਇੰਸਪੈਕਟਰ ਰੂਪਪ੍ਰੀਤ ਕੌਰ ਨੂੰ ਗੁਲਦਸਤੇ ਭੇਟ ਕਰਕੇ ਜੀ ਆਇਆਂ ਕਿਹਾ ਤੇ ਪਹਿਲੇ ਡਰੱਗ ਇੰਸਪੈਕਟਰ ਲਾਜਵਿੰਦਰ ਸਿੰਘ ਵੱਲੋਂ ਡਿਊਟੀ ਦੌਰਾਨ ਨਿਭਾਈਆਂ ਸ਼ਾਨਦਾਰ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਉਨ੍ਹਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਡਰੱਗ ਇੰਸਪੈਕਟਰ ਰੂਪਪ੍ਰੀਤ ਕੌਰ ਨੇ ਕਿਹਾ ਕਿ ਸਾਰੇ ਕੈਮਿਸਟ ਨਾਰਕੋਟਿਕਸ ਅਧੀਨ ਆਉਂਦੀਆਂ ਦਵਾਈਆਂ ਤੇ ਸ਼ਡਿਊਲ ਐੱਚ ਅਧੀਨ ਆਉਣ ਵਾਲੀਆਂ ਦਵਾਈਆਂ ਦਾ ਸੇਲ ਪ੍ਰਚੇਜ ਰਿਕਾਰਡ ਮੁਕੰਮਲ ਰੱਖਣ। ਇਸ ਮੌਕੇ ਉਨ੍ਹਾਂ ਨਾਰਕੋਟਿਕਸ ਅਧੀਨ ਦਵਾਈਆਂ ਨੂੰ ਗਲਤ ਢੰਗ ਨਾਲੇ ਪੈਸੇ ਦੇ ਲਾਲਚ ਵਿੱਚ ਵੇਚਣ ਵਾਲਿਆਂ ਨੂੰ ਵੀ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਅਜਿਹੇ ਦੁਕਾਨਦਾਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਵਫਦ ਦੀ ਸਿਹਤ ਮੰਤਰੀ ਨਾਲ ਮੀਟਿੰਗ

### ਫਾਰਮੇਸੀ ਆਫੀਸਰ ਦੀਆਂ ਖਾਲੀ ਪੋਸਟਾਂ ਜਲਦ ਭਰਨ ਦਾ ਦਿੱਤਾ ਭਰੋਸਾ : ਨਰਿੰਦਰ ਮੋਹਣ



**ਨਾਭਾ (ਵਰਿੰਦਰ ਵਰਮਾ)**

ਪੰਜਾਬ ਦੇ ਕੈਬਨਿਟ ਮੰਤਰੀ ਡਾਕਟਰ ਬਲਬੀਰ ਸਿੰਘ ਵੱਲੋਂ ਮੀਟਿੰਗ ਦੇ ਸੱਦੇ 'ਤੇ ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਵੱਲੋਂ ਸ੍ਰੀ ਨਰਿੰਦਰ ਮੋਹਣ ਸ਼ਰਮਾ ਸੂਬਾ ਪ੍ਰਧਾਨ ਤੇ ਸੁਨੀਲ ਦੱਤ ਸ਼ਰਮਾ ਸੂਬਾ ਜਨਰਲ ਸਕੱਤਰ ਨੇ ਸਿਹਤ ਮੰਤਰੀ ਨਾਲ ਆਫਿਸ ਚੰਡੀਗੜ੍ਹ ਵਿਖੇ ਮੀਟਿੰਗ ਕੀਤੀ। ਇਸ ਮੀਟਿੰਗ 'ਚ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਡਾਕਟਰ ਆਦਰਸ਼ਪਾਲ ਕੌਰ, ਡਾਇਰੈਕਟਰ ਸਿਹਤ ਸੇਵਵਾਂ ਪਰਿਵਾਰ ਭਲਾਈ ਡਾਕਟਰ, ਰਵਿੰਦਰਪਾਲ ਕੌਰ, ਡਾਕਟਰ ਸੀਮਾ ਡਾਇਰੈਕਟਰ ਸਿਹਤ ਸੇਵਾਵਾਂ (ਸ ਬ), ਪੀ ਏ ਸਟਾਫ, ਈ 5 ਸ਼ਾਖਾ ਦੇ ਸੁਪਰਡੈਂਟ ਸੰਜੇ ਗੁਪਤਾ, ਸਹਾਇਕ ਗੁਰਪ੍ਰੀਤ ਸਿੰਘ ਸਮੇਤ ਹੋਰ ਅਮਲਾ ਸ਼ਾਮਲ ਸੀ। ਮੀਟਿੰਗ ਬਹੁਤ ਹੀ ਵਧੀਆ ਮਾਹੌਲ ਵਿੱਚ ਹੋਈ। ਮੀਟਿੰਗ ਵਿੱਚ ਲੱਗਭੱਗ 485 (450 ਅਧੀਨ ਡੀ ਐੱਚ ਐੱਸ ਤੇ 35 ਅਧੀਨ ਡੀ ਆਰ ਐੱਮ ਈ) ਫਾਰਮੇਸੀ ਆਫੀਸਰ ਦੀਆਂ ਖਾਲੀ ਪੋਸਟਾਂ ਜਲਦ ਭਰਨ ਦਾ ਭਰੋਸਾ ਮੰਤਰੀ ਸਾਹਿਬ ਵੱਲੋਂ ਦਿੱਤਾ ਗਿਆ, ਉੱਥੇ ਹੀ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀਆਂ ਪੋਸਟਾਂ ਵਿਭਾਗ 'ਚ ਸ਼ਿਫਟ ਕਰਨ ਤੇ ਫਾਰਮੇਸੀ ਅਫ਼ਸਰਾਂ ਤੋਂ ਕਲੈਰੀਕਲ ਕੰਮ ਨਾ ਲੈਣ ਲਈ ਵੀ ਪੱਖ ਰੱਖਿਆ। ਆਮ ਆਦਮੀ ਕਲੀਨਿਕਾਂ 'ਚੋਂ ਸਟਾਫ ਦੀ ਸ਼ਿਫਟਿੰਗ ਦੇ ਸੰਬਧ ਵਿੱਚ ਸਿਹਤ ਮੰਤਰੀ ਤੇ ਡੀ ਐੱਚ ਐੱਸ ਵੱਲੋਂ ਪੂਰਨ ਆਸਵਾਸ਼ਨ ਦਿੱਤਾ ਗਿਆ ਕਿ ਕੋਈ ਵੀ ਪੋਸਟ ਖਤਮ ਨਹੀਂ ਕੀਤੀ ਜਾਵੇਗੀ, ਬਲਕਿ ਪੋਸਟਾਂ 'ਚ ਵਾਧਾ ਕੀਤਾ ਜਾਵੇਗਾ। ਜਥੇਬੰਦੀ ਨੇ ਮੰਗ ਕੀਤੀ ਕਿ ਪੁਨਰਗਠਨ ਸਮੇਂ 302 ਪੋਸਟਾਂ ਜੋ ਵਿਭਾਗ ਵੱਲੋਂ ਸਿਫਾਰਸ਼ ਕੀਤੀਆਂ ਗਈਆਂ ਹਨ, ਦੀ ਰਚਨਾ ਕੀਤੀ ਜਾਵੇ। ਸ੍ਰੀ ਅਮਰਨਾਥ ਯਾਤਰਾ ਦੇ ਸੰਬਧ 'ਚ ਜਥੇਬੰਦੀ ਵੱਲੋਂ ਮਨਿਸਟਰੀ ਆਫ ਹੈਲਥ ਐਂਡ ਫੈਮਿਲੀ ਵੈੱਲਫੇਅਰ ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਹਰ ਫਾਰਮੇਸੀ ਆਫੀਸਰ ਦਾ ਬੀਮਾ, ਬਣਦਾ ਟੀ ਏ ਤੇ ਡੀ ਏ ਦੇਣਾ, ਸਫ਼ਰ ਲਈ ਜਹਾਜ਼ ਦੀਆਂ ਟਿਕਟਾਂ ਲੈ ਕੇ ਦੇਣ, ਅਮਰਨਾਥ ਯਾਤਰਾ ਡਿਊਟੀ ਤੋਂ ਬਾਅਦ 7 ਦਿਨ ਦੀ, ਮੁਆਵਜ਼ਾ ਛੁੱਟੀ ਦੇਣਾ, ਹਾਰਡਸ਼ਿਪ ਅਲਾਉਂਸ ਦੇਣਾ ਆਦਿ ਮੰਗਾਂ ਨੂੰ ਸਿਹਤ ਮੰਤਰੀ ਦੇ ਸਨਮੁੱਖ ਰੱਖਿਆ, ਜਿਸ 'ਤੇ ਉਨ੍ਹਾ ਡੀ ਐੱਚ ਐੱਸ ਨੂੰ ਇਸ ਸਬੰਧ ਵਿੱਚ ਕਰਵਾਈ ਕਰਨ ਦੇ ਹੁਕਮ ਦਿੱਤੇ। ਨਵੇਂ ਫਾਰਮੇਸੀ ਆਫੀਸਰ ਨੂੰ ਸੱਤਵਾਂ ਪੇ ਸਕੇਲ ਪੂਰਨ ਰੂਪ ਵਿੱਚ ਲਾਗੂ ਕਰਨ ਦੀ ਮੰਗ ਵੀ ਸਿਹਤ ਮੰਤਰੀ ਨੂੰ ਕੀਤੀ ਗਈ, ਜਿਸ 'ਤੇ ਉਨ੍ਹਾ ਵੱਲੋਂ ਕਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਠੇਕੇ 'ਤੇ ਕੰਮ ਕਰਦੇ ਫਾਰਮੇਸੀ ਅਫ਼ਸਰਾਂ ਨੂੰ ਪੱਕਾ ਕਰਨ ਦੀ ਮੰਗ ਸ਼ਾਮਲ ਸੀ। ਦੇਣਾ ਤੇ ਸਾਰੇ ਫਾਰਮੇਸੀ ਆਫੀਸਰ ਦਾ ਡਿਊਟੀ ਜਾਣ ਤੋਂ ਪਹਿਲਾਂ ਮੈਡੀਕਲ ਕਰਨਾ ਤੇ ਸਿਰਫ ਮੈਡੀਕਲ ਫਿਟ ਫਾਰਮੇਸੀ ਆਫੀਸਰ ਦੀ ਡਿਊਟੀ ਲਗਾਉਣਾ ਆਦਿ ਮੰਗਾਂ ਨੂੰ ਸਿਹਤ ਮੰਤਰੀ ਦੇ ਸਨਮੁੱਖ ਰੱਖਿਆ। ਜਿਸ 'ਤੇ ਉਨ੍ਹਾ ਡੀ ਐੱਚ ਐੱਸ ਨੂੰ ਇਸ ਸਬੰਧੀ ਕਰਵਾਈ ਕਰਨ ਦੇ ਹੁਕਮ ਦਿੱਤੇ। ਨਵੇਂ ਫਾਰਮੇਸੀ ਆਫੀਸਰ ਨੂੰ ਸੱਤਵਾਂ ਪੇ ਸਕੇਲ ਪੂਰਨ ਰੂਪ 'ਚ ਲਾਗੂ ਕਰਨ ਦੀ ਮੰਗ ਵੀ ਸਿਹਤ ਮੰਤਰੀ ਨੂੰ ਕੀਤੀ ਗਈ, ਜਿਸ 'ਤੇ ਉਨ੍ਹਾਂ ਵੱਲੋਂ ਕਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ ਹੈ।

## ਭਾਕਿਯੂ (ਏਕਤਾ) ਡਕੌਂਦਾ ਵੱਲੋਂ ਕੂਲਰੀਆਂ ਦੇ ਅਬਾਦਕਾਰਾਂ ਤੋਂ ਜ਼ਮੀਨ ਖੋਹਣ ਖਿਲਾਫ ਰੋਸ ਰੈਲੀ

**ਬਰੇਟਾ (ਪੱਤਰ ਪ੍ਰੇਰਕ)**-ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਵੱਲੋਂ ਪਿੰਡ ਕੁਲਰੀਆਂ ਵਿੱਚ ਅਬਾਦਕਾਰ ਕਿਸਾਨਾਂ ਦੀ ਜ਼ਮੀਨ ਬਚਾਉਣ ਲਈ ਵੱਡੀ ਰੋਸ ਰੈਲੀ ਕੀਤੀ ਗਈ। ਕਾਬਿਲੇਗੌਰ ਹੈ ਕਿ ਪਿੰਡ ਕੁਲਰੀਆਂ ਵਿੱਚ ਕਾਫੀ ਦਿਨਾਂ ਤੋਂ ਪੰਚਾਇਤੀ ਵਿਭਾਗ ਵੱਲੋਂ ਲਗਭਗ 65 ਸਾਲਾਂ ਤੋਂ ਜ਼ਮੀਨ 'ਤੇ ਕਾਬਜ਼ ਕਿਸਾਨਾਂ ਦੀ 72 ਏਕੜ ਜ਼ਮੀਨ, ਜਿਸ ਉੱਪਰ ਸੌ ਤੋਂ ਵਧੇਰੇ ਪਰਿਵਾਰ ਵਾਹੀ ਕਰਦੇ ਆ ਰਹੇ ਹਨ, ਦੇ ਜ਼ਮੀਨੀ ਰਿਕਾਰਡ ਵਿੱਚ ਵੀ ਕਿਸਾਨਾਂ ਦੀ ਕਬਜ਼ਾ ਕਾਸ਼ਤਕਾਰ ਵਜੋਂ ਦਰਜ ਹੈ। ਇਨ੍ਹਾਂ ਕਿਸਾਨਾਂ ਨੂੰ ਜ਼ਮੀਨ ਤੋਂ ਬਾਹਰ ਕਰਨ ਦਾ ਅਮਲ ਸ਼ੁਰੂ ਕੀਤਾ ਹੋਇਆ ਹੈ ਤੇ ਕਿਸਾਨ ਆਪਣੀ ਜ਼ਮੀਨ ਬਚਾਉਣ ਲਈ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਨ। ਅੱਜ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਲਸ ਬਲ ਦੇ ਜ਼ੋਰ ਤੇ ਕਿਸਾਨਾਂ ਦੀ ਜ਼ਮੀਨ ਦੀ ਕਬਜ਼ਾ ਕਾਰਵਾਈ ਕਰਨ ਦੀ ਵਿਉਂਤਬੰਦੀ ਕੀਤੀ ਹੋਈ ਸੀ, ਪਰ ਜਥੇਬੰਦੀ ਵੱਲੋਂ ਮੋਰਚਾ ਸੰਭਾਲੇ ਜਾਣ ਕਾਰਨ ਪ੍ਰਸ਼ਾਸਨ ਵੱਲੋਂ ਸਥਿਤੀ ਨੂੰ ਸੰਭਾਲਦਿਆਂ ਜ਼ਿਲ੍ਹਾ ਪੱਧਰ ਦੇ ਅਧਿਕਾਰੀਆਂ ਦੀ ਕਿਸਾਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਬੁਲਾਈ ਲਈ ਹੈ, ਜਿਸ ਵਿੱਚ ਮਸਲੇ ਦਾ ਸ਼ਾਂਤਮਈ ਹੱਲ ਲੱਭਣ 'ਤੇ ਜ਼ੋਰ ਦਿੱਤਾ ਜਾਵੇਗਾ। ਇਸ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਕਿਹਾ ਕਿ ਲੋਕਾਂ ਦੀ ਕਿਰਤ ਨੂੰ ਬਚਾਉਣ ਲਈ ਹਰ ਕੁਰਬਾਨੀ ਦੇ ਕੇ ਜ਼ਮੀਨ ਦੀ ਰਾਖੀ ਕੀਤੀ ਜਾਵੇਗੀ, ਕਿਉਂਕਿ ਸਰਕਾਰ ਦੀ ਮਨਸਾ ਕਿਸਾਨਾਂ ਤੋਂ ਜ਼ਮੀਨ ਖੋਹ ਕੇ ਵੱਡੀਆਂ ਕੰਪਨੀਆਂ ਹਵਾਲੇ ਕਰਨ ਦੀ ਹੈ, ਪਰ ਜਥੇਬੰਦੀ ਕਿਰਤੀ ਵਰਗ ਨਾਲ ਹੋ ਰਹੀ ਧੱਕੇਸ਼ਾਹੀ ਵਿਰੁੱਧ ਡੱਟ ਕੇ ਸੰਘਰਸ਼ ਕਰੇਗੀ। ਇਸ ਸਮੇਂ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ, ਮੱਖਣ ਸਿੰਘ ਭੈਣੀ ਬਾਘਾ, ਗੁਰਜੰਟ ਸਿੰਘ ਮਘਾਣੀਆਂ, ਸਤਪਾਲ ਸਿੰਘ ਵਰ੍ਹੇ, ਤਾਰਾ ਚੰਦ ਬਰੇਟਾ, ਬਲਦੇਵ ਸਿੰਘ ਪਿੱਪਲੀਆਂ, ਮੋਹਿੰਦਰ ਸਿੰਘ ਕੁਲਰੀਆਂ ਆਦਿ ਮੌਜੂਦ ਰਹੇ।



## ਮੱਕੀ ਤੇ ਮੂੰਗੀ ਦੀ ਐੱਮ ਐੱਸ ਪੀ ਦੀ ਭਰਪਾਈ ਤੱਕ ਸੰਘਰਸ਼ ਜਾਰੀ ਰਹੇਗਾ : ਸੰਯੁਕਤ ਕਿਸਾਨ ਮੋਰਚਾ

### ਅੱਜ ਐੱਮ ਐੱਸ ਪੀ ਦੀ ਭਰਪਾਈ ਲਈ 5 ਮੰਡੀਆਂ 'ਚ ਅਰਥੀ ਫੂਕ ਮੁਜ਼ਾਹਰੇ



**ਸਮਰਾਲਾ (ਸੁਰਜੀਤ ਸਿੰਘ)**-ਸੰਯੁਕਤ ਕਿਸਾਨ ਮੋਰਚੇ ਵੱਲੋਂ ਪੂਰੇ ਪੰਜਾਬ ਵਿੱਚ 5 ਥਾਵਾਂ ਉੱਪਰ ਮਾਰਕਿਟ ਕਮੇਟੀ ਦੇ ਦਫਤਰਾਂ 'ਤੇ ਮੱਕੀ ਤੇ ਮੂੰਗੀ ਦੀ ਐੱਮ.ਐੱਸ.ਪੀ. ਦੀ ਭਰਪਾਈ ਲਈ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ, ਜਿਸ ਦੀ ਜਾਣਕਾਰੀ ਪ੍ਰੈੱਸ ਨੂੰ ਦਿੰਦੇ ਹੋਏ ਹਰਿੰਦਰ ਸਿੰਘ ਲੱਖੋਵਾਲ ਸੂਬਾ ਜਨਰਲ ਸਕੱਤਰ ਬੀਕੇਯੂ ਲੱਖੋਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਸਮੇਂ ਐੱਮ.ਐੱਸ.ਪੀ. ਦੀ ਗਰੰਟੀ ਦਾ ਵਾਅਦਾ ਕਰਕੇ ਪੰਜਾਬ ਵਿੱਚ ਸਰਕਾਰ ਬਣਾਈ ਸਰਕਾਰ ਨੇ ਪਿਛਲੇ ਸਾਲ ਵੀ ਬਹੁਤ ਹੀ ਥੋੜ੍ਹੀ ਮੂੰਗੀ ਦੀ ਫਸਲ ਐੱਮ.ਐੱਸ.ਪੀ. ਤੇ ਕਿਸਾਨਾਂ ਤੋਂ ਖਰੀਦੀ ਤੇ ਬਾਕੀਆਂ ਨੂੰ ਵਪਾਰੀਆਂ ਦੇ ਰਹਿਮੋ ਕਰਮ ਤੇ ਛੱਡ ਦਿੱਤਾ, ਜਿਸ ਨਾਲ ਕਿਸਾਨਾਂ ਦਾ ਬਹੁਤ ਜ਼ਿਆਦਾ ਆਰਥਿਕ ਨੁਕਸਾਨ ਹੋਇਆ, ਹੁਣ ਇਸ ਵਾਰ ਫਿਰ ਪੰਜਾਬ ਸਰਕਾਰ ਨੇ ਫਸਲੀ ਵਿਭਿੰਨਤਾ ਦਾ ਨਾਅਰਾ ਦੇ ਕੇ ਤੇ ਫਸਲਾਂ ਐੱਮ.ਐੱਸ.ਪੀ. 'ਤੇ ਖ੍ਰੀਦਣ ਦਾ ਵਾਅਦਾ ਕਰਕੇ ਕਿਸਾਨਾਂ ਤੋਂ ਵੱਡੇ ਪੱਧਰ 'ਤੇ ਮੱਕੀ ਤੇ ਮੂੰਗੀ ਦੀ ਫਸਲ ਬਿਜਵਾ ਲਈ, ਪਰ ਹੁਣ ਖ੍ਰੀਦਣ ਦੇ ਸਮੇਂ ਮੰਡੀਆਂ ਵਿੱਚ ਸਰਕਾਰ ਦੀਆਂ ਸਰਕਾਰੀ ਖਰੀਦ ਏਜੰਸੀਆਂ ਗਾਇਬ ਰਹੀਆਂ ਹਨ ਤੇ ਕਿਸਾਨ ਫਿਰ ਤੋਂ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਿਹਾ ਹੈ ਤੇ ਪ੍ਰਾਈਵੇਟ ਵਪਾਰੀ ਸਰਕਾਰ ਵੱਲੋਂ ਦਿੱਤੀ ਢਿੱਲ ਕਾਰਨ ਕਿਸਾਨਾਂ ਦੀ ਫਸਲ ਨੂੰ ਦੋਨੋਂ ਹੱਥਾਂ ਨਾਲ ਲੁੱਟ ਰਹੇ ਹਨ, ਇਸ ਲਈ ਆਪਣੀ ਅਵਾਜ਼ ਸਰਕਾਰਾਂ ਤੱਕ ਪਹੁੰਚਾਉਣ ਲਈ ਅੱਜ ਸੰਯੁਕਤ ਕਿਸਾਨ ਮੋਰਚੇ ਦੀ ਕਾਲ 'ਤੇ ਭਾਰੀ ਗਿਣਤੀ ਵਿੱਚ ਕਿਸਨਾਂ ਨੇ ਅੰਮ੍ਰਿਤਸਰ, ਕਪੂਰਥਲਾ, ਜਗਰਾਓਂ, ਜਲੰਧਰ, ਨਵਾਂਸ਼ਹਿਰ ਤੇ ਹੁਸ਼ਿਆਰਪੁਰ ਵਿੱਚ ਮਾਰਕਿਟ ਕਮੇਟੀਆਂ ਦੇ ਦਫਤਰਾਂ ਦੇ ਸਾਹਮਣੇ ਐੱਮ.ਐੱਸ.ਪੀ. ਲੈਣ ਤੇ ਖਰੀਦੀ ਜਾ ਚੁੱਕੀ ਫਸਲ 'ਤੇ ਐੱਸ.ਐੱਸ.ਪੀ. ਦੀ ਭਰਾਈ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕੇ ਤੇ ਸਰਕਾਰ ਤੋਂ ਮੰਗ ਕੀਤੀ ਕਿ ਐੱਮ.ਐੱਸ.ਪੀ. ਦੀ ਗਰੰਟੀ ਦੇ ਵਾਅਦੇ ਅਨੁਸਾਰ ਕਿਸਾਨਾਂ ਦੀ ਫਸਲ ਦੀ ਭਰਪਾਈ ਕਰੇ ਨਹੀਂ ਤਾਂ ਆਉਣ ਵਾਲੇ ਸਮੇਂ ਅੰਦਰ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

## ਪੰਜਾਬ ਸਰਕਾਰ ਤੇ ਜਲ ਸਪਲਾਈ ਮਹਿਕਮੇ ਦੀ ਮੈਨੇਜਮੈਂਟ ਖਿਲਾਫ ਅਰਥੀ ਫੂਕ ਮੁਜ਼ਾਹਰੇ 11 ਤੋਂ

**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਕਿਹਾ ਕਿ ਸਾਡੀ ਜਥੇਬੰਦੀ ਦੇ ਧਿਆਨ ਵਿੱਚ ਇਹ ਮਸਲਾ ਆਇਆ ਹੈ ਕਿ ਪੰਜਾਬ ਸਰਕਾਰ ਦੇ ਪੇਂਡੂ ਤੇ ਪੰਚਾਇਤ ਵਿਭਾਗ ਪੰਜਾਬ, ਦਫਤਰ ਸੰਯੁਕਤ ਵਿਕਾਸ ਕਮਿਸ਼ਨਰ ਐੱਸ.ਏ.ਐੱਸ. ਨਗਰ ਦੇ ਜਾਰੀ ਪੱਤਰ ਨੰਬਰ ਪੀ ਐੱਸ ਆਰ ਐੱਲ ਐੱਮ/ਆਈ ਬੀ-ਸੀ ਬੀ/2023/2960-83 ਮਿਤੀ 21-06-2023 ਦੇ ਮੁਤਾਬਿਕ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ 48 ਘੰਟਿਆਂ ਦਾ ਕੋਰਸ ਪੰਪ ਉਪਰੇਟਰ, ਇਲੈਕਟ੍ਰੀਸ਼ੀਅਨ, ਮੋਟਰ ਮਕੈਨਿਕ, ਸੋਲਰ ਪੈਨਲ, ਪਲੰਬਰ, ਫਿਟਰ ਤੇ ਸੋਸ਼ਲ ਆਦਿ ਦੀ ਟ੍ਰੇਨਿੰਗ ਮਗਨਰੇਗਾ, ਐੱਸ.ਐੱਚ.ਜੀ. ਤੇ ਪੀ.ਐੱਮ.ਏ. ਵਾਈ (ਜੀ) ਦੇ ਪਰਿਵਾਰਕ ਮੈਂਬਰਾਂ ਨੂੰ ਕਰਵਾਉਣ ਦੇ ਆਦੇਸ਼ ਦਿੱਤੇ ਗਏ ਹਨ, ਜਿਸ 'ਤੇ ਇਹ ਸਵਾਲ ਪੈਂਦਾ ਹੁੰਦਾ ਹੈ ਕਿ ਇਹ ਟ੍ਰੇਨਿੰਗ ਦੇਣ ਦਾ ਫੈਸਲਾ ਕਿਹੜੀ ਲੋੜ ਵਿੱਚੋਂ ਕੀਤਾ ਗਿਆ ਹੈ ਤੇ ਟ੍ਰੇਨਿੰਗ ਦੇਣ ਦੀ ਕੀ ਲੋੜ ਪਈ ਹੈ। ਯੂਨੀਅਨ ਨੇ ਉਪਰੋਕਤ ਟ੍ਰੇਨਿੰਗ ਦੇਣ ਦੇ ਫੈਸਲੇ 'ਤੇ ਆਪਣਾ ਪ੍ਰਤੀਕ੍ਰਮ ਦਿੱਤਾ ਹੈ ਕਿ ਪੰਜਾਬ ਸਰਕਾਰ ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਮੈਨੇਜਮੈਂਟ ਵੱਲੋਂ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ ਕਰਨ ਦੇ ਨਾਂਅ ਹੇਠ ਨਿੱਜੀਕਰਨ ਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਪਰ ਦੂਜੇ ਪਾਸੇ ਜਥੇਬੰਦੀ ਵੱਲੋਂ ਜਸਸ ਵਿਭਾਗ ਵਿਚ ਸਾਲਾਂਬੱਧੀ ਅਰਸੇ ਤੋਂ ਠੇਕਾ ਪ੍ਰਣਾਲੀ ਅਧੀਨ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਦੇ ਆਪਣੇ ਕੱਚੇ ਪਿੱਲੇ ਰੁਜ਼ਗਾਰ ਨੂੰ ਬਚਾਉਣ ਤੇ ਇਨ੍ਹਾਂ ਵਰਕਰਾਂ ਨੂੰ ਵਿਭਾਗ 'ਚ ਮਰਜ਼ ਕਰਕੇ ਰੈਗੂਲਰ ਕਰਨ ਤੇ ਜਲ ਸਪਲਾਈ ਵਿਭਾਗ ਦਾ ਨਿੱਜੀਕਰਨ/ਪੰਚਾਇਤੀਕਰਨ ਦੀਆਂ ਮਾਰੂ ਨੀਤੀਆਂ ਦਾ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਕ ਸਾਜਿਸ਼ ਤਹਿਤ ਹੀ ਲੋਕ ਵਿਰੋਧੀ ਨੀਤੀਆਂ ਦੇ ਖਿਲਾਫ ਸੰਘਰਸ਼ ਕਰ ਰਹੇ ਵਰਕਰਾਂ ਦਾ ਧਿਆਨ ਹਟਾਉਣ ਦੇ ਮਕਸਦ ਲਈ ਹੀ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਅਤੇ ਮਹਿਕਮੇ ਦੀ ਮਨੈਜਮੈਂਟ ਵੱਲੋਂ ਵਰਕਰਾਂ ਨੂੰ ਵਿਭਾਗ 'ਚ ਲੈਣ ਵਾਲੀ ਪਾਲਸੀ (ਪ੍ਰਪੋਜ਼ਲ) ਤਿਆਰ ਕਰਨ ਦੇ ਬਹਾਨੇ ਬਣਾ ਕੇ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ/ਨਿੱਜੀਕਰਨ ਕਰਨ ਦੀਆਂ ਮਾਰੂ ਨੀਤੀਆਂ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸੂਬਾ ਆਗੂਆਂ ਭੁਪਿੰਦਰ ਸਿੰਘ ਕੁਤਬੇਵਾਲ, ਰੁਪਿੰਦਰ ਸਿੰਘ, ਪ੍ਰਦੂਮਣ ਸਿੰਘ, ਉਂਕਾਰ ਸਿੰਘ, ਤੇਜਿੰਦਰ ਸਿੰਘ ਮਾਨ, ਸੁਰਿੰਦਰ ਸਿੰਘ, ਗੁਰਵਿੰਦਰ ਬਾਠ, ਸੰਦੀਪ ਖਾਨ, ਮਨਪ੍ਰੀਤ ਸਿੰਘ, ਜਗਰੂਪ ਸਿੰਘ, ਜਸਬੀਰ ਸਿੰਘ, ਬਲਜੀਤ ਸਿੰਘ ਨੇ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ 11 ਜੁਲਾਈ 2023 ਤੋਂ 14 ਜੁਲਾਈ 2023 ਤੱਕ ਪੰਜਾਬ ਸਰਕਾਰ ਤੇ ਵਿਭਾਗੀ ਮੈਨੇਜਮੈਂਟ ਖਿਲਾਫ ਸਾਰੇ ਪੰਜਾਬ ਵਿੱਚ ਡਵੀਜ਼ਨ ਤੇ ਸਬ-ਡਵੀਜ਼ਨ ਪੱਧਰ 'ਤੇ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ। ਜੇਕਰ ਫਿਰ ਵੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਯੂਨੀਅਨ ਦੇ ਪੱਤਰ ਵਿਚ ਦਰਜ 'ਮੰਗਾਂ' ਦਾ ਹੱਲ ਨਹੀਂ ਕੀਤਾ ਗਿਆ ਤਾਂ 16 ਜੁਲਾਈ 2023 ਨੂੰ ਈਸੜੂ ਭਵਨ ਲੁਧਿਆਣਾ ਵਿਖੇ ਸੂਬਾ ਕਮੇਟੀ ਦੀ ਮੀਟਿੰਗ ਕਰਨ ਉਪਰੰਤ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ, ਜਿਸ ਦੀ ਜ਼ੁੰਮੇਵਾਰੀ ਸਿੱਧੇ ਰੂਪ ਵਿੱਚ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।

## ਮਹਾਰਾਜਾ ਰਣਜੀਤ ਸਿੰਘ ਕਾਲਜ 'ਚ ਕੰਵਰ ਗਰੇਵਾਲ ਨੇ ਬੰਨ੍ਹਿਆ ਰੰਗ

### ਵਿਦਿਆਰਥੀਆਂ ਤੇ ਖਿਡਾਰੀਆਂ ਨੂੰ ਕੀਤਾ ਉਤਸ਼ਾਹਤ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਮਹਾਰਾਜਾ ਰਣਜੀਤ ਸਿੰਘ ਕਾਲਜ ਨੇ ਅੱਜ ਆਪਣੇ ਸੁਨਹਿਰੀ ਪੰਨਿਆਂ ਵਿੱਚ ਉੱਘੇ ਗਾਇਕ ਕੰਨਵਰ ਗਰੇਵਾਲ ਦਾ ਪ੍ਰੋਗਰਾਮ ਕਰਵਾ ਕੇ ਇੱਕ ਹੋਰ ਪੰਨਾ ਸਫ਼ਲਤਾਪੂਰਵਕ ਜੋੜ ਲਿਆ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਪੰਜਾਬ ਡਾ. ਬਲਜੀਤ ਕੌਰ ਤੇ ਗੁਰਮੀਤ ਖੁੱਡੀਆਂ ਵੱਲੋਂ ਰਣਧੀਰ ਖੁੱਡੀਆਂ ਤੇ ਵਿਸ਼ੇਸ਼ ਮਹਿਮਾਨ ਵਜੋਂ ਐੱਸ.ਡੀ.ਐੱਮ. ਕੰਵਰਜੀਤ ਸਿੰਘ, ਡੀ.ਐੱਸ.ਪੀ. ਬਲਕਾਰ ਸਿੰਘ, ਰਾਜਵੰਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਗੁਰਚਰਨ ਸਿੰਘ ਓ.ਐੱਸ.ਡੀ., ਨਗਰ ਕੌਂਸਲ ਪ੍ਰਧਾਨ ਸ਼ੁੱਭਦੀਪ ਸਿੰਘ ਬਿੱਟੂ ਨੇ ਸ਼ਿਰਕਤ ਕੀਤੀ।

ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਸਿੰਘ ਸੇਖੋਂ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਾਲਜ ਦੀਆਂ ਪ੍ਰਾਪਤੀਆਂ ਤੇ ਅਗਲੇਰੇ ਸਮਿਆਂ ਵਿੱਚ ਹੋਣ ਵਾਲੇ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਾਲਜ ਵੱਲੋਂ ਕੀਤੇ ਜਾ ਰਹੇ ਵਿਦਿਆਰਥੀ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਆਪਣੇ ਵੱਲੋਂ ਪੂਰਨ ਸਹਿਯੋਗ ਦੀ ਗੱਲ ਕਹੀ। ਚੇਅਰਮੈਨ ਮਾਰਕੀਟ ਕਮੇਟੀ ਧੂਰੀ ਰਾਜਵੰਤ ਸਿੰਘ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਕਾਲਜ ਦਾ ਵਿਦਿਆਰਥੀਆਂ ਤੇ ਖਿਡਾਰੀਆਂ ਨੂੰ ਸਨਮਾਨਤ ਕਰਨ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ। ਰਣਧੀਰ ਖੁੱਡੀਆਂ ਨੇ ਪਿਛਲੇ ਸਮਿਆਂ ਵਿੱਚ ਕਾਲਜ ਵੱਲੋਂ ਕੀਤੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਉੱਘੇ ਗਾਇਕ ਕੰਨਵਰ ਗਰੇਵਾਲ ਨੇ ਇਸ ਮੌਕੇ ਤਕਰੀਬਨ ਢਾਈ ਘੰਟੇ ਵਿਦਿਆਰਥੀਆਂ ਤੇ ਪਤਵੰਤਿਆਂ ਦਾ ਮਨੋਰੰਜਨ ਕੀਤਾ ਅਤੇ ਉਨ੍ਹਾਂ ਦੀਆਂ ਫਰਮਾਇਸ਼ਾਂ ਪੂਰੀਆਂ ਕਰਦਿਆਂ ਉਨ੍ਹਾਂ ਦੀ ਪਸੰਦ ਦੇ ਗੀਤ ਸੁਣਾਏ ਅਤੇ ਦੁਆ ਕੀਤੀ ਕਿ ਮਹਾਰਾਜਾ ਰਣਜੀਤ ਸਿੰਘ ਕਾਲਜ ਦੀਆਂ ਗੁੱਡੀਆਂ ਚੜ੍ਹੀਆਂ ਰਹਿਣ। ਕਾਲਜ ਮੈਨੇਜਮੈਂਟ ਦੇ ਚੇਅਰਮੈਨ ਮਨਦੀਪ ਸਿੰਘ ਬਰਾੜ, ਜਰਨਲ ਸਕੱਤਰ ਲਖਵਿੰਦਰ ਸਿੰਘ ਰੋਹੀਵਾਲਾ, ਸਕੱਤਰ ਪਿਰਤਪਾਲ ਸਿੰਘ ਗਿੱਲ, ਖ਼ਜ਼ਾਨਚੀ ਦਲਜਿੰਦਰ ਸਿੰਘ ਸੰਧੂ, ਮਨਿੰਦਰ ਸਿੰਘ ਢਿੱਲੋਂ, ਹਰਦੀਪ ਸਿੰਘ ਸੰਧੂ, ਮੇਜਰ ਸਿੰਘ, ਹਰਮੰਦਰ ਸੰਧੂ, ਗੁਰਪ੍ਰੀਤ ਬਰਾੜ, ਗੁਰਦੀਪ ਸਿੰਘ ਗਿੱਲ, ਹਰਮੰਦਰ ਸਿੰਘ ਸ਼ੇਰੇਵਾਲਾ ਨੇ ਆਏ ਮਹਿਮਾਨਾਂ ਦਾ ਕਾਲਜ ਪਹੁੰਚਣ 'ਤੇ ਧੰਨਵਾਦ ਕੀਤਾ।

# ਚੋਰੀ ਤੇ ਲੁੱਟ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਪੁਲਸ ਅੜਿੱਕੇ



**ਧੂਰੀ (ਸੁਖਦੇਵ ਧੂਰੀ, ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**
ਸੰਗਰੂਰ ਜ਼ਿਲ੍ਹੇ ਦੇ ਐੱਸ.ਐੱਸ.ਪੀ. ਸੁਰੇਂਦਰ ਲਾਂਬਾ ਵੱਲੋਂ ਮਾੜੇ ਅੰਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਧੂਰੀ ਪੁਲਸ ਨੂੰ ਉਸ ਸਮੇਂ ਵੱਡੀ ਕਾਮਯਾਬੀ ਮਿਲੀ, ਜਦੋਂ ਪਲਵਿੰਦਰ ਸਿੰਘ ਚੀਮਾਂ ਐੱਸ. ਪੀ ਸੰਗਰੂਰ, ਯੋਗੇਸ਼ ਸ਼ਰਮਾ ਐੱਸ ਪੀ ਤੇ ਕਰਨ ਸਿੰਘ ਸੰਧੂ ਡੀ.ਐੱਸ.ਪੀ. ਧੂਰੀ ਦੀ ਅਗਵਾਈ ਹੇਠ ਥਾਣਾ ਸਿਟੀ ਧੂਰੀ ਦੇ ਐੱਸ.ਐੱਚ.ਓ. ਰਮਨਦੀਪ ਸਿੰਘ ਬਾਵਾ ਨੇ ਆਪਣੀ ਟੀਮ ਨਾਲ ਮੋਬਾਇਲ, ਪਰਸ ਖੋਹ ਤੇ ਚੋਰੀ ਕਰਨ ਵਾਲੇ 5 ਵਿਅਕਤੀਆਂ ਨੂੰ ਕਾਬੂ ਕੀਤਾ। ਇਸ ਸੰਬੰਧੀ ਡੀ.ਐੱਸ.ਪੀ. ਦਫਤਰ ਧੂਰੀ ਵਿਖੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕਰਨ ਸਿੰਘ ਸੰਧੂ ਡੀ.ਐੱਸ.ਪੀ. ਧੂਰੀ ਤੇ ਥਾਣਾ ਸਿਟੀ ਧੂਰੀ ਦੇ ਐੱਸ.ਐੱਚ.ਓ. ਰਮਨਦੀਪ ਸਿੰਘ ਬਾਵਾ ਨੇ ਦੱਸਿਆ ਕਿ ਵੱਖ ਵੱਖ ਵਾਰਦਾਤਾਂ ਵਿੱਚ ਤਿੰਨ ਸਨੈਚਰਾਂ ਤੇ ਦੋ ਚੋਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਵੀਡੀਓ ਵਿੱਚ ਇੱਕ ਈ-ਰਿਕਸ਼ਾ ਚਾਲਕ ਵੱਲੋਂ ਔਰਤ ਪਾਸੋਂ ਖੋਹੇ ਗਏ ਪਰਸ ਸੰਬੰਧੀ ਉਕਤ ਰਿਕਸ਼ਾ ਚਾਲਕ ਤੇ ਉਸ ਦੇ ਸਾਥੀ ਨੂੰ ਕਾਬੂ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਤੋਂ ਇੱਕ ਈ-ਰਿਕਸ਼ਾ, ਇੱਕ ਮੋਟਰਸਾਈਕਲ, ਦੋ ਖੋਹੇ ਮੋਬਾਇਲ ਤੇ ਦੋ ਪਰਸ ਬਰਾਮਦ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੁਕੱਦਮਾ ਨੰਬਰ 81 'ਚ ਹੁਸਨਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਭੱਦਲਵੱਡ, ਥਾਣਾ ਸਦਰ ਧੂਰੀ ਤੇ ਮੁਕੱਦਮਾ ਨੰਬਰ 82 'ਚ ਵਿਕਾਸ ਕੁਮਾਰ ਪੁੱਤਰ ਵਿਜੈ ਕੁਮਾਰ ਵਾਸੀ ਮਾਲੇਰਕੋਟਲਾ, ਇੰਦਰਪਾਲ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਪਿੰਡ ਬਰੜਵਾਲ ਹਾਲ ਆਬਾਦ ਨੇੜੇ ਕੰਡੇ ਵਾਲੀ ਗਲੀ ਧੂਰੀ ਅਤੇ ਮੁਕੱਦਮਾ ਨੰਬਰ 83 'ਚ ਅਮਨ ਕੁਮਾਰ ਉਰਫ ਅਮਨੀ ਪੁੱਤਰ ਜਿੰਦਰ ਕੁਮਾਰ ਵਾਸੀ ਅੰਬੇਡਕਰ ਚੌਕ ਧੂਰੀ, ਦੀਪਕ ਕੁਮਾਰ ਉਰਫ ਕਾਕੂ ਪੁੱਤਰ ਕਾਕਾ ਵਾਸੀ ਧੂਰੀ ਨੂੰ ਗ੍ਰਿਫਤਾਰ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਸਰਕਾਰੀ ਹਸਪਤਾਲ ਫਾਜ਼ਿਲਕਾ ਤੇ ਅਬੋਹਰ ਵਿਖੇ ਸਿਹਤ ਸਹੂਲਤਾਂ 'ਚ ਵਾਧਾ

*ਸਿਵਲ ਸਰਜਨ ਨੇ 11 ਹਾਊਸ ਸਰਜਨ ਡਾਕਟਰਾਂ ਨੂੰ ਵੰਡੇ ਨਿਯੁਕਤੀ ਪੱਤਰ*



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਸਰਕਾਰੀ ਨੌਕਰੀ ਦੇਣ ਦਾ ਕੀਤਾ ਵਾਅਦਾ ਬਾਖੂਬੀ ਪੂਰਾ ਕੀਤਾ ਜਾ ਰਿਹਾ ਹੈ। ਸਿਹਤ ਵਿਭਾਗ ਵਿੱਚ ਲੋਕਾਂ ਲਈ ਸਿਹਤ ਸਹੂਲਤਾਂ ਨੂੰ ਹੋਰ ਬਿਹਤਰ ਕਰਨ ਲਈ ਜ਼ਿਲ੍ਹਾ ਹਸਪਤਾਲ ਤੇ ਸਬ ਡਵੀਜ਼ਨ ਹਸਪਤਾਲ ਵਿੱਚ ਹਾਊਸ ਸਰਜਨ ਡਾਕਟਰਾਂ ਦੀ ਭਰਤੀ ਕਰਨ ਲਈ ਪ੍ਰਕਿਰਿਆ ਪੂਰੀ ਕਰ ਲਈ ਗਈ ਹੈ। ਅੱਜ ਸਿਵਲ ਸਰਜਨ ਦਫਤਰ ਵਿਖੇ ਸਿਵਲ ਸਰਜਨ ਡਾਕਟਰ ਸਤੀਸ਼ ਗੋਇਲ ਤੇ ਸਹਾਇਕ ਸਿਵਲ ਸਰਜਨ ਡਾਕਟਰ ਬਬੀਤਾ ਨੇ 11 ਡਾਕਟਰਾਂ ਨੂੰ ਨੌਕਰੀ ਦੇ ਨਿਯੁਕਤੀ ਪੱਤਰ ਵੰਡੇ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਹਾਇਕ ਸਿਵਲ ਸਰਜਨ ਡਾਕਟਰ ਬਬੀਤਾ ਨੇ ਦੱਸਿਆ ਕਿ ਸਿਵਲ ਹਸਪਤਾਲ ਫਾਜ਼ਿਲਕਾ ਤੇ ਅਬੋਹਰ ਵਿਖੇ ਸਿਹਤ ਸਹੂਲਤਾਂ ਵਿੱਚ ਵਾਧਾ ਕਰਦੇ ਹੋਏ ਸਰਕਾਰ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ, ਜਿਸ ਦੇ ਤਹਿਤ ਇੰਟਰਵਿਊ ਰਾਹੀਂ ਡਾਕਟਰ ਦੀ ਭਰਤੀ ਕੀਤੀ ਗਈ ਹੈ, ਜਿਸ ਵਿੱਚ ਇੰਟਰਵਿਊ ਪੈਨਲ ਨੇ 11 ਉਮੀਦਵਾਰਾਂ ਨੂੰ ਰਿਜ਼ਰਵੇਸ਼ਨ ਨਿਯਮਾਂ ਤਹਿਤ ਸਲੈਕਟ ਕੀਤਾ। ਉਨ੍ਹਾ ਕਿਹਾ ਕਿ ਇਨ੍ਹਾਂ ਡਾਕਟਰਾਂ ਦੀ ਨਿਯੁਕਤੀ ਸਿਹਤ ਸਹੂਲਤਾਂ ਵਿੱਚ ਮਿਲ ਦਾ ਪੱਥਰ ਸਾਬਿਤ ਹੋਵੇਗੀ। ਇਨ੍ਹਾਂ ਹਸਪਤਾਲਾਂ ਵਿੱਚ ਮਰੀਜ਼ਾਂ ਦੀ ਭੀੜ ਜ਼ਿਆਦਾ ਹੁੰਦੀ ਹੈ ਤੇ ਵਿਭਾਗ ਡਾਕਟਰਾਂ ਦੀ ਕਮੀ ਮਹਿਸੂਸ ਕਰ ਰਿਹਾ ਸੀ, ਜਿਸ ਤਹਿਤ ਸਿਹਤ ਸਹੂਲਤਾਂ ਵਿੱਚ ਵਾਧਾ ਹੋਵੇਗਾ ਤੇ ਲੋਕਾਂ ਨੂੰ ਇਸ ਦਾ ਫਾਇਦਾ ਮਿਲੇਗਾ। ਫਾਜ਼ਿਲਕਾ ਸਿਵਲ ਸਰਜਨ ਦਫਤਰ ਵਿਖੇ 11 ਡਾਕਟਰਾਂ ਨੂੰ ਨਿਯੁਕਤੀ ਪੱਤਰ ਵੰਡੇ। ਇਸ ਦੌਰਾਨ ਸਿਵਲ ਸਰਜਨ ਡਾਕਟਰ ਸਤੀਸ਼ ਗੋਇਲ ਨੇ ਨਵ ਨਿਯੁਕਤ ਡਾਕਟਰਾਂ ਨੂੰ ਇਮਾਨਦਾਰੀ ਨਾਲ ਕੰਮ ਕਰਨ ਲਈ ਹਦਾਇਤ ਦਿੰਦੇ ਹੋਏ ਕਿਹਾ ਕਿ ਡਾਕਟਰੀ ਪੇਸ਼ੇ ਵਿੱਚ ਮਰੀਜ਼ ਨਾਲ ਨਰਮੀ ਨਾਲ ਵਤੀਰਾ ਅਪਨਾਇਆ ਜਾਵੇ ਤੇ ਲੋਕਾਂ ਦੀ ਵੱਧ ਤੋਂ ਵੱਧ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ। ਇਸ ਦੌਰਾਨ ਰੋਹਿਤ ਸਚਦੇਵਾ ਤੇ ਮੋਹਿਤ ਮੌਜੂਦ ਸਨ।

# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਪਟਿਆਲਾ ਵੱਲੋਂ ਕਨਵੈਨਸ਼ਨ



**ਰਾਜਪੁਰਾ (ਰਮੇਸ਼ ਕਟਾਰੀਆ)**-ਸਟੇਟ ਕਮੇਟੀ ਦੇ ਫੈਸਲੇ ਅਨੁਸਾਰ ਸਰਕਲ ਪਟਿਆਲਾ ਦੀ ਕੰਨਵੈਨਸ਼ਨ ਅਣਖੀ ਭਵਨ ਪਟਿਆਲਾ ਵਿਖੇ ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਦੀ ਪ੍ਰਧਾਨਗੀ ਹੇਠ ਹੋਈ। ਇਸ ਕੰਨਵੈਨਸ਼ਨ ਵਿੱਚ ਪਟਿਆਲਾ ਸਰਕਲ ਅਧੀਨ ਆਉਂਦੀਆਂ ਡਵੀਜ਼ਨਾਂ ਸਮਾਣਾ, ਨਾਭਾ, ਪਟਿਆਲਾ, ਰਾਜਪੁਰਾ ਤੋਂ ਸੈਂਕੜੇ ਸਾਥੀਆਂ ਨੇ ਹਿੱਸਾ ਲਿਆ। ਇਸ ਕੰਨਵੈਨਸ਼ਨ ਵਿੱਚ ਸੂਬਾ ਵਰਕਿੰਗ ਪ੍ਰਧਾਨ ਸਾਥੀ ਗੁਰਵਿੰਦਰ ਸਿੰਘ ਰੋਪੜ ਤੇ ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਨੇ ਬੋਲਦੇ ਹੋਏ ਦੱਸਿਆ ਕਿ ਮੈਨੇਜਮੈਂਟ ਵੱਲੋਂ ਮੰਗਾਂ ਮੰਨਣ ਉਪਰੰਤ ਲਾਗੂ ਨਹੀਂ ਕੀਤੀਆਂ ਜਾਂਦੀਆਂ, ਸਗੋਂ ਪੰਜਾਬ ਸਰਕਾਰ ਆਨੇ ਬਹਾਨੇ ਬਣਾ ਕੇ ਡੰਗ ਟਪਾਊ ਨੀਤੀਆਂ ਅਪਣਾ ਰਹੀ ਹੈ। ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੰਗਾਂ ਨੂੰ ਲਮਕ ਅਵਸਥਾ ਵਿੱਚ ਰੱਖਿਆ ਹੋਇਆ ਹੈ, ਜਿਵੇਂ ਕਿ ਬਕਾਇਆ ਡੀ ਏ ਕੰਟਰੈਕਟ 'ਤੇ ਕੰਮ ਕਰਦੇ ਕਾਮਿਆਂ ਨੂੰ ਪੱਕੇ ਕਰਨਾ। ਇਸ ਸੰਘਰਸ਼ ਦੀ ਲੜੀ ਤਹਿਤ 14 ਜੁਲਾਈ ਨੂੰ ਪੰਜਾਬ ਏਟਕ ਵੱਲੋਂ ਲੇਬਰ ਕਮਿਸ਼ਨਰ ਮੁਹਾਲੀ ਦਫਤਰ ਸਾਹਮਣੇ ਬਿਜਲੀ ਕਾਮੇ ਹਜ਼ਾਰਾਂ ਦੀ ਗਿਣਤੀ ਵਿੱਚ ਹਿੱਸਾ ਲੈਣਗੇ। ਇਸ ਤੋਂ ਬਾਅਦ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੱਦੇ 'ਤੇ ਪੰਜਾਬ ਸਰਕਾਰ ਦੇ ਪੰਜ ਕੈਬਨਿਟ ਮੰਤਰੀਆਂ ਦੇ ਘਰਾਂ ਦਾ ਘਿਰਾਓ ਕਰਨ ਲਈ ਤਿਆਰ ਰਹਿਣ ਲਈ ਕਿਹਾ ਗਿਆ ਅਤੇ ਬਿਜਲੀ ਮੰਤਰੀ ਤੇ ਮੈਨੇਜਮੈਂਟ ਨਾਲ ਮਿਤੀ 07.06.2023 ਨੂੰ ਹੋਣ ਵਾਲੀ ਮੀਟਿੰਗ ਬਾਰੇ ਜਾਣਕਾਰੀ ਦਿੱਤੀ ਗਈ ਤੇ ਨਾਲ ਹੀ ਸੀ ਐੱਚ ਬੀ ਪੈਸਕੋ ਅਧੀਨ ਕੰਮ ਕਰਦੇ ਕਾਮਿਆਂ ਨੂੰ ਪੱਕੇ ਕਰਨ ਦੀ ਮੰਗ ਸੰਬੰਧੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਨਾਲ ਗੱਲਬਾਤ ਕੀਤੀ ਜਾਵੇਗੀ, ਜੇਕਰ ਜਾਇਜ਼ ਮੰਗਾਂ ਨਾਂ ਮੰਨੀਆਂ ਗਈਆਂ ਤਾਂ ਅਗਲਾ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।
ਇਸ ਕੰਨਵੈਨਸ਼ਨ ਵਿੱਚ ਸਾਥੀ ਬਲਬੀਰ ਸਿੰਘ ਨਾਭਾ, ਸਾਥੀ ਗੁਰਮੇਲ ਰਾਮ ਸਮਾਣਾ, ਸਾਥੀ ਕੁਲਦੀਪ ਸਿੰਘ ਰਾਜਪੁਰਾ ਤੇ ਸਾਥੀ ਅਰਸ਼ਦੀਪ ਸਕੱਤਰ ਸਰਕਲ ਪਟਿਆਲਾ ਨੇ ਸਟੇਜ ਦੀ ਕਾਰਵਾਈ ਬਾਖੂਬੀ ਨਿਭਾਈ। ਅੰਤ ਵਿੱਚ ਸਫਲ ਕੰਨਵੈਨਸ਼ਨ ਹੋਣ 'ਤੇ ਸੂਬੇ ਦੀ ਲੀਡਰਸ਼ਿਪ ਤੇ ਪਹੁੰਚੇ ਸਾਥੀਆਂ ਦਾ ਧੰਨਵਾਦ ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਨੇ ਕੀਤਾ।

## ਕਾਤਰਾਂ

### ਅਸ਼ੋਕ ਕੁਮਾਰ ਨੇ ਅਹੁਦਾ ਸੰਭਾਲਿਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਤਹਿਸੀਲ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਵਜੋਂ ਸ਼੍ਰੀ ਅਸ਼ੋਕ ਕੁਮਾਰ ਨੇ ਇੱਥੇ ਅਹੁਦਾ ਸੰਭਾਲ ਲਿਆ ਹੈ। ਉਹ ਇਸ ਤੋਂ ਪਹਿਲਾਂ ਫਾਜ਼ਿਲਕਾ ਜ਼ਿਲ੍ਹੇ 'ਚ ਤਾਇਨਾਤ ਸਨ। ਸ਼੍ਰੀ ਅਸ਼ੋਕ ਕੁਮਾਰ ਆਪਣੇ ਵਿਭਾਗ ਤੇ ਕੰਮ ਨੂੰ ਸਮਰਪਿਤ ਅਧਿਕਾਰੀ ਵਜੋਂ ਜਾਣੇ ਜਾਂਦੇ ਹਨ। ਇਸ ਮੌਕੇ ਸ੍ਰੀ ਅਸ਼ੋਕ ਕੁਮਾਰ ਨੇ ਕਿਹਾ ਕਿ ਉਹ ਸਮਾਜ ਦੇ ਕਮਜ਼ੋਰ ਵਰਗਾਂ ਲਈ ਵੱਧ ਤੋਂ ਵੱਧ ਉਪਰਾਲੇ ਕਰਨਗੇ ਤੇ ਇਹ ਵੀ ਯਕੀਨੀ ਬਣਾਉਣਗੇ ਕਿ ਸਰਕਾਰ ਦੀ ਹਰ ਇਕ ਸਕੀਮ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਬਿਨਾਂ ਕਿਸੇ ਭੇਦਭਾਵ ਦੇ ਪੁੱਜੇ।

### ਨਗਰ ਕੌਂਸਲ ਵੱਲੋਂ ਪੋਲੀਥੀਨ ਵਿਕ੍ਰੇਰਤਾਵਾਂ ਨਾਲ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਗਰ ਕੌਂਸਲ ਤਲਵੰਡੀ ਭਾਈ ਵੱਲੋਂ ਸ਼ਹਿਰ ਦੇ ਪੋਲੀਥੀਨ ਤੇ ਸਿੰਗਲ ਯੂਜ਼ ਪਲਾਸਟਿਕ ਦੇ ਹੋਲਸੇਲ ਵਿਕ੍ਰੇਰਤਾਵਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ 'ਚ ਨਗਰ ਕੌਂਸਲ ਦੇ ਅਧਿਕਾਰੀਆਂ ਵੱਲੋਂ ਸਰਕਾਰ ਵੱਲੋਂ ਜਾਰੀ ਕੀਤੇ ਨੋਟੀਫਿਕੇਸ਼ਨ ਦੀਆਂ ਹਦਾਇਤਾਂ ਸਬੰਧੀ ਦੁਕਾਨਦਾਰਾਂ ਨੂੰ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਭਵਿੱਖ 'ਚ ਜੇਕਰ ਕੋਈ ਦੁਕਾਨਦਾਰ ਪਾਬੰਦੀਸ਼ੁਦਾ ਪਲਾਸਟਿਕ ਕੈਰੀ ਬੈਗ ਜਾਂ ਸਿੰਗਲ ਯੂਜ਼ ਪਲਾਸਟਿਕ ਵੇਚਦਾ ਪਾਇਆ ਗਿਆ ਤਾਂ ਨਿਯਮਾਂ ਅਨੁਸਾਰ ਉਸ ਦਾ ਚਲਾਨ ਤੇ ਜੁਰਮਾਨਾ ਕੀਤਾ ਜਾਵੇਗਾ।ਇਸ ਮੌਕੇ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਪੂਨਮ ਭਟਨਾਗਰ ਤੇ ਸੈਨੇਟਰੀ ਇੰਸਪੈਕਟਰ ਸੁਖਪਾਲ ਸਿੰਘ ਨੇ ਦੱਸਿਆ ਕਿ ਆਉਣ ਵਾਲੇ ਸਮੇਂ 'ਚ ਨਗਰ ਕੌਂਸਲ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ ਪੁਲਸ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਸ਼ਹਿਰ ਅੰਦਰ ਚੈਕਿੰਗ ਕੀਤੀ ਜਾਣੀ ਹੈ।ਜੇਕਰ ਇਸ ਜਾਂਚ ਦੌਰਾਨ ਕੋਈ ਵੀ ਦੁਕਾਨਦਾਰ ਕੋਲੋਂ ਪਾਬੰਦੀਸ਼ੁਦਾ ਮੈਟੀਰੀਅਲ ਮਿਲ ਗਿਆ ਤਾਂ ਉਸ ਦੁਕਾਨਦਾਰ ਦਾ ਸਾਮਾਨ ਜ਼ਬਤ ਕੀਤਾ ਜਾਵੇਗਾ ਤੇ ਉਸ ਨੂੰ ਜੁਰਮਾਨਾ ਵੀ ਕੀਤਾ ਜਾਵੇਗਾ।

### ਐਕਸਿਸ ਬੈਂਕ ਵੱਲੋਂ ਪਲੇਸਮੈਂਟ ਕੈਂਪ ਅੱਜ

**ਸੰਗਰੂਰ (ਪ੍ਰਵੀਨ ਸਿੰਘ)**-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵੱਲੋਂ ਐਕਸਿਸ ਬੈਂਕ ਨਾਲ ਤਾਲਮੇਲ ਕਰਕੇ 7 ਜੁਲਾਈ ਨੂੰ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਸਥਿਤ ਬਿਊਰੋ ਵਿਖੇ ਪਲੇਸਮੈਂਟ ਕੈਂਪ ਲਵਾਇਆ ਜਾ ਰਿਹਾ ਹੈ। ਜ਼ਿਲ੍ਹਾ ਰੋਜ਼ਗਾਰ ਉਤਪਤੀ ਤੇ ਹੁਨਰ ਵਿਕਾਸ ਅਫਸਰ ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਨੌਜਵਾਨ ਮੁੰਡੇ-ਕੁੜੀਆਂ, ਜਿਨ੍ਹਾਂ ਦੀ ਘੱਟ ਤੋਂ ਘੱਟ ਯੋਗਤਾ ਗ੍ਰੈਜੂਏਸ਼ਨ ਹੋਵੇ, ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈ ਸਕਦੇ ਹਨ। ਨੌਜਵਾਨ ਆਪਣਾ ਰਜ਼ਿਊਮ, ਸਰਟੀਫਿਕੇਟਾਂ ਦੀਆਂ ਫੋਟੋ ਸਟੇਟ ਕਾਪੀਆਂ ਨਾਲ ਲੈ ਕੇ ਆਉਣਾ ਯਕੀਨੀ ਬਣਾਉਣ।

### ਚੈੱਕ ਬਾਊਂਸ ਦੇ ਮਾਮਲੇ 'ਚ ਸਾਲ ਦੀ ਸਜ਼ਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਅਦਾਲਤ ਨੇ ਚੈੱਕ ਬਾਊਂਸ ਮਾਮਲੇ 'ਚ ਇਕ ਵਿਅਕਤੀ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਇਕ ਸਾਲ ਦੀ ਸਜ਼ਾ ਦਾ ਹੁਕਮ ਸੁਣਾਇਆ ਹੈ। ਮਿਲੀ ਜਾਣਕਾਰੀ ਅਨੁਸਾਰ ਦੀ ਫ਼ਿਰੋਜ਼ਪੁਰ ਸੈਂਟਰਲ ਕੋਆਪ੍ਰੇਟਿਵ ਬੈਂਕ ਵੱਲੋਂ ਦਾਇਰ ਮਾਮਲੇ 'ਚ ਦੱਸਿਆ ਗਿਆ ਕਿ ਰਾਕੇਸ਼ ਕੁਮਾਰ ਪੁੱਤਰ ਰਜਿੰਦਰ ਪਾਲ ਵਾਸੀ ਬਸਤੀ ਟੈਂਕਾਂ ਵਾਲੀ ਫ਼ਿਰੋਜ਼ਪੁਰ ਨੂੰ 4 ਲੱਖ ਰੁਪਏ ਦਾ ਕਰਜ਼ਾ ਦਿੱਤਾ ਸੀ, ਜਿਸ 'ਚੋਂ 3 ਲੱਖ 70 ਹਜ਼ਾਰ ਰੁਪਏ ਬਕਾਇਆ ਸਨ। ਮੁਲਜ਼ਮ ਨੇ 20 ਸਤੰਬਰ 2017 ਵਾਲਾ 3 ਲੱਖ 70 ਹਜ਼ਾਰ ਰੁਪਏ ਦਾ ਆਪਣੇ ਖਾਤੇ ਵਾਲਾ ਚੈੱਕ ਬੈਂਕ ਦੇ ਹੱਕ 'ਚ ਜਾਰੀ ਕਰ ਦਿੱਤਾ, ਜੋ ਕਿ ਬਾਊਂਸ ਹੋ ਗਿਆ। ਚੱਲੇ ਮਾਮਲੇ 'ਚ ਜੁਡੀਸ਼ੀਅਲ ਮੈਜਿਸਟ੍ਰੇਟ ਫ਼ਸਟ ਕਲਾਸ ਫ਼ਿਰੋਜ਼ਪੁਰ ਮੈਡਮ ਨਵਜੀਤ ਪਾਲ ਕੌਰ ਦੀ ਅਦਾਲਤ ਨੇ ਪੇਸ਼ ਸਬੂਤਾਂ ਨੂੰ ਵੇਖਦੇ ਹੋਏ ਰਾਕੇਸ਼ ਕੁਮਾਰ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਇਕ ਸਾਲ ਕੈਦ ਤੇ ਚੈੱਕ ਬਰਾਬਰ ਮੁਆਵਜ਼ਾ ਨਾਲ 9 ਫ਼ੀਸਦੀ ਵਿਆਜ ਅਦਾ ਕਰਨ ਦਾ ਹੁਕਮ ਦਿੱਤਾ।

### ਪਲਾਸਟਿਕ ਲਿਫਾਫਿਆਂ ਦੀ ਕੀਤੀ ਚੈਕਿੰਗ

**ਬਰੇਟਾ (ਰੀਤਵਾਲ)**-ਸਥਾਨਕ ਨਗਰ ਕੌਂਸਲ ਬਰੇਟਾ ਦੇ ਸੈਨੀਟੇਸ਼ਨ ਇੰਚਾਰਜ ਵਿਕਾਸ ਸ਼ੁਕਲਾ ਦੀ ਅਗਵਾਈ ਹੇਠ ਸ਼ਹਿਰ 'ਚ ਵੱਖ-ਵੱਖ ਥਾਂਵਾਂ 'ਤੇ ਦੁਕਾਨਦਾਰ ਤੇ ਰੇਹੜੀ ਫੜ੍ਹੀ ਵਾਲਿਆਂ ਨੂੰ ਪਲਾਸਟਿਕ ਦੇ ਲਿਫਾਫੇ ਦੀ ਵਰਤੋਂ ਨਾ ਕਰਨ ਸਬੰਧੀ ਜਾਗਰੂਕ ਕੀਤਾ ਗਿਆ ਤੇ ਇਸ ਨਾਲ ਹੋਣ ਵਾਲੀਆਂ ਭਿਆਨਕ ਬਿਮਾਰੀਆਂ ਸਬੰਧੀ ਵੀ ਦੱਸਿਆ ਗਿਆ। ਇਸ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸ਼ਹਿਰ ਵਿੱਚ ਚੈਕਿੰਗ ਕੀਤੀ ਗਈ ਤੇ ਚੈਕਿੰਗ ਦੌਰਾਨ ਜਿਨ੍ਹਾਂ ਦੁਕਾਨਦਾਰਾਂ ਵੱਲੋਂ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਪਾਈ ਗਈ। ਉਨ੍ਹਾਂ ਦਾ ਮੌਕੇ 'ਤੇ ਚਲਾਨ ਕੀਤਾ ਗਿਆ ਤੇ ਲਿਫਾਫੇ ਵੀ ਜ਼ਬਤ ਕਰ ਲਏ ਗਏ। ਇਸ ਮੌਕੇ ਨਗਰ ਕੌਂਸਲ ਦੇ ਕਰਮਚਾਰੀ ਦੀਪਕ ਸਿੰਘ, ਗਗਨਦੀਪ ਕੌਰ, ਇੰਦਰਜੀਤ ਕੁਮਾਰ, ਰਮੇਸ਼ ਕੁਮਾਰ ਆਦਿ ਹਾਜ਼ਰ ਸਨ।

# ਸੂਬੇ 'ਚ ਮਿਲਾਵਟਖ਼ੋਰ ਤੇ ਘਟੀਆ ਫਾਸਟ ਫੂਡਜ਼ ਵਾਲੇ ਸਰਗਰਮ

**ਸਮਰਾਲਾ (ਸੁਰਜੀਤ ਸਿੰਘ)**-ਕੋਈ ਸਮਾਂ ਸੀ ਜਦੋਂ ਦੁੱਧ-ਘਿਓ ਨੂੰ ਤਾਕਤ ਦਾ ਬਾਦਸ਼ਾਹ ਮੰਨਿਆ ਜਾਂਦਾ ਸੀ, ਖੇਡ ਮੈਦਾਨਾਂ ਨਾਲ ਜੁੜੇ ਨੌਜਵਾਨਾਂ ਨੂੰ ਉਨ੍ਹਾਂ ਦੇ ਉਸਤਾਦ ਦੁੱਧ ਤੇ ਦੇਸੀ ਘਿਓ ਦਾ ਸੇਵਨ ਕਰਨ ਦੀ ਸਲਾਹ ਦਿਆ ਕਰਦੇ ਸਨ। ਪ੍ਰੰਤੂ ਅੱਜ ਸਮਾਂ ਉਲਟ ਗਿਆ ਹੈ, ਹੁਣ ਤਾਂ ਡਾਕਟਰ ਵੀ ਹਰੇਕ ਨੂੰ ਇਹੀ ਸਲਾਹ ਦਿੰਦੇ ਹਨ ਕਿ ਦੁੱਧ ਤੇ ਦੁੱਧ ਤੋਂ ਬਣੀਆਂ ਵਸਤਾਂ ਤੋਂ ਜਿੰਨਾ ਦੂਰ ਰਹੋਗੇ, ਓਨਾ ਹੀ ਨਿਰੋਗ ਰਹੋਗੇ। ਇਸ ਦਾ ਮੁੱਖ ਕਾਰਨ ਹੈ ਕਿ ਮਨੁੱਖ ਨੂੰ ਆਪੋ-ਧਾਪੀ ਪਈ ਹੋਈ ਹੈ, ਘੱਟ ਸਮੇਂ 'ਚ ਅਮੀਰ ਬਣਨ ਦੀ ਲਾਲਸਾ ਨੇ ਮਨੁੱਖਾਂ ਦੇ ਮਨਾਂ ਅੰਦਰ ਬੇਈਮਾਨੀ ਤੇ ਮਿਲਾਵਟਖ਼ੋਰੀ ਵਧਾ ਦਿੱਤੀ ਹੈ। ਬੇਸ਼ੱਕ ਕਦੇ ਦੁੱਧ ਨੂੰ ਤੇਰਵੇਂ ਰਤਨ ਵਜੋਂ ਸਤਿਕਾਰਿਆ ਜਾਂਦਾ ਸੀ, ਪਰ ਹੁਣ ਮਨੁੱਖ ਵੱਲੋਂ ਇਸ ਨੂੰ ਵਪਾਰ ਬਣਾ ਕੇ ਲੋਕਾਂ ਦੀਆਂ ਜ਼ਿੰਦਗੀਆਂ ਨਾਲ ਖਿਲਵਾੜ ਕਰਨਾ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਫਾਸਟ ਫੂਡਜ਼ ਦੇ ਨਾਂਅ ਹੇਠ ਚੱਲ ਰਹੇ ਕਾਲੇ ਧੰਦੇ ਵੀ ਲੋਕਾਂ ਨੂੰ ਬਿਮਾਰੀਆਂ ਤੋਹਫ਼ੇ ਵਜੋਂ ਵੰਡ ਰਹੇ ਹਨ, ਕਿਉਂਕਿ ਨਕਲੀ ਤੇ ਘਟੀਆ ਸਮੱਗਰੀ ਦਾ ਇਸਤੇਮਾਲ ਕਰਕੇ ਤਿਆਰ ਕੀਤੇ ਫਾਸਟ ਫੂਡ ਲੋਕਾਂ ਨੂੰ ਅੰਦਰੋਂ ਘੁਣ ਵਾਂਗ ਕਮਜ਼ੋਰ ਕਰ ਰਹੇ ਹਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਸਾਡੇ ਨੌਜਵਾਨਾਂ ਦੀ ਹੈ। ਅੱਜ ਆਮ ਲੋਕਾਂ ਨੂੰ ਪੈਸੇ ਖ਼ਰਚ ਕਰਕੇ ਵੀ ਸ਼ੁੱਧ ਸਾਮਾਨ ਬਾਜ਼ਾਰ 'ਚੋਂ ਨਹੀਂ ਮਿਲਦਾ, ਹਰੇਕ ਚੀਜ਼ ਅੰਦਰ ਮਿਲਾਵਟ ਦੇ ਅੰਸ਼ ਦੇਖਣ ਨੂੰ ਮਿਲਦੇ ਹਨ, ਜਿਨ੍ਹਾਂ ਦੇ ਸੇਵਨ ਨਾਲ ਮਨੁੱਖ ਮਰੀਜ਼ ਬਣ ਕੇ ਹਸਪਤਾਲਾਂ ਦੇ ਚੱਕਰਵਿਊ 'ਚ ਅਜਿਹਾ ਘਿਰਦਾ ਹੈ ਕਿ ਉਹ ਸਰੀਰਕ, ਮਾਨਸਿਕ ਤੇ ਆਰਥਿਕ ਤੌਰ 'ਤੇ ਕਮਜ਼ੋਰ ਪੈ ਜਾਂਦਾ ਹੈ। ਅੱਜ ਸਾਡੇ ਲੋਕਾਂ ਨੂੰ ਓਨਾ ਖ਼ਤਰਾ ਚੀਨ ਤੇ ਪਾਕਿਸਤਾਨ ਵਰਗੇ ਦੇਸ਼ਾਂ ਤੋਂ ਨਹੀਂ ਹੈ, ਜਿੰਨਾ ਆਪਣੇ ਦੇਸ਼ ਅੰਦਰ ਰਹਿ ਰਹੇ ਇਨ੍ਹਾਂ ਬੇਈਮਾਨਾਂ ਤੇ ਮਿਲਾਵਟਖ਼ੋਰਾਂ ਤੋਂ ਹੈ। ਸੂਬੇ ਦੇ ਵੱਖ-ਵੱਖ ਸਮਾਜਿਕ ਸੰਗਠਨਾਂ ਨਾਲ ਜੁੜੇ ਸਮਾਜਸੇਵੀ ਲੋਕਾਂ ਵੱਲੋਂ ਇਨ੍ਹਾਂ ਮਿਲਾਵਟਖ਼ੋਰਾਂ ਤੇ ਫਾਸਟ ਫੂਡਜ਼ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਆਪਣੇ ਸੋਸ਼ਲ ਮੀਡੀਆ ਰਾਹੀਂ ਵੀਡੀਓ ਪਾ ਕੇ ਅਨੇਕਾਂ ਵਾਰ ਮੁੱਦੇ ਉਜਾਗਰ ਕੀਤੇ ਹਨ, ਪ੍ਰੰਤੂ ਸਰਕਾਰ ਤੇ ਪ੍ਰਸ਼ਾਸਨ ਕਾਰਵਾਈ ਕਰਨ 'ਚ ਨਿਠੱਲੇ ਸਾਬਿਤ ਹੋਏ ਹਨ। ਸਮਾਜਸੇਵੀ ਲੋਕਾਂ ਸ਼ਿਵ ਕੁਮਾਰ ਸ਼ਿਵਲੀ, ਐਡਵੋਕੇਟ ਗਗਨਦੀਪ ਸ਼ਰਮਾ, ਹਰਬੰਸ ਲਾਲ ਚਾਨਣਾ, ਨੀਰਜ ਸਿਹਾਲਾ, ਦੀਪ ਦਿਲਬਰ, ਰਾਜਵਿੰਦਰ ਸਮਰਾਲਾ, ਇੰਦਰੇਸ਼ ਜੈਦਕਾ, ਸੰਜੀਵ ਸਰੀਨ, ਮਨਜੀਤ ਸਿੰਘ, ਅੰਤਰਜੋਤ ਸਿੰਘ ਆਦਿ ਨੇ ਗੱਲਬਾਤ ਦੌਰਾਨ ਦੱਸਿਆ ਕਿ ਅਸੀਂ ਕਈ ਵਾਰ ਇਸ ਸਬੰਧੀ ਆਵਾਜ਼ ਉਠਾਈ ਹੈ, ਪ੍ਰੰਤੂ ਸਰਕਾਰ ਤੇ ਪ੍ਰਸ਼ਾਸਨ ਨੇ ਤਾਂ ਕੀ ਜਾਗਣਾ ਹੈ, ਸਗੋਂ ਆਮ ਲੋਕਾਂ ਵੱਲੋਂ ਵੀ ਸਾਡੀ ਇਸ ਕਾਰਵਾਈ ਦਾ ਕੋਈ ਖਾਸ ਸਮਰਥਨ ਨਹੀਂ ਕੀਤਾ ਗਿਆ। ਮੈਡੀਕਲ ਅਫ਼ਸਰ ਡਾ. ਦਿਲਜਾਨ ਸਿੰਘ ਦਾ ਕਹਿਣਾ ਹੈ ਕਿ ਜੇਕਰ ਕੋਈ ਵੀ ਮਨੁੱਖ ਪੂਰੀ ਜ਼ਿੰਦਗੀ ਤੰਦਰੁਸਤ ਰਹਿਣਾ ਚਾਹੁੰਦਾ ਹੈ, ਤਾਂ ਉਸ ਨੂੰ ਦੁੱਧ ਤੇ ਦੁੱਧ ਤੋਂ ਬਣੀਆਂ ਚੀਜ਼ਾਂ ਦੇ ਨਾਲ-ਨਾਲ ਫਾਸਟ ਫੂਡਜ਼ ਤੋਂ ਕਿਨਾਰਾ ਵੱਟਣਾ ਪਵੇਗਾ। ਉਨ੍ਹਾਂ ਕਿਹਾ ਕਿ ਅੱਜ ਦਾ ਮਨੁੱਖ ਆਪਣੀਆਂ ਖ਼ੁਦ ਦੀਆਂ ਗ਼ਲਤੀਆਂ ਕਾਰਨ ਹੀ ਬਿਮਾਰੀਆਂ ਦੇ ਚੱਕਰ 'ਚ ਉਲਝ ਗਿਆ ਹੈ, ਕੋਈ ਮਿਲਾਵਟਖ਼ੋਰ ਜਾਂ ਫਾਸਟ ਫੂਡ ਵਾਲਾ ਉਨ੍ਹਾਂ ਦੇ ਘਰ ਆ ਕੇ ਖਾਣ ਵਾਲੀਆਂ ਚੀਜ਼ਾਂ ਮੁਫ਼ਤ ਵਿੱਚ ਪਰੋਸ ਕੇ ਨਹੀਂ ਜਾਂਦਾ, ਸਗੋਂ ਉਹ ਆਪ ਇਨ੍ਹਾਂ ਫਾਸਟ ਫੂਡਜ਼ ਵਾਲਿਆਂ ਨੂੰ ਖਾਣੇ ਆਰਡਰ ਕਰਦੇ ਹਨ। ਉਨ੍ਹਾਂ ਕਿਹਾ ਕਿ ਘਰ 'ਚ ਬਣੀਆਂ ਚੀਜ਼ਾਂ ਸਾਫ਼-ਸੁਥਰੇ ਮਾਹੌਲ 'ਚ ਵੀ ਬਣਦੀਆਂ ਹਨ ਤੇ ਉਨ੍ਹਾਂ ਦਾ ਸਾਡੀ ਸਿਹਤ ਲਈ ਕੋਈ ਨੁਕਸਾਨ ਵੀ ਨਹੀਂ ਹੁੰਦਾ, ਸੋ ਜ਼ਿੰਦਗੀ ਸਾਡੀ ਹੈ ਤੇ ਫ਼ੈਸਲਾ ਵੀ ਸਾਡਾ ਹੀ ਹੋਣਾ ਚਾਹੀਦਾ।

# ਕਿਸਾਨ ਨੇ ਗੁਲਾਬੀ ਸੁੰਡੀ ਦੀ ਲਪੇਟ 'ਚ ਆਇਆ ਨਰਮਾ ਵਾਹਿਆ

**ਮਲੋਟ (ਗੁਰਮੀਤ ਸਿੰਘ ਮੱਕੜ)**
ਕਿਸਾਨਾਂ ਨੂੰ ਹਰ ਸਾਲ ਨਰਮੇ ਦੀ ਫਸਲ ਦੌਰਾਨ ਕਿਸੇ ਨਾ ਕਿਸੇ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਪਿਛਲੇ ਕਈ ਸਾਲਾਂ ਤੋਂ ਕਿਸਾਨ ਨਰਮੇ ਦੀ ਫਸਲ ਦੌਰਾਨ ਗੁਲਾਬੀ ਸੁੰਡੀ ਘੇਰਦੀ ਰਹੀ ਹੈ। ਇਸ ਵਾਰ ਵੀ ਹਲਕਾ ਮਲੋਟ ਦੇ ਕਈ ਪਿੰਡਾਂ ਵਿੱਚ ਗੁਲਾਬੀ ਸੁੰਡੀ ਦਾ ਡਰ ਸਤਾਉਣ ਲੱਗਿਆ ਹੈ। ਪਿੰਡ ਡੱਬਵਾਲੀ ਢਾਬ ਵਿਖੇ ਕਣਕ ਦੀ ਫਸਲ ਦੌਰਾਨ ਹੋਈ ਭਾਰੀ ਬਾਰਿਸ਼ ਨੇ ਇਸ ਪਿੰਡ ਦਾ 100 ਪ੍ਰਤੀਸ਼ਤ ਨੁਕਸਾਨ ਹੋ ਗਿਆ ਸੀ, ਜਿੱਥੇ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਪਿੰਡ ਵਿਚ ਦੌਰਾ ਕਰਕੇ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਸੀ। ਹੁਣ ਫਿਰ ਇਸ ਪਿੰਡ 'ਤੇ ਇੱਕ ਦੂਹਰੀ ਮਾਰ ਗੁਲਾਬੀ ਸੁੰਡੀ ਦੀ ਪੈਣ ਲੱਗੀ ਹੈ।
ਪਿੰਡ ਦੇ ਕਿਸਾਨ ਕੁਲਦੀਪ ਸਿੰਘ ਨੇ ਦੱਸਿਆ ਕਿ ਉਸ ਕੋਲ ਦੋ ਕਿਲੇ ਜ਼ਮੀਨ ਹੈ ਤੇ 10 ਕਿੱਲ੍ਹੇ ਠੇਕੇ 'ਤੇ ਲਈ ਸੀ ਤੇ ਹੁਣ ਨਰਮੇ ਦੀ ਫਸਲ ਉੱਪਰ ਗੁਲਾਬੀ ਸੁੰਡੀ ਦਾ ਹਮਲਾ ਹੋਣਾ ਸ਼ੁਰੂ ਹੋ ਗਿਆ, ਜਿਸ ਕਰਕੇ 2 ਏਕੜ ਨਰਮੇ ਦੀ ਫਸਲ ਵਾਹ ਦਿੱਤੀ ਹੈ ਅਤੇ ਬਾਕੀ ਦੀ ਫਸਲ ਵਾਹੁਣ ਲਈ ਤਿਆਰ ਹੈ। ਉਸ ਨੇ ਦੱਸਿਆ ਕਿ ਉਸ ਨੇ 50 ਹਜ਼ਾਰ ਰੁਪਏ ਦੇ ਹਿਸਾਬ ਨਾਲ ਠੇਕਾ ਭਰਿਆ ਹੈ ਤੇ 15 ਹਜ਼ਾਰ ਦੇ ਕਰੀਬ ਨਰਮੇ ਦੀ ਬਿਜਾਈ 'ਤੇ ਖਰਚ ਕੀਤਾ ਅਤੇ ਹੁਣ ਨਰਮਾ ਵਾਹੁਣ ਲਈ ਮਜਬੂਰ ਹੋਣਾ ਪਿਆ ਹੈ।ਦੂਜੇ ਪਾਸੇ ਕਿਸਾਨ ਯੂਨੀਅਨ ਆਗੂ ਕੁਲਦੀਪ ਸਿੰਘ ਨੇ ਕਿਹਾ ਇਸ ਪਿੰਡ ਵਿੱਚ ਪਹਿਲਾਂ ਹੀ ਕਣਕ ਦੀ ਫਸਲ ਦੌਰਾਨ ਬਾਰਿਸ਼ ਨਾਲ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਸੀ। ਪੰਜਾਬ ਦੇ ਮੁੱਖ ਮੰਤਰੀ ਨੇ ਇਸ ਪਿੰਡ ਦਾ ਦੌਰਾ ਕਰਕੇ ਕਿਸਾਨਾਂ ਨੂੰ ਇੱਕ ਮਲਮ ਦੇ ਰੂਪ ਵਿੱਚ ਯੋਗ ਮੁਆਵਜ਼ਾ ਦੇਣ ਦੀ ਗੱਲ ਕਹੀ ਸੀ, ਪ੍ਰੰਤੂ ਅਜੇ ਤੱਕ ਉਨ੍ਹਾਂ ਨੂੰ ਮੁਆਵਜ਼ਾ ਨਹੀ ਦਿੱਤਾ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦਾ ਯੋਗ ਮੁਆਵਜ਼ਾ ਜਲਦ ਦਿੱਤਾ ਜਾਵੇ ਨਹੀਂ ਤਾ ਕਿਸਾਨਾਂ ਨੂੰ ਧਰਨੇ ਲਈ ਮਜਬੂਰ ਹੋਣਾ ਪਵੇਗਾ। ਇਸ ਸੰਬੰਧੀ ਖੇਤੀਬਾੜੀ ਅਧਿਕਾਰੀ ਦਾ ਕਹਿਣਾ ਸੀ ਕਿ ਮਲੋਟ ਬਲਾਕ ਵਿੱਚ ਇਸ ਵਾਰ 14000 ਏਕੜ ਨਰਮੇ ਦੀ ਬਿਜਾਈ ਕੀਤੀ ਹੈ। ਉਨ੍ਹਾ ਮੰਨਿਆ ਕਿ ਇਸ ਵਾਰ ਗੁਲਾਬੀ ਸੁੰਡੀ ਦਾ ਥੋੜ੍ਹਾ ਜਿਹਾ ਪ੍ਰਭਾਵ ਹੈ, ਜਿੱਥੇ ਪਤਾ ਲੱਗਦਾ, ਉਥੇ ਵਿਭਾਗ ਵੱਲੋਂ ਕਿਸਾਨਾਂ ਨੂੰ ਨਰਮੇ ਉੱਪਰ ਸਪਰੇਅ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ, ਪ੍ਰੰਤੂ ਅਜੇ ਤੱਕ ਨਰਮਾ ਵਾਹੁਣ ਦੀ ਨੌਬਤ ਨਹੀਂ ਹੈ।

**ਸਰਕਾਰ ਤੋਂ ਕੀਤੀ ਯੋਗ ਮੁਆਵਜ਼ੇ ਦੀ ਮੰਗ**



## ਜਨਨੀ ਸੁਰੱਖਿਆ ਯੋਜਨਾ ਤਹਿਤ 988 ਲਾਭਪਾਤਰੀ ਮਾਵਾਂ ਨੂੰ 6.75 ਲੱਖ ਦੀ ਰਾਸ਼ੀ ਮੁਹੱਈਆ ਕਰਵਾਈ : ਡੀ ਸੀ

**ਮਾਨਸਾ (ਪਮਾਰ)**-ਸਰਕਾਰੀ ਸਿਹਤ ਸੰਸਥਾਵਾਂ ਵੱਲੋਂ ਸੁਰੱਖਿਅਤ ਜਣੇਪੇ ਨੂੰ ਉਤਸ਼ਾਹਤ ਕਰਨ ਲਈ ਚਲਾਈ ਜਾ ਰਹੀ ਜਨਨੀ ਸੁਰੱਖਿਆ ਯੋਜਨਾ ਦਾ ਲਾਭ ਜ਼ਿਲ੍ਹਾ ਮਾਨਸਾ ਦੀਆਂ ਲਾਭਪਾਤਰੀ ਮਾਵਾਂ ਵੱਲੋਂ ਲਿਆ ਜਾ ਰਿਹਾ ਹੈ।
ਇਸ ਤਹਿਤ ਜ਼ਿਲ੍ਹੇ ਵਿੱਚ ਜਨਵਰੀ 2023 ਤੋਂ ਜੂਨ 2023 ਤੱਕ 988 ਲਾਭਪਾਤਰੀ ਮਾਵਾਂ ਨੂੰ ਜਨਨੀ ਸੁਰੱਖਿਆ ਯੋਜਨਾ ਤਹਿਤ 6 ਲੱਖ 75 ਹਜ਼ਾਰ 800 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਿਸ਼ੀਪਾਲ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸਰਕਾਰੀ ਤੇ ਸਰਕਾਰ ਦੀਆਂ ਇੰਪੈਨਲਡ ਸਿਹਤ ਸੰਸਥਾਵਾਂ ਵਿਖੇ ਜਣੇਪਾ ਕਰਵਾਉਣ ਵਾਲੀਆਂ ਗਰਭਵਤੀ ਮਹਿਲਾਵਾਂ ਨੂੰ ਇਹ ਵਿੱਤੀ ਲਾਭ ਦਿੱਤਾ ਜਾਂਦਾ ਹੈ। ਉਨ੍ਹਾ ਦੱਸਿਆ ਕਿ ਇਸ ਯੋਜਨਾ ਦਾ ਲਾਭ ਸਮੂਹ ਐੱਸ ਸੀ, ਐੱਸ ਟੀ, ਗਰੀਬੀ ਰੇਖਾ ਤੋਂ ਹੇਠਾਂ ਵਾਲੇ ਪਰਿਵਾਰ ਦੇ ਮੈਂਬਰ ਇਸ ਯੋਜਨਾ ਦਾ ਤਹਿਤ ਵਿੱਤੀ ਲਾਭ ਲੈ ਸਕਦੇ ਹਨ। ਉਨ੍ਹਾ ਦੱਸਿਆ ਕਿ ਜੋ ਡਲੀਵਰੀ ਸ਼ਹਿਰੀ ਖੇਤਰ ਦੀ ਲਾਭਪਾਤਰੀ ਦੀ ਹੁੰਦੀ ਹੈ, ਉਸ ਗਰਭਵਤੀ ਮਹਿਲਾ ਨੂੰ 600 ਰੁਪਏ, ਜਦਕਿ ਪੇਂਡੂ ਖੇਤਰ 'ਚ ਰਹਿਣ ਵਾਲੀ ਔਰਤ ਨੂੰ ਸੰਸਥਾਗਤ ਜਣੇਪਾ ਕਰਵਾਉਣ ਉਪਰੰਤ 700 ਰੁਪਏ ਦਾ ਲਾਭ ਮਿਲਦਾ ਹੈ। ਕਿਸੇ ਕਾਰਨ ਪੇਂਡੂ ਖੇਤਰ ਦੇ ਲਾਭਪਾਤਰੀ ਘਰ ਵਿਚ ਜਣੇਪਾ ਹੋਣ ਦੀ ਸੂਰਤ ਵਿੱਚ 500 ਰੁਪਏ ਆਰਥਿਕ ਸਹਾਇਤਾ ਦਿੱਤੀ ਜਾਂਦੀ ਹੈ। ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਜਨਨੀ ਸੁਰੱਖਿਆ ਯੋਜਨਾ ਦਾ ਲਾਭ ਹਰੇਕ ਯੋਗ ਲਾਭਪਾਤਰੀ ਮਹਿਲਾ ਤੱਕ ਜ਼ਰੂਰ ਪੁੱਜਦਾ ਕਰਨ।

## ਪਾਵਰਕਾਮ ਦੇ ਜੇ ਈਜ਼ ਨੇ ਵੀ ਸੰਘਰਸ਼ ਦਾ ਬਿਗਲ ਵਜਾਇਆ

**14 ਤੋਂ ਵਰਕ ਟੂ ਰੂਲ ਤਹਿਤ ਸਿਰਫ 8 ਘੰਟੇ ਹੀ ਡਿਊਟੀ ਕਰਨ ਦਾ ਫੈਸਲਾ**

**ਧੂਰੀ (ਸੁਖਦੇਵ ਧੂਰੀ)**-ਪੀ.ਐੱਸ.ਪੀ.ਸੀ.ਐੱਲ. ਵੰਡ ਮੰਡਲ ਧੂਰੀ ਵਿਖੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੀ ਪ੍ਰਧਾਨ ਬਲਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਵੇਰਵੇ ਪ੍ਰੈੱਸ ਨੂੰ ਜਾਰੀ ਕਰਦਿਆਂ ਪ੍ਰਧਾਨ ਬਲਵਿੰਦਰ ਸਿੰਘ ਤੇ ਜਨਰਲ ਸਕੱਤਰ ਮਨਪ੍ਰੀਤ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਜੇ. ਈਜ਼ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਪ੍ਰਤੀ ਪਾਵਰਕਾਮ ਮੈਨੇਜਮੈਂਟ ਵੱਲੋਂ ਬਿਲਕੁਲ ਵੀ ਹਾਂ-ਪੱਖੀ ਨਜ਼ਰੀਆ ਨਹੀਂ ਰੱਖਿਆ ਜਾ ਰਿਹਾ, ਜਿਸ ਕਰਕੇ ਸਾਰੇ ਪੰਜਾਬ ਦੇ ਜੇ. ਈਜ਼ ਸੰਘਰਸ਼ ਦੇ ਰਾਹ 'ਤੇ ਚੱਲਣ ਲਈ ਮਜਬੂਰ ਹਨ। ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼ ਦੇ ਆਗੂਆਂ ਵੱਲੋਂ ਐਕਸੀਅਨ ਧੂਰੀ ਪ੍ਰੀਤ ਮਹਿੰਦਰ ਸਿੰਘ ਨੂੰ ਆਪਣੀਆਂ ਮੰਗ ਸਬੰਧੀ ਇੱਕ ਮੰਗ ਪੱਤਰ ਵੀ ਦਿੱਤਾ ਗਿਆ ਹੈ। ਮੀਟਿੰਗ ਵਿੱਚ ਜੂਨੀਅਰ ਇੰਜੀਨੀਅਰਾਂ ਨਾਲ ਵਾਪਰ ਰਹੀਆਂ ਘਟਨਾਵਾਂ ਜਿਵੇਂ ਕਿ ਪਠਾਨਕੋਟ ਵਿਖੇ ਯੁਵਰਾਜ ਸਿੰਘ ਜੇ. ਈ. ਉੱਤੇ ਹੋਏ ਜਾਨਲੇਵਾ ਹਮਲੇ ਦੀ ਸਖਤ ਨਿਖੇਧੀ ਕੀਤੀ ਗਈ ਤੇ ਇੱਕ ਹੋਰ ਘਟਨਾ ਜਲੰਧਰ ਵਿਖੇ ਆਨ ਡਿਊਟੀ ਜੇ. ਈ. ਹਰੀਸ਼ ਟਰਾਂਸਫਾਰਮਰ ਬਦਲੀ ਕਰਨ ਸਮੇਂ ਡਿੱਗਣ ਕਾਰਨ ਆਈ.ਸੀ.ਯੂ. ਵਿੱਚ ਭਰਤੀ ਹੈ। ਇਹ ਸਭ ਹਾਦਸੇ ਮਹਿਕਮੇ ਦੇ ਘਟੀਆ ਪ੍ਰਬੰਧ ਕਾਰਨ ਹੋ ਰਹੇ ਹਨ। ਮੀਟਿੰਗ ਵਿੱਚ ਜੇ. ਈਜ਼ ਨੂੰ ਆ ਰਹੀਆਂ ਮੁਸ਼ਕਲਾਂ ਵਿਚਾਰੀਆਂ ਗਈਆਂ, ਜੋ ਮੈਨੇਜਮੈਂਟ ਨੂੰ ਕਾਫੀ ਸਮਾਂ ਪਹਿਲਾਂ ਹੀ ਸੌਂਪ ਦਿੱਤੀਆਂ ਗਈਆਂ ਸਨ, ਪ੍ਰੰਤੂ ਉਨ੍ਹਾਂ ਦਾ ਉੱਚ ਅਧਿਕਾਰੀਆਂ ਵੱਲੋਂ ਕੋਈ ਹੱਲ ਨਹੀਂ ਕੀਤਾ ਗਿਆ, ਜਿਨ੍ਹਾਂ ਵਿੱਚ ਮੁੱਖ ਮੰਗਾਂ ਜੇ ਈ ਦੀ ਡਿਊਟੀ ਦਾ ਸਮਾਂ ਨਿਰਧਾਰਤ ਕਰਨਾ, ਕਿਸੇ ਘਾਤਕ ਹਾਦਸੇ ਵਿੱਚ ਸਿੱਧਾ ਜੇ ਈ 'ਤੇ ਐੱਫ. ਆਈ. ਆਰ. ਕਰਨੀ, ਢੋਆ-ਢੁਆਈ ਸਾਧਨ/ਕਰੇਨਾਂ ਦਾ ਨਾ ਹੋਣਾ, ਲਾਈਨਮੈਨਾਂ ਦੀ ਕਮੀ ਆਦਿ ਸ਼ਾਮਲ ਹਨ। ਉਨ੍ਹਾਂ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਸਾਰੇ ਪੰਜਾਬ ਵਿੱਚ ਪੀ.ਐੱਸ.ਪੀ.ਸੀ.ਐੱਲ. ਦੇ ਜੇ. ਈਜ਼ ਵੱਲੋਂ 6 ਜੁਲਾਈ ਤੋਂ ਸਾਰੇ ਨਵੇਂ ਕੰਮ ਤੇ ਨਵੇਂ ਮੀਟਰ ਲਗਾਉਣੇ ਬੰਦ ਕਰ ਦਿੱਤੇ ਜਾਣਗੇ। ਜੇਕਰ ਇਨ੍ਹਾਂ ਮੰਗਾਂ ਦਾ ਹੱਲ ਨਾ ਹੋਇਆ ਤਾਂ 14 ਜੁਲਾਈ ਤੋਂ ਇਸ ਦੇ ਨਾਲ-ਨਾਲ ਵਰਕ ਟੂ ਰੂਲ ਤਹਿਤ ਜੇ ਈਜ਼ ਦੁਆਰਾ ਸਿਰਫ 8 ਘੰਟੇ ਹੀ ਡਿਊਟੀ ਕੀਤੀ ਜਾਵੇਗੀ।

## ਭਾਜਪਾ ਯੁਵਾ ਮੋਰਚਾ ਦੇ ਅਮਿਤ ਸ਼ਰਮਾ ਬਣੇ ਪ੍ਰਧਾਨ



**ਜਗਰਾਉਂ (ਸੰਜੀਵ ਅਰੋੜਾ)**-ਭਾਜਪਾ ਜਗਰਾਉਂ ਵੱਲੋਂ ਮੰਡਲ ਪ੍ਰਧਾਨ ਟੋਨੀ ਵਰਮਾ ਦੀ ਅਗਵਾਈ ਹੇਠ ਇੱਕ ਜ਼ਰੂਰੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਪਾਰਟੀ ਦੇ 'ਯੁਵਾ ਮੰਡਲ' ਦਾ ਅਮਿਤ ਸ਼ਰਮਾ ਨੂੰ ਪ੍ਰਧਾਨ ਬਣਾਇਆ ਗਿਆ, ਜਦੋਂਕਿ ਜਤਿੰਦਰ ਕੁਮਾਰ ਨੂੰ ਪਾਰਟੀ ਦੇ 'ਵਿਓਪਾਰ ਮੰਡਲ' ਦੇ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਮੰਡਲ ਪ੍ਰਧਾਨ ਟੋਨੀ ਵਰਮਾ ਨੇ ਦੱਸਿਆ ਕਿ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਦੇ 9 ਸਾਲ ਪੂਰੇ ਹੋਣ 'ਤੇ ਪਾਰਟੀ ਵੱਲੋਂ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪਾਰਟੀ ਵਰਕਰ ਘਰ-ਘਰ ਜਾ ਕੇ ਲੋਕਾਂ ਨੂੰ ਸਰਕਾਰ ਦੀਆਂ ਨੀਤੀਆਂ ਤੇ ਇਸ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਉਣਗੇ। ਨਵੇਂ ਚੁਣੇ ਗਏ ਯੁਵਾ ਪ੍ਰਧਾਨ ਅਮਿਤ ਸ਼ਰਮਾ ਨੇ ਕਿਹਾ ਕਿ ਉਹ ਮੰਡਲ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਤੇ ਇਸ ਦੇ ਮੈਂਬਰਾਂ ਦੀ ਬਿਹਤਰੀ ਲਈ ਕੰਮ ਕਰਨਗੇ। ਇਸ ਮੌਕੇ ਕ੍ਰਿਸ਼ਨ ਕੁਮਾਰ, ਅੰਕੁਸ਼ ਧੀਰ, ਸੁਮਿਤ ਅਰੋੜਾ, ਅੰਕੁਸ਼ ਸਹਿਜਪਾਲ ਤੇ ਗੌਰਵ ਸਿੰਗਲਾ ਆਦਿ ਹਾਜ਼ਰ ਸਨ।

## ਸਿਵਲ ਜੱਜ ਵੱਲੋਂ ਪ੍ਰਯਾਸ ਟੂ ਉਜਾਲਾ (ਬਲਾਇੰਡ ਆਸ਼ਰਮ) ਦਾ ਦੌਰਾ

**ਸੀਨੀ. ਸੈਕੰ. ਸਕੂਲ ਉਦੇਕਰਨ ਵਿਖੇ ਕਾਨੂੰਨੀ ਜਾਗਰੂਕਤਾ ਸੈਮੀਨਾਰ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**
ਸ੍ਰੀ ਰਾਜ ਕੁਮਾਰ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਾਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਮਿਸ਼ ਹਰਪ੍ਰੀਤ ਕੌਰ ਸਿਵਲ ਜੱਜ (ਸੀਨੀਅਰ ਡਵੀਜਨ)/ਸੀ.ਜੇ.ਐੱਮ.-ਸਾਹਿਤ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਬੀਤੇ ਦਿਨੀਂ ਕੋਟਕਪੂਰਾ ਰੋਡ ਸਥਿਤ ਪ੍ਰਯਾਸ ਟੂ ਉਜਾਲਾ (ਨੇਤ੍ਰਹੀਣ/ਮੰਦਬੁੱਧੀ ਆਸ਼ਰਮ) ਦਾ ਦੌਰਾ ਕੀਤਾ ਗਿਆ, ਜਿਸ ਦੌਰਾਨ ਆਸ਼ਰਮ ਵਿੱਚ ਰਹਿ ਰਹੇ ਨੇਤ੍ਰਹੀਣ/ਮੰਦਬੁੱਧੀ ਵਿਅਕਤੀਆਂ ਨੂੰ ਆਸ਼ਰਮ ਵੱਲੋਂ ਮਿਲ ਰਹੀਆਂ ਸੁਵਿਧਾਵਾਂ ਦਾ ਨਿਰੀਖਣ ਕੀਤਾ ਗਿਆ। ਸਕੱਤਰ ਸਾਹਿਬ ਨੇ ਨੇਤ੍ਰਹੀਣ ਵਿਅਕਤੀਆਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਇੰਚਾਰਜ ਪ੍ਰਕਾਸ਼ ਟੂ ਉਜਾਲਾ ਨਾਲ ਗੱਲਬਾਤ ਕੀਤੀ ਗਈ। ਉਸ ਨੇ ਦੱਸਿਆ ਕਿ ਕੁਝ ਨੇਤ੍ਰਹੀਣ ਬੱਚਿਆਂ ਨੂੰ ਸਮੱਸਿਆਵਾਂ ਆ ਰਹੀਆਂ ਹਨ ਤਾਂ ਮਾਣਯੋਗ ਸਕੱਤਰ ਵੱਲੋਂ ਉਸ ਨੂੰ ਕਿਹਾ ਗਿਆ ਕਿ ਉਹ ਸਬੰਧਤ ਨੇਤ੍ਰਹੀਣ ਬੱਚੇ ਦੀ ਦਰਖ਼ਾਸਤ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਿਖੇ ਭੇਜਣ ਤਾਂ ਜੋ ਨਿਯਮਾਂ ਅਨੁਸਾਰ ਨਿਪਟਾਰਾ ਕੀਤਾ ਜਾ ਸਕੇ। ਇਸ ਤੋਂ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਦੇਕਰਨ ਵਿਖੇ ਜੱਜ ਸਾਹਿਬ ਵੱਲੋਂ ਇੱਕ ਕਾਨੂੰਨੀ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ, ਜਿਸ ਦੌਰਾਨ ਉਨ੍ਹਾਂ ਨੇ ਨਾਲਸਾ ਦੀਆਂ ਵੱਖ-ਵੱਖ ਸਕੀਮਾਂ, ਪਾਕਸੋ ਐਕਟ, ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ ਤੇ ਲੋਕ ਅਦਾਲਤਾਂ ਬਾਰੇ ਜਾਣਕਾਰੀ ਦਿੱਤੀ ਤੇ ਪ੍ਰਚਾਰ ਸਮੱਗਰੀ ਵੰਡਵਾਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਇਕਬਾਲ ਸਿੰਘ ਸਮੇਤ ਸਟਾਫ਼ ਵੀ ਹਾਜ਼ਰ ਸੀ।

# ਵਿਕਾਸ ਮਿਸ਼ਨ ਵੱਲੋਂ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ

**ਸ਼ਹਿਰੀ ਸਮੱਸਿਆਵਾਂ ਦੇ ਹੱਲ ਲਈ ਦਿੱਤਾ ਮੰਗ ਪੱਤਰ : ਢੋਸੀਵਾਲ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੀ ਤਾਲਮੇਲ ਕਮੇਟੀ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਆਈ.ਏ.ਐੱਸ. ਨਾਲ ਮੁਲਾਕਾਤ ਕੀਤੀ ਗਈ। ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠਲੇ ਮਿਲਣ ਗਏ ਇਸ ਵਫ਼ਦ ਵਿੱਚ ਤਾਲਮੇਲ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ, ਡਾ. ਸੁਰਿੰਦਰ ਗਿਰਧਰ, ਚੌ. ਬਲਬੀਰ ਸਿੰਘ, ਓ.ਪੀ. ਖਿੱਚੀ, ਗੁਰਪਾਲ ਸਿੰਘ ਪਾਲੀ, ਪ੍ਰਦੀਪ ਧੂੜੀਆ, ਸ਼ਮਿੰਦਰ ਕੁਮਾਰ ਬੌਬੀ ਤੇ ਪਰਮਜੀਤ ਪੰਮਾ ਆਦਿ ਮੌਜੂਦ ਸਨ। ਮਿਸ਼ਨ ਵੱਲੋਂ ਡੀ.ਸੀ. ਨਾਲ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਵਿਸਥਾਰ ਪੂਰਵਕ ਵਿਚਾਰ ਚਰਚਾ ਕੀਤੀ ਗਈ। ਸ਼ਹਿਰ ਅੰਦਰ ਆਟੋ ਤੇ ਈ-ਰਿਕਸ਼ਾ ਚਾਲਕਾਂ ਵੱਲੋਂ ਸ਼ਰੇਆਮ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਬਾਰੇ ਦੱਸਿਆ ਗਿਆ ਤੇ ਹਰੇਕ ਈ-ਰਿਕਸ਼ਾ ਉਪਰ ਮਾਲਕ ਤੇ ਚਾਲਕ ਦਾ ਨਾਮ ਅਤੇ ਮੋਬਾਇਲ ਨੰਬਰ ਲਿਖਵਾਏ ਜਾਣ ਦੀ ਮੰਗ ਕੀਤੀ ਗਈ। ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਕਿਰਾਏਦਾਰ ਦੁਕਾਨਦਾਰਾਂ ਵੱਲੋਂ ਆਮ ਲੋਕਾਂ ਦੀ ਸਹੂਲਤ ਲਈ ਬਣਾਏ ਗਏ ਵਰਾਂਡਿਆਂ ਉਪਰ ਨਜਾਇਜ਼ ਕਬਜ਼ਾ ਕੀਤੇ ਜਾਣ ਦਾ ਮਾਮਲਾ ਵੀ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਗਿਆ। ਜ਼ਿਕਰਯੋਗ ਹੈ ਕਿ ਰੈੱਡ ਕਰਾਸ ਤੇ ਇਨ੍ਹਾਂ ਦੁਕਾਨਦਾਰਾਂ ਵਿਚਕਾਰ ਹੋਏ ਰੈਂਟ ਐਗਰੀਮੈਂਟ ਦੀ ਮਦ 17 ਅਨੁਸਾਰ ਦੁਕਾਨ ਕਿਰਾਏਦਾਰਾਂ ਵੱਲੋਂ ਇਨ੍ਹਾਂ ਵਰਾਂਡਿਆਂ ਵਿੱਚ ਸਾਮਾਨ ਰੱਖਣ ਦੀ ਸੂਰਤ ਵਿੱਚ ਰੈਂਟ ਐਗਰੀਮੈਂਟ ਤੁਰੰਤ ਕੈਂਸਲ ਕੀਤਾ ਜਾ ਸਕਦਾ ਹੈ। ਚੱਕ ਬੀੜ ਸਰਕਾਰ ਰੋਡ 'ਤੇ ਕਈ ਮਹੀਨਿਆਂ ਤੋਂ ਸੀਵਰੇਜ ਦੇ ਮੇਨ ਹੋਲਾਂ ਵਿੱਚੋਂ ਓਵਰ ਫਲੋਅ ਹੋ ਰਹੇ ਗੰਦੇ ਪਾਣੀ, ਬਾਵਾ ਕਲੋਨੀ ਦੀ 2 ਨੰਬਰ ਗਲੀ, ਅਮਨ ਕਲੋਨੀ, ਆਦਰਸ਼ ਨਗਰ ਤੇ ਸਿਵਲ ਹਸਪਤਾਲ ਕੋਲ ਸੀਵਰੇਜ ਦੇ ਭਰੇ ਹੋਏ ਗੰਦੇ ਪਾਣੀ ਦਾ ਮਾਮਲਾ ਵੀ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਗਿਆ। ਇਸੇ ਤਰ੍ਹਾਂ ਸ਼ਹਿਰ ਵਿਚ ਸਟਰੀਟ ਲਾਈਟਾਂ ਦਾ ਘਟੀਆ ਪ੍ਰਬੰਧ ਸੁਧਾਰਨ ਦੀ ਮੰਗ ਵੀ ਕੀਤੀ ਗਈ। ਸਥਾਨਕ ਸ੍ਰੀ ਗੁਰੂ ਗੋਬਿੰਦ ਸਿੰਘ ਪਾਰਕ ਕੋਲ ਮਜ਼ਦੂਰਾਂ ਲਈ ਬਣਾਏ ਗਏ ਅਰਾਮ ਘਰ ਨੂੰ ਗਰਿਲਾਂ ਨਾਲ ਕਵਰ ਕਰਨ ਦੀ ਮੰਗ ਵੀ ਕੀਤੀ ਗਈ ਤਾਂ ਜੋ ਗੈਰ-ਸਮਾਜੀ ਅਨਸਰ ਇਸ ਦੀ ਦੁਰਵਰਤੋਂ ਨਾ ਕਰ ਸਕਣ। ਮੁਲਾਕਾਤ ਦੌਰਾਨ ਸਥਾਨਕ ਅੰਬੇਡਕਰ ਪਾਰਕ ਦੀ ਹਾਲਤ ਸੁਧਾਰਨ, ਅੰਬੇਡਕਰ ਚੌਂਕ ਦੀ ਮੁੜ ਸਥਾਪਨਾ ਤੇ ਰੈੱਡ ਕਰਾਸ ਕੰਪਲੈਕਸ ਅੰਦਰ ਯਾਦਗਾਰੀ ਸਤੰਭ ਦੀ ਦਿੱਖ ਸੁਧਾਰਨ ਦੀ ਮੰਗ ਵੀ ਕੀਤੀ ਗਈ। ਇਸੇ ਤਰ੍ਹਾਂ ਸਥਾਨਕ ਗਾਂਧੀ ਨਗਰ ਸਥਿਤ ਪ੍ਰਿੰਸੀਪਲ ਸ਼ਵੇਤਾ ਦਾਬੜਾ, ਜੋਤੀ ਭਾਟੀਆ, ਸੁਰਿੰਦਰ ਦਾਬੜਾ ਤੇ ਹੋਰਨਾਂ ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਛੇ ਸਾਲ ਤੋਂ ਵੀ ਵੱਧ ਸਮੇਂ ਤੱਕ ਚਲਾਏ ਗਏ ਗੁਗਲਾਨੀ ਪਲੇਅ ਵੇਅ ਐਂਡ ਪਬਲਿਕ ਸਕੂਲ ਸੰਚਾਲਕਾਂ ਵਿਰੁੱਧ ਕਾਰਵਾਈ ਕਰਨ ਲਈ ਵੀ ਡਿਪਟੀ ਕਮਿਸ਼ਨਰ ਨੂੰ ਅਪੀਲ ਕੀਤੀ ਗਈ। ਉਪਰੋਕਤ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਨੇ ਵਫ਼ਦ ਦੀਆਂ ਦਲੀਲਾਂ ਨੂੰ ਗੰਭੀਰਤਾ ਤੇ ਹਮਦਰਦੀ ਨਾਲ ਸੁਣਿਆ ਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਮੁਲਾਕਾਤ ਮਗਰੋਂ ਢੋਸੀਵਾਲ ਨੇ ਸਮੁੱਚੇ ਮਿਸ਼ਨ ਵੱਲੋਂ ਡਿਪਟੀ ਕਮਿਸ਼ਨਰ ਨਾਲ ਹੋਈ ਗੱਲਬਾਤ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਮੰਗਾਂ ਦੇ ਜਲਦੀ ਹੱਲ ਦੀ ਉਮੀਦ ਪ੍ਰਗਟ ਕੀਤੀ। ਉਕਤ ਮੰਗਾਂ ਸਬੰਧੀ ਮਿਸ਼ਨ ਵੱਲੋਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਵੀ ਦਿੱਤਾ ਗਿਆ।

# ਪੀਰ ਬਾਬਾ ਗਰੀਬ ਸ਼ਾਹ ਦੀ ਦਰਗਾਹ 'ਤੇ ਸਾਲਾਨਾ ਮੇਲਾ ਤੇ ਭੰਡਾਰਾ



ਮੇਲੇ ਦੌਰਾਨ ਕਰਵਾਈਆਂ ਦੌੜਾਂ 'ਚ ਅੱਵਲ ਰਹੇ ਬੱਚਿਆਂ ਨੂੰ ਸਨਮਾਨਤ ਕਰਨ ਦਾ ਦ੍ਰਿਸ਼

**ਜਗਰਾਉਂ (ਸੰਜੀਵ ਅਰੋੜਾ)**-ਲਾਗਲੇ ਪਿੰਡ ਸਲੇਮਪੁਰਾ ਵਿਖੇ ਪੀਰ ਬਾਬਾ ਗਰੀਬ ਸ਼ਾਹ ਜੀ ਦੀ ਦਰਗਾਹ 'ਤੇ ਹਰ ਸਾਲ ਦੀ ਤਰ੍ਹਾਂ ਸਾਲਾਨਾ ਮੇਲਾ ਤੇ ਭੰਡਾਰਾ ਕਰਵਾਇਆ ਗਿਆ। ਮੇਲੇ ਦੀ ਸ਼ੁਰੂਆਤ ਪ੍ਰਬੰਧਕ ਕਮੇਟੀ ਤੇ ਪਤਵੰਤੇ ਸੱਜਣਾਂ ਵੱਲੋਂ ਦਰਗਾਹ 'ਤੇ ਚਾਦਰ ਤੇ ਝੰਡਾ ਚੜ੍ਹਾ ਕੇ ਕੀਤੀ ਗਈ। ਇਸ ਮੇਲੇ ਵਿੱਚ ਸੰਗਤਾਂ ਲਈ ਲੰਗਰ ਵਿੱਚ ਵੱਖ-ਵੱਖ ਤਰ੍ਹਾਂ ਦੇ ਪਕਵਾਨ ਲਗਾਏ ਗਏ। ਮੇਲੇ 'ਚ ਆਏ ਮਹੰਤ ਨਚਾਰਾਂ ਨੇ ਜਿੱਥੇ ਆਪਣੇ ਨਾਚ ਨਾਲ ਸੰਗਤਾਂ ਦਾ ਮਨੋਰੰਜਨ ਕੀਤਾ, ਉਥੇ ਵੱਖ-ਵੱਖ ਤਰ੍ਹਾਂ ਦੀ ਕੋਰੀਓਗਰਾਫੀ ਨਾਲ ਸਿੱਖਿਆ ਦੇਣ ਦੀ ਵੀ ਕੋਸ਼ਿਸ਼ ਕੀਤੀ। ਸ਼ਾਮ ਵੇਲੇ ਮੇਲੇ ਦੇ ਪ੍ਰਬੰਧਕਾਂ ਨੇ ਪਿੰਡ ਦੇ ਬੱਚਿਆਂ ਦੀਆਂ ਪਿੰਡ ਦੀ ਗਰਾਊਂਡ ਵਿੱਚ ਦੌੜਾਂ ਕਰਵਾਈਆਂ ਗਈਆਂ। ਇਨ੍ਹਾਂ ਦੌੜਾਂ ਦੇ ਗਰੁੱਪ 6-10, 10-14, 14-17 ਸਾਲ ਦੇ ਲੜਕੇ-ਲੜਕੀਆਂ ਬਣਾਏ ਗਏ, ਜਿਨ੍ਹਾਂ ਵਿੱਚ 6-10 ਸਾਲ ਗਰੁੱਪ ਵਿੱਚ ਪਰਮਵੀਰ ਸਿੰਘ, ਅਰਮਾਨ ਸਿੰਘ, ਅਭਿਸ਼ੇਕ ਕੁਮਾਰ ਤੇ ਸੁਖਮਨੀ ਕੌਰ, ਸਿਮਰਨਜੀਤ ਕੌਰ, ਅਨਮੋਲਪ੍ਰੀਤ ਕੌਰ, 10-14 ਸਾਲ ਵਿੱਚ ਤਨਵੀਰ ਸਿੰਘ, ਅੰਸ਼ਪ੍ਰਤਾਪ ਸਿੰਘ, ਅਰਮਾਨਜੋਤ ਸਿੰਘ ਤੇ ਪ੍ਰਭਜੋਤ ਕੌਰ, ਵੀਰਪਾਲ ਕੌਰ, ਨਵਜੋਤ ਕੌਰ, 14-17 ਸਾਲ ਵਿੱਚ ਜਸਕਰਨ ਸਿੰਘ, ਜਸਵੰਤ ਸਿੰਘ, ਹਰਸਿਮਰਨ ਸਿੰਘ ਤੇ ਸੁਮਨਪ੍ਰੀਤ ਕੌਰ, ਗਗਨਦੀਪ ਕੌਰ, ਮਨਜੋਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ, ਤੀਜਾ ਸਥਾਨ ਹਾਸਲ ਕੀਤਾ। ਇਸ ਸਮੇਂ ਜੱਜ ਦੀ ਭੂਮਿਕਾ ਮਨਿੰਦਰ ਕੌਰ ਸਲੇਮਪੁਰੀ, ਮਾ: ਕੁਲਦੀਪ ਸਿੰਘ ਗੁੜੇ, ਬੇਅੰਤ ਸਿੰਘ ਮੱਲੀ, ਮਾ: ਸੁਮਨਦੀਪ ਸਿੰਘ, ਡਾ. ਨਵਰਾਜ ਸਿੰਘ ਸਮਰਾ, ਤਰਨਦੀਪ ਸਿੰਘ, ਪ੍ਰਦੀਪ ਸਿੰਘ ਨੇ ਬਾਖੂਬੀ ਨਿਭਾਈ।
ਪ੍ਰਬੰਧਕਾਂ ਵੱਲੋਂ ਕਰਵਾਏ ਗਏ ਖੇਡਾਂ ਦੇ ਇਸ ਉਪਰਾਲੇ ਦੀ ਚੌਤਰਫ਼ੋਂ ਸ਼ਲਾਘਾ ਹੋ ਰਹੀ ਹੈ ਕਿ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਲ ਲਈ ਇਸ ਤਰ੍ਹਾਂ ਦੇ ਉਪਰਾਲੇ ਹਰ ਪਿੰਡ ਵਿੱਚ ਹੋਣੇ ਚਾਹੀਦੇ ਹਨ। ਇਸ ਸਮੇਂ ਮੁੱਖ ਪ੍ਰਬੰਧਕ ਦਵਿੰਦਰ ਸਿੰਘ ਸਲੇਮਪੁਰੀ ਨੇ ਸਾਰੇ ਨਗਰ ਨਿਵਾਸੀਆਂ, ਪਤਵੰਤੇ ਸੱਜਣੇ ਤੇ ਬਾਹਰੋਂ ਆਏ ਜੱਜ ਸਾਹਿਬਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਗਲੇ ਸਾਲ ਦੇ ਮੇਲੇ ਵਿੱਚ ਨਗਰ ਦੇ ਸਹਿਯੋਗ ਨਾਲ ਇਨ੍ਹਾਂ ਖੇਡਾਂ ਨੂੰ ਵੱਡੇ ਪੱਧਰ 'ਤੇ ਕਰਵਾਇਆ ਜਾਵੇਗਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਧਾਨ ਗੰਗਾ ਸਿੰਘ, ਡਾ. ਗੁਰਮੇਲ ਸਿੰਘ, ਖਜ਼ਾਨਚੀ ਬਲਦੇਵ ਸਿੰਘ, ਪੰਚ ਬਲਜਿੰਦਰ ਸਿੰਘ ਗਿੱਲ, ਖਜ਼ਾਨਚੀ ਬਲਦੇਵ ਸਿੰਘ, ਡਾ. ਤਰਲੋਚਨ, ਸਿੰਘ, ਪੰਚ ਹਰਬੰਸ ਸਿੰਘ, ਅਰਸ਼ਦੀਪ ਸਿੰਘ ਥਿੰਦ, ਗੁਰਮੁੱਖ ਸਿੰਘ, ਜੋਤੀ ਸਿੱਧੂ, ਹਾਕਮ ਸਿੰਘ ਫ਼ੌਜੀ, ਪ੍ਰਧਾਨ ਪ੍ਰੀਤਮ ਸਿੰਘ, ਜਗਮੋਹਨ ਸਿੰਘ, ਮਾ. ਗੁਰਪ੍ਰੀਤ ਸਿੰਘ ਗੋਲਡੀ ਤੇ ਜੋਗਿੰਦਰ ਸਿੰਘ ਆਦਿ ਹਾਜ਼ਰ ਸਨ।

## ਜਾਗੋਵਾਲੀਆ ਤੇ ਮਾੜੀਮੇਘਾ ਕ੍ਰਮਵਾਰ ਜ਼ਿਲ੍ਹਾ ਪ੍ਰਧਾਨ ਤੇ ਜਨਰਲ ਸਕੱਤਰ ਚੁਣੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਜ਼ਿਲ੍ਹਾ ਫਿਰੋਜ਼ਪੁਰ ਦੀ ਚੋਣ ਮੀਟਿੰਗ ਸਟੇਟ ਆਗੂ ਕਿੱਕਰ ਸਿੰਘ ਜ਼ੀਰਾ ਐਡੀਸ਼ਨਲ ਜਨਰਲ ਸੈਕਟਰੀ ਦੀ ਪ੍ਰਧਾਨਗੀ ਹੇਠ ਨਾਰਦਰਨ ਰੇਲਵੇ ਮੈਨਜ਼ ਯੂਨੀਅਨ ਦਫ਼ਤਰ ਫ਼ਿਰੋਜ਼ਪੁਰ ਵਿਖੇ ਹੋਈ। ਮੀਟਿੰਗ ਵਿੱਚ ਜ਼ੀਰਾ ਬ੍ਰਾਂਚ, ਤਲਵੰਡੀ ਭਾਈ ਬ੍ਰਾਂਚ, ਮੱਲਾਂਵਾਲਾ ਬ੍ਰਾਂਚ ਤੇ ਫਿਰੋਜ਼ਪੁਰ ਬ੍ਰਾਂਚ ਦੇ ਆਗੂ ਤੇ ਵਰਕਰ ਸ਼ਾਮਲ ਹੋਏ। ਮੀਟਿੰਗ ਵਿਚ ਸਰਬਸੰਮਤੀ ਨਾਲ ਕਿਸ਼ਨ ਚੰਦ ਜਾਗੋਵਾਲੀਆ ਨੂੰ ਜ਼ਿਲ੍ਹਾ ਪ੍ਰਧਾਨ, ਬਲਕਾਰ ਸਿੰਘ ਮਾੜੀਮੇਘਾ ਨੂੰ ਜ਼ਿਲ੍ਹਾ ਜਨਰਲ ਸਕੱਤਰ ਤੇ ਮੇਹਰ ਨੂੰ ਵਿੱਤ ਸਕੱਤਰ ਚੁਣਿਆ ਗਿਆ ਤੇ ਹਾਊਸ ਨੇ ਬਾਕੀ ਕਮੇਟੀ ਚੁਣਨ ਦੇ ਅਧਿਕਾਰ ਵੀ ਦਿੱਤੇ।ਇਸ ਸਮੇਂ ਸਟੇਟ ਆਗੂ ਕਿੱਕਰ ਸਿੰਘ ਨੇ ਦੱਸਿਆ ਕਿ ਪੈਨਸ਼ਨ ਦੀ ਰਾਖੀ ਕਰਨ ਤੇ ਪੈਨਸ਼ਨਰਾਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਜ਼ਿਲ੍ਹਾ ਫਿਰੋਜ਼ਪੁਰ ਦੀ ਚੋਣ ਕਰਨੀ ਜ਼ਰੂਰੀ ਸੀ।ਬੂਟਾ ਰਾਮ ਤਲਵੰਡੀ ਭਾਈ ਤੇ ਵਿਜੇ ਕੁਮਾਰ ਗੱਖੜ ਮੱਲਾਂਵਾਲਾ ਨੇ ਪੈਨਸ਼ਨਰਾਂ 'ਤੇ 200 ਰੁਪਏ ਜਜ਼ੀਆ ਟੈਕਸ ਲਗਾਉਣ ਦੀ ਨਿਖੇਧੀ ਕੀਤੀ ਤੇ ਆਉਣ ਵਾਲੇ ਸੰਘਰਸ਼ਾਂ ਲਈ ਤਿਆਰ ਰਹਿਣ ਲਈ ਕਿਹਾ।ਚੋਣ ਮੀਟਿੰਗ ਵਿੱਚ ਬਖਸ਼ੀਸ਼ ਸਿੰਘ ਜ਼ੀਰਾ, ਚੰਨਣ ਸਿੰਘ, ਕਰਮ ਸਿੰਘ, ਚੰਦਰ ਮੋਹਨ, ਰਣਬੀਰ ਕੂਕੂ, ਰਮੇਸ਼ ਭੱਟੀ, ਗੁਰਜਿੰਦਰ ਸਿੰਘ, ਗੁਰਦੇਵ ਸਿੰਘ, ਡਮਰ ਬਹਾਦਰ, ਹਰੀਕਿਸ਼ਨ, ਸੁਰਜੀਤ ਸਿੰਘ, ਰਾਜ ਕੁਮਾਰ ਅਗਨੀਹੋਤਰੀ ਆਦਿ ਹਾਜ਼ਰ ਸਨ।

# ਹੈੱਲਥ ਸੈਂਟਰਾਂ 'ਚ ਦਸਤ ਰੋਕੂ ਤੇ ਵਿਸ਼ਵ ਅਬਾਦੀ ਕੰਟਰੋਲ ਪੰਦਰਵਾੜਾ ਮਨਾਉਂਦਿਆਂ ਲੋਕਾਂ ਨੂੰ ਕੀਤਾ ਜਾਗਰੂਕ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**
ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਸੀਨੀਅਰ ਮੈਡੀਕਲ ਅਫਸਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਬਲਾਕ ਬਾਲਿਆਂਵਾਲੀ ਦੇ ਸਮੂਹ ਹੈਲਥ ਵੈੱਲਨੈੱਸ ਸੈਂਟਰਾਂ, ਸਬ-ਸੈਂਟਰਾਂ 'ਤੇ ਤੀਬਰ ਦਸਤ ਰੋਕੂ ਪੰਦਰਵਾੜਾ ਤੇ ਵਿਸ਼ਵ ਅਬਾਦੀ ਕੰਟਰੋਲ ਪੰਦਰਵਾੜਾ ਮਨਾਉਂਦਿਆਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਨ੍ਹਾਂ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਲਈ ਬਕਾਇਦਾ ਸੁਪਰਵਾਈਜ਼ਰੀ ਸਟਾਫ ਤੇ ਆਸ਼ਾ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਮੈਡੀਕਲ ਅਫਸਰ ਡਾ. ਕਮਲਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਈ ਡੀ ਸੀ ਐੱਫ ਪ੍ਰੋਗਰਾਮ 4 ਜੁਲਾਈ ਤੋਂ 17 ਜੁਲਾਈ ਤੱਕ ਲਾਗੂ ਕੀਤਾ ਗਿਆ ਹੈ। ਇਸ ਦਾ ਟੀਚਾ ਬਚਪਨ 'ਚ ਦਸਤ ਕਾਰਨ ਹੋਣ ਵਾਲੀਆਂ ਮੌਤਾਂ ਨੂੰ ਜ਼ੀਰੋ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਵਿੱਚ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਕਵਰ ਕੀਤਾ ਜਾਵੇਗਾ, ਜਿਨ੍ਹਾਂ ਨੂੰ ਓ.ਆਰ.ਐੱਸ. ਦੇ ਪੈਕੇਟ ਤੇ ਜਿੰਕ ਦੀਆਂ ਗੋਲੀਆਂ ਦਿੱਤੀਆਂ ਜਾਣਗੀਆਂ। ਡਾ. ਕਮਲਜੀਤ ਸਿੰਘ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਸਾਫ ਪਾਣੀ ਪੀਣਾ ਚਾਹੀਦਾ ਹੈ, ਪੀਣ ਵੇਲੇ ਪਾਣੀ ਨੂੰ ਹਮੇਸ਼ਾ ਢੱਕ ਕੇ ਰੱਖੋ, ਆਲਾ-ਦੁਆਲਾ ਸਾਫ ਰੱਖਿਆ ਜਾਵੇ ਤੇ ਉਚਿਤ ਪੋਸ਼ਣ ਨਾਲ ਦਸਤ ਨੂੰ ਰੋਕਿਆ ਜਾ ਸਕਦਾ ਹੈ। ਡਾ. ਕਮਲਜੀਤ ਸਿੰਘ ਨੇ ਅਬਾਦੀ ਕੰਟਰੋਲ ਮੁਹਿੰਮ ਦਾ ਜ਼ਿਕਰ ਕਰਦਿਆਂ ਕਿਹਾ ਕਿ ਵਧ ਰਹੀ ਅਬਾਦੀ ਇੱਕ ਚਿੰਤਾ ਦਾ ਵਿਸ਼ਾ ਹੈ, ਇਸ ਮਕਸਦ ਲਈ ਹੀ ਪੰਦਰਵਾੜੇ ਮਨਾ ਕੇ ਲੋਕਾਂ ਨੂੰ ਪਰਿਵਾਰ ਨਿਯੋਜਨ ਦੇ ਕੱਚੇ-ਪੱਕੇ ਸਾਧਨਾਂ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਂਦਾ ਹੈ। ਇਸ ਮੌਕੇ ਜਗਤਾਰ ਸਿੰਘ ਬਲਾਕ ਐਜੂਕੇਟਰ ਤੇ ਮਨਜੀਤ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਦਸਤ ਰੋਕੂ ਮੁਹਿੰਮ 'ਚ ਸਮੂਹ ਸਿਹਤ ਸੰਸਥਾਵਾਂ 'ਚ ਓ.ਆਰ.ਐੱਸ. ਤੇ ਜਿੰਕ ਕਾਰਨ ਬਣਾਏ ਗਏ ਹਨ। ਇਸ ਤੋਂ ਇਲਾਵਾ ਆਸ਼ਾ ਵਰਕਰਾਂ ਵੱਲੋਂ ਘਰ-ਘਰ ਜਾ ਕੇ ਡਾਇਰੀਆ ਤੋਂ ਬਚਣ ਲਈ ਦੱਸਿਆ ਜਾ ਰਿਹਾ ਹੈ ਤੇ ਓ.ਆਰ.ਐੱਸ. ਦੇ ਪੈਕੇਟ ਵੀ ਬਿਲਕੁਲ ਮੁਫਤ ਵੰਡੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਿਕ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲੋਕਾਂ ਨੂੰ ਪਰਿਵਾਰ ਨਿਯੋਜਨ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

# ਕੱਚਾ ਤੇ ਆਊਟ ਸੋਰਸਿੰਗ ਸਾਂਝਾ ਮੁਲਾਜ਼ਮ ਫਰੰਟ ਨੇ ਕਿਰਤ ਮੰਤਰੀ ਲਈ ਦਿੱਤਾ ਮੰਗ ਪੱਤਰ

**ਖਰੜ (ਹਰਨਾਮ ਸਿੰਘ ਡੱਲਾ)** ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ, ਕਾਰਪੋਰੇਸ਼ਨਾਂ, ਬੋਰਡਾਂ ਵਿੱਚ ਲੰਮੇ ਸਮੇਂ ਤੋਂ ਲਗਾਤਾਰ ਕੰਮ ਕਰਦੇ ਕੱਚੇ ਤੇ ਆਊਟਸੋਰਸਿੰਗ ਮੁਲਾਜਮਾਂ 'ਤੇ ਬਰਾਬਰ ਕੰਮ ਬਰਾਬਰ ਤਨਖਾਹ ਦਾ ਸਿਧਾਂਤ ਲਾਗੂ ਕਰਨ, ਸਮੁੱਚੇ ਮੁਲਾਜਮਾਂ ਦੀਆਂ ਛਾਂਟੀਆਂ 'ਤੇ ਮੁਕੰਮਲ ਰੋਕ ਲਗਾਉਣ , ਛਾਂਟੀ ਕੀਤੇ ਕਾਮਿਆਂ ਨੂੰ ਬਹਾਲ ਕਰਨ, ਈ ਪੀ ਐਫ, ਈ ਐਸ ਆਈ ਨੂੰ ਸਖਤੀ ਨਾਲ ਲਾਗੂ ਕਰਨ, ਮੈਡੀਕਲ ਇਲਾਜ ਸਮੇਤ ਜੀਵਨ ਬੀਮਾ ਦੀ ਰਾਸ਼ੀ ਵਿੱਚ ਮਹਿੰਗਾਈ ਦੇ ਸੂਚਕ ਅੰਕ ਮੁਤਾਬਿਕ ਵਾਧਾ ਕਰਨ, ਛੁੱਟੀਆਂ, ਗਰੈਚੁਟੀ, ਸਕੇਲਾਂ ਆਦਿ ਮੰਗਾਂ ਲਈ ਕੱਚਾ ਤੇ ਆਊਟਸੋਰਸਿੰਗ ਸਾਂਝਾ ਮੁਲਾਜਮ ਫਰੰਟ ਪੰਜਾਬ ਦੇ ਸੱਦੇ 'ਤੇ ਆਊਟਸੋਰਸਿੰਗ ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰਜ ਯੂਨੀਅਨ (ਰਜਿ) ਪੰਜਾਬ ਦੇ ਸੂਬਾ ਵਿੱਤ ਸਕੱਤਰ ਵਿਜੈ ਪ੍ਰਕਾਸ਼ ਦੀ ਅਗਵਾਈ ਵਿੱਚ ਕਿਰਤ ਤੇ ਰੋਜਗਾਰ ਵਿਭਾਗ ਦੀ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਦੇ ਨਾਂਅ ਉਹਨਾਂ ਦੇ ਹਲਕਾ ਦਫਤਰ ਖਰੜ ਵਿਖੇ ਮੰਗ ਪੱਤਰ ਅਤੇ ਨੋਟਿਸ ਦਿੱਤਾ ਗਿਆ। ਜਿਸ ਨੂੰ ਮੰਤਰੀ ਦੇ ਦਫਤਰ ਇੰਚਾਰਜ ਗੁਰਸ਼ਰਨ ਸਿੰਘ ਤੁਰ ਨੇ ਆਗੂਆਂ ਤੋਂ ਹਾਸਲ ਕੀਤਾ। ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਦਲਵੀਰ ਸਿੰਘ ਕਜੌਲੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਡੇਢ ਸਾਲ ਬੀਤ ਚੁੱਕੇ ਹਨ ਪ੍ਰੰਤੂ ਅੱਜ ਤੱਕ ਬਹੁਤ ਹੀ ਨਿਗੂਣੀਆਂ ਤਨਖਾਹਾਂ 'ਤੇ ਮੁਸਕਲਾਂ ਨਾਲ ਪਰਵਾਰ ਦਾ ਪਾਲਣ-ਪੋਸ਼ਣ ਕਰਦੇ ਆ ਰਹੇ ਹਜਾਰਾਂ ਆਊਟਸੋਰਸਿੰਗ ਮੁਲਾਜਮਾਂ ਦੀਆਂ ਉਜਰਤਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਪੰਜਾਬ ਸਰਕਾਰ ਦੇ ਵਿਭਾਗ,ਠੇਕੇਦਾਰ ਆਊਟਸੋਰਸਿੰਗ ਕੰਪਨੀਆਂ ਆਪਣੀ ਮਨ ਮਰਜੀ ਨਾਲ ਉਜਰਤਾਂ ਦਿੰਦੇ ਹਨ। ਆਪਣੀ ਮਰਜੀ ਮੁਤਾਬਕ ਹੀ ਕਾਮਿਆਂ ਦੀ ਛਾਂਟੀ ਕਰਦੇ ਹਨ ਤੇ ਰੱਖਦੇ ਹਨ।

ਕਿਰਤ ਮੰਤਰੀ ਸਮੇਤ ਕਿਰਤ ਵਿਭਾਗ ਕੁੰਭਕਰਨੀ ਨੀਂਦ ਵਿੱਚ ਸੁੱਤਾ ਪਿਆ ਹੈ। ਇਨ੍ਹਾਂ ਦੱਸਿਆ ਕਿ ਜੇਕਰ ਫਰੰਟ ਵੱਲੋਂ ਦਿੱਤੇ ਮੰਗ-ਪੱਤਰ ਤੇ ਕਿਰਤ ਮੰਤਰੀ ਵੱਲੋਂ ਫਰੰਟ ਦੇ ਸੂਬਾ ਆਗੂਆਂ ਨਾਲ ਪੈਨਲ ਮੀਟਿੰਗ ਨਾ ਕੀਤੀ ਤਾਂ 7 ਅਗਸਤ ਨੂੰ ਮੰਤਰੀ ਦੇ ਹਲਕੇ ਖਰੜ ਵਿਖੇ ਸੂਬਾ ਪੱਧਰੀ ਰੋਸ ਧਰਨਾ ਦੇ ਕੇ ਸਬੰਧਤ ਦਫਤਰ ਦਾ ਘਿਰਾਉ ਕੀਤਾ ਜਾਵੇਗਾ।

ਇਸ ਮੌਕੇ ਦਲਬੀਰ ਸਿੰਘ, ਸੁਖਵਿੰਦਰ ਸਿੰਘ, ਗੁਰਜੰਟ ਸਿੰਘ, ਕਜੌਲੀ ਜਸਵੀਰ ਸਿੰਘ, ਪਵਨ ਕੁਮਾਰ ਮੁਹਾਲੀ ਤੋਂ ਇਲਾਵਾ ਡੀ ਐਮ ਐਫ ਦੇ ਜ਼ਿਲ੍ਹਾ ਪ੍ਰਧਾਨ ਮਲਾਗਰ ਸਿੰਘ ਖਮਾਣੋਂ, ਬ੍ਰਹਮ ਪਾਲ ਸਹੋਤਾ, ਸੁੱਖ ਰਾਮ ਕਾਲੇਵਾਲ ਆਦਿ ਹਾਜਰ ਸਨ।

# ਨਿਕਾਸੀ ਛੱਪੜ ਦਾ ਹਾਈਵੇ ਅਥਾਰਟੀ ਨੂੰ ਬੰਦ ਕੀਤਾ ਮੋਘਾ ਕਰਨਾ ਪਿਆ ਚਾਲੂ



**ਕਰਤਾਰਪੁਰ,-(ਹਰਮੇਸ਼ ਦੱਤ )** ਪਿੰਡ ਬੱਖੂਨੰਗਲ ਕਲੋਨੀ ਦੇ ਘਰਾਂ ਦੇ ਗੰਦੇ ਪਾਣੀ ਦੇ ਨਿਕਾਸ ਲਈ ਪਿੰਡ ਬਿਸਰਾਮਪੁਰ ਬੱਸ ਅੱਡੇ ਨਜਦੀਕ ਬਣੇ ਛੱਪੜ ਨੂੰ ਨੈਸ਼ਨਲ ਹਾਈਵੇ ਅਥਾਰਟੀ ਵਲੋਂ ਜੇਸੀਬੀ ਮਸ਼ੀਨਾਂ ਨਾਲ ਪੂਰ ਕੇ ਗੰਦੇ ਪਾਣੀ ਵਾਲਾ ਮੋਘਾ ਬੰਦ ਕਰਨ ਦੀ ਖਬਰ ਅੱਗ ਵਾਂਗ ਫੈਲਦਿਆਂ ਹੀ ਪੇਂਡੂ ਮਜਦੂਰ ਯੂਨੀਅਨ ਪੰਜਾਬ ਦੇ ਤਹਿਸੀਲ ਆਗੂ ਪਰਮਜੀਤ ਕੌਰ ਮੀਕੋ ਅਤੇ ਜਸਵੀਰ ਗੋਰਾ ਦੀ ਅਗਵਾਈ ਹੇਠ ਪਿੰਡ ਵਾਸੀਆਂ ਨੇ ਇਸ ਦਾ ਡਟ ਕੇ ਵਿਰੋਧ ਕੀਤਾ ਤਾਂ ਮੌਕੇ 'ਤੇ ਉਸ ਵਕਤ ਹੀ ਮਜਬੂਰਨ ਹਾਈਵੇ ਅਥਾਰਟੀ ਨੂੰ ਪਾਣੀ ਦੀ ਨਿਕਾਸੀ ਬੰਦ ਕਰਨ ਲਈ ਬੰਦ ਕੀਤੇ ਮੋਘੇ ਨੂੰ ਤੁਰੰਤ ਖੋਹਲਣ ਲਈ ਮਜਬੂਰ ਹੋਣਾ ਪਿਆ। ਛੱਪੜ ਪੂਰਨ ਦੀ ਕਾਰਵਾਈ ਖਿਲਾਫ ਪੇਂਡੂ ਮਜਦੂਰਾਂ ਵਲੋਂ ਜੋਰਦਾਰ ਨਾਅਰੇਬਾਜੀ ਕੀਤੀ ਗਈ। ਯੂਨੀਅਨ ਨੇ ਦਲਿਤ ਮਜਦੂਰਾਂ ਦੀ ਵਸੋਂ ਵਾਲੇ ਘਰਾਂ ਦੇ ਗੰਦੇ ਪਾਣੀ ਦੇ ਨਿਕਾਸੀ ਛੱਪੜ ਨੂੰ ਬੰਦ ਕਰਨ ਲਈ ਜ਼ਿੰਮੇਵਾਰਾਂ ਖਿਲਾਫ ਐੱਸ ਸੀ ਐੱਸ ਟੀ ਐਕਟ ਤਹਿਤ ਕਾਰਵਾਈ ਕਰਨ ਅਤੇ ਪੰਚਾਇਤ ਵਿਭਾਗ ਦੀ ਅਫਸਰਸਾਹੀ ਅਤੇ ਹੋਰਨਾਂ ਗੈਰ ਜ਼ਿੰਮੇਵਾਰ ਲੋਕਾਂ ਦੀ ਛੱਪੜ ਵੇਚੂ ਇਸ ਕਾਰਵਾਈ ਦੀ ਪੜਤਾਲ ਕਰਕੇ ਲੋਕ ਵਿਰੋਧੀ ਕਾਰੇ ਸੰਬੰਧੀ ਸਖਤ ਕਾਰਵਾਈ ਕਰਨ ਦੀ ਮੰਗ ਵੀ ਕੀਤੀ।

# ਵਰਲਡ ਜੂਨੋਸਿਸ ਦਿਵਸ 'ਤੇ ਜਾਗਰੂਕਤਾ ਸੈਮੀਨਾਰ ਕਰਵਾਇਆ



**ਫਗਵਾੜਾ (ਰਮਨ ਸ਼ਰਮਾ)** ਵਿਸ਼ਵ ਜੂਨੋਸਿਸ ਦਿਵਸ ਹਰ ਸਾਲ 6 ਜੁਲਾਈ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਮਨਾਉਣ ਦਾ ਮੁੱਖ ਉਦੇਸ਼ ਉਨ੍ਹਾਂ ਬੀਮਾਰਾਂ ਤੋਂ ਆਮ ਲੋਕਾਂ ਨੂੰ ਜਾਣੂ ਕਰਵਾਉਣਾ ਹੈ,ਜੋ ਜਾਨਵਰਾਂ ਤੋ ਮਨੁੱਖਾਂ ਵਿੱਚ ਫੈਲ ਸਕਦੀਆਂ ਹਨ। ਰੋਗ ਨਿਯੰਤਰਣ ਅਤੇ ਰੋਕਥਾਮ ਕੇਂਦਰ (ਸੀਡੀਸੀ) ਦੇ ਇੱਕ ਸੋਧ ਵਿੱਚ ਪਾਇਆ ਗਿਆ ਹੈ ਕਿ ਸਾਰੇ ਮੌਜੂਦਾ ਰੋਗਾਂ ਵਿੱਚ 60 ਫੀਸਦੀ ਰੋਗ ਜੂਨੋਟਿਕ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਡਾ.ਰਾਜਵਿੰਦਰ ਕੌਰ ਨੇ ਜ਼ਿਲ੍ਹਾ ਟ੍ਰੇਨਿੰਗ ਸੈਂਟਰ ਵਿਖੇ ਕਰਵਾਏ ਗਏ ਜਾਗਰੂਕਤਾ ਸੈਮੀਨਾਰ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਇਸ ਸਾਲ ਵਰਲਡ ਜੂਨੋਸਿਸ ਡੇ ਨਾਲ ਸਬੰਧਤ ਜਾਗਰੂਕਤਾ ਸੈਮੀਨਾਰ " ਵੰਨ ਵਰਡ, ਵੰਨ ਹੈਲਥ, ਜੂਨੋਸਿਸ ਨੂੰ ਫੈਲਣ ਤੋਂ ਰੋਕੋ" ਥੀਮ ਤਹਿਤ ਕਰਵਾਏ ਜਾ ਰਿਹਾ ਹੈ। ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਨੇ ਦੱਸਿਆ ਕਿ ਜੂਨੋਟਿਕ ਬਿਮਾਰੀਆਂ ਜਾਨਵਰਾਂ ਵਿੱਚ ਪੈਦਾ ਹੁੰਦੀਆਂ ਹਨ ਅਤੇ ਮਨੁੱਖਾਂ ਵਿੱਚ ਫੈਲ ਸਕਦੀਆਂ ਹਨ। ਲਾਗਾਂ ਦੇ ਕੱਟਣ ਨਾਲ ਜਾਂ ਲਾਗ ਵਾਲੇ ਜਾਨਵਰ ਦੇ ਸਰੀਰ ਦੇ ਤਰਲ ਪਦਾਰਥਾਂ ਦੇ ਸੰਪਰਕ ਵਿੱਚ ਆਉਂਦੇ ਹਨ। ਵਾਇਰਸ,ਬੈਕਟੀਰੀਆ,ਫੰਜਾਈ,ਪ੍ਰਾਇਓਨ ਜਾਂ ਪਰਜੀਵੀ ਜੂਨੋਸਿਸ ਦਾ ਕਾਰਨ ਬਣਦੇ ਹਨ। ਰੇਬੀਜ, ਇਬੋਲਾ, ਸਵਾਈਨ ਫਲੂ ਦੀਆਂ ਕੁਝ ਕਿਸਮਾਂ, ਲੈਪਟੋਸਪਾਇਰੋਸਿਸ,ਬਰੂਸੈਲੋਸਿਸ,ਐਂਥ੍ਰੈਕਸ, ਜੀਕਾ ਅਤੇ ਇਬੋਲਾ ਵਾਇਰਸ,ਰਿਕੇਟਸੀਓਸਿਸ,ਪਲੇਗ,ਚਿਕਨਗੁਨੀਆ,ਡੇਂਗੂ ਅਤੇ ਜਾਪਾਨੀ ਇਨਸੇਫਲਾਈਟਿਸ, ਸਭ ਤੋਂ ਘਾਤਕ ਜੂਨੋਟਿਕ ਬਿਮਾਰੀਆਂ ਹਨ। ਐਪੀਡੀਮੋਲਜਿਸਟ ਡਾ.ਰਾਜੀਵ ਭਗਤ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਜ਼ਿਲ੍ਹਾ ਸਿਹਤ ਤੇ ਪਰਵਾਰ ਅਫਸਰ ਡਾ.ਅਸ਼ੋਕ ਕੁਮਾਰ, ਜ਼ਿਲ੍ਹਾ ਸਿਹਤ ਅਫਸਰ ਡਾ.ਰਾਜੀਵ ਪਰਾਸ਼ਰ,ਡਾ.ਪਰਮਿੰਦਰ ਬੈਂਸ,ਡਿਪਟੀ ਮਾਸ ਮੀਡੀਆ ਅਫਸਰ ਸ਼ਰਨਦੀਪ ਸਿੰਘ, ਡਿਪਟੀ ਮਾਸ ਮੀਡੀਆ ਅਫਸਰ ਸੁਖਦਿਆਲ ਸਿੰਘ, ਬੀਸੀਸੀ ਕੁਆਰਡੀਨੇਟਰ ਜੋਤੀ ਅਨੰਦ,ਬੀ.ਈ.ਈ ਰਵਿੰਦਰ ਜੱਸਲ ਆਦਿ ਹਾਜਰ ਸਨ।

# 'ਸਮਰ ਕੈਂਪ' ਦੇ ਚੌਥੇ ਦਿਨ ਬੱਚਿਆਂ ਨੂੰ ਕਰਵਾਈਆਂ ਵੱਖ-ਵੱਖ ਸਿੱਖਿਆ ਤੇ ਖੇਡ ਗਤੀਵਿਧੀਆਂ



**ਨੂਰਪੁਰਬੇਦੀ,(ਸੁਰਜੀਤ ਸਿੰਘ ਕਾਹਲੋਂ)**-ਸਿੱਖਿਆ ਵਿਭਾਗ ਪੰਜਾਬ ਵੱਲੋਂ ਬੱਚਿਆਂ ਨੂੰ ਰੌਚਕ ਢੰਗ ਨਾਲ ਸਿੱਖਣ ਲਈ ਤਿਆਰ ਕਰਨ ਅਤੇ ਖੇਡਾਂ ਸਹਿਤ ਹੋਰਨਾਂ ਖੇਤਰਾਂ 'ਚ ਉਨਾਂ ਦਾ ਸੰਪੂਰਨ ਵਿਕਾਸ ਕਰਨ ਦੇ ਉਦੇਸ਼ ਨੂੰ ਲੈ ਕੇ ਆਰੰਭ ਕੀਤੇ ਗਏ 11 ਰੋਜ਼ਾ 'ਸਮਰ ਕੈਂਪ' ਦੇ ਅੱਜ ਚੌਥੇ ਦਿਨ ਵੱਖ-ਵੱਖ ਸਕੂਲਾਂ 'ਚ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਅਲੱਗ-ਅਲੱਗ ਰੌਚਕ ਸਿੱਖਿਆ ਤੇ ਖੇਡ ਗਤਿਵਿਧੀਆਂ ਕਰਵਾਈਆਂ ਗਈਆਂ। ਜ਼ਿਕਰਯੋਗ ਹੈ ਕਿ ਪ੍ਰਾਇਮਰੀ ਤੇ ਮਿਡਲ ਸਕੂਲਾਂ 'ਚ ਚੱਲ ਰਹੇ ਉਕਤ 11 ਰੋਜ਼ਾ ਸਮਰ ਕੈਂਪਾਂ ਦਾ ਉਦੇਸ਼ ਪ੍ਰੀ-ਨਰਸਰੀ ਤੋਂ 8ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਛੁੱਟੀਆਂ ਖਤਮ ਹੋਣ ਤੋਂ ਬਾਅਦ ਸਕੂਲ ਦੇ ਮਾਹੌਲ 'ਚ ਰਚਣ-ਮਿਚਣ ਦਾ ਮੌਕੇ ਦੇਣ, ਰੌਚਕਮਈ ਢੰਗ ਨਾਲ ਸਿੱਖਣ ਲਈ ਤਿਆਰ ਕਰਨਾ, ਖੇਡ-ਖੇਡ 'ਚ ਵੱਖ-ਵੱਖ ਕੌਸ਼ਲਾਂ ਦਾ ਵਿਕਾਸ ਕਰਨਾ, ਵਿਦਿਆਰਥੀ-ਅਧਿਆਪਕ-ਮਾਪੇ ਸਬੰਧਾਂ ਨੂੰ ਮਜ਼ਬੂਤ ਕਰਨਾ, ਵਿਦਿਆਰਥੀਆਂ ਦਾ ਆਤਮ ਵਿਸ਼ਵਾਸ਼ ਵਧਾਉਣਾ ਅਤੇ ਉਨਾਂ ਦਾ ਸਮਾਜਿਕ, ਭਾਵਨਾਤਮਕ, ਸਰੀਰਕ ਅਤੇ ਸਿਰਜਣਾਤਮਕ ਵਿਕਾਸ ਕਰਨਾ ਹੈ। 'ਥੋੜੀ ਖੇਡ ਤੇ ਥੋੜੀ ਪੜਾਈ, ਨਾਲੇ ਸਿਹਤ ਤੇ ਨਾਲੇ ਸਿਖਲਾਈ' ਦਾ ਉਦੇਸ਼ ਲੈ ਕੇ ਸਮਰ ਕੈਂਪ ਦੌਰਾਨ ਰੋਜ਼ਾਨਾ ਸਵੇਰੇ 8 ਵਜੇ ਤੋਂ ਸਾਢੇ 11 ਵਜੇ ਤੱਕ ਵਿਦਿਆਰਥੀਆਂ ਨੂੰ ਕਰਵਾਈਆਂ ਜਾਣ ਵਾਲੀਆਂ ਤਮਾਮ ਗਤਿਵਿਧੀਆਂ ਨੂੰ ਅਧਿਆਪਕਾਂ ਵੱਲੋਂ ਨਾਲ ਦੀ ਨਾਲ ਸ਼ੋਸ਼ਲ ਮੀਡੀਆ ਪਲੇਟਫਾਰਮ 'ਤੇ ਵੀ ਅਪਲੋਡ ਕੀਤਾ ਜਾ ਰਿਹਾ ਹੈ। ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ (ਲੜਕੇ) ਨੂਰਪੁਰਬੇਦੀ ਦੇ ਅਧਿਆਪਕਾਂ ਨੇ ਦੱਸਿਆ ਕਿ ਅੱਜ ਵੀ ਬੱਚਿਆਂ ਨੂੰ ਕਈ ਕਿਰਿਆਵਾਂ ਕਰਵਾਈਆਂ ਗਈਆਂ। ਜਿਸ ਪ੍ਰਤੀ ਬੱਚਿਆਂ ਵੱਲੋਂ ਵਧੇਰੇ ਰੁਚੀ ਦਿਖਾਈ ਗਈ। ਉਨਾਂ ਆਖਿਆ ਕਿ ਅਜਿਹੇ ਸਮਰ ਕੈਂਪ ਬੱਚਿਆਂ 'ਚ ਪੜਵਾਈ ਪ੍ਰਤੀ ਦਿਲਚਸਪੀ ਵਧਾਉਣ ਲਈ ਯਕੀਨਨ ਲਾਭਦਾਇਕ ਸਾਬਿਤ ਹੋਣਗੇ। ਇਸ ਮੌਕੇ ਮਾ. ਮੁਕੇਸ਼ ਕੁਮਾਰ ਭੰਡਾਰੀ ਅਤੇ ਸ਼ਾਲੂ ਕੌਸ਼ਲ ਆਦਿ ਅਧਿਆਪਕ ਮੌਜੂਦ ਸਨ।

# ਮੇਹਰ ਚੰਦ ਪੋਲੀਟੈਕਿਨਕ ਕਾਲਜ ਦੇ ਵਿਦਿਆਰਥੀਆਂ ਦੀ ਹੋਈ ਭਰਤੀ



**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿੱਖੇ ਕੈਂਪਸ ਪਲੇਸਮੈਂਟ ਦੌਰਾਨ ਇਲੈਕਟ੍ਰੀਕਲ ਵਿਭਾਗ ਦੇ 3 ਵਿੱਦਿਆਰਥੀਆਂ ਨੂੰ 2 ਲੱਖ 16 ਹਜਾਰ ਦੇ ਸਾਲਾਨਾ ਪੈਕੇਜ ਵਿੱਚ ਡਿਪਲੋਮਾ ਇੰਜੀਨੀਅਰ ਟ੍ਰੇਨਸ ਦੇ ਤੌਰ 'ਤੇ ਭਰਤੀ ਕੀਤਾ ਗਿਆ । ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਚੁਣੇ ਹੋਏ ਵਿੱਦਿਆਰਥੀਆਂ ਰਾਹੁਲ ਸ਼ਰਮਾ, ਬ੍ਰੀਜੇਸ਼ ਸ਼ਰਮਾ ਅਤੇ ਭਰਤ ਸ਼ਰਮਾ ਨੂੰ ਵਧਾਈ ਦਿੱਤੀ।ਇਲੈਕਟ੍ਰੀਕਲ ਵਿਭਾਗ ਦੇ ਮੁੱਖੀ ਦਿਲਦਾਰ ਸਿੰਘ ਰਾਣਾ ਅਤੇ ਪੋ. ਕਸ਼ਮੀਰ ਕੁਮਾਰ ਵਲੋਂ ਕੰਪਨੀ ਦਾ ਧੰਨਵਾਦ ਕੀਤਾ ਗਿਆ । ਪ੍ਰਿੰਸੀਪਲ ਨੇ ਦੱਸਿਆ ਕਿ 15 ਮਾਰਚ ਤੋਂ 15 ਅਪ੍ਰੈਲ 2023 ਤੱਕ ਕਾਲਜ ਵਿੱਚ ਪਲੇਸਮੈਂਟ ਡਰਾਈਵ ਕਰਵਾਈ ਗਈ ਸੀ ਅਤੇ ਚਾਹਵਾਨ ਵਿੱਦਿਆਰਥੀਆਂ ਨੂੰ ਨਾਮੀ ਕੰਪਨੀਆਂ ਵਿੱਚ ਇੰਟ੍ਰਵੀਊ ਕਰਵਾ ਕੇ ਚੰਗੇ ਪੈਕੇਜ ਨਾਲ ਅਡਜੈਸਟ ਕੀਤਾ ਜਾ ਰਿਹਾ ਸੀ। ਇੱਥੇ ਵਿਸ਼ੇਸ਼ ਤੌਰ 'ਤੇ ਦੱਸਣਯੋਗ ਹੈ ਕਿ ਭਰਤ ਸ਼ਰਮਾ ਜੋ ਕਿ ਇੱਕ ਯਤੀਮ ਵਿੱਦਿਆਰਥੀ ਸੀ ਉਸ ਦੀ ਇਲੈਕਟ੍ਰੀਕਲ ਵਿਭਾਗ ਅਤੇ ਕਾਲਜ ਦੀ ਤਰਫੋਂ ਕਾਫੀ ਮੱਦਦ ਕੀਤੀ ਗਈ ਅਤੇ ਉਹ ਆਪਣੀ ਕਰੜੀ ਮਿਹਨਤ ਸਦਕਾ ਇਸ ਕੰਪਨੀ ਵਿੱਚ ਭਵਿੱਖ ਉਜੱਵਲ ਕਰ ਸਕਿਆ।

# ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਨੇ ਸਪੈਸ਼ਲ ਕੈਂਪ ਕੋਰਟ ਲਗਾਈ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** - ਰਜਿੰਦਰ ਅਗਰਵਾਲ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ- ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੁਮਿੱਤ ਭੱਲਾ, ਸਿਵਲ ਜੱਜ (ਸੀਨੀਅਰ ਡਵੀਜ਼ਨ)/ ਸੀ ਜੇ ਐਮ ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਵੱਲੋਂ ਕੇਂਦਰੀ ਜੇਲ੍ਹ ਗੁਰਦਾਸਪੁਰ ਵਿੱਚ ਸਪੈਸ਼ਲ ਕੈਂਪ ਕੋਰਟ ਲਗਾਈ ਗਈ।

ਇਸ ਕੈਂਪ ਕੋਰਟ ਦੌਰਾਨ ਸੁਮਿੱਤ ਭੱਲਾ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੁਆਰਾ 9 ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਕੈਂਪ ਕੋਰਟ 'ਚ ਅਦਾਲਤਾਂ 'ਚ ਚੱਲ ਰਹੇ ਛੋਟੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਸੁਮਿੱਤ ਭੱਲਾ ਦੁਆਰਾ ਹਵਾਲਤੀਆਂ ਨੂੰ ਸੇਧ ਦਿੱਤੀ ਗਈ ਕਿ ਉਹ ਚੰਗਾ ਰੁਜ਼ਗਾਰ ਅਪਣਾਉਣ ਤੇ ਦੁਬਾਰਾ ਕੋਈ ਵੀ ਗੈਰ ਕਾਨੂੰਨੀ ਕੰਮ ਨਾ ਕਰਨ। ਇਸ ਮੌਕੇ ਨਵਇੰਦਰ ਸਿੰਘ ਜੇਲ੍ਹ ਸੁਪਰਡੈਂਟ ਗੁਰਦਾਸਪੁਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

## ਅਸ਼ੋਕ ਗੁਪਤਾ ਬਣੇ ਲਘੂ ਉਦਯੋਗ ਭਾਰਤੀ ਦੇ ਪੰਜਾਬ ਪ੍ਰਧਾਨ

**ਫਗਵਾੜਾ (ਨਵਾਂ ਜ਼ਮਾਨਾ ਸਰਵਿਸ )** ਫਗਵਾੜਾ ਦੇ ਪ੍ਰਸਿੱਧ ਉਦਯੋਗਪਤੀ ਅਸ਼ੋਕ ਗੁਪਤਾ ਨੂੰ ਅਗਲੇ ਦੋ ਸਾਲਾਂ ਲਈ ਸੂਖਮ, ਲਘੂ ਅਤੇ ਦਰਮਿਆਨੇ ਉਦਯੋਗਾਂ (ਐੱਮ.ਐੱਸ.ਐੱਮ.ਈ.) ਦੀ ਸਭ ਤੋਂ ਵੱਡੀ ਰਾਸ਼ਟਰੀ ਸੰਸਥਾ ਲਘੂ ਉਦਯੋਗ ਭਾਰਤੀ ਦਾ ਪੰਜਾਬ ਪ੍ਰਧਾਨ ਐਲਾਨਿਆ ਗਿਆ ਹੈ। ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਬਠਿੰਡਾ ਵਿਖੇ ਕੌਮੀ ਪ੍ਰਧਾਨ ਬਲਦੇਵ ਪ੍ਰਜਾਪਤੀ, ਕੌਮੀ ਸਕੱਤਰ ਘਣਸ਼ਿਆਮ ਓਝਾ ਅਤੇ ਕੌਮੀ ਮੀਤ ਪ੍ਰਧਾਨ ਅਰਵਿੰਦ ਧੂਮਲ ਦੀ ਹਾਜ਼ਰੀ ਵਿੱਚ ਹੋਈ ਸਾਲਾਨਾ ਮੀਟਿੰਗ ਦੌਰਾਨ ਸੌਂਪੀ ਗਈ। ਮੀਟਿੰਗ ਦੌਰਾਨ ਪ੍ਰਦੀਪ ਮੋਂਗੀਆ (ਡੇਰਾਬੱਸੀ) ਨੂੰ ਸੂਬਾ ਜਨਰਲ ਸਕੱਤਰ ਦਾ ਅਹੁਦਾ ਦਿੱਤਾ ਗਿਆ ਹੈ, ਜਦਕਿ ਫਗਵਾੜਾ ਦੇ ਚੰਦਰਸ਼ੇਖਰ ਗੁਪਤਾ ਅਤੇ ਸੁਬੋਧ ਸੋਬਤੀ ਨੂੰ ਸੂਬਾ ਮੀਤ ਪ੍ਰਧਾਨ, ਮੁਖਿੰਦਰ ਸਿੰਘ ਅਤੇ ਅਸ਼ੋਕ ਸੇਠੀ ਨੂੰ ਸੂਬਾ ਸਕੱਤਰ ਦੇ ਅਹੁਦੇ ਨਾਲ ਨਵਾਜਿਆ ਗਿਆ ਹੈ। ਲਘੂ ਉਦਯੋਗ ਭਾਰਤੀ ਦੇ ਫਗਵਾੜਾ ਸ਼ਾਖਾ ਦੇ ਪ੍ਰਧਾਨ ਪੰਕਜ ਗੌਤਮ ਅਤੇ ਸਕੱਤਰ ਪੁਨੀਤ ਗੁਪਤਾ ਨੇ ਫਗਵਾੜਾ ਦੇ ਅਸ਼ੋਕ ਗੁਪਤਾ ਅਤੇ ਹੋਰਨਾਂ ਉਦਯੋਗਪਤੀਆਂ ਨੂੰ ਵੱਡੀ ਜ਼ਿੰਮੇਵਾਰੀ ਦੇਣ ਲਈ ਰਾਸ਼ਟਰੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਦੂਜੇ ਪਾਸੇ ਪੰਜਾਬ ਦੇ ਨਵ-ਨਿਯੁਕਤ ਪ੍ਰਧਾਨ ਅਸ਼ੋਕ ਗੁਪਤਾ ਨੇ ਕਿਹਾ ਕਿ ਲਘੂ ਉਦਯੋਗ ਇਸ ਸਮੇਂ ਵੱਡੇ ਸੰਕਟ ਵਿੱਚੋਂ ਲੰਘ ਰਿਹਾ ਹੈ। ਕੱਚੇ ਮਾਲ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਨੇ ਛੋਟੇ ਉਦਯੋਗਾਂ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ। ਇਸ ਲਈ ਉਨ੍ਹਾਂ ਦੀ ਪਹਿਲ ਲਘੂ ਉਦਯੋਗਾਂ ਦੀਆਂ ਮੁਸ਼ਕਲਾਂ ਨੂੰ ਹਲ ਕਰਵਾਉਣਾ ਹੋਵੇਗੀ। ਜਿਸ ਲਈ ਉਹ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦੇ ਸਹਿਯੋਗ ਨਾਲ ਜਥੇਬੰਦੀ ਦੀ ਆਵਾਜ਼ ਸੂਬਾ ਅਤੇ ਕੇਂਦਰ ਸਰਕਾਰਾਂ ਤੱਕ ਪਹੁੰਚਾਉਣਗੇ।

# ਵਿਸ਼ਵ ਅਬਾਦੀ ਦਿਵਸ ਨੂੰ ਸਮਰਪਤ ਵਿਸ਼ੇਸ਼ ਮੁਹਿੰਮ ਜਾਰੀ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**- ਸਿਵਲ ਸਰਜਨ ਰੂਪਨਗਰ ਤੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ. ਵਿਧਾਨ ਚੰਦ ਦੀ ਅਗਵਾਈ ਹੇਠ ਹੈਲਥ ਵਰਕਰਾਂ ਦੀ ਮੀਟਿੰਗ ਕੀਤੀ ਗਈ। ਡਾ. ਵਿਧਾਨ ਚੰਦਰ ਨੇ ਦੱਸਿਆ ਕਿਰਾਜ ਪੱਧਰ ਤੋਂ ਪ੍ਰਾਪਤ ਹਦਾਇਤਾਂ ਅਨੁਸਾਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਲੋਕਾਂ ਨੂੰ ਵਧਦੀ ਅਬਾਦੀ ਦੇ ਨੁਕਸਾਨ ਅਤੇ ਪਰਿਵਾਰ ਨਯੋਜਨ ਦੇ ਤਰੀਕਿਆਂ ਬਾਰੇ ਜਾਣਕਾਰੀ ਦੇਣ ਅਤੇ ਪਰਵਾਰ ਭਲਾਈ ਦੇ ਕੇਸ (ਨਸਬੰਦੀ, ਨਲਬੰਦੀ) ਕਰਨ ਲਈ ਦੋ ਪੰਦਰਵਾੜਿਆਂ ਤਹਿਤ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਪਹਿਲੇ ਪੰਦਰਵਾੜੇ 27 ਜੂਨ ਤੋਂ 10 ਜੁਲਾਈ ਤੱਕ ਦੰਪਤੀ ਸੰਪਰਕ ਪਖਵਾੜਾ ਅਤੇ 11 ਜੁਲਾਈ ਤੋਂ 24 ਜੁਲਾਈ ਤੱਕ ਜਨਸੰਖਿਆ ਸਥਿਰਤਾ ਪਖਵਾੜਾ ਮਨਾਇਆ ਜਾ ਰਿਹਾ ਹੈ। ਪਹਿਲੇ ਪੰਦਰਵਾੜੇ ਦੌਰਾਨ ਆਸ਼ਾ ਵਰਕਰਜ ਘਰ-ਘਰ ਜਾ ਕੇ ਯੋਗ ਜੋੜਿਆਂ ਦੀ ਪਛਾਣ ਕਰਕੇ ਉਹਨਾਂ ਨੂੰ ਪਰਵਾਰ ਨਿਯੋਜਨ ਦੇ ਕੱਚੇ ਅਤੇ ਪੱਕੇ ਸਾਧਨਾਂ ਜਿਵੇਂ ਕਿ ਇੰਜੈਕਸ਼ਨ ਐਮ.ਪੀ.ਏ., ਅਪਾਤਕਾਲੀਨ ਗਰਭ ਨਿਰੋਧਕ ਗੋਲੀਆਂ, ਕਾਪਰਟੀ, ਗਰਭ ਨਿਰੋਧਕ ਗੋਲੀਆਂ, ਪੁਰਸ਼ ਨਸਬੰਦੀ, ਮਹਿਲਾ ਨਲਬੰਦੀ ਨੂੰ ਅਪਣਾਉਣ ਦੇ ਤਰੀਕੇ ਅਤੇ



ਫਾਇਦਿਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਅਤੇ ਦੋ ਬੱਚਿਆਂ ਵਿੱਚ ਸਹੀ ਦੂਰੀ ਰੱਖਣ ਸੰਬੰਧੀ ਜਾਣਕਾਰੀ ਦਿੱਤੀ ਜਾਵੇਗੀ ਅਤੇ ਪਰਵਾਰ ਭਲਾਈ ਦੇ ਸਾਧਨ ਅਪਣਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ। ਦੂਜੇ ਪੰਦਰਵਾੜੇ ਤਹਿਤ ਪਰਵਾਰ ਨਿਯੋਜਨ ਦੇ ਪੱਕੇ ਤਰੀਕਿਆਂ ਲਈ ਕੇਸ ਕਰਵਾਏ ਜਾਣਗੇ, ਜਿਸ ਦੇ ਲਈ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਉਹਨਾਂ ਦੱਸਿਆ ਕਿ ਪਰਵਾਰ ਭਲਾਈ ਦੇ ਪੱਕੇ ਕੇਸ ਕਰਵਾਉਣ ਵਾਲਿਆਂ ਨੂੰ ਮਾਣਭੱਤਾ ਵੀ ਦਿੱਤਾ ਜਾਵੇਗਾ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੇਸ਼ ਦੀ ਆਰਥਿਕਤਾ ਅਤੇ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਵਧਦੀ ਅਬਾਦੀ 'ਤੇ ਕਾਬੂ ਪਾਉਣਾ ਜਰੂਰੀ ਹੈ ਇਸ ਲਈ ਯੋਗ ਲੋਕਾਂ ਨੂੰ ਪਰਵਾਰ ਨਿਯੋਜਨ ਦੇ ਤਰੀਕੇ ਅਪਣਾਉਣੇ ਚਾਹੀਦੇ ਹਨ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲੋੜਵੰਦਾਂ ਨੂੰ ਪੈਨਸ਼ਨਾਂ ਦੇ ਚੈੱਕ ਵੰਡੇ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁਖੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖਸੀਅਤ ਡਾ. ਐੱਸ.ਪੀ.ਸਿੰਘ ਉਬਰਾਏ ਦੀ ਯੋਗ ਸਰਪ੍ਰਸਤੀ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਅਤੇ ਟੀਮ ਮੈਂਬਰਾਂ ਵੱਲੋਂ ਵਿਧਵਾ ਔਰਤਾਂ, ਅੰਗਹੀਣਾਂ, ਗਰੀਬਾਂ ਤੇ ਲੋੜਵੰਦਾਂ ਨੂੰ ਪੈਨਸ਼ਨਾਂ ਦੇ ਚੈੱਕ ਵੰਡਣ ਲਈ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਇੰਜੀਨੀਅਰ ਗੁਰਦੀਪ ਸਿੰਘ ਲੇਹਲ ਆਰਕੀਟੈਕਟ ਸ਼ਾਮਲ ਹੋਏ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਉਦਯੋਗਪਤੀ ਕੁਲਵੰਤ ਸਿੰਘ ਮਠਾਰੂ ਨੇ ਸ਼ਿਰਕਤ ਕੀਤੀ। ਇਸ ਮੌਕੇ ਲੋੜਵੰਦਾਂ ਨੂੰ ਪੈਨਸ਼ਨਾਂ ਦੇ ਚੈੱਕ ਭੇਟ ਕਰਦਿਆਂ ਇੰਜੀਨੀਅਰ ਗੁਰਦੀਪ ਸਿੰਘ ਲੇਹਲ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਦੱਸਿਆ ਡਾ. ਐੱਸ ਪੀ ਸਿੰਘ ਉਬਰਾਏ ਵੱਲੋਂ ਆਪਣੀ ਨੇਕ ਕਿਰਤ ਕਮਾਈ ਦਾ 98 ਫੀਸਦੀ ਹਿੱਸਾ ਗਰੀਬਾਂ ਅਤੇ ਲੋੜਵੰਦਾਂ ਦੀ ਭਲਾਈ ਵਾਸਤੇ ਖਰਚ ਕੀਤਾ ਜਾ ਰਿਹਾ ਹੈ। ਮਨੁੱਖਤਾ ਨੂੰ ਬਚਾਉਣ ਅਤੇ ਇਨਸਾਨੀਅਤ ਦੀਆਂ ਕਦਰਾਂ ਕੀਮਤਾਂ ਨੂੰ ਉੱਚਾ ਚੁੱਕਣ ਲਈ ਡਾ. ਉਬਰਾਏ ਵੱਲੋਂ ਦੇਸ਼-ਵਿਦੇਸ਼ ਦੇ ਅੰਦਰ ਬਹੁਤ ਹੀ ਨੇਕ ਤੇ ਸ਼ਲਾਘਾਯੋਗ ਕਾਰਜ ਕੀਤੇ ਜਾ ਰਹੇ ਹਨ। ਇੰਜੀਨੀਅਰ ਗੁਰਦੀਪ ਸਿੰਘ ਲੇਹਲ ਨੇ ਕਿਹਾ ਡਾ. ਉਬਰਾਏ ਦੀ ਅਗਵਾਈ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਸਮੇਤ ਉਨ੍ਹਾਂ ਦੀ ਸਮੁੱਚੀ ਟੀਮ ਬਹੁਤ ਹੀ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾਅ ਰਹੀ ਹੈ। ਇਸ ਦੌਰਾਨ ਪੈਨਸ਼ਨਾਂ ਲੈਣ ਵਾਲੇ ਪਰਵਾਰਾਂ ਨੇ ਡਾ. ਉਬਰਾਏ ਦਾ ਧੰਨਵਾਦ ਕੀਤਾ। ਇਸ ਮੌਕੇ ਟਰੱਸਟ ਦੇ ਮੈਂਬਰ ਤੇ ਹੋਰ ਆਗੂ ਵੀ ਹਾਜ਼ਰ ਸਨ।

# ਬੇਲਾ ਕਾਲਜ ਦੇ ਬੀ.ਬੀ.ਏ. ਦਾ ਨਤੀਜਾ ਰਿਹਾ ਸ਼ਾਨਦਾਰ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**- ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਬੇਲਾ ਦਾ ਬੀ.ਬੀ.ਏ. ਭਾਗ ਤੀਜਾ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਦਸੰਬਰ 2022 ਦੇ ਘੋਸ਼ਿਤ ਕੀਤੇ ਗਏ ਇਹਨਾਂ ਨਤੀਜਿਆਂ ਵਿੱਚ ਸਮੈਸਟਰ ਤੀਜੇ ਦੀ ਵਿਸ਼ਾਲੀ ਰਾਣੀ ਨੇ 87 ਫੀਸਦੀ, ਅਨੂੰ ਨੇ 85 ਫੀਸਦੀ ਅਤੇ ਗੁਰਸਿਮਰਨ ਸਿੰਘ ਨੇ 83 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਸੰਸਥਾ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ ਅਤੇ ਸਮੈਸਟਰ ਪੰਜਵੇਂ ਦੀ ਦਿਵਿਆ ਨੇ 82 ਫੀਸਦੀ, ਕਿਰਨ ਰਾਠੌਰ ਨੇ 81 ਫੀਸਦੀ ਅਤੇ ਹੀਨਾ ਰਾਣੀ ਨੇ 80 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਸੰਸਥਾ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਕਿਹਾ ਕਿ ਆਫਲਾਈਨ ਹੋ ਰਹੀਆਂ ਪ੍ਰੀਖਿਆਵਾਂ ਵਿੱਚ ਇਹ ਇੱਕ ਅਹਿਮ ਪ੍ਰਾਪਤੀ ਹੈ ਅਤੇ ਇਸ ਗੱਲ ਦੀ ਗਵਾਹੀ ਵੀ ਹੈ ਕਿ ਕਾਲਜ ਦਾ ਸਟਾਫ਼ ਬਹੁਤ ਮਿਹਨਤ ਕਰਕੇ ਵਿਦਿਆਰਥੀਆਂ ਦੇ ਬੌਧਿਕ ਪੱਧਰ ਨੂੰ ਉੱਚਾ ਚੁੱਕਣ ਲਈ ਹਰ ਸੰਭਵ ਯਤਨ ਕਰ ਰਿਹਾ ਹੈ। ਵਿਭਾਗ ਮੁਖੀ ਸਹਾਇਕ ਪ੍ਰੋਫੈਸਰ ਗੁਰਲਾਲ ਸਿੰਘ ਨੇ ਕਿਹਾ ਕਿ ਕਾਲਜ ਸਟਾਫ਼ ਸਦਾ ਹੀ ਵਿਦਿਆਰਥੀਆਂ ਦੀ ਸ਼ਖ਼ਸੀਅਤ ਨੂੰ ਅਕਾਦਮਿਕ, ਸੱਭਿਅਕ ਅਤੇ ਨੈਤਿਕ ਪੱਧਰ ਤੇ ਨਿਖਾਰਨ ਲਈ ਕਾਰਜਸ਼ੀਲ ਹੈ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ, ਸਕੱਤਰ ਜਗਵਿੰਦਰ ਸਿੰਘ, ਮੈਨੇਜਰ ਸੁਖਵਿੰਦਰ ਸਿੰਘ ਵਿਸਕੀ ਨੇ ਨਤੀਜਿਆਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵਧਾਈ ਦਿੱਤੀ। ਇਸ ਮੌਕੇ ਡਾ.ਮਮਤਾ ਅਰੋੜਾ, ਡਾ. ਅਣਖ ਸਿੰਘ, ਸਹਾਇਕ ਪ੍ਰੋ. ਪ੍ਰੀਤਕਮਲ ਕੌਰ, ਸਹਾਇਕ ਪ੍ਰੋ. ਗੁਰਿੰਦਰ ਸਿੰਘ ਅਤੇ ਸਮੂਹ ਸਟਾਫ਼ ਮੌਜੂਦ ਸੀ।

# ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਨੇ ਅਧਿਆਪਕਾਂ ਨੂੰ ਕੀਤਾ ਸਨਮਾਨਤ

**ਸਾਹਿਬਜਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਅਸ਼ਵਨੀ ਕੁਮਾਰ ਦੱਤਾ ਵੱਲੋਂ ਜ਼ਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ ਦੇ ਵਧੀਆ ਕਾਰਗੁਜਾਰੀ ਦਿਖਾਉਣ ਵਾਲੇ ਅਧਿਆਪਕਾਂ ਨੂੰ ਇੱਥੇ ਮੁਹਾਲੀ ਦੇ ਸੇਂਟ ਸੋਲਜਰ ਇੰਟਰਨੈਸ਼ਨਲ ਕਾਨਵੇਂਟ ਸਕੂਲ ਦੇ ਆਡੀਟੋਰੀਅਮ ਵਿਖੇ ਸਨਮਾਨਿਤ ਕੀਤਾ ਗਿਆ। ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਪਰਮਿੰਦਰ ਕੌਰ ਵੱਲੋਂ ਦੱਸਿਆ ਗਿਆ ਕਿ ਇੱਕ ਸਾਦੇ ਸਨਮਾਨ ਸਮਾਰੋਹ ਵਿੱਚ ਜ਼ਿਲ੍ਹੇ ਦੇ ਉਨ੍ਹਾਂ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ ਦਾਖਲਾ ਮੁਹਿੰਮ 2023-24 ਵਿੱਚ ਲਾ-ਮਿਸਾਲ ਯੋਗਦਾਨ ਪਾਇਆ ਹੈ,ਜਿਸ ਸਦਕਾ ਸੂਬਾ ਪੱਧਰ 'ਤੇ ਜ਼ਿਲ੍ਹੇ ਨੂੰ ਦਾਖਲਿਆਂ ਵਿੱਚ ਤੀਜਾ ਸਥਾਨ ਪ੍ਰਾਪਤ ਮਿਲਿਆ ਹੈ। ਜੋ ਕਿ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ।

ਇਸੇ ਤਰ੍ਹਾਂ ਉਨ੍ਹਾਂ ਸਕੂਲ ਮੁਖੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਪਿਛਲੇ ਸਾਲਾਂ ਵਿੱਚ ਸਕੂਲਾਂ ਨੂੰ ਸਮਾਰਟ ਸਕੂਲ ਬਣਾਉਣ ਵਿੱਚ ਪੰਜਾਬ ਸਰਕਾਰ ਦੀਆਂ ਦਿੱਤੀਆਂ ਗ੍ਰਾਂਟਾਂ ਅਤੇ ਆਪਣੇ ਵਸੀਲਿਆਂ ਨਾਲ ਸਕੂਲਾਂ ਦੀ ਦਿੱਖ ਸੰਵਾਰਨ ਵਿੱਚ ਯੋਗਦਾਨ ਪਾਇਆ। ਇਸ ਮੌਕੇ ਡੀ ਈ ਓ (ਐਲੀਮੈਂਟਰੀ) ਅਸ਼ਵਨੀ ਕੁਮਾਰ ਦੱਤਾ ਵੱਲੋਂ ਸਮੂਹ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਗਿਆ ਕਿ ਜ਼ਿਲ੍ਹੇ ਦੇ ਸਮੂਹ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵੱਧ ਤੋਂ ਵੱਧ ਉਪਰਾਲਾ ਕਰੀਏ ਅਤੇ ਆਪਣੇ ਸਕੂਲਾਂ ਨੂੰ ਸੁੰਦਰ ਬਣਾਉਣ ਅਤੇ ਹਰ ਤਰ੍ਹਾਂ ਦੀਆਂ ਸਹੂਲਤਾਂ ਲੈਣ ਲਈ ਆਪਣੀ ਯੋਜਨਾਵਾਂ ਅਤੇ ਲੋੜਾਂ ਜ਼ਿਲ੍ਹਾ ਦਫਤਰ ਨੂੰ ਭੇਜੀਆਂ ਜਾਣ। ਇਸ ਤੋਂ ਪਹਿਲਾਂ ਕਲੱਸਟਰ ਮੁਖੀਆਂ ਨੂੰ ਈ-ਪੰਜਾਬ ਸਕੂਲ ਸਾਈਟ ਅਤੇ ਹੋਰ ਤਕਨੀਕੀ ਜਾਣਕਾਰੀ ਦੀ ਸਿਖਲਾਈ ਜ਼ਿਲ੍ਹਾ ਐੱਮ ਆਈ ਐੱਸ ਵਿੰਗ ਵੱਲੋਂ ਦਿੱਤੀ ਗਈ। ਸਮਾਰਟ ਸਕੂਲ ਕੋਆਰਡੀਨੇਟਰ ਜ਼ਿਲ੍ਹਾ ਮੋਹਾਲੀ ਵਰਿੰਦਰ ਪਾਲ ਸਿੰਘ ਵੱਲੋਂ ਸਕੂਲਾਂ ਦੇ ਰੱਖ ਰਖਾਅ, ਗ੍ਰਾਂਟਾਂ, ਸਕੂਲਾਂ ਦੇ ਬੁਨਿਆਦੀ ਢਾਂਚੇ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ। ਜਸਵਿੰਦਰ ਸਿੰਘ ਨੇ ਮੁਫਤ ਪਾਠ ਪੁਸਤਕਾਂ ਦੀ ਵੰਡ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਮੌਕੇ ਬੀ ਪੀ ਈ ਓਜ ਵਿੱਚ ਨੀਨਾ ਰਾਣੀ, ਕਮਲਜੀਤ ਸਿੰਘ,ਗੁਰਮੀਤ ਕੌਰ, ਜਸਵੀਰ ਕੌਰ ਅਤੇ ਖੁਸ਼ਪ੍ਰੀਤ ਸਿੰਘ,ਦੇਵ ਕਰਨ ਸਿੰਘ ਸਮੇਤ ਕਲੱਸਟਰ ਮੁਖੀ ਹਾਜ਼ਰ ਸਨ।

# ਟਰੈਵਲ ਏਜੰਟਾਂ, ਆਈਲੈਟਸ ਕੇਂਦਰਾਂ ਤੇ ਵੀਜ਼ਾ ਸਲਾਹਕਾਰ ਕੇਂਦਰਾਂ ਦੀ ਕੀਤੀ ਚੈਕਿੰਗ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਰਾਜ ਵਿੱਚ ਮਨੁੱਖੀ ਤਸਕਰੀ ਦੇ ਕੇਸਾਂ ਵਿੱਚ ਹੋ ਰਹੇ ਵਾਧੇ ਅਤੇ ਧੋਖੇਬਾਜ਼ੀ ਦੀਆਂ ਵਧਦੀਆਂ ਘਟਨਾਵਾਂ ਦੇ ਮੱਦੇਨਜ਼ਰ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਅੱਜ ਡਿਪਟੀ ਕਮਿਸ਼ਨਰ ਤਰਨ ਤਾਰਨ ਬਲਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤਰਨ ਤਾਰਨ ਸ਼ਹਿਰ 'ਚ ਪੈਂਦੇ ਲਗਭਗ 35 ਟਰੈਵਲ ਏਜੰਟ, ਆਈਲੈਟਸ ਕੇਂਦਰਾਂ, ਵੀਜ਼ਾ ਸਲਾਹਕਾਰ ਕੇਂਦਰਾਂ ਅਤੇ ਈ. ਟਿਕਟਿੰਗ ਏਜੰਸੀਆਂ ਦੀ ਚੈਕਿੰਗ ਐੱਸ ਡੀ ਐੱਮ ਤਰਨ ਤਾਰਨ ਰਜਨੀਸ਼ ਅਰੋੜਾ ਵੱਲੋਂ ਕੀਤੀ ਗਈ। ਰਜਨੀਸ਼ ਅਰੋੜਾ ਨੇ ਦੱਸਿਆ ਕਿ ਚੈਕਿੰਗ ਦੌਰਾਨ 26 ਕੇਂਦਰ ਬੰਦ ਕੀਤੇ ਗਏ ਅਤੇ ਬੱਚਿਆਂ ਦੇ ਭਵਿੱਖ ਨੂੰ ਧਿਆਨ 'ਚ ਰੱਖਦਿਆਂ ਇਨ੍ਹਾਂ ਵਿੱਚੋਂ 10 ਕੇਂਦਰਾਂ ਨੂੰ 15 ਦਿਨਾਂ ਦੀ ਆਰਜ਼ੀ ਛੋਟ ਦਿੱਤੀ ਗਈ ਹੈ, ਜਿਨ੍ਹਾਂ ਵੱਲੋਂ ਲਾਇਸੰਸ ਲਈ ਅਪਲਾਈ ਕੀਤੇ ਹੋਣ ਦਾ ਪਰੂਫ਼ ਦਿੱਤਾ ਗਿਆ ਹੈ ਅਤੇ ਇਨਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਇਹ ਕੇਂਦਰ 15 ਦਿਨਾਂ ਵਿੱਚ ਆਪਣਾ ਲਾਇਸੰਸ ਦਾ ਪਰੂਫ਼ ਜਮ੍ਹਾਂ ਕਰਵਾਉਣ। ਉਨ੍ਹਾ ਦੱਸਿਆ ਕਿ ਬਾਕੀ ਕੇਂਦਰਾਂ ਨੂੰ ਵੀ ਕੱਲ੍ਹ ਤੱਕ ਲਾਇਸੰਸ ਲਈ ਅਪਲਾਈ ਕਰਨ ਦਾ ਸਬੂਤ ਲੈ ਕੇ ਆਉਣ ਦੀ ਹਦਾਇਤ ਕੀਤੀ ਗਈ ਹੈ ਅਤੇ ਅਜਿਹਾ ਨਾ ਕਰਨ ਵਾਲੇ ਸਮੂਹ ਕੇਂਦਰਾਂ 'ਤੇ ਸਖਤ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ। ਉਨ੍ਹਾ ਜ਼ਿਲ੍ਹੇ ਦੇ ਅੰਦਰ ਮੌਜੂਦ ਸਮੂਹ ਟਰੈਵਲ ਏਜੰਟ, ਟਿਕਟਿੰਗ ਏਜੰਟ, ਕੰਸਲਟੈਂਸੀ, ਆਈਲੈਟਸ ਇੰਸਟੀਚਿਊਟ, ਜਨਰਲ ਸੇਲਜ਼ ਏਜੰਟ ਦੇ ਲਾਇਸੰਸ ਧਾਰਕਾਂ ਨੂੰ ਹਦਾਇਤ ਕੀਤੀ ਕਿ ਉਨ੍ਹਾਂ ਵੱਲੋਂ ਆਪਣੇ ਕੰਮ ਵਾਲੇ ਸਥਾਨ (ਮੁੱਖ ਦਫਤਰ/ਸਾਖਾਵਾਂ) 'ਤੇ ਲੱਗੇ ਫਰਮ ਦੇ ਬੋਰਡਾਂ, ਇਸ਼ਤਿਹਾਰ ਬੋਰਡ ਸਮੇਤ ਸੋਸ਼ਲ ਮੀਡੀਆ 'ਤੇ ਕੀਤੇ ਜਾਂਦੇ ਪ੍ਰਚਾਰ ਸਮੇਂ ਅਧਿਕਾਰਤ ਲਾਇਸੰਸ ਨੰਬਰ ਦਰਜ ਕਰਨ ਨੂੰ ਯਕੀਨੀ ਬਣਾਉਣ ਅਤੇ ਪੰਜਾਬ ਟਰੈਵਲ ਪ੍ਰੋਫ਼ੈਸ਼ਨਲ ਰੈਗੂਲੇਸ਼ਨ ਰੂਲਜ਼ 2013 ਅਤੇ ਹੋਰ ਐਕਟਾਂ ਤਹਿਤ ਦਰਜ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ । ਉਨ੍ਹਾ ਕਿਹਾ ਕਿ ਜੇਕਰ ਕੋਈ ਲਾਇਸੈਂਸ ਧਾਰਕ (ਸੋਲ ਪ੍ਰੋਪਰਾਈਟਰ ਜਾਂ ਪਾਰਟਨਰਜ਼ ਫਰਮ) ਵੱਲੋਂ ਹੁਕਮਾਂ ਦੀ ਉਲੰਘਣਾ ਕੀਤੀ ਪਾਈ ਜਾਂਦੀ ਹੈ ਤਾਂ ਉਨ੍ਹਾਂ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ। ਉਨ੍ਹਾ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੇਵਲ ਲਾਇਸੰਸ ਧਾਰਕਾਂ /ਅਧਿਕਾਰਤ ਵਿਅਕਤੀਆਂ ਤੋਂ ਹੀ ਇਸ ਸੰਬੰਧੀ ਸੇਵਾਵਾਂ ਲੈਣ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਧੋਖਾਧੜੀ ਤੋਂ ਬਚਿਆ ਜਾ ਸਕੇ ।

## ਕਰਿੰਦੇ ਕੋਲੋਂ 2 ਲੱਖ ਖੋਹ ਕੇ ਦੌੜੇ ਲੁਟੇਰੇ ਕਾਬੂ

**ਝਬਾਲ (ਹਰਜਿੰਦਰ ਸਿੰਘ ਸੋਨੀ/ ਰੌਬਿਨ ਸਿੰਘ ਸੋਨੀ)**-ਝਬਾਲ ਤੋਂ ਥੋੜ੍ਹੀ ਦੂਰ ਖੈਰਦੀ ਅੱਡੇ ਨੇੜੇ ਇੱਕ ਫਾਈਨੈਂਸ ਕੰਪਨੀ ਦੇ ਕਰਿੰਦੇ ਕੋਲੋਂ 2 ਲੱਖ ਦੇ ਕਰੀਬ ਖੋਹ ਕਰਕੇ ਦੌੜੇ ਦੋ ਮੋਟਰਸਾਈਕਲ ਸਵਾਰ ਲੁਟੇਰਿਆਂ ਨੂੰ ਝਬਾਲ ਪੁਲਸ ਨੇ ਮੌਕੇ 'ਤੇ ਲੋਕਾਂ ਦੀ ਸਹਾਇਤਾ ਨਾਲ ਲੁੱਟੇ ਪੈਸਿਆਂ ਸਮੇਤ ਕਾਬੂ ਕਰ ਲਿਆ। ਪ੍ਰਾਪਤ ਜਾਣਕਾਰੀ ਅਨੁਸਾਰ ਭਾਰਤ ਫਾਈਨੈਂਸ ਕੰਪਨੀ 'ਚ ਕੰਮ ਕਰਦਾ ਰਾਜਵਿੰਦਰ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾਸੀ ਫਿਰੋਜ਼ਪੁਰ ਜੋ ਕਿ ਅੰਮ੍ਰਿਤਸਰ ਵਿਖੇ ਫਾਈਨੈਂਸ ਕੰਪਨੀ 'ਚ ਨੌਕਰੀ ਕਰਦਾ ਹੈ, ਅੱਜ ਰੋਜ਼ ਦੀ ਤਰ੍ਹਾਂ ਵੱਖ-ਵੱਖ ਪਿੰਡਾਂ ਤੋਂ ਪੈਸੇ ਜੋ ਲਗਭਗ 2 ਲੱਖ ਰੁਪਏ ਸਨ, ਇਕੱਠੇ ਕਰਕੇ ਜਦੋਂ ਮੋਟਰਸਾਈਕਲ 'ਤੇ ਅੰਮ੍ਰਿਤਸਰ ਵੱਲ ਜਾ ਰਿਹਾ ਸੀ ਤਾਂ ਖੈਰਦੀ ਅਤੇ ਮੰਨਣ ਅੱਡੇ ਦੇ ਵਿਚਕਾਰ ਪਿੱਛੋਂ ਆਏ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਉਸ ਦੇ ਸਿਰ ਵਿੱਚ ਭਾਰੀ ਡੰਡਾ ਮਾਰ ਕੇ ਉਸ ਨੂੰ ਜ਼ਖਮੀ ਕਰ ਦਿੱਤਾ ਅਤੇ ਪੈਸਿਆਂ ਵਾਲਾ ਬੈਗ ਲੈ ਕੇ ਫਰਾਰ ਹੋਣ ਲੱਗੇ ਤਾਂ ਗਸ਼ਤ ਕਰ ਰਹੇ ਥਾਣਾ ਮੁਖੀ ਝਬਾਲ ਕੇਵਲ ਸਿੰਘ ਨੇ ਰੌਲਾ ਸੁਣ ਕੇ ਮੌਕੇ 'ਤੇ ਪਹੁੰਚ ਕੇ ਖੋਹ ਕਰਕੇ ਦੌੜ ਰਹੇ ਦੋਵਾਂ ਲੁਟੇਰਿਆਂ ਨੂੰ ਪੈਸਿਆਂ ਸਮੇਤ ਕਾਬੂ ਕਰ ਲਿਆ। ਜਦੋਂ ਕਿ ਜ਼ਖਮੀ ਹੋਏ ਫਾਈਨੈਂਸ ਕੰਪਨੀ ਦੇ ਕਰਿੰਦੇ ਨੂੰ ਝਬਾਲ ਸਰਕਾਰੀ ਹਸਪਤਾਲ ਇਲਾਜ ਲਈ ਦਾਖਲ ਕਰਵਾਇਆ। ਇਸ ਮੌਕੇ ਥਾਣਾ ਮੁਖੀ ਝਬਾਲ ਕੇਵਲ ਸਿੰਘ ਨੇ ਕਿਹਾ ਕਿ ਫੜੇ ਗਏ ਲੁਟੇਰਿਆਂ ਦੀ ਪੁੱਛਗਿੱਛ ਕੀਤੀ ਜਾ ਰਹੀ ਹੈ, ਜਿਨ੍ਹਾਂ ਕੋਲੋਂ ਹੋਰ ਸਨਸਨੀਖੇਜ਼ ਖੁਲਾਸੇ ਹੋਣ ਦੀ ਉਮੀਦ ਹੈ।

## ਨਸ਼ੀਲੇ ਪਦਾਰਥ ਤੇ ਡਰੱਗੀ ਮਨੀ ਸਮੇਤ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**-ਬਹਿਰਾਮਪੁਰ ਪੁਲਸ ਵੱਲੋਂ ਨਸ਼ੀਲੇ ਪਦਾਰਥ ਅਤੇ ਡਰੱਗੀ ਮਨੀ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਬਹਿਰਾਮਪੁਰ ਦੇ ਏ ਐਸ ਆਈ ਬਲਕਾਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਚੌਕ ਦੋਦਵਾਂ ਮੌਜੂਦ ਸਨ ਕਿ ਇੱਕ ਵਿਅਕਤੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਤਲਾਸ਼ੀ ਲਈ ਤਾਂ ਉਸ ਕੋਲ ਮੌਜੂਦ ਮੋਮੀ ਲਿਫਾਫੇ 'ਚੋਂ 6 ਗ੍ਰਾਮ 50 ਮਿਲੀਗ੍ਰਾਮ ਹੈਰੋਇਨ, ਇੱਕ ਇਲੈਕਟਰੋਨਿਕ ਕੰਡਾ ਅਤੇ 1 ਲੱਖ 6 ਹਜ਼ਾਰ 7 ਸੌ ਰੁਪਏ ਭਾਰਤੀ ਕਰੰਸੀ ਨੋਟ (ਡਰੱਗ ਮਨੀ) ਬਰਾਮਦ ਹੋਈ ਹੈ। ਉਨ੍ਹਾ ਦੱਸਿਆ ਉਕਤ ਵਿਅਕਤੀ ਦੀ ਪਹਿਚਾਣ ਰਮਨ ਕੁਮਾਰ ਪੁੱਤਰ ਚਮਨ ਲਾਲ ਵਾਸੀ ਭਰਥ ਥਾਣਾ ਬਹਿਰਾਮਪੁਰ ਵਜੋਂ ਹੋਈ ਹੈ। ਪੁਲਸ ਨੇ ਕਥਿਤ ਦੋਸ਼ੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਜੋੜ ਮੇਲੇ ਸਾਡੇ ਸੱਭਿਆਚਾਰ ਦਾ ਅਨਿੱਖੜਵਾਂ ਅੰਗ : ਬੰਗਾ



**ਮੇਹਲੀ (ਗੁਰਨਾਮ)** ਰੋਜ਼ਾ ਸ਼ਰੀਫ ਮੰਢਾਲੀ ਵਿਖੇ ਬਾਬਾ ਅਬਦੁੱਲਾ ਸ਼ਾਹ ਕਾਦਰੀ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਸਾਈ ਉਮਰੇ ਸ਼ਾਹ ਦੀ ਅਗਵਾਈ ਵਿੱਚ ਕਰਵਾਇਆ ਗਿਆ। ਵਿਸ਼ੇਸ਼ ਤੌਰ 'ਤੇ ਸਕੱਤਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐੱਸ.ਸੀ.ਸੈੱਲ ਕਮਲਜੀਤ ਬੰਗਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਤੇ ਪ੍ਰਧਾਨ ਰਘਵੀਰ ਸਿੰਘ ਬਿੱਲਾ ਨੇ ਸ਼ਿਰਕਤ ਕੀਤੀ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਾਂਪੁਰਸ਼ਾਂ ਦੀ ਯਾਦ ਵਿੱਚ ਸਾਲਾਨਾ ਜੋੜ ਮੇਲੇ ਕਰਵਾਉਣੇ ਵਧੀਆ ਉਪਰਾਲਾ ਹੈ, ਜੋੜ ਮੇਲੇ ਸਾਡੇ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਹਨ, ਜਿਸ ਕਾਰਨ ਸਾਡੇ ਸੱਭਿਆਚਾਰ ਅਤੇ ਭਾਈਚਾਰਕ ਸਾਂਝ ਵਿੱਚ ਵਾਧਾ ਹੁੰਦਾ ਹੈ। ਇਸ ਮੌਕੇ ਡਾ.ਸਤਨਾਮ ਪਰਸ਼ੋਵਾਲ, ਹਨੀ, ਮਨੀ , ਗੱਗੀ, ਮੁਹੰਮਦ ਆਸ਼ਿਕ ਨੀਲਾ, ਚਰਨਜੀਤ ਰਾਏ,ਪੱਪੀ, ਗੋਰਾ, ਸੋਨੂੰ ਬਾਵਾ, ਸੋਨੂੰ ਡਰਾਇਵਰ ਅਤੇ ਸੰਗਤਾਂ ਆਦਿ ਹਾਜ਼ਰ ਸਨ।

## ਸ਼ਾਇਰ ਜਗਦੀਪ ਸਿੱਧੂ ਨਾਲ ਰੂਬਰੂ 9 ਨੂੰ

**ਖਰੜ: (ਹਰਨਾਮ ਸਿੰਘ ਡੱਲਾ)**-ਸਥਾਨਕ ਸਾਹਿਤਕ ਮੰਚ ਖਰੜ ਵਲੋਂ ਪੰਜਾਬੀ ਦੇ ਪ੍ਰਸਿੱਧ ਸ਼ਾਇਰ ਜਗਦੀਪ ਸਿੱਧੂ ਨਾਲ 9 ਜੁਲਾਈ ਨੂੰ ਸੀਨੀਅਰ ਸਿਟੀਜਨ ਹੋਮ ਸੰਨੀ ਇੰਨਕਲੇਵ ਖਰੜ ਵਿਖੇ ਇੱਕ ਰੂਬਰੂ ਪ੍ਰੋਗ੍ਰਾਮ ਦਾ ਆਯੋਜਨ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਮੰਚ ਦੇ ਜਨਰਲ ਸਕੱਤਰ ਸੁਰਜੀਤ ਸੁਮਨ ਵਲੋਂ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਸੰਜੀਵ ਕੁਮਾਰ ਪੀ ਸੀ ਐੱਸ ਅਤੇ ਪ੍ਰਧਾਨਗੀ ਪ੍ਰਿੰਸੀਪਲ ਲਾਭ ਸਿੰਘ ਖੀਵਾ ਕਰਨਗੇ। ਇਸ ਸਮੇਂ ਜਗਦੀਪ ਸਿੱਧੂ ਦੇ ਕਾਵਿ ਸੰਗ੍ਰਹਿ 'ਪੌੜੀਆਂ ਉਤਰਦੀ ਛਾਂ' ਉੱਤੇ ਗੋਸ਼ਟੀ ਵੀ ਹੋਵੇਗੀ। ਵਿਚਾਰ ਚਰਚਾ ਵਿੱਚ ਡਾਕਟਰ ਪ੍ਰਵੀਨ, ਬਲੀਜੀਤ ਅਤੇ ਪ੍ਰਿੰਸੀਪਲ ਸਤਨਾਮ ਸਿੰਘ ਸੋਕਰ ਆਪੋ ਆਪਣੇ ਵਿਚਾਰ ਪ੍ਰਗਟ ਕਰਨਗੇ। ਹਾਜਰ ਸਹਿਤਕਾਰਾਂ ਵਲੋਂ ਰਚਨਾਵਾਂ ਵੀ ਪੜ੍ਹੀਆਂ ਜਾਣਗੀਆਂ। ਮੰਚ ਦੇ ਪ੍ਰਧਾਨ ਤਰਸੇਮ ਬਸਰ ਨੇ ਸਮਾਗਮ ਵਿੱਚ ਲੇਖਕਾਂ ਨੂੰ ਸ਼ਾਮਲ ਹੋਣ ਲਈ ਹਾਰਦਿਕ ਸੱਦਾ ਦਿੱਤਾ ਹੈ।

## ਡਾ. ਸੰਧੂ ਨੇ ਸਿਵਲ ਹਸਪਤਾਲ ਵਿਖੇ ਚਾਰਜ ਸੰਭਾਲਿਆ

**ਫਿਲੌਰ (ਨਿਰਮਲ)**- ਸਿਵਲ ਹਸਪਤਾਲ ਫਿਲੌਰ ਵਿਖੇ ਡਾਕਟਰ ਅਮਰਜੋਤ ਸਿੰਘ ਸੰਧੂ ਵੱਲੋਂ ਬਤੌਰ ਡਾਕਟਰ ਤੌਰ 'ਤੇ ਆਪਣੀ ਡਿਊਟੀ ਦਾ ਚਾਰਜ ਸੰਭਾਲਿਆ। ਇਸ ਮੌਕੇ ਡਾਕਟਰ ਰੋਹਿਨੀ ਗੋਇਲ ਐਸ ਐਮ ਓ ਫਿਲੌਰ ਵੱਲੋਂ ਉਨ੍ਹਾਂ ਦਾ ਸਵਾਗਤ ਕਰਦੇ ਹੋਏ ਜੀ ਆਇਆਂ ਕਿਹਾ। ਇਸ ਮੌਕੇ ਡਾਕਟਰ ਅਮਰਜੋਤ ਸਿੰਘ ਨੇ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਅਤੇ ਸੇਵਾ ਭਾਵਨਾ ਨਾਲ ਨਿਭਾਉਣਗੇ। ਇਸ ਮੌਕੇ ਸੰਤ ਬਾਬਾ ਜਰਨੈਲ ਸਿੰਘ ਸੰਧੂ , ਸੰਤ ਬਾਬਾ ਸੁਖਵਿੰਦਰ ਸਿੰਘ ਸੰਧੂ, ਡਾਕਟਰ ਕੁਲਦੀਪ ਰਾਏ, ਬੀਬੀ ਕਰਮਜੀਤ ਕੌਰ ਸੰਧੂ, ਦਾਰਾ ਸਿੰਘ, ਹਰਜੀਤ ਸਿੰਘ, ਗੁਰਮੇਲ ਸਿੰਘ, ਮਨਜੀਤ ਸਿੰਘ ਆਦਿ ਨੇ ਡਾਕਟਰ ਅਮਰਜੋਤ ਸਿੰਘ ਦਾ ਮੂੰਹ ਮਿੱਠਾ ਕਰਵਾਇਆ।

## ਤੰਬਾਕੂਨੋਸ਼ੀ ਸਿਹਤ ਲਈ ਹਾਨੀਕਾਰਕ : ਸੰਧੂ

**ਫਗਵਾੜਾ (ਰਮਨ ਸ਼ਰਮਾ)** ਸਿਵਲ ਸਰਜਨ ਕਪੂਰਥਲਾ ਡਾ.ਰਾਜਵਿੰਦਰ ਕੌਰ ਦੇ ਹੁਕਮਾਂ ਅਤੇ ਜ਼ਿਲ੍ਹਾ ਸਿਹਤ ਅਫਸਰ ਕਪੂਰਥਲਾ ਡਾ.ਰਾਜੀਵ ਪਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀ.ਐਚ.ਸੀ.ਪਾਂਸ਼ਟ ਦੇ ਸੀਨੀਅਰ ਮੈਡੀਕਲ ਅਫਸਰ ਡਾ.ਰੁਪਿੰਦਰ ਕੌਰ ਦੀਆਂ ਹਿਦਾਇਤਾਂ ਤਹਿਤ ਸੀਨੀਅਰ ਹੈਲਥ ਇੰਸਪੈਕਟਰ ਕੰਵਲਜੀਤ ਸਿੰਘ ਸੰਧੂ ਦੀ ਯੋਗ ਅਗਵਾਈ ਹੇਠ ਹੈਲਥ ਇੰਸਪੈਕਟਰ ਬਲਿਹਾਰ ਚੰਦ,ਹੈਲਥ ਇੰਸਪੈਕਟਰ ਗੁਰਮੇਜ ਸਿੰਘ ਦੀ ਟੀਮ ਵਲੋਂ ਸਰਵਜਨਿਕ ਸਥਾਨਾਂ 'ਤੇ ਤੰਬਾਕੂਨੋਸ਼ੀ ਕਰਨ ਵਾਲੇ ਵਿਅਕਤੀਆਂ ਦੇ ਸਿਹਤ ਵਿਭਾਗ ਦੀ ਟੀਮ ਵਲੋਂ ਚਲਾਨ ਕੱਟੇ ਗਏ। ਸਿਹਤ ਵਿਭ ਟੀਮ ਨੇ ਚੈਕਿੰਗ ਦੌਰਾਨ ਸਰਵਜਨਿਕ ਸਥਾਨਾਂ 'ਤੇ ਤੰਬਾਕੂਨੋਸ਼ੀ ਕਰਨ ਵਾਲੇ 9 ਵਿਅਕਤੀਆਂ ਦੇ ਚਲਾਨ ਕੱਟੇ ਅਤੇ 25 ਤੋਂ ਵੱਧ ਵਿਅਕਤੀਆਂ ਨੂੰ ਚੇਤਾਵਨੀ ਦੇ ਛੱਡਿਆ। ਹੈਲਥ ਇੰਸਪੈਕਟਰ ਬਲਿਹਾਰ ਚੰਦ ਨੇ ਦੱਸਿਆ ਕਿ ਤੰਬਾਕੂ ਨਾਲ ਗਲੇ ਦਾ ਕੈਂਸਰ,ਮੂੰਹ ਦਾ ਕੈਂਸਰ, ਸਾਹ ਨਾਲ ਸਬੰਧਤ ਤੇ ਹੋਰ ਭਿਆਨਕ ਬੀਮਾਰੀਆਂ ਲੱਗ ਦਾ ਖਤਰਾ ਵੱਧ ਜਾਦਾ ਹੈ। ਇਸ ਲਈ ਸਾਨੂੰ ਤੰਬਾਕੂ ਉਤਪਾਦਾਂ ਦੀ ਵਰਤੋਂ ਕਰਨ ਤੋਂ ਗੁਰੇਜ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਨੇ ਲੋਕਾਂ ਨੂੰ ਤੰਬਾਕੂਨੋਸ਼ੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਪ੍ਰਤੀ ਜਾਗਰੂਕ ਕਰਨ ਲਈ ਮੁਹਿੰਮ ਵਿੱਢੀ ਹੋਈ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਅਤੇ ਕਾਲਜਾਂ ਵਿੱਚ ਵੀ ਵਿਦਿਆਰਥੀਆਂ ਨੂੰ ਤੰਬਾਕੂ ਦੇ ਦੁਸ਼ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

## ਜਾਖੜਨ ਦੇ ਭਾਜਪਾ ਦਾ ਪੰਜਾਬ ਪ੍ਰਧਾਨ ਬਣਨ 'ਤੇ ਗੁੱਟਬਾਜੀ ਸਮਾਪਤ ਹੋਵੇਗੀ : ਬਾਲੀ

**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)**--ਜ਼ਿਲ੍ਹਾ ਸੰਘਰਸ਼ ਕਮੇਟੀ ਦੀ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਕਰਮਵੀਰ ਬਾਲੀ ਨੇ ਸੁਨੀਲ ਜਾਖੜ ਨੂੰ ਪੰਜਾਬ ਬੀ.ਜੇ.ਪੀ. ਦਾ ਪ੍ਰਧਾਨ ਬਣਨ 'ਤੇ ਹਾਈ ਕਮਾਂਡ ਦੇ ਫੈਸਲੇ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਹਾਈ ਕਮਾਂਡ ਨੇ ਸਹੀ ਸਮੇਂ ਤੇ ਸਹੀ ਫੈਸਲਾ ਲਿਆ ਹੈ ਜਿਸ ਨਾਲ ਬੀ.ਜੇ.ਪੀ. ਦੀ ਗੁੱਟਬਾਜੀ ਸਮਾਪਤ ਹੋਵੇਗੀ। ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਸਮੇਂ ਦੀ ਮੰਗ ਹੈ ਕਿ ਬੀ.ਜੇ.ਪੀ.-ਅਕਾਲੀ ਗਠਬੰਧਨ ਹੋਣਾ ਚਾਹੀਦਾ ਹੈ, ਇਕੱਲਿਆਂ ਕੋਈ ਪਾਰਟੀ ਜਿੱਤਣ ਦੀ ਹਾਲਤ ਵਿੱਚ ਨਹੀਂ ਹੈ। ਸੁਨੀਲ ਜਾਖੜ ਨੂੰ ਪੰਜਾਬ ਦਾ ਪ੍ਰਧਾਨ ਬਣਨ 'ਤੇ ਜਿੱਥੇ ਕਾਂਗਰਸ ਕਮਜ਼ੋਰ ਹੋਵੇਗੀ ਉਥੇ ਅਕਾਲੀ ਗਠਬੰਧਨ ਦਾ ਮਾਰਗ ਪੱਕਾ ਹੋ ਗਿਆ ਹੈ ਕਿਉਂਕਿ ਸਾਰੀਆਂ ਪਾਰਟੀਆਂ ਸੁਨੀਅਲ ਜਾਖੜ ਦਾ ਸਨਮਾਨ ਕਰਦੀਆਂ ਹਨ। ਮੌਜੂਦਾ ਹਾਲਾਤ ਵਿੱਚ ਸੁਨੀਲ ਜਾਖੜ 'ਤੇ ਬਹੁਤ ਵੱਡੀ ਜ਼ਿੰਮੇਦਾਰੀ ਹੈ, ਸਾਰਿਆਂ ਨੂੰ ਇਸ ਸਮੇਂ ਉਨ੍ਹਾਂ ਦਾ ਸਾਥ ਦੇਣ ਦੀ ਜ਼ਰੂਰਤ ਹੈ। ਸਾਰਿਆਂ ਨੂੰ ਸਵਾਗਤ ਕਰਨਾ ਚਾਹੀਦਾ ਹੈ ਤਾਂਕਿ ਸੁਨੀਲ ਜਾਖੜ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਨੂੰ ਭਾਰੀ ਬਹੁਮਤ ਨਾਲ ਅੱਗੇ ਲੈ ਜਾ ਸਕਣ। ਇਸ ਮੌਕੇ 'ਤੇ ਨਿਰਮਲ ਸਿੰਘ, ਨਰਿੰਦਰ ਸਿੰਘ, ਭਜਨ ਸਿੰਘ, ਗੁੱਡੂ ਸਿੰਘ, ਹਰਿ ਮਿੱਤਰ ਆਦਿ ਹਾਜ਼ਰ ਸਨ।

7-July-PAGE-9.qxd 7/6/2023 10:56 PM Page 1



## ਡਿਪਟੀ ਕਮਿਸ਼ਨਰ ਨੇ ਬਰਸਾਤ 'ਚ ਸ਼ਹਿਰ ਨੇ ਵੱਖ-ਵੱਖ ਵਾਟਰ ਲੌਗਿੰਗ ਵਾਲੇ ਸਥਾਨਾਂ ਦਾ ਕੀਤਾ ਦੌਰਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਮੇਅਰ ਨਗਰ ਨਿਗਮ ਸੁਰਿੰਦਰ ਕੁਮਾਰ ਅਤੇ ਡਿਪਟੀ ਕਮਿਸ਼ਨਰ-ਕਮ-ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਸਵੇਰ ਤੋਂ ਲੱਗੀ ਬਰਸਾਤ ਵਿਚ ਸ਼ਹਿਰ ਨੇ ਵੱਖ-ਵੱਖ ਵਾਟਰ ਲੌਗਿੰਗ ਵਾਲੇ ਸਥਾਨ ਜਿਵੇਂ ਕਿ ਸੈਸ਼ਨ ਚੌਕ, ਸਰਕਾਰੀ ਕਾਲਜ ਚੌਕ, ਫਗਵਾੜਾ ਚੌਕ, ਸ਼ਿਮਲਾ ਪਹਾੜੀ ਚੌਕ, ਬਾਲ ਕ੍ਰਿਸ਼ਨ ਰੋਡ ਦਾ ਦੌਰਾ ਕੀਤਾ। ਉਨ੍ਹਾਂ ਨਗਰ ਨਿਗਮ ਦੀ ਟੀਮ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਪੂਰੀ ਟੀਮ ਨੇ ਬੜੀ ਮਿਹਨਤ ਅਤੇ ਲਗਨ ਨਾਲ ਆਪਣੀ ਡਿਊਟੀ ਨਿਭਾਈ ਹੈ। ਇਸ ਦੌਰਾਨ ਉਨ੍ਹਾਂ ਨਗਰ ਨਿਗਮ ਅਤੇ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਦੀ ਟੀਮ ਨੂੰ ਪਾਣੀ ਦੇ ਪੱਧਰ ਦੀ ਨਿਗਰਾਨੀ ਅਤੇ ਡਰੇਨਾਂ ਦੀ ਸਫ਼ਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ।

## ਅਜਮੇਰ ਭਨੋਟ ਦੇ ਸਿੰਗਲ ਟ੍ਰੈਕ "ਮੰਦਰ 'ਚ ਬੈਠਾ ਭੋਲਾ" ਦੀ ਸ਼ੂਟਿੰਗ ਮੁਕੰਮਲ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਫੋਕ ਬ੍ਰਦਰਜ਼ ਪ੍ਰੋਡਕਸ਼ਨ ਵੱਲੋਂ ਅਜਮੇਰ ਭਨੋਟ ਦੇ ਪਲੇਠੇ ਧਾਰਮਿਕ ਭਜਨ "ਮੰਦਰ 'ਚ ਬੈਠਾ ਭੋਲਾ" ਦੀ ਰਿਕਾਰਡਿੰਗ ਮੁਕੰਮਲ ਕੀਤੀ ਗਈ। ਸਾਵਣ ਮਹੀਨੇ ਦੇ ਪਾਵਨ ਅਵਸਰ ਨੂੰ ਮੁੱਖ ਰੱਖਦਿਆਂ ਬਲਵੀਰ ਭਨੋਟ ਦੇ ਲਿਖੇ ਇਸ ਭਜਨ ਨੂੰ ਅਜਮੇਰ ਭਨੋਟ ਨੇ ਸੁਰੀਲੀ ਅਵਾਜ ਵਿੱਚ ਗਾਇਆ ਹੈ। ਉਨ੍ਹਾਂ ਦੱਸਿਆ ਕਿ ਇਸ ਭਜਨ ਨੂੰ ਸੰਗੀਤਕਾਰ ਸੁਨੀਲ ਬਾਵਾ ਨੇ ਮਿੱਠੀਆ ਧੁਨਾਂ ਨਾਲ ਸ਼ਿੰਗਾਰਿਆ ਹੈ। ਇਸ ਭਜਨ ਦੀ ਸ਼ੂਟਿੰਗ ਗੜਸ਼ੰਕਰ ਤੋਂ ਮਸ਼ਹੂਰ ਟੋਨੀ ਸਟੂਡੀਓ ਦੇ ਐਮ.ਡੀ. ਟੋਨੀ ਤੇ ਕੈਮਰਾਮੈਨ ਸ਼ਿੰਦਾ ਸਹੂੰਗੜਾ ਨੇ ਦਿਲਕਸ਼ ਲੁਕੇਸ਼ਨਾਂ 'ਤੇ ਕੀਤੀ।

## ਮੈਡੀਕਲ ਸਟੋਰਾਂ 'ਤੇ ਨਸ਼ਾ ਵੇਚਣ ਵਾਲਿਆਂ ਖਿਲਾਫ਼ ਹੋਵੇਗੀ ਕਾਨੂੰਨੀ ਕਾਰਵਾਈ : ਡੀ ਸੀ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾ ਪੁਰੀਆ)**-ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਵਲੋਂ ਐਨ.ਸੀ.ਓ.ਆਰ.ਡੀ. ਸਬੰਧੀ ਬਣਾਈ ਗਈ ਕਮੇਟੀ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਜਿਨ੍ਹਾਂ ਪਿੰਡਾਂ ਵਿੱਚ ਨਸ਼ੇ ਦਾ ਪ੍ਰਭਾਵ ਵੱਧ ਹੈ, ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨਾਲ ਤਾਲਮੇਲ ਬਣਾ ਕੇ ਪਿੰਡਾਂ ਵਿੱਚ ਕਮੇਟੀਆਂ ਬਣਾ ਕੇ ਨਸ਼ੇ ਤੋਂ ਪ੍ਰਭਾਵਿਤ ਨੌਜਵਾਨਾਂ ਦੀ ਪਛਾਣ ਕਰਕੇ ਲਿਸਟਾਂ ਤਿਆਰ ਕੀਤੀਆਂ ਜਾਣ ਅਤੇ ਉਨ੍ਹਾਂ ਨੌਜਵਾਨਾਂ ਦੇ ਪਰਵਾਰਕ ਮੈਂਬਰਾਂ ਨਾਲ ਰਾਬਤਾ ਕਾਇਮ ਕਰਕੇ ਇਲਾਜ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਜਿੰਨੇ ਵੀ ਮੈਡੀਕਲ ਸਟੋਰ ਹਨ, ਉਨ੍ਹਾਂ ਸਾਰੇ ਮੈਡੀਕਲ ਸਟੋਰਾਂ ਦੇ ਮਾਲਕਾਂ ਤਾਲਮੇਲ ਕਰਕੇ ਮੈਡੀਕਲ ਸਟੋਰਾਂ 'ਤੇ ਸੀ.ਸੀ.ਟੀ.ਵੀ ਕੈਮਰੇ ਲਗਵਾਏ ਜਾਣ, ਤਾਂ ਜੋ ਮੈਡੀਕਲ ਸਟੋਰਾਂ ਉਪਰ ਨਿਗਰਾਨੀ ਰੱਖੀ ਜਾ ਸਕੇ। ਜੇਕਰ ਕੋਈ ਵੀ ਮੈਡੀਕਲ ਸਟੋਰ ਦਾ ਮਾਲਕ ਕਿਸੇ ਵੀ ਪ੍ਰਕਾਰ ਦਾ ਡਰੱਗ ਦਾ ਧੰਦਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਦੇ ਖਿਲਾਫ਼ ਤੁਰੰਤ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਮੀਟਿੰਗ ਵਿੱਚ ਆਏ ਮੈਂਬਰਾਂ ਨੂੰ ਹਦਾਇਤ ਕੀਤੀ ਕਿ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਆਪਣੇ-ਆਪਣੇ ਏਰੀਏ ਵਿੱਚ ਵੱਧ ਤੋਂ ਵੱਧ ਸੈਮੀਨਾਰ ਕਰਵਾਏ ਜਾਣ।

## 24000 ਮਿਲੀਲਿਟਰ ਸ਼ਰਾਬ, 110 ਲਿਟਰ ਲਾਹਣ ਸਮੇਤ ਔਰਤ ਗ੍ਰਿਫਤਾਰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**—ਵਰਿੰਦਰ ਸਿੰਘ ਮੁੱਖ ਥਾਣਾ ਅਫਸਰ ਥਾਣਾ ਸੁਲਤਾਨਪੁਰ ਲੋਧੀ ਦੀ ਅਗਵਾਈ ਹੇਠ ਏ ਐਸ ਆਈ ਕਸ਼ਮੀਰ ਸਿੰਘ ਪੁਲਸ ਪਾਰਟੀ ਨਾਲ ਗਸ਼ਤ ਦੌਰਾਨ ਮੌਜੂਦ ਸੀ ਕਿ ਇਕ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਗੁਰਮੇਜ ਕੌਰ ਉਰਫ ਗੇਜੋ ਪਤਨੀ ਨਿਰਵੈਰ ਸਿੰਘ ਵਾਸੀ ਲਾਟੀਆਂਵਾਲਾ ਥਾਣਾ ਸੁਲਤਾਨਪੁਰ ਲੋਧੀ ਘਰ ਵਿਚ ਨਜਾਇਜ ਸ਼ਰਾਬ ਕੱਢ ਕੇ ਵੇਚੰਦਾ ਕੰਮ ਕਰਦੀ ਹੈ,ਜਿਸ ਨੇ ਅੱਜ ਵੀ ਲਾਹਣ ਪਾਈ ਹੋਈ ਹੈ, ਜੇਕਰ ਹੁਣੇ ਹੀ ਰੇਡ ਕੀਤਾ ਜਾਵੇ ਤਾਂ ਇਹ ਸ਼ਰਾਬ ਨਜਾਇਜ ਅਤੇ ਲਾਹਨ ਸਮੇਤ ਕਾਬੂ ਆ ਸਕਦੀ ਹੈ। ਮੁਖਬਰ ਵੱਲੋਂ ਦੱਸੀ ਜਗ੍ਹਾ 'ਤੇ ਰੇਡ ਕਰਨ 'ਤੇ ਗੁਰਮੇਜ ਕੌਰ ਪਾਸੋਂ 24000 ਮਿਲੀ ਲਿਟਰ ਸ਼ਰਾਬ ਨਜਾਇਜ ਅਤੇ 110 ਲਿਟਰ ਲਾਹਣ ਬਰਾਮਦ ਹੋਈ। ਜਿਸ 'ਤੇ ਪਰਚਾ ਦਰਜ ਕਰਕੇ ਅਦਾਲਤ ਸੁਲਤਾਨਪੁਰ ਲੋਧੀ ਵਿਚ ਪੇਸ਼ ਕੀਤਾ ਗਿਆ ਜਿੱਥੇ ਉਸਨੂੰ ਜੇਲ੍ਹ ਭੇਜ ਦਿੱਤਾ ਗਿਆ।

## ਤਹਿਸੀਲਦਾਰ ਨੇ ਲਿਆ ਜਾਇਜ਼ਾ



**ਭਲਾਣ (ਢਿੱਲੋਂ)**- ਜੋਰਦਾਰ ਬਾਰਿਸ਼ ਕਾਰਨ ਨੇੜਲੇ ਪਿੰਡ ਭੰਗਲ ਅਤੇ ਮਹਿੰਦਪੁਰ ਵਿੱਚ ਸੰਭਾਵੀ ਹੜ੍ਹਾਂ ਵਰਗੇ ਹਾਲਾਤ ਬਣਨ ਦੀ ਪੈਦਾ ਹੋਈ ਸਥਿਤੀ ਦਾ ਜਾਇਜ਼ਾ ਲੈਣ ਅਤੇ ਇਨ੍ਹਾਂ ਪਿੰਡਾਂ ਦੇ ਵਾਸੀਆਂ ਲਈ ਢੁੱਕਵੇ ਪ੍ਰਬੰਧ ਕਰਨ ਲਈ ਤਹਿਸੀਲਦਾਰ ਨੰਗਲ ਵਿਵੇਕ ਨਿਰਮੋਹੀ ਆਪਣੇ ਸਟਾਫ ਨਾਲ ਇਨ੍ਹਾਂ ਪਿੰਡਾਂ ਦਾ ਦੌਰਾ ਕਰਨ ਪਹੁੰਚੇ। ਇਸ ਮੌਕੇ ਉਨ੍ਹਾਂ ਪ੍ਰਭਾਵਿਤ ਸਥਾਨ ਦਾ ਜਾਇਜ਼ਾ ਲਿਆ ਅਤੇ ਸਥਾਨਕ ਨਿਵਾਸੀਆਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਦੀ ਰਿਪੋਰਟ ਜਲਦੀ ਹੀ ਭੇਜ ਦਿੱਤੀ ਜਾਵੇਗੀ ਤਾਂ ਜੋ ਬਨਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਦੇ ਲੋਕ ਹਾਜਰ ਸਨ।

## ਡਿਪਟੀ ਚੀਫ ਇੰਜੀਨੀਅਰ ਕਲੇਰ ਨੇ ਸਰਕਲ ਦਾ ਅਹੁਦਾ ਸੰਭਾਲਿਆ

**ਕਪੂਰਥਲਾ, ( ਹਨੀ )** ਡਿਪਟੀ ਚੀਫ ਇੰਜੀਨੀਅਰ ਰਾਕੇਸ਼ ਕਲੇਰ ਨੇ ਸਰਕਲ ਕਪੂਰਥਲਾ ਦਾ ਅਹੁਦਾ ਸੰਭਾਲਿਆ। ਕੌਂਸਲ ਆਫ ਜੂਨੀਅਰ ਇੰਜੀਨੀਅਰ ਸਰਕਲ ਕਪੂਰਥਲਾ ਦੇ ਸਰਪ੍ਰਸਤ ਇੰਜ: ਗੁਰਨਾਮ ਸਿੰਘ ਬਾਜਵਾ, ਪ੍ਰਧਾਨ ਇੰਜ: ਪਲਵਿੰਦਰ ਸਿੰਘ ਮੋਮੀ, ਇੰਜ: ਬਲਵਿੰਦਰ ਸਿੰਘ ਸਮਰਾਏ, ਇੰਜ: ਕੁਲਤਾਰ ਸਿੰਘ ਭੁਲੱਥ, ਇੰਜ: ਨਾਨਕ ਰਾਮ ਕਪੂਰਥਲਾ, ਇੰਜ: ਪਲਵਿੰਦਰ ਸਿੰਘ, ਇੰਜ ਅਮਨਦੀਪ ਸਿੰਘ ਵਾਲੀਆ, ਇੰਜ: ਰਾਮ ਚੰਦ ਭਾਟੀਆ, ਇੰਜ: ਪਾਲ ਸਿੰਘ ਕੱਲਰ, ਇੰਜ: ਹਰਵਿੰਦਰ ਸਿੰਘ, ਇੰਜ: ਰਾਕੇਸ ਕੁਮਾਰ, ਇੰਜ: ਵਿਨੈ ਸਰਮਾ, ਇੰਜ: ਇੰਦਰਜੀਤ ਸਿੰਘ ਅਤੇ ਇੰਜ: ਰੁਪਿੰਦਰਪਾਲ ਭਸੀਨ ਆਦਿ ਨੇ ਕਲੇਰ ਦਾ ਗੁਲਦਸਤਾ ਭੇਂਟ ਕਰਕੇ ਸਵਾਗਤ ਕੀਤਾ।

## 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ 'ਚ ਗਿਰਦਾਵਰ ਕਾਬੂ

**ਹੁਸ਼ਿਆਰਪੁਰ (ਓ ਪੀ ਰਾਣਾ)**-ਵਿਜੀਲੈਂਸ ਬਿਊਰੋ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਤਹਿਸੀਲ ਦਫ਼ਤਰ ਦਸੂਹਾ ਵਿਖੇ ਤਾਇਨਾਤ ਗਿਰਦਾਵਰ/ਕਾਨੂੰਨਗੋ ਮਨਜੀਤ ਸਿੰਘ ਨੂੰ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਕਾਬੂ ਕੀਤਾ ਹੈ। ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜਮ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਉੱਚੀ ਬੱਸੀ ਦੇ ਵਾਸੀ ਰਾਮਪਾਲ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ 21 ਜੂਨ, 2023 ਨੂੰ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉਤੇ ਸ਼ਿਕਾਇਤ ਦਰਜ ਕਰਵਾਈ ਕਿ ਉਕਤ ਮੁਲਾਜ਼ਮ ਨੇ ਜ਼ਮੀਨ ਦਾ ਇੰਤਕਾਲ ਕਰਨ ਬਦਲੇ 10,000 ਰੁਪਏ ਰਿਸ਼ਵਤ ਮੰਗੀ ਸੀ। ਮੁੱਢਲੀ ਜਾਂਚ ਉਪਰੰਤ ਥਾਣਾ ਵਿਜੀਲੈਂਸ ਬਿਊਰੋ, ਜਲੰਧਰ ਰੇਂਜ ਵਿੱਚ ਉਕਤ ਗਿਰਦਾਵਰ/ਕਾਨੂੰਨਗੋ ਨੂੰ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

# 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਆਮ ਲੋਕਾਂ ਦੀਆਂ ਸਮੱਸਿਆਵਾਂ ਤੇ ਸ਼ਿਕਾਇਤਾਂ ਦਾ ਨਿਪਟਾਰਾ ਉਨ੍ਹਾਂ ਦੇ ਘਰਾਂ ਦੇ ਨੇੜੇ ਜਾ ਕੇ ਹੱਲ ਕਰਨ ਲਈ ਵਚਨਬੱਧ ਹੈ। ਸੂਬਾ ਸਰਕਾਰ ਵੱਲੋਂ ਮਿਲੇ ਦਿਸ਼ਾ-ਨਿਰਦੇਸ਼ਾਂ ਤਹਿਤ ਪਿੰਡਾਂ ਵਿੱਚ ਰਹਿ ਰਹੇ ਆਮ ਲੋਕਾਂ ਦੀਆਂ ਨਿੱਜੀ ਅਤੇ ਸਾਂਝੀਆਂ ਸਮੱਸਿਆਵਾਂ ਦਾ ਹੱਲ ਜਨ ਸੁਣਾਵੀ ਕੈਂਪ ਲਗਾ ਕੇ ਕੀਤਾ ਜਾ ਰਿਹਾ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਫੀਲਡ ਅਫਸਰ ਅਨਮਜੋਤ ਕੌਰ ਵੱਲੋਂ ਪਿੰਡ ਘਨਾਰੂ ਵਿਖੇ ਲਗਾਏ ਗਏ ਜਨ ਸੁਣਾਵੀ ਕੈਂਪ ਦੌਰਾਨ ਪਿੰਡ ਘਨਾਰੂ, ਮਹਿਰੋਲੀ ਤੇ ਮਥਰਾ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਅਨਮਜੋਤ ਕੌਰ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲਕਦਮੀ ਨਾਲ ਹੱਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਡਿਪਟੀ ਕਮਿਸਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਪੂਰੀ ਤਰ੍ਹਾਂ ਵਚਨਬੱਧ ਹੈ ਜਿਸ ਉਦੇਸ ਨਾਲ ਇਹ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਵੱਖ-ਵੱਖ ਪਿੰਡਾਂ ਵਿਚ ਜਨ ਸੁਣਾਵੀ ਕੈਂਪ ਲਗਾ ਕੇ ਲੋਕਾਂ ਨੂੰ ਉਨ੍ਹਾਂ ਦੇ ਕੰਮ ਸੌਖਾਲੇ ਤਰੀਕੇ ਨਾਲ ਕਰਵਾਉਣ ਦੀ ਸੁਵਿਧਾ ਜਾਰੀ ਰੱਖੀ ਜਾਵੇਗੀ। ਕੈਂਪ ਦੌਰਾਨ ਪਿੰਡ ਘਨਾਰੂ ਤੋਂ ਸਰਪੰਚ ਰੇਨੂੰਕਾ ਨੇ ਆਪਣੇ ਪਿੰਡ ਦੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ ਪਿੰਡ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਹੱਲ ਕਰਨ ਲਈ ਪਾਣੀ ਦੀ ਟੈਂਕੀ ਲਗਾਉਣ, ਪਿੰਡ ਨੂੰ ਆਉਣ ਵਾਲੀ ਸੜਕ ਦੀ ਮੁਰੰਮਤ ਅਤੇ ਪਿੰਡ ਵਿੱਚ ਜਿੰਮ ਬਣਾਉਣ ਲਈ ਅਪੀਲ ਕੀਤੀ ਗਈ। ਇਸੇ ਤਰ੍ਹਾਂ ਪਿੰਡ ਮਹਿਰੋਲੀ ਤੋਂ ਸਰਪੰਚ ਕੁਲਦੀਪ ਕੌਰ ਨੇ ਪਿੰਡ ਦੇ ਆਂਗਨਵਾੜੀ ਸੈਂਟਰ ਦਾ ਕਮਰਾ ਬਣਾਉਣ ਅਤੇ ਪਿੰਡ ਦੇ ਨੌਜਵਾਨਾਂ ਲਈ ਜਿੰਮ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਅੱਗੇ ਅਪੀਲ ਕੀਤੀ ਗਈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਹੁਤੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ ਅਤੇ ਬਾਕੀ ਰਹਿੰਦੀਆਂ ਦਰਖ਼ਾਸਤਾਂ ਮੌਕੇ 'ਤੇ ਹਾਜ਼ਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮਾਂਬੱਧ ਢੰਗ ਨਾਲ ਹੱਲ ਕਰਨ ਲਈ ਸੌਂਪੀਆਂ ਗਈਆਂ ਹਨ। ਇਸ ਮੌਕੇ ਰੋਜ਼ਗਾਰ ਵਿਭਾਗ, ਖੇਤੀਬਾੜੀ ਵਿਭਾਗ, ਸਮਾਜਿਕ ਸੁਰੱਖਿਆ ਵਿਭਾਗ, ਜ਼ਿਲ੍ਹਾ ਉਦਯੋਗ ਕੇਂਦਰ, ਜਲ ਸਪਲਾਈ ਵਿਭਾਗ, ਹੁਨਰ ਵਿਕਾਸ ਮਿਸਨ, ਬਾਲ ਸੁਰੱਖਿਆ ਵਿਭਾਗ, ਸਖੀ ਵਨ ਸਟਾਪ ਸੈਂਟਰ, ਬਾਗਬਾਨੀ ਵਿਭਾਗ, ਡੇਅਰੀ ਵਿਕਾਸ, ਪਸ਼ੂ ਪਾਲਣ ਵਿਭਾਗ, ਮੱਛੀ ਪਾਲਣ ਵਿਭਾਗ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਅਤੇ ਹੋਰਨਾਂ ਵਿਭਾਗਾਂ ਵੱਲੋਂ ਲੋਕਾਂ ਨੂੰ ਲੋਕ ਭਲਾਈ ਸਕੀਮਾਂ ਬਾਰੇ ਜਾਗਰੂਕ ਵੀ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਵਿਕਾਸ ਪੰਚਾਇਤ ਅਫਸਰ ਬਲਜਿੰਦਰ ਸਿੰਘ ਗਰੇਵਾਲ, ਤਹਿਸੀਲਦਾਰ ਸ੍ਰੀ ਅਨੰਦਪੁਰ ਸਾਹਿਬ ਅੰਮ੍ਰਿਤਬੀਰ ਸਿੰਘ, ਕਾਰਜਕਾਰੀ ਇੰਜੀਨੀਅਰ ਦਵਿੰਦਰ ਬਜਾਜ, ਸੀਨੀਅਰ ਮੈਡੀਕਲ ਅਫਸਰ ਡਾ.ਬਲਦੇਵ ਸਿੰਘ, ਬੀ.ਡੀ.ਪੀ.ਓ ਈਸ਼ਾਨ ਚੌਧਰੀ, ਨਾਇਬ ਤਹਿਸੀਲਦਾਰ ਵਿਵੇਕ ਨਿਰਮੋਹੀ ਆਦਿ ਹਾਜ਼ਰ ਸਨ।

## ਵਿਧਾਇਕ ਚੱਢਾ ਨੇ ਲੋਕਾਂ ਦੀਆਂ ਸੁਣੀਆਂ ਸ਼ਿਕਾਇਤਾਂ ਤੇ ਕੀਤਾ ਮੌਕੇ 'ਤੇ ਨਿਪਟਾਰਾ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**-ਹਲਕਾ ਰੂਪਨਗਰ ਤੋਂ ਵਿਧਾਇਕ ਦਿਨੇਸ਼ ਚੱਢਾ ਨੇ ਆਮ ਆਦਮੀ ਪਾਰਟੀ ਦੇ ਨੂਰਪੁਰਬੇਦੀ ਸਥਿਤ ਦਫਤਰ ਵਿਖੇ ਪਹੁੰਚ ਕੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ। ਇਸ ਮੌਕੇ ਵੱਖ ਵੱਖ ਪਿੰਡਾਂ ਤੋਂ ਅਲੱਗ ਅਲੱਗ ਸਮੱਸਿਆਵਾਂ ਨੂੰ ਲੈ ਕੇ ਪਹੁੰਚੇ ਲੋਕਾਂ ਦੀਆਂ ਜਿਆਦਾਤਰ ਮੁਸ਼ਕਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਵਿਧਾਇਕ ਚੱਢਾ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਜਲਦ ਹੀ ਸਰਕਾਰ ਕਿਸਾਨ ਮਿਲਣੀ ਦੀ ਅਪਾਰ ਸਫਲਤਾ ਤੋਂ ਬਾਅਦ ਸਰਕਾਰ ਪਿੰਡ ਮਿਲਣੀ ਦਾ ਪ੍ਰੋਗਰਾਮ ਸ਼ੁਰੂ ਕੀਤਾ ਜਾ ਰਿਹਾ ਹੈ ਜਿਸ ਰਾਹੀਂ ਲੋਕਾਂ ਨੂੰ ਆਪਣੇ ਚੁਣੇ ਹੋਏ ਨੁਮੰਦਿਆਂ ਤੋਂ ਆਪਣੇ ਪਿੰਡਾਂ ਦੀ ਬੇਹਤਰੀ ਲਈ ਉਲੀਕੇ ਪ੍ਰੋਜੈਕਟਾਂ ਦੀ ਨਾ ਕੇਵਲ ਜਾਣਕਾਰੀ ਲੈ ਕੇ ਵਿਕਾਸ ਦੀ ਗਤੀ ਨੂੰ ਹੋਰ ਤੇਜ ਕੀਤਾ ਜਾਵੇਗਾ ਬਲਕਿ ਉਨਾਂ ਦੇ ਪਿੰਡਾਂ ਨਾਲ ਸੰਬਧਿਤ ਮਸਲਿਆਂ ਨੂੰ ਹੱਲ ਕਰਨ ਲਈ ਅਧਿਕਾਰੀ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ। ਪੰਜਾਬ ਸਰਕਾਰ ਵਲੋਂ ਲੋਕਾਂ ਦੀ ਸੁਵਿਧਾ ਲਈ ਜੋ ਆਮ ਆਦਮੀ ਪਾਰਟੀ ਵਲੋਂ ਵਾਅਦੇ ਕੀਤੇ ਗਏ ਸਨ ਦੇ ਤਹਿਤ ਜਿਆਦਾ ਗਰੰਟੀਆਂ ਪੂਰੀਆਂ ਕਰ ਦਿੱਤੀਆਂ ਗਈਆਂ ਹਨ। ਉਹਨਾਂ ਵਾਅਦਿਆ ਵਿੱਚ ਸਿਹਤ ਸਹੂਲਤਾਂ ਨੂੰ ਧਿਆਨ 'ਚ ਰੱਖਦਿਆਂ 500 ਤੋਂ ਵੱਧ ਘਰਾਂ ਨੂੰ ਮੁਹੱਲਾ ਕਲੀਨਿਕ, 30 ਹਜਾਰ ਤੋਂ ਵੱਧ ਨੌਜਵਾਨਾਂ ਨੂੰ ਰੁਜਗਾਰ, ਵਧੀਆ ਸਿੱਖਿਆ ਪ੍ਰਦਾਨ ਕਰਨ ਲਈ ਸਕੂਲ ਆਫ ਐਮੀਨੈਂਸ ਜਦ ਕਿ ਸੂਬੇ ਦੇ ਨਾਗਰਿਕਾਂ ਨੂੰ ਮੁਫਤ ਬਿਜਲੀ ਪ੍ਰਦਾਨ ਕਰਨ ਦਾ ਵਾਅਦਾ ਮੁੱਖ ਤੌਰ 'ਤੇ ਸ਼ਾਮਿਲ ਹੈ। ਉਨਾਂ ਕਿਹਾ ਅਗਰ ਲੋਕਾਂ ਨੂੰ ਕਿਸੀ ਵੀ ਪ੍ਰਕਾਰ ਦੀ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਆਪ ਪਾਰਟੀ ਦੇ ਨੂਰਪੁਰਬੇਦੀ ਸਥਿਤ ਦਫਤਰ ਵਿਖੇ ਆਪਣੀ ਸ਼ਿਕਾਇਤ ਦੇ ਸਕਦਾ ਹੈ ਜਿਸ ਦਾ ਜਲਦ ਹੱਲ ਕੱਢਿਆ ਜਾਵੇਗਾ। ਇਸ ਤੋਂ ਪਹਿਲਾਂ ਵਿਧਾਇਕ ਚੱਢਾ ਨੇ ਵੱਖ ਵੱਖ ਪਿੰਡਾਂ ਤੋਂ ਪਹੁੰਚੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਜਿਨਾ ਦਾ ਜਿਆਦਾਤਰ ਮੌਕੇ ਤੇ ਨਿਪਟਾਰਾ ਕੀਤਾ ਗਿਆ, ਜਦ ਕਿ ਰਹਿੰਦੀਆਂ ਸ਼ਿਕਾਇਤਾ ਨੂੰ ਹੱਲ ਕਰਨ ਲਈ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਭੇਜਿਆ ਗਿਆ। ਇਸ ਮੌਕੇ ਆਪ ਦੇ ਇੰਚਾਰਜ ਨਰਿੰਦਰ ਚਾਹਲ, ਦਫਤਰ ਸਕੱਤਰ ਸਤਨਾਮ ਸਿੰਘ ਨਾਗਰਾ, ਬਲਕਾਰ ਸਿੰਘ ਤੇ ਪੰਚਾਇਤ ਸਕੱਤਰ ਤਜਿੰਦਰਪਾਲ ਸਿੰਘ ਸਹਿਤ ਵੱਖ ਵੱਖ ਪਿੰਡਾਂ ਦੇ ਲੋਕ ਹਾਜਰ ਸਨ।

## ਬੱਸ ਸਟੈਂਡ 'ਤੇ ਬੇਕਰੀ ਦੀ ਦੁਕਾਨ ਤੋਂ ਡੇਢ ਲੱਖ ਦੀ ਕੀਮਤ ਦਾ ਜਨਰੇਟਰ ਚੋਰੀ

**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)** ਦੇਰ ਰਾਤ ਸਥਾਨਕ ਬੱਸ ਸਟੈਂਡ 'ਤੇ ਇਕ ਬੇਕਰੀ ਦੀ ਦੁਕਾਨ ਤੋਂ ਕਰੀਬ ਡੇਢ ਲੱਖ ਰੁਪਏ ਦੀ ਕੀਮਤ ਦਾ ਇਕ ਵੱਡਾ ਜਨਰੇਟਰ ਚੋਰੀ ਕਰ ਲਿਆ ਗਿਆ। ਇਸ ਸਬੰਧ 'ਚ ਗਿੱਲ ਬੇਕਰੀ ਦੇ ਮਾਲਕ ਹਰਪਿੰਦਰ ਸਿੰਘ ਪੁੱਤਰ ਗੁਰਨਾਮ ਸਿੰਘ ਨਿਵਾਸੀ ਪਿੰਡ ਭੱਟੋਂ ਨੇ ਪੁਲਸ ਕੋਲ ਦਰਜ ਕਰਵਾਈ ਸ਼ਿਕਾਇਤ 'ਚ ਦੱਸਿਆ ਕਿ ਉਹ ਨੂਰਪੁਰਬੇਦੀ ਬੱਸ ਸਟੈਂਡ ਲਾਗੇ ਬੇਕਰੀ ਦੀ ਦੁਕਾਨ ਕਰਦਾ ਹੈ ਅਤੇ ਬਿਜਲੀ ਦੇ ਕੱਟ ਲੱਗਣ ਕਾਰਨ ਉਸਨੇ ਦੁਕਾਨ 'ਤੇ 15 ਕਿਲੋਵਾਟ ਦਾ ਜਨਰੇਟਰ ਲਗਾਇਆ ਹੋਇਆ ਹੈ। ਉਸਨੇ ਦੱਸਿਆ ਕਿ ਦੁਕਾਨ ਦੇ ਬਾਹਰ ਲਗਾਇਆ ਉਕਤ ਜਨਰੇਟਰ ਜਿਸਦੇ ਇਕ ਪਾਸੇ ਹਰਾ ਅਤੇ ਇਕ ਪਾਸੇ ਸਿਲਵਰ ਰੰਗ ਕੀਤਾ ਹੋਇਆ ਸੀ ਨੂੰ ਬੱਸ ਸਟੈਂਡ ਦੀ ਤਰਫ਼ ਰੱਖਿਆ ਹੋਇਆ ਸੀ, ਨੂੰ ਉਹ ਬੀਤੀ ਰਾਤ ਵੀ ਤਾਲਾ ਲਗਾ ਕੇ ਘਰ ਚਲਾ ਗਿਆ। ਉਸਨੇ ਦੱਸਿਆ ਕਿ ਜਦੋਂ ਸਵੇਰੇ ਦੁਕਾਨ ਖੋਲੀ ਤਾਂ ਉਕਤ ਜਨਰੇਟਰ ਉੱਥੇ ਨਹੀਂ ਸੀ ਜੋ ਚੋਰੀ ਹੋ ਚੁੱਕਾ ਸੀ। ਉਸਨੇ ਆਪਣੇ ਪੱਧਰ 'ਤੇ ਭਾਲ ਕੀਤੀ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਨੂੰ ਚੈੱਕ ਕੀਤਾ। ਜਿਸ 'ਤੇ ਉਸਨੂੰ ਪਤਾ ਚੱਲਿਆ ਕਿ ਇਕ ਕਾਲੇ ਰੰਗ ਦੀ ਸਕਾਰਪਿਉ ਗੱਡੀ 'ਚ ਸਵਾਰ ਨਾਮਲੂਮ ਵਿਅਕਤੀ ਉਕਤ ਜਨਰੇਟਰ ਨੂੰ ਆਪਣੀ ਗੱਡੀ ਨਾਲ ਬੰਨ੍ਹ ਕੇ ਚੋਰੀ ਕਰਕੇ ਲੈ ਗਏ। ਸ਼ਿਕਾਇਤਕਰਤਾ ਨੇ ਸਕਾਰਪਿਉ ਗੱਡੀ ਦੇ ਨੰਬਰ ਤੋਂ ਪਤਾ ਲਗਾਇਆ ਕਿ ਇਹ ਗੱਡੀ ਦੀਵਾਨ ਚੰਦ ਉਰਫ ਕਾਲਾ ਪੁੱਤਰ ਹੁਸਨ ਚੰਦ ਨਿਵਾਸੀ ਪਿੰਡ ਬੜਵਾ ਦੀ ਹੈ ਜੋ ਚੋਰੀਆਂ ਅਤੇ ਨਸ਼ਾ ਕਰਨ ਦਾ ਆਦੀ ਹੈ। ਜਿਸਨੇ ਪਹਿਲਾਂ ਵੀ ਕਈ ਚੋਰੀਆਂ ਕੀਤੀਆਂ ਹੋਈਆਂ ਹਨ। ਏ.ਐੱਸ.ਆਈ. ਦਲਜੀਤ ਸਿੰਘ ਨੇ ਦੱਸਿਆ ਕਿ ਜਨਰੇਟਰ ਦੀ ਕੀਮਤ ਡੇਢ ਲੱਖ ਰੁਪਏ ਦੱਸੀ ਜਾ ਰਹੀ ਹੈ ਜਿਸਦਾ ਸ਼ਿਕਾਇਤਕਰਤਾ ਨੂੰ ਬਿੱਲ ਲਿਆਉਣ ਲਈ ਕਿਹਾ ਗਿਆ ਹੈ। ਉਨਾਂ ਕਿਹਾ ਕਿ ਕਥਿਤ ਦੋਸ਼ੀ ਦੀਵਾਨ ਚੰਦ ਉਰਫ ਕਾਲਾ ਪੁੱਤਰ ਹੁਸਨ ਚੰਦ ਨਿਵਾਸੀ ਬੜਵਾ ਅਤੇ ਹੋਰਨਾਂ ਨਾਮਲੂਮ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਤਹਿਸੀਲਦਾਰ ਨੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਨਾਲ ਚੱਕ ਰੌਤਾ ਦਾ ਦੌਰਾ ਕੀਤਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਤਹਿਸੀਲਦਾਰ, ਬੀਡੀਪੀਓ ਅਤੇ ਡੀਐਸਪੀ ਗੜ੍ਹਸ਼ੰਕਰ ਨੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਨਾਲ ਪਿੰਡ ਚੱਕ ਰੌਤਾ ਗੜ੍ਹਸ਼ੰਕਰ ਦਾ ਦੌਰਾ ਕੀਤਾ। ਉੱਥੋਂ ਦੇ ਵਾਸੀਆਂ ਨੇ ਅਧਿਕਾਰੀਆਂ ਨਾਲ ਗੱਲਬਾਤ ਸਾਂਝੀ ਕਰਦਿਆ ਦਸਿਆ ਕਿ ਸਾਡਾ ਕੰਢੀ ਦਾ ਪੇਂਡੂ ਇਲਾਕਾ ਹੈ ਤੇ ਗਰੀਬ ਕਿਸਾਨੀ ਹੈ। ਕੋਈ ਬੂਟੇ ਲਾ ਕੇ, ਕੋਈ ਗਾਵਾਂ-ਮੱਝਾਂ ਅਤੇ ਕੋਈ ਬਕਰੀਆਂ ਰੱਖ ਕੇ ਗੁਜਾਰਾ ਕਰਦਾ ਹੈ। ਉਨ੍ਹਾਂ ਦਸਿਆ ਕਿ ਪਿਛਲੇ ਸਾਲ ਵੀ ਬਰਸਾਤ ਵਿੱਚ ਇੱਥੋਂ ਨਹਿਰ ਟੁੱਟ ਗਈ ਸੀ ਜਿਸ ਨਾਲ ਕਈ ਪਿੰਡ ਵਾਸੀਆਂ ਦਾ ਬਰਸਾਤ ਕਰਕੇ ਤੇ ਨਹਿਰ ਟੁਟਣ ਨਾਲ ਨੁਕਸਾਨ ਹੋਇਆ ਸੀ ਪਰ ਕਿਸੇ ਨੇ ਵੀ ਇੱਥੋਂ ਦੇ ਗਰੀਬ ਲੋਕਾਂ ਦੀ ਬਾਂਹ ਨਹੀ ਫੜੀ ਸੀ। ਇਸ ਵਾਰ ਫਿਰ ਇਹ ਨਹਿਰ ਟੁੱਟ ਗਈ ਹੈ ਜਿਸ ਨਾਲ ਗਰੀਬ ਲੋਕਾਂ ਦਾ ਫਿਰ ਨੁਕਸਾਨ ਹੋਇਆ ਹੈ। ਉਨ੍ਹਾਂ ਦੀ ਮੰਗ ਹੈ ਕਿ ਨੁਕਸਾਨ ਹੋਏ ਵਿਅਕਤੀਆਂ ਨੂੰ ਸਰਕਾਰ ਵਲੋਂ ਯੋਗ ਮੁਆਵਜਾ ਮਿਲਣਾ ਚਾਹੀਦਾ ਹੈ ਅਤੇ ਇੱਥੇ ਪੱਕੀ ਨਹਿਰ ਬਣਨੀ ਚਾਹੀਦੀ ਹੈ ਤਾਂ ਕਿ ਹਰ ਇੱਥੇ ਨਹਿਰ ਦੇ ਟੁਟਣ ਨਾਲ ਬਾਰ ਬਾਰ ਲੋਕਾਂ ਦਾ ਨੁਕਸਾਨ ਨਾ ਹੋਵੇ। ਪਿੰਡ ਵਾਸੀਆਂ ਨੇ ਮੌਕਾ ਵੇਖਣ ਤੇ ਦੁੱਖ ਤਕਲੀਫਾਂ ਸੁਣਨ ਆਏ ਤਹਿਸੀਲਦਾਰ, ਬੀਡੀਪੀਓ ਅਤੇ ਡੀਐਸਪੀ ਗੜ੍ਹਸ਼ੰਕਰ ਦਾ ਧੰਨਵਾਦ ਕੀਤਾ।

# ਸੁਰਿੰਦਰ ਸਿੰਘ ਵਿਰਦੀ ਨਹੀਂ ਰਹੇ



**ਸ਼ਾਹਕੋਟ (ਗਿਆਨ ਸੈਦਪੁਰੀ)**-ਖੇਡ ਜਗਤ ਵਿੱਚ ਇਹ ਖਬਰ ਬੜੇ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਚਾਨਣ ਸਿੰਘ ਚੰਦੀ ਯਾਦਗਾਰੀ ਸਪੋਰਟਸ ਕਲੱਬ (ਰਜਿ) ਕਾਸੂਪੁਰ ਦੇ ਜਨਰਲ ਸਕੱਤਰ ਅਤੇ ਐਕਸ- ਸਰਵਿਸ ਮੈਨ ਵੈਲਫੇਅਰ ਸੁਸਾਇਟੀ ਸ਼ਾਹਕੋਟ ਦੇ ਪ੍ਰਧਾਨ ਸੁਰਿੰਦਰ ਸਿੰਘ ਵਿਰਦੀ ਨਹੀਂ ਰਹੇ। ਉਹ ਕੁਝ ਸਮੇਂ ਤੋਂ ਬੀਮਾਰ ਸਨ। ਬੁੱਧਵਾਰ ਨੂੰ ਤੜਕਸਾਰ ਉਨ੍ਹਾਂ ਆਖਰੀ ਸਾਹ ਲਿਆ। ਬਾਅਦ ਦੁਪਹਿਰ ਮੋਗਾ ਰੋਡ ਸ਼ਾਹਕੋਟ ਵਾਲੇ ਸ਼ਮਸ਼ਾਨਘਾਟ ਵਿੱਚ ਉਨ੍ਹਾਂ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਉਨ੍ਹਾਂ ਦੇ ਵੱਡੇ ਪੁੱਤਰ ਗੁਰਪ੍ਰੀਤ ਸਿੰਘ ਵਿਰਦੀ ਨੇ ਉਨ੍ਹਾਂ ਦੀ ਮਿਤਕ ਦੇਹ ਨੂੰ ਅਗਨੀ ਵਿਖਾਈ। ਇਸ ਮੌਕੇ ਹੋਰਨਾਂ ਤੋ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਰਾਣਾ ਹਰਦੀਪ ਸਿੰਘ, ਮਾਰਕਿਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ, ਬਲਾਕ ਪ੍ਰਧਾਨ ਕਾਂਗਰਸ ਕਮੇਟੀ ਸ਼ਾਹਕੋਟ ਸੁਰਿੰਦਰਜੀਤ ਸਿੰਘ ਚੱਠਾ, ਸੀਨੀਅਰ ਕਾਂਗਰਸੀ ਆਗੂ ਅਜਮੇਰ ਸਿੰਘ ਖੈਹਿਰਾ, ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸ਼ਾਹਕੋਟ ਦੇ ਪ੍ਰਧਾਨ ਪ੍ਰਿੰਸੀਪਲ ਮਨਜੀਤ ਸਿੰਘ ਮਲਸੀਆਂ, ਚਾਨਣ ਸਿੰਘ ਚੰਦੀ ਸਪੋਰਟਸ ਕਲੱਬ ਦੇ ਡਾਇਰੈਕਟਰ ਭੁਪਿੰਦਰ ਸਿੰਘ ਬਿੰਦ, ਲਖਵਿੰਦਰ ਕੌਰ ਚੰਦੀ, ਕੋ.ਸੁਸਾਇਟੀ ਢੰਡੋਵਾਲ ਦੇ ਪ੍ਰਧਾਨ ਜਗਤਾਰ ਸਿੰਘ ਖਾਲਸਾ, ਅਰੋੜਾ ਮਹਾਂ ਸਭਾ ਸਾਹਕੋਟ ਦੇ ਪ੍ਰਧਾਨ ਪ੍ਰਵੀਨ ਗਰੋਵਰ, ਆਪ ਆਗੂ ਹਰਦੇਵ ਸਿੰਘ ਪੀਟਾ, ਆਜਾਦ ਸਪੋਰਟਸ ਕਲੱਬ ਸ਼ਾਹਕੋਟ ਦੇ ਪ੍ਰਧਾਨ ਬੂਟਾ ਸਿੰਘ ਕਲਸੀ, ਸਾਬਕਾ ਐਮ. ਸੀ. ਜਤਿੰਦਰ ਪਾਲ ਬੱਲ੍ਹਾ, ਅਕਾਲੀ ਦਲ(ਬਾਦਲ) ਦੇ ਸਾਬਕਾ ਸ਼ਹਿਰੀ ਪ੍ਰਧਾਨ ਨਿਰਮਲ ਸਿੰਘ ਸੋਖੀ, ਅੰਮ੍ਰਿਤ ਲਾਲ ਕਾਕਾ, ਰਾਮਗੜ੍ਹੀਆ ਪਬਲਿਕ ਸਕੂਲ ਸ਼ਾਹਕੋਟ ਦੇ ਪ੍ਰਧਾਨ ਤਰਲੋਕ ਸਿੰਘ ਰੂਪਰਾ, ਅਮਰੀਕ ਸਿੰਘ ਮਠਾੜੂ, ਡਾ. ਵਿਜੇ ਸਡਾਨਾ, ਡਾ. ਨਰਿੰਦਰ ਸਿੰਘ ਬਾਂਸਲ, ਹਰਭਜਨ ਸਿੰਘ ਰੂਪਰਾ, ਤਾਰਾ ਸਿੰਘ, ਸੁਰਿੰਦਰਪਾਲ ਸਿੰਘ, ਰਾਮਗੜ੍ਹੀਆ ਪਬਲਿਕ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਮਨਜੀਤ ਸਿੰਘ ਆਦਿ ਹਾਜਰ ਸਨ। ਚਾਨਣ ਸਿੰਘ ਚੰਦੀ ਸਪੋਰਟਸ ਕਲੱਬ ਦੇ ਪ੍ਰਧਾਨ ਹਰਬੰਸ ਸਿੰਘ ਚੰਦੀ ਅਤੇ ਜਥੇਬੰਦਕ ਸਕੱਤਰ ਕੰਵਰਜੀਤ ਸਿੰਘ ਚੰਦੀ ਨੇ ਅਮਰੀਕਾ ਤੋਂ ਸ਼ੋਕ ਸੰਦੇਸ਼ ਭੇਜਿਆ। ਪ੍ਰਾਪਤ ਜਾਣਕਾਰੀ ਅਨੁਸਾਰ 7 ਜੁਲਾਈ ਸਵੇਰੇ 7 ਵਜੇ ਫੁੱਲ ਚੁੱਗੇ ਜਾਣਗੇ। 14 ਜੁਲਾਈ ਨੂੰ ਗੁਰੂ ਤੇਗ ਬਹਾਦਰ ਨਗਰ (ਜਲੰਧਰ) ਦੇ ਗੁਰਦਵਾਰਾ ਪਾਤਸ਼ਾਹੀ ਨੌਵੀ ਵਿਖੇ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਹੋਵੇਗਾ।

## ਗਰੀਬ ਵਿਦਿਆਰਥਣ ਪ੍ਰਭਜੋਤ ਕੌਰ ਨੂੰ ਕੀਤਾ ਸਨਮਾਨਤ



**ਫਗਵਾੜਾ ( ਜਸਵਿੰਦਰ ਢੱਡਾ )** ਬਿਨਾਂ ਟਿਊਸ਼ਨ ਅਤੇ ਲੋਕਾਂ ਦੇ ਘਰਾਂ ਵਿੱਚ ਆਪਣੀ ਮਾਂ ਦੇ ਨਾਲ ਝਾੜੂ ਪੋਚਾ ਕਰਨ ਉਪਰੰਤ ਦਸਵੀਂ ਜਮਾਤ ਵਿੱਚੋਂ 600/548 ਨੰਬਰ ਪ੍ਰਾਪਤ ਕਰਕੇ ਨਾਮਣਾ ਖੱਟਣ ਵਾਲੀ ਸੀਨੀਅਰ ਸੈਕੰਡਰੀ ਸਕੂਲ ਸੈਦੋ ਭੁਲਾਣਾ ਦੀ ਵਿਦਿਆਰਥਣ ਪ੍ਰਭਜੋਤ ਕੌਰ ਸਪੁੱਤਰੀ ਸਰਬਜੀਤ ਸਿੰਘ ਪਿੰਡ ਭੁਲਾਣਾ ਨੂੰ ਇਲਾਕੇ ਦੀ ਸਮਾਜਸੇਵੀ ਸੰਸਥਾ ਬਾਬਾ ਸਾਹਿਬ ਡਾਕਟਰ ਬੀ ਆਰ ਅੰਬੇਡਕਰ ਸੁਸਾਇਟੀ ਰਜਿ ਰੇਲ ਕੋਚ ਫੈਕਟਰੀ, ਕਪੂਰਥਲਾ ਵਲੋਂ ਸਨਮਾਨਿਤ ਕੀਤਾ ਗਿਆ। ਸੋਸਾਇਟੀ ਦੇ ਪ੍ਰਧਾਨ ਕ੍ਰਿਸ਼ਨ ਲਾਲ ਜੱਸਲ ਦੀ ਅਗਵਾਈ ਹੇਠ ਸੁਸਾਇਟੀ ਦੇ ਜਨਰਲ ਸਕੱਤਰ ਧਰਮ ਪਾਲ ਪੈਂਥਰ ਨੇ ਬੇਟੀ ਪ੍ਰਭਜੋਤ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜਿਹੜੇ ਇਨਸਾਨ ਆਪਣੇ ਅੰਦਰ ਕਿਸੇ ਵੀ ਤਰ੍ਹਾਂ ਦਾ ਜਨੂੰਨ ਪੈਦਾ ਕਰ ਲੈਂਦੇ ਹਨ ਉਨ੍ਹਾਂ ਲਈ ਕੋਈ ਵੀ ਕੰਮ ਮੁਸ਼ਕਿਲ ਨਹੀਂ ਹੁੰਦਾ। ਸੋਸਾਇਟੀ ਵਲੋਂ ਜਿਥੇ ਪ੍ਰਭਜੋਤ ਕੌਰ ਨੂੰ ਇੱਕ ਸਾਲ ਦੀ ਸਟੇਸ਼ਨਰੀ ਪ੍ਰਦਾਨ ਕੀਤੀ ਉਥੇ ਬਾਬਾ ਸਾਹਿਬ ਦੀਆਂ ਮਿਸ਼ਨਰੀ ਕਿਤਾਬਾਂ ਦਾ ਸੈੱਟ ਅਤੇ ਤਸਵੀਰ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਪ੍ਰਭਜੋਤ ਨੇ ਕਿਹਾ ਕਿ ਮੈਂ ਵੀ ਪੜ੍ਹ ਲਿਖ ਕੇ ਬਾਬਾ ਸਾਹਿਬ ਜੀ ਦੇ ਮਿਸ਼ਨ ਵਿਚ ਵੱਧ ਤੋਂ ਵੱਧ ਆਪਣਾ ਯੋਗਦਾਨ ਪਾਉਣ ਦੀ ਕੋਸ਼ਿਸ਼ ਕਰਾਂਗੀ। ਸੋਸਾਸਿਟੀ ਵਲੋਂ ਇਸ ਕਾਰਜ ਵਿਚ ਹਿੱਸਾ ਪਾਉਣ ਵਾਲੇ ਦਾਨੀ ਸੱਜਣ ਭਾਰਤ ਸਿੰਘ ਸੀਨੀਅਰ ਈਡੀਪੀਐਮ, ਸ਼ੇਰ ਸਿੰਘ ਜੇ ਈ ਅਤੇ ਰਾਜ ਕੁਮਾਰ ਅਕਾਊਂਟਸ ਅਫਸਰ, ਨਿਰਮਲ ਸਿੰਘ, ਪ੍ਰਚਾਰ ਸਕੱਤਰ ਨਿਰਵੈਰ ਸਿੰਘ, ਡਾ. ਜਨਕ ਰਾਜ ਭੁਲਾਣਾ, ਅਮਰਜੀਤ ਸਿੰਘ ਮੱਲ, ਸ਼ਿਵ ਕੁਮਾਰ ਸੁਲਤਾਨਪੁਰੀ, ਜਗਤਾਰ ਸਿੰਘ ਐੱਸ.ਐੱਸ.ਈ., ਦੇਸ ਰਾਜ ਅਤੇ ਝਲਮਣ ਸਿੰਘ ਆਦਿ ਦਾ ਵੀ ਧੰਨਵਾਦ ਕੀਤਾ।

## ਮਿੰਨੀ ਬੱਸ ਦੇ ਬੰਦ ਰੂਟ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਮਿੰਨੀ ਬੱਸ ਜੋ ਕਿ ਸ੍ਰੀ ਚਮਕੌਰ ਸਾਹਿਬ ਤੋਂ ਵਾਇਆ ਪਿੰਡ ਜਟਾਣਾ, ਟੱਪਰੀਆਂ, ਭੋਰੋਮਾਜਰਾ, ਭੋਜੇਮਾਜਰੇ, ਖੇੜੀ ਸਲਾਬਤਪੁਰ, ਕਮਾਲਪੁਰ ਤੇ ਮਨਸੂਹਾ ਹੁੰਦੀ ਹੋਈ ਰੋਪੜ ਜਾਂਦੀ ਸੀ, ਪਿੱਛਲੇ ਕਈ ਸਾਲਾਂ ਤੋਂ ਬੰਦ ਪਈ ਹੋਣ ਕਰਕੇ ਇਨ੍ਹਾਂ ਪਿੰਡਾਂ ਦੇ ਲੋਕਾਂ ਤੇ ਖਾਸਕਰ ਸਕੂਲ, ਕਾਲਜ ਅਤੇ ਆਈ ਟੀ ਆਈ ਜਾਣ ਵਾਲਿਆਂ ਨੂੰ ਬੇਹੱਦ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਵਾਜਾਈ ਦਾ ਸਾਧਨ ਨਾ ਹੋਣ ਕਰਕੇ ਕਈ, ਕਈ ਕਿਲੋਮੀਟਰ ਚੱਲ ਕੇ ਬੱਸ ਫੜਨੀ ਪੈ ਰਹੀ ਹੈ। ਜਦਕਿ ਇਸ ਸੰਬੰਧੀ ਪਿੰਡ ਜਟਾਣਾ ਦੇ ਸਰਪੰਚ ਦਿਆਲ ਸਿੰਘ, ਪੰਚ ਹਰਪ੍ਰੀਤ ਸਿੰਘ ਖਾਲਸਾ, ਪਿੰਡ ਭੋਰੋਮਾਜਰਾ ਦੇ ਸਰਪੰਚ ਹਰਕਰਨ ਸਿੰਘ, ਪੰਚ ਬਲਵਿੰਦਰ ਸਿੰਘ, ਪਿੰਡ ਭੋਜੇਮਾਜਰੇ ਤੋਂ ਸਰਪੰਚ ਜਰਨੈਲ ਸਿੰਘ ਕਿਸਾਨ ਨੇਤਾ ਜਸਵੀਰ ਸਿੰਘ ਢਿੱਲੋਂ, ਕਿਸਾਨ ਆਗੂ ਅਮਰਜੀਤ ਸਿੰਘ ਸੈਣੀ, ਪਿੰਡ ਖੇੜੀ ਸਲਾਬਤਪੁਰ ਦੇ ਸਰਪੰਚ ਅਮਰਸੰਗਰਾਮ ਸਿੰਘ ਪਰਮਜੀਤ ਸਿੰਘ, ਚੇਅਰਮੈਨ ਪਰਮਜੀਤ ਸਿੰਘ, ਮਾਸਟਰ ਗੁਰਿੰਦਰਪਾਲ, ਬਲਦੇਵ ਸਿੰਘ, ਪੰਚ ਅੰਮ੍ਰਿਤ ਸਿੰਘ ਤੇ ਪਿੰਡ ਕਮਾਲਪੁਰ ਦੀ ਸਰਪੰਚ ਅਮਰਜੀਤ ਕੌਰ ਨੇ ਦੱਸਿਆ ਕਿ ਅਸੀਂ ਕਈ ਵਾਰ ਪਹਿਲੀਆਂ ਸਰਕਾਰ ਤੋਂ ਮੰਗ ਕਰ ਚੁੱਕੇ ਹਾਂ ਪਰ ਸਾਡੀ ਸੁਣਵਾਈ ਨਹੀਂ ਹੋ ਰਹੀ। ਉਨ੍ਹਾਂ ਮੰਗ ਕੀਤੀ ਕਿ ਇਸ ਰੂਟ ਨੂੰ ਚਾਲੂ ਕੀਤਾ ਜਾਵੇ।

## ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਵੱਲੋਂ ਕਲਮ ਛੋੜ ਹੜਤਾਲ ਸ਼ੁਰੂ

**ਜਲੰਧਰ (ਰਾਜੇਸ਼ ਥਾਪਾ, ਸ਼ੈਲੀ ਐਲਬਰਟ)** ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਅਤੇ ਆਈ ਈ ਆਰ ਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ ਪਰ ਜੋ ਸੱਚਾਈ ਸਾਹਮਣੇ ਆਈ ਹੈ ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ.ਐਸ.ਆਰ ਅਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦਾ ਪ੍ਰਚਾਰ ਕਰ ਰਹੀ ਹੈ, ਜੋ ਕਿ ਕੋਰਾ ਝੂਠ ਹੈ । ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ, ਮੋਹਿਤ ਸ਼ਰਮਾ,ਵਿਸ਼ਾਲ ਮਹਾਜਨ, ਰਾਜੀਵ, ਸੁਖਰਾਜ, ਗਗਨਦੀਪ ਸ਼ਰਮਾ, ਗਗਨ ਸਿਆਲ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆਂ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ ਜੋ ਕਿ ਬਾਰ ਬਾਰ ਮੰਤਰੀਆਂ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀਂ ਹੋਈ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ ਵਿਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ। ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵੀਡੀਓ ਸ਼ੰਦੇਸ਼ ਰਾਹੀਂ ਦੱਸਿਆ ਗਿਆ ਕਿ ਕੁਝ ਕਰਮਚਾਰੀਆਂ ਦੀਆਂ ਤਨਖਾਹਾਂ ਵਿਚ ਵਾਧਾ ਕੀਤਾ ਜਾ ਰਿਹਾ ਹੈ ਪਰ ਦਫਤਰੀ ਕਰਮਚਾਰੀਆਂ ਦਾ ਕੋਈ ਜ਼ਿਕਰ ਨਹੀ ਕੀਤਾ।

## ਮਾਨ ਸਰਕਾਰ ਵੱਲੋਂ ਡੋਰ-ਸਟੈਪ ਸਰਵਿਸ ਡਲਿਵਰੀ ਸ਼ੁਰੂ ਕਰਨ ਦੀ ਯੋਜਨਾ : ਅਮਨ ਅਰੋੜਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਅਤੇ ਜਨ ਸ਼ਿਕਾਇਤ ਨਿਵਾਰਨ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸੂਬੇ ਦੇ ਨਾਗਰਿਕਾਂ ਨੂੰ ਪਾਰਦਰਸ਼ੀ ਢੰਗ ਨਾਲ ਨਿਰਵਿਘਨ ਸੇਵਾਵਾਂ ਯਕੀਨੀ ਬਣਾਉਣ ਸਬੰਧੀ ਵਚਨਬੱਧਤਾ ਤਹਿਤ ਪੰਜਾਬ ਸਰਕਾਰ ਵੱਲੋਂ ਸੇਵਾ ਕੇਂਦਰਾਂ ਰਾਹੀਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਹੁਣ ਲੋਕ ਆਪਣੇ ਘਰ ਬੈਠੇ ਹੀ ਹਾਸਲ ਕਰ ਸਕਣਗੇ ਕਿਉਂਕਿ ਸੂਬਾ ਸਰਕਾਰ ਵੱਲੋਂ ਡੋਰ-ਸਟੈਪ ਸਰਵਿਸ ਡਲਿਵਰੀ ਸਕੀਮ ਸੁਰੂ ਕਰਨ ਦੀ ਯੋਜਨਾ ਬਣਾਈ ਜਾ ਰਹੀ ਹੈ। ਇੱਥੇ ਮਗਸੀਪਾ ਵਿਖੇ ਪੰਜਾਬ ਰਾਜ ਈ-ਗਵਰਨੈਂਸ ਸੁਸਾਇਟੀ ਦੇ ਬੋਰਡ ਆਫ ਗਵਰਨਰਜ (ਬੀ.ਓ.ਜੀ.) ਦੀ 16ਵੀਂ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਮਨ ਅਰੋੜਾ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੇਵਾਵਾਂ ਦੀ ਡੋਰ ਸਟੈਪ ਡਲਿਵਰੀ ਸ਼ੁਰੂ ਕਰਨ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਵੇਲੇ ਸੇਵਾ ਕੇਂਦਰਾਂ ਰਾਹੀਂ ਨਾਗਰਿਕਾਂ ਨੂੰ 400 ਤੋਂ ਵੱਧ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਸਾਰੀਆਂ ਸੇਵਾਵਾਂ ਦੀ ਡੋਰ-ਸਟੈਪ ਡਿਲੀਵਰੀ ਸ਼ੁਰੂ ਕੀਤੀ ਜਾਵੇਗੀ। ਸਰਕਾਰ ਦੀ ਇਸ ਪਹਿਲਕਦਮੀ ਨਾਲ ਸੂਬੇ ਦੇ ਲੋਕ ਘਰ ਬੈਠੇ ਸਰਕਾਰੀ ਸੇਵਾਵਾਂ ਹਾਸਲ ਕਰ ਸਕਣਗੇ। ਉਨ੍ਹਾਂ ਕਿਹਾ ਕਿ ਇਸ ਸਕੀਮ ਦੇ ਸ਼ੁਰੂ ਹੋਣ ਬਾਅਦ ਬਿਨੈਕਾਰ ਸਿਰਫ ਇੱਕ ਟੋਲ-ਫ੍ਰੀ ਨੰਬਰ 'ਤੇ ਕਾਲ ਕਰਕੇ ਹੋਮ ਵਿਜ਼ਿਟ ਬੁੱਕ ਕਰਵਾ ਕੇ ਸੂਚੀ ਵਿੱਚ ਸ਼ਾਮਲ ਸੇਵਾਵਾਂ ਦੀ ਡੋਰ-ਸਟੈਪ ਡਲਿਵਰੀ ਦਾ ਲਾਭ ਲੈ ਸਕੇਗਾ ਅਤੇ ਇੱਕ ਵਿਅਕਤੀ ਬਿਨੈਕਾਰ ਦੇ ਘਰ ਜਾ ਕੇ ਸਾਰੇ ਲੋੜੀਂਦੇ ਦਸਤਾਵੇਜ ਇਕੱਤਰ ਕਰਕੇ ਇਹਨਾਂ ਨੂੰ ਅਪਲੋਡ ਕਰੇਗਾ ਅਤੇ ਫਿਰ ਇਸ ਨੂੰ ਸਬੰਧਤ ਵਿਭਾਗ ਵਿੱਚ ਜਮ੍ਹਾਂ ਕਰਵਾਏਗਾ।

ਇਸ ਸਕੀਮ ਦੇ ਸ਼ੁਰੂ ਹੋਣ ਨਾਲ ਲੋਕਾਂ ਨੂੰ ਸੇਵਾਵਾਂ ਹਾਸਲ ਕਰਨ ਲਈ ਸਰਕਾਰੀ ਦਫਤਰਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ ਅਤੇ ਇਸ ਨਾਲ ਵਿਚੋਲਿਆਂ ਦੀ ਭੂਮਿਕਾ ਵੀ ਖਤਮ ਹੋ ਜਾਵੇਗੀ, ਜੋ ਕੰਮ ਛੇਤੀ ਕਰਵਾ ਕੇ ਦੇਣ ਦੇ ਬਹਾਨੇ ਲੋਕਾਂ ਦੀ ਲੁੱਟ ਕਰਦੇ ਸਨ। ਇਸ ਮੀਟਿੰਗ ਵਿੱਚ ਵਿਸ਼ੇਸ਼ ਮੁੱਖ ਸਕੱਤਰ-ਕਮ-ਐਫ.ਸੀ.ਆਰ. ਕੇ.ਏ.ਪੀ. ਸਿਨਹਾ, ਪ੍ਰਮੁੱਖ ਸਕੱਤਰ ਪ੍ਰਸਾਸਕੀ ਸੁਧਾਰ ਤੇਜਵੀਰ ਸਿੰਘ, ਡਾਇਰੈਕਟਰ ਪ੍ਰਸ਼ਾਸਨਿਕ ਸੁਧਾਰ ਡਾ. ਕਾਰਤਿਕ ਅਡੱਪਾ, ਸੀ.ਈ.ਓ. ਪੰਜਾਬ ਰਾਜ ਈ-ਗਵਰਨੈਂਸ ਸੁਸਾਇਟੀ ਗਿਰੀਸ ਦਿਆਲਨ, ਐਮਡੀ ਇਨਫੋ-ਟੈਕ ਮਹਿੰਦਰ ਪਾਲ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਹਾਜਰ ਸਨ।

## ਸੰਤੋਸ਼ ਕੁਮਾਰ ਗੋਗੀ ਨੇ ਬੁੱਧ ਰਾਮ ਨਾਲ ਕੀਤੀ ਮੁਲਾਕਾਤ

**ਫਗਵਾੜਾ ( ਰਮਨ ਸ਼ਰਮਾ)** ਆਮ ਆਦਮੀ ਪਾਰਟੀ ਐੱਸ.ਸੀ. ਵਿੰਗ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੰਤੋਸ਼ ਕੁਮਾਰ ਗੋਗੀ ਨੇ ਪਾਰਟੀ ਦੇ ਨਵ-ਨਿਯੁਕਤ ਪੰਜਾਬ ਪ੍ਰਧਾਨ ਬੁੱਧ ਰਾਮ (ਰਿਟਾ.ਪ੍ਰਿੰਸੀਪਲ) ਨਾਲ ਚੰਡੀਗੜ੍ਹ ਦੇ ਸੈਕਟਰ 39 ਸਥਿਤ ਸਰਕਟ ਹਾਊਸ ਵਿਖੇ ਮੁਲਾਕਾਤ ਕੀਤੀ। ਉਹਨਾਂ ਦੇ ਨਾਲ ਐਸ.ਸੀ ਵਿੰਗ ਪੰਜਾਬ ਦੇ ਪ੍ਰਧਾਨ ਅਮਰੀਕ ਸਿੰਘ ਬੰਗੜ, ਸਕੱਤਰ ਡਾ.ਡੀ.ਐਸ. ਲਾਂਬਾ, ਪੰਜਾਬ ਉਪ ਪ੍ਰਧਾਨ ਜਲਾਲਪੁਰੀ, ਜ਼ਿਲ੍ਹਾ ਉਪ ਪ੍ਰਧਾਨ ਅਸ਼ੋਕ ਭੱਟੀ,ਪੰਜਾਬ ਸੰਯੁਕਤ ਸਕੱਤਰ ਬਲਜਿੰਦਰ ਸਿੰਘ ਚੋਂਦਾ, ਹਲਕਾ ਕੋਆਰਡੀਨੇਟਰ ਵਿਜੇ ਬੰਗਾ ਸਮੇਤ ਐਸ.ਸੀ. ਵਿੰਗ ਦੇ ਹੋਰ ਅਹੁਦੇਦਾਰ ਵੀ ਮੌਜੂਦ ਸਨ। ਇਸ ਦੌਰਾਨ ਉਨ੍ਹਾਂ ਐੱਸ.ਸੀ.ਵਿੰਗ ਵੱਲੋਂ ਗੁਲਦਸਤਾ ਭੇਂਟ ਕਰਕੇ ਨਵ ਨਿਯੁਕਤ ਪ੍ਰਧਾਨ ਨੂੰ ਆਪਣੀਆਂ ਸ਼ੁਭ ਇੱਛਾਵਾਂ ਦਿੱਤੀਆਂ। ਸੰਤੋਸ਼ ਕੁਮਾਰ ਗੋਗੀ ਨੇ ਜਿੱਥੇ ਇਸ ਨਿਯੁਕਤੀ ਲਈ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ, ਉੱਥੇ ਹੀ ਕਿਹਾ ਕਿ ਬੁੱਧ ਰਾਮ ਸਿੱਖਿਆ ਦੇ ਖੇਤਰ ਨਾਲ ਜੁੜੇ ਰਹੇ ਅਤੇ ਬਤੌਰ ਪ੍ਰਿੰਸੀਪਲ ਸੇਵਾ ਮੁਕਤ ਹੋਏ ਹਨ। ਪੰਜਾਬ ਪ੍ਰਧਾਨ ਵਜੋਂ ਉਨ੍ਹਾਂ ਦੀ ਨਿਯੁਕਤੀ ਸੂਬੇ ਨੂੰ ਸਿੱਖਿਆ ਦੇ ਖੇਤਰ ਵਿੱਚ ਬਿਹਤਰ ਬਣਾਉਣ ਅਤੇ ਪੜ੍ਹੇ-ਲਿਖੇ ਵਲੰਟੀਅਰਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਕੇ ਜਥੇਬੰਦੀ ਨੂੰ ਮਜ਼ਬੂਤ ਕਰਨ 'ਚ ਸਹਾਈ ਹੋਵੇਗੀ। ਗੋਗੀ ਨੇ ਕਿਹਾ ਕਿ ਪੰਜਾਬ ਪ੍ਰਧਾਨ ਨੇ ਆਉਣ ਵਾਲੇ ਸਾਲ ਵਿੱਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੀ ਤਿਆਰੀ ਕਰਨ ਦੇ ਨਿਰਦੇਸ਼ ਦਿੱਤੇ ਹਨ, ਜਿਸ ਲਈ ਐੱਸ. ਸੀ. ਵਿੰਗ ਜ਼ਿਲ੍ਹਾ ਕਪੂਰਥਲਾ ਪੂਰੀ ਤਰ੍ਹਾਂ ਤਿਆਰ ਹੈ ਅਤੇ ਜ਼ਿਲ੍ਹੇ ਭਰ ਦੇ ਹਰੇਕ ਵਿਧਾਨ ਸਭਾ ਹਲਕੇ ਵਿੱਚ 'ਆਪ' ਪਾਰਟੀ ਨੂੰ ਵੱਡੀ ਲੀਡ ਦੁਆਈ ਜਾਵੇਗੀ।

## ਵੱਖ-ਵੱਖ ਥਾਂਵਾਂ 'ਤੇ ਮਮਤਾ ਦਿਵਸ ਮਨਾਇਆ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਬਲਾਕ ਚਮਕੌਰ ਸਾਹਿਬ ਅਧੀਨ ਵੱਖ-ਵੱਖ ਸਿਹਤ ਤੇ ਤੰਦਰੁਸਤੀ ਕੇਂਦਰਾਂ ਵਿੱਚ ਮਮਤਾ ਦਿਵਸ ਮਨਾਇਆ ਗਿਆ।

ਡਾ.ਗੋਬਿੰਦ ਟੰਡਨ ਨੇ ਕਿਹਾ ਕਿ ਹਫ਼ਤੇ ਦੇ ਹਰੇਕ ਬੁੱਧਵਾਰ ਨੂੰ ਮਮਤਾ ਦਿਵਸ ਮਨਾਇਆ ਜਾਂਦਾ ਹੈ। ਇਸ ਦਿਨ ਬੱਚਿਆਂ ਨੂੰ ਮਾਰੂ ਰੋਗਾਂ ਪੋਲੀਓ, ਕਾਲੀ ਖਾਂਸੀ, ਟੀ.ਬੀ, ਨਮੂਨੀਆ, ਖਸਰਾ, ਰੁਬੇਲਾ, ਅੰਧਰਾਤਾ, ਹੈਪੇਟਾਈਟਸ ਬੀ, ਦਿਮਾਗੀ ਬੁਖਾਰ, ਗਲਘੋਟੂ ਅਤੇ ਟੈਟਨਸ ਦੇ ਟੀਕੇ ਲਗਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਗਰਭਵਤੀ ਮਹਿਲਾਂਵਾਂ ਆਪਣੇ ਗਰਭ ਵਿੱਚ ਪਲ ਰਹੇ ਬੱਚੇ ਅਤੇ ਆਪਣੀ ਸਿਹਤ ਦਾ ਪੂਰਾ ਖਿਆਲ ਰੱਖਣ ਤੇ ਆਪਣੀ ਡਾਈਟ ਵਿੱਚ ਹਰੀਆਂ ਸਬਜੀਆਂ ਅਤੇ ਫਲਾਂ ਦਾ ਇਸਤੇਮਾਲ ਕਰਨ ਤਾਂ ਜੋ ਜੱਚਾ-ਬੱਚਾ ਦੋਵੇਂ ਤੰਦਰੁਸਤ ਰਹਿਣ ਅਤੇ ਸਰੀਰ ਵਿੱਚ ਖੂਨ ਦੀ ਕਮੀ ਨਾ ਹੋਵੇ। ਉਨ੍ਹਾਂ ਕਿਹਾ ਕਿ 4 ਜੁਲਾਈ ਤੋਂ 17 ਜੁਲਾਈ ਤੱਕ ਦਸਤ ਰੋਕੂ ਪੰਦਰਵਾੜਾ ਚਲਾਇਆ ਜਾ ਰਿਹਾ ਹੈ ਜਿਸ ਤਹਿਤ ਆਸ਼ਾ ਵਰਕਰਜ਼ ਘਰ ਘਰ ਜਾ ਕੇ ਓ.ਆਰ.ਐਸ ਪੈਕਟ ਵੰਡਣਗੀਆਂ ਅਤੇ ਡਾਇਰੀਆ ਤੋਂ ਬਚਣ ਲਈ ਹੱਥਾਂ ਦੀ ਸਾਫ-ਸਫਾਈ ਅਤੇ ਓ.ਆਰ.ਐਸ. ਘੋਲ ਬਨਾਉਣ ਦੀ ਵਿਧੀ ਸਬੰਧੀ ਜਾਗਰੂਕ ਕੀਤਾ ਜਾਵੇਗਾ। ਹਰਵਿੰਦਰ ਸਿੰਘ ਬੀ.ਈ.ਈ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਸ਼ਵ ਆਬਾਦੀ ਦਿਵਸ ਸਬੰਧੀ ਦੰਪਤੀ ਸੰਪਰਕ ਪੰਦਰਵਾੜੇ ਦੌਰਾਨ ਯੋਗ ਜੋੜਿਆਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਪਰਵਾਰ ਨਿਯੋਜਨ ਦੇ ਕੱਚੇ ਅਤੇ ਪੱਕੇ ਸਾਧਨਾ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ 11 ਜੁਲਾਈ ਤੋਂ 24 ਜੁਲਾਈ ਤੱਕ ਪਰਵਾਰ ਨਿਯੋਜਨ ਦੇ ਨਲਬੰਦੀ ਅਤੇ ਨਸਬੰਦੀ ਦੇ ਅਪ੍ਰੇਸ਼ਨ ਕੀਤੇ ਜਾਣਗੇ। ਇਸ ਮੌਕੇ 'ਤੇ ਸਮੂਹ ਏ.ਐਨ.ਐਮ, ਸਮੂਹ ਸੀ.ਐਚ.ਓਜ਼ ਅਤੇ ਮਲਟੀਪਰਪਜ਼ ਹੈਲਥ ਵਰਕਰ ਮੇਲ ਹਾਜਰ ਸਨ।

## ਸਮਰ ਕੈਂਪਾਂ ਰਾਹੀਂ ਬੱਚਿਆਂ ਦੇ ਸਰਵਪੱਖੀ ਵਿਕਾਸ ਵੱਲ ਧਿਆਨ ਦੇਣਾ ਸ਼ਲਾਘਾਯੋਗ ਕਦਮ : ਜਤਿੰਦਰ ਪਾਲ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ , ਉਂਕਾਰ ਸਿੰਘ )**-ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਦੇ ਹੁਕਮਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਹਰਭਗਵੰਤ ਸਿੰਘ ਦੇ ਦਿਸ਼ਾ ਨਿਰਦੇਸ਼ 'ਤੇ ਅਮਲ ਕਰਦੇ ਹੋਏ ਸਰਕਾਰੀ ਹਾਈ ਸਕੂਲ ਕੰਧਾਲਾ ਜੱਟਾਂ ਦੇ ਮੁੱਖ ਅਧਿਆਪਕ ਜਤਿੰਦਰ ਪਾਲ ਸਿੰਘ ਦੀ ਯੋਗ ਅਗਵਾਈ ਵਿਚ 3 ਜੁਲਾਈ ਤੋਂ 15 ਜੁਲਾਈ ਤੱਕ ਸ਼ੁਰੂ ਕੀਤੇ ਗਏ ਸਮਰ ਕੈਂਪ ਦੇ ਤੀਸਰੇ ਦਿਨ ਸਕੂਲ ਦੀ ਅਧਿਆਪਕਾ ਸ੍ਰੀਮਤੀ ਮਨਜੀਤ ਕੌਰ, ਹਰਦੀਪ ਸਿੰਘ, ਭਰਤ ਤਲਵਾੜ, ਨਿਰਮਲ ਕੁਮਾਰ, ਮੈਡਮ ਰੀਨਾ ਸ਼ਰਮਾ, ਸ੍ਰੀਮਤੀ ਗੁਰਬਖਸ਼ ਕੌਰ, ਸ੍ਰੀਮਤੀ ਗੁਰਪ੍ਰੀਤ ਕੌਰ ਅਤੇ ਅਧਿਆਪਕ ਰਾਜਵਿੰਦਰ ਸ਼ਾਹੀ ਨੇ ਵਿਦਿਆਰਥੀਆਂ ਨੂੰ ਇਸ ਸਮਰ ਕੈਂਪ ਦੇ ਫਾਇਦਿਆਂ ਸਬੰਧੀ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ। ਜਤਿੰਦਰ ਪਾਲ ਸਿੰਘ ਨੇ ਕਿਹਾ ਕਿ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਕਈ ਪ੍ਰਕਾਰ ਦੀਆਂ ਖੇਡਾਂ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਉਹ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਵੱਧ ਚੜ੍ਹ ਕੇ ਭਾਗ ਲੈ ਸਕਣ। ਉਨ੍ਹਾਂ ਕਿਹਾ ਕਿ ਸਮਰ ਕੈਂਪ ਦਾ ਅਸਲ ਮਕਸਦ ਵਿਧਿਆਰਥੀਆਂ ਅੰਦਰ ਛੁਪੀ ਹੋਈ ਕਲਾ ਨੂੰ ਉਜਾਗਰ ਕਰਨਾ ਅਤੇ ਉਨ੍ਹਾਂ ਨੂੰ ਬੌਧਿਕ, ਧਾਰਮਿਕ ਤੇ ਸਮਾਜਿਕ ਵਿਕਾਸ ਚ ਵਾਧਾ ਕਰਨ ਲਈ ਪ੍ਰੇਰਿਤ ਕਰਨਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਸਮਰ ਕੈਂਪਾਂ ਰਾਹੀ ਬੱਚਿਆਂ ਦੇ ਸਰਵਪੱਖੀ ਵਿਕਾਸ ਵੱਲ ਧਿਆਨ ਦੇਣਾ ਇਕ ਸ਼ਲਾਘਾਯੋਗ ਕਾਰਜ ਹੈ। ਸਾਇੰਸ ਅਧਿਆਪਕ ਭਰਤ ਤਲਵਾੜ ਨੇ ਕਿਹਾ ਕਿ ਅੱਜ ਦੇ ਕੰਪਿਊਟਰ ਯੁੱਗ ਵਿਚ ਵਿਦਿਆਰਥੀਆਂ ਨੂੰ ਸਮਰ ਕੈਂਪਾਂ ਰਾਹੀਂ ਸਾਇੰਸ ਦੀਆਂ ਹਰ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ ਅਤੇ ਧਾਰਮਿਕ-ਸਮਾਜਿਕ ਸਬੰਧੀ ਵੱਖ-ਵੱਖ ਕਹਾਣੀਆਂ ਸੁਣਾ ਕੇ ਉਨ੍ਹਾਂ ਦਾ ਮਨੋਬਲ ਉਚਾ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਕੱਲ੍ਹ ਦੇ ਮਹਿੰਗਾਈ ਭਰੇ ਯੁੱਗ ਵਿੱਚ ਲੜਕਿਆਂ ਅਤੇ ਲੜਕੀਆਂ ਵਿਚ ਕੋਈ ਫਰਕ ਨਹੀਂ ਹੈ, ਜਿਸ ਵਿਭਾਗ ਵਿਚ ਲੜਕੇ ਨੌਕਰੀਆਂ ਕਰਦੇ ਹਨ ਲੜਕੀਆਂ ਵੀ ਉਨ੍ਹਾਂ ਦੇ ਬਰਾਬਰ ਨੌਕਰੀਆਂ ਕਰਕੇ ਆਪਣੇ ਘਰ ਤੇ ਪਰਵਾਰ ਦਾ ਪਾਲਨ ਪੋਸ਼ਨ ਕਰ ਰਹੀਆਂ ਹਨ।

## ਵਿੱਤੀ ਵਰ੍ਹੇ ਦੇ ਪਹਿਲੇ 3 ਮਹੀਨਿਆਂ 'ਚ ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਤੋਂ ਆਮਦਨ 'ਚ 17 ਫੀਸਦੀ ਵਾਧਾ : ਜਿੰਪਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਨੇ ਇਕ ਹੋਰ ਪ੍ਰਾਪਤੀ ਦਰਜ ਕੀਤੀ ਹੈ। ਪੰਜਾਬ ਵਿਚ ਜ਼ਮੀਨ-ਜਾਇਦਾਦ ਦੀਆਂ ਰਜਿਸਟਰੀਆਂ ਤੋਂ ਪੰਜਾਬ ਸਰਕਾਰ ਦੇ ਖਜ਼ਾਨੇ ਵਿਚ ਵਿੱਤੀ ਸਾਲ 2023-24 ਦੇ ਪਹਿਲੇ 3 ਮਹੀਨਿਆਂ ਵਿਚ 17 ਫੀਸਦੀ ਜ਼ਿਆਦਾ ਆਮਦਨ ਆਈ ਹੈ। ਮਾਲ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਹੈ ਕਿ ਪੰਜਾਬ ਵਾਸੀਆਂ ਨੂੰ ਪਾਰਦਰਸ਼ੀ, ਸਾਫ-ਸੁਥਰਾ ਅਤੇ ਭ੍ਰਿਸ਼ਟਾਚਾਰ ਮੁਕਤ ਸੇਵਾਵਾਂ ਦੇਣਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਟੀਚਾ ਹੈ ਅਤੇ ਇਸੇ ਸਦਕਾ ਸੂਬੇ ਦੀ ਆਮਦਨ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਵਿਸਥਾਰ ਵਿਚ ਜਾਣਕਾਰੀ ਦਿੰਦਿਆਂ ਜਿੰਪਾ ਨੇ ਕਿਹਾ ਕਿ ਅਪ੍ਰੈਲ, ਮਈ ਅਤੇ ਜੂਨ 2023 ਵਿਚ ਸਟੈਂਪ ਅਤੇ ਰਜਿਸਟਰੇਸ਼ਨ ਅਧੀਨ ਪੰਜਾਬ ਸਰਕਾਰ ਨੂੰ 1191.20 ਕਰੋੜ ਰੁਪਏ ਦੀ ਆਮਦਨ ਹੋਈ ਹੈ ਜੋ ਕਿ ਸਾਲ 2022 ਦੇ ਇਨ੍ਹਾਂ ਮਹੀਨਿਆਂ ਨਾਲੋਂ 17 ਫੀਸਦੀ ਜ਼ਿਆਦਾ ਹੈ। ਅਪ੍ਰੈਲ, ਮਈ ਅਤੇ ਜੂਨ 2022 ਵਿਚ ਇਹ ਆਮਦਨ 1018.63 ਕਰੋੜ ਰੁਪਏ ਸੀ। ਜਿੰਪਾ ਨੇ ਦੱਸਿਆ ਕਿ ਅਪ੍ਰੈਲ, ਮਈ ਅਤੇ ਜੂਨ 2023 ਵਿਚ ਕ੍ਰਮਵਾਰ 441.24 ਕਰੋੜ ਰੁਪਏ, 430.63 ਕਰੋੜ ਰੁਪਏ ਅਤੇ 319.33 ਕਰੋੜ ਰੁਪਏ ਸਰਕਾਰੀ ਖਜ਼ਾਨੇ ਵਿਚ ਆਏ ਜਦਕਿ ਅਪ੍ਰੈਲ, ਮਈ ਅਤੇ ਜੂਨ 2022 ਵਿਚ ਇਹ ਰਕਮ 354.69 ਕਰੋੜ ਰੁਪਏ, 383.17 ਕਰੋੜ ਰੁਪਏ ਅਤੇ 280.77 ਕਰੋੜ ਰੁਪਏ ਸੀ। ਉਨ੍ਹਾਂ ਕਿਹਾ ਕਿ ਸੂਬੇ ਦੀ ਆਮਦਨ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਸਟੈਂਪ ਤੇ ਰਜਿਸਟਰੇਸ਼ਨ ਤਹਿਤ ਵੱਡੀ ਰਕਮ ਸਰਕਾਰ ਦੇ ਖਜ਼ਾਨੇ ਵਿਚ ਆ ਰਹੀ ਹੈ।

ਉਨ੍ਹਾਂ ਕਿਹਾ ਕਿ ਮਾਲ ਵਿਭਾਗ ਦੇ ਕੰਮ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਲਈ ਪੰਜਾਬ ਸਰਕਾਰ ਪਹਿਲੇ ਦਿਨ ਤੋਂ ਹੀ ਸਾਰਥਕ ਹੰਭਲੇ ਮਾਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ ਹਕੂਮਤ ਸੰਭਾਲਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਭ੍ਰਿਸ਼ਟਾਚਾਰ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੀ ਸ਼ਿਕਾਇਤ ਲਈ ਹੈਲਪਲਾਈਨ ਨੰਬਰ ਜਾਰੀ ਕੀਤਾ ਸੀ ਜਿਸਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਇਸੇ ਸਾਲ ਅਪ੍ਰੈਲ ਮਹੀਨੇ ਵਿਚ ਸਿਰਫ ਮਾਲ ਵਿਭਾਗ ਦੇ ਕੰਮਾਂ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ ਵੀ ਨੰਬਰ 8184900002 ਜਾਰੀ ਕੀਤਾ ਜਾ ਚੁੱਕਾ ਹੈ। ਐਨਆਰਆਈਜ਼ ਮਾਲ ਵਿਭਾਗ ਸਬੰਧੀ ਆਪਣੀਆਂ ਸ਼ਿਕਾਇਤਾਂ 9464100168 ਨੰਬਰ 'ਤੇ ਦਰਜ ਕਰਵਾ ਸਕਦੇ ਹਨ। ਇਹ ਨੰਬਰ ਸਿਰਫ ਲਿਖਤੀ ਸ਼ਿਕਾਇਤ ਲਈ ਹਨ। ਜਿੰਪਾ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਮਾਲ ਵਿਭਾਗ ਨਾਲ ਸਬੰਧਤ ਕਿਸੇ ਵੀ ਕੰਮ ਨੂੰ ਕਰਾਉਣ ਲਈ ਕਿਸੇ ਵੀ ਅਫਸਰ ਜਾਂ ਮੁਲਾਜ਼ਮ ਨੂੰ ਰਿਸ਼ਵਤ ਨਾ ਦਿੱਤੀ ਜਾਵੇ ਅਤੇ ਜੇਕਰ ਕੋਈ ਰਿਸ਼ਵਤ ਮੰਗਦਾ ਹੈ ਤਾਂ ਇਸ ਦੀ ਰਿਪੋਰਟ ਤੁਰੰਤ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭ੍ਰਿਸ਼ਟ ਅਫਸਰਾਂ ਤੇ ਮੁਲਾਜ਼ਮਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆਂ ਨਹੀਂ ਜਾਵੇਗਾ।

# ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵਿਰੁੱਧ ਸੁਪਰੀਮ ਕੋਰਟ 'ਚ ਸਮੀਖਿਆ ਪਟੀਸ਼ਨ ਦਾਇਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸੁਪਰੀਮ ਕੋਰਟ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਉਨ੍ਹਾਂ ਦੇ ਪਿਤਾ ਪੰਜ ਵਾਰ ਮੁੱਖ ਮੰਤਰੀ ਰਹਿ ਚੁੱਕੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਅਤੇ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਦਲਜੀਤ ਸਿੰਘ ਚੀਮਾ ਵਲੋਂ ਸਿਆਸੀ ਪਾਰਟੀ ਦੇ ਦੋਹਰੇ ਸੰਵਿਧਾਨ ਨੂੰ ਲੈ ਕੇ ਕਥਿਤ ਜਾਅਲਸਾਜ਼ੀ ਦਾ ਮਾਮਲੇ ਖ਼ਿਲਾਫ਼ ਚੱਲ ਰਹੀ ਫ਼ੌਜਦਾਰੀ ਮੁਕੱਦਮੇ ਨੂੰ ਰੱਦ ਕਰਨ ਦੇ ਫ਼ੈਸਲੇ ਖ਼ਿਲਾਫ਼ ਸੁਪਰੀਮ ਕੋਰਟ ਵਿੱਚ ਮੁੜ ਵਿਚਾਰ ਪਟੀਸ਼ਨ ਦਾਇਰ ਕੀਤੀ ਗਈ ਹੈ। ਅਪੀਲਕਰਤਾ ਵੱਲੋਂ ਐਡਵੋਕੇਟ ਇੰਦਰਾ ਉਨੀਨਾਇਰ ਰਾਹੀਂ ਦਾਇਰ ਕੀਤੀ ਗਈ ਰੀਵਿਊ ਪਟੀਸ਼ਨ ਵਿਚ ਕਿਹਾ ਗਿਆ ਹੈ ਕਿ ਫੈਸਲੇ ਵਿੱਚ ਮੁੱਖ ਦੋਸ਼ ਵੀ ਸੀਮਤ ਤਰੀਕੇ ਨਾਲ ਗਲਤੀ ਨਾਲ ਦਰਜ ਕੀਤਾ ਗਿਆ ਹੈ। ਸਮੀਖਿਆ ਪਟੀਸ਼ਨਰ ਨੇ ਦਲੀਲ ਦਿੱਤੀ ਹੈ ਕਿ ਅਦਾਲਤ ਨੇ ਲੋਕ ਪ੍ਰਤੀਨਿਧਤਾ ਐਕਟ, 1951 ਦੇ ਤਹਿਤ ਰਜਿਸਟ੍ਰੇਸ਼ਨ ਲਈ ਅਰਜ਼ੀ ਦੇ ਨਾਲ ਜੁੜੇ ਇੱਕ ਝੂਠੇ ਮੈਮੋਰੰਡਮ ਦਾਇਰ ਕਰਨ ਦੇ ਮੁੱਖ ਦੋਸ਼ ਨੂੰ ਮੰਨਿਆ ਹੈ, "ਮਸਲੇ ਬਹੁਤ ਵੱਡੇ ਹਨ ਅਤੇ ਇਸ ਵਿੱਚ ਝੂਠ ਦਾਇਰ ਕਰਨਾ ਸ਼ਾਮਲ ਹੈ। ਭਾਰਤੀ ਚੋਣ ਕਮਿਸ਼ਨ ਦੇ ਸਾਹਮਣੇ ਸੰਵਿਧਾਨ ਅਤੇ ਵਚਨਬੱਧਤਾ ਅਤੇ ਦੋ ਵੱਖ-ਵੱਖ ਅਥਾਰਟੀਆਂ ਦੇ ਸਾਹਮਣੇ ਦੋ ਵੱਖ-ਵੱਖ ਸੰਵਿਧਾਨਾਂ ਦੀ ਵਰਤੋਂ ਕਰਨਾ ਹੀ ਝੂਠ ਅਤੇ ਜਾਅਲਸਾਜ਼ੀ ਹੈ। ਇੱਕ ਸੰਵਿਧਾਨ ਸਿਆਸੀ ਪਾਰਟੀ ਵਜੋਂ ਪਾਰਟੀ ਦੀ ਰਜਿਸਟ੍ਰੇਸ਼ਨ ਲਈ ਯੋਗਤਾ ਦੀਆਂ ਸ਼ਰਤਾਂ ਨੂੰ ਪੂਰਾ ਕਰਨ ਲਈ ਵਰਤਿਆ ਗਿਆ ਹੈ, ਅਤੇ ਦੂਜਾ ਸੰਵਿਧਾਨ ਸਿੱਖ ਗੁਰਦੁਆਰਾ ਚੋਣਾਂ ਲੜਨ ਲਈ ਯੋਗਤਾ ਸ਼ਰਤਾਂ ਨੂੰ ਪੂਰਾ ਕਰਨ ਲਈ ਵਰਤਿਆ ਗਿਆ ਹੈ। ਸਿਖਰਲੀ ਅਦਾਲਤ ਦੁਆਰਾ ਦਿੱਤੇ ਗਏ ਫੈਸਲੇ ਵਿੱਚ ਕਈ ਹੋਰ ਕਥਿਤ ਗਲਤੀਆਂ ਨੂੰ ਉਜਾਗਰ ਕਰਨ ਤੋਂ ਬਾਅਦ, ਪਟੀਸ਼ਨਕਰਤਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਆਰਡਰ 47 ਦੇ ਨਾਲ ਪੜ੍ਹੇ ਗਏ ਭਾਰਤੀ ਸੰਵਿਧਾਨ ਦੀ ਧਾਰਾ 137 ਵਿੱਚ ਦਰਜ ਸੁਪਰੀਮ ਕੋਰਟ ਦੁਆਰਾ ਸਮੀਖਿਆ ਦੀ ਸ਼ਕਤੀ ਦੀ ਮੰਗ ਕਰਨ ਲਈ ਇੱਕ 'ਫਿੱਟ ਕੇਸ' ਸੀ। ਸੁਪਰੀਮ ਕੋਰਟ ਦੇ ਨਿਯਮਾਂ, 2013 ਦੇ ਅਨੁਸਾਰ ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ "ਇਸ ਫੈਸਲੇ ਦੀਆਂ ਗਲਤੀਆਂ ਨਾਲ ਮੁਲਜ਼ਮਾਂ-ਸ਼ਕਤੀਸ਼ਾਲੀ ਸਿਆਸਤਦਾਨਾਂ-ਦੇ ਵਿਰੁੱਧ ਇੱਕ ਬਹੁਤ ਮਹੱਤਵਪੂਰਨ ਅਪਰਾਧਿਕ ਮੁਕੱਦਮੇ ਦਾ ਕਾਰਨ ਬਣ ਗਿਆ ਹੈ ਅਤੇ ਇਸ ਦੇ ਸ਼ੁਰੂਆਤੀ ਪੜਾਅ 'ਤੇ ਅਧੂਰਾ ਛੱਡ ਦਿੱਤਾ ਗਿਆ ਹੈ, ਭਾਵੇਂ ਕਿ ਕਥਿਤ ਅਪਰਾਧਾਂ ਵਿੱਚ ਉਨ੍ਹਾਂ ਦੀ ਭੂਮਿਕਾ ਵੱਲ ਇਸ਼ਾਰਾ ਕਰਦੇ ਹੋਏ ਭਰਪੂਰ ਅਤੇ ਮਜਬੂਰ ਕਰਨ ਵਾਲੀ ਸਮੱਗਰੀ ਅਤੇ ਸਬੂਤ ਹਨ। ਮੁਕੱਦਮਾ ਮਹੱਤਵਪੂਰਨ ਹੈ ਕਿਉਂਕਿ ਇਹ ਬਹੁਤ ਸਾਰੇ ਸਬੂਤਾਂ ਨੂੰ ਦਰਸਾਉਂਦਾ ਹੈ ਜੋ ਧੋਖਾਧੜੀ ਅਤੇ ਜਾਅਲਸਾਜ਼ੀ ਦੀ ਇੱਕ ਲੜੀ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਨੂੰ ਬਹੁਤ ਬੇਸ਼ਰਮੀ ਨਾਲ ਦਰਸਾਉਂਦਾ ਹੈ ਅਤੇ ਉਨ੍ਹਾਂ ਨੂੰ ਅਜਿਹੀ ਧੋਖਾਧੜੀ ਨਾਲ ਭੱਜਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਹੈ। ਪਟੀਸ਼ਨਕਰਤਾ ਨੇ ਮੰਗ ਕੀਤੀ ਕਿ ਦਿੱਤੇ ਗਏ ਫੈਸਲੇ ਦੀ ਦੁਬਾਰਾ ਸਮੀਖਿਆ ਕਰਕੇ ਦੋਸ਼ੀਆਂ ਵਿਰੁੱਧ ਸਖਤ ਕਾਨੂੰਨੀ ਕਰਵਾਈ ਕੀਤੀ ਜਾਵੇ ਤਾਂ ਕਿ ਲੋਕਤੰਤਰ ਨੂੰ ਬਚਾਇਆ ਜਾ ਸਕੇ।

7-JULY-PAGE-10.qxd 7/6/2023 10:49 PM Page 1



# ਸਰਕਾਰੀ ਐਲੀਮੈਂਟਰੀ ਸਕੂਲ ਲੋਹਗੜ੍ਹ ਨੇ ਧਾਰਿਆ ਛੱਪੜ ਦਾ ਰੂਪ

## ਗੇਟ ਨਾਲ ਲਮਕ-ਲਮਕ ਕੇ ਲੰਘਦੇ ਨੇ ਵਿਦਿਆਰਥੀ




**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਰਕਾਰੀ ਐਲੀਮੈਂਟਰੀ ਸਕੂਲ ਲੋਹਗੜ੍ਹ (ਬਰਨਾਲਾ) ਵਿਖੇ ਮੀਂਹ ਦਾ ਪਾਣੀ ਖੜ ਜਾਣ 'ਤੇ ਛੱਪੜ ਦਾ ਰੂਪ ਧਾਰਨ ਕਰ ਗਿਆ ਹੈ। ਇਹ ਸਕੂਲ ਦਾ ਵਿਹੜਾ, ਜੋ ਕਾਫੀ ਸਮੇਂ ਤੋਂ ਸੜਕ ਨਾਲੋਂ ਨੀਵਾਂ ਹੋਣ ਕਰਕੇ ਬਾਰਸ਼ਾਂ ਦੇ ਦਿਨਾਂ 'ਚ ਮੀਂਹ ਦਾ ਪਾਣੀ ਖੜ ਜਾਣ 'ਤੇ ਇਥੋਂ ਲੰਘਣ ਵਾਲੇ ਵਿਦਿਆਰਥੀ ਗੇਟ ਨਾਲ ਲਟਕ ਕੇ ਲੰਘਦੇ ਦੇਖੇ ਜਾ ਸਕਦੇ ਹਨ। ਇਸ ਮੁਸ਼ਕਲ ਨੂੰ ਲੈ ਕੇ ਪਿੰਡ ਵਾਸੀਆਂ ਨੇ ਕਈ ਵਾਰ ਹਲਕਾ ਵਿਧਾਇਕ, ਜ਼ਿਲ੍ਹਾ ਅਧਿਕਾਰੀਆਂ ਨੂੰ ਮਿਲ ਕੇ ਧਿਆਨ ਦੇਣ ਦੀ ਮੰਗ ਕੀਤੀ ਸੀ, ਪਰ ਸਿਵਾਏ ਭਰੋਸਾ ਦੁਆਏ ਜਾਣ ਦੇ ਪਰਨਾਲਾ ਉਥੇ ਦਾ ਉਥੇ ਹੀ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਪਿਛਲੇ ਸਮੇਂ ਇਹ ਸਕੂਲ ਨੂੰ ਜ਼ਿਲ੍ਹਾ ਭਰ 'ਚੋਂ ਸਰਵੋਤਮ ਸਕੂਲ ਹੋਣ ਦਾ ਇਨਾਮ ਵੀ ਮਿਲ ਚੁੱਕਿਆ ਹੈ, ਪਰ ਅੱਜਕੱਲ੍ਹ ਇਸ ਸਕੂਲ ਦੀ ਹਾਲਤ ਬੇਹੱਦ ਤਰਸਯੋਗ ਬਣੀ ਹੋਈ ਹੈ। ਲੋਕਾਂ ਦਾ ਕਹਿਣਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪੇਂਡੂ ਸਰਕਾਰੀ ਵਿੱਦਿਅਕ ਅਦਾਰਿਆਂ ਦੀ ਬਿਹਤਰੀ ਵੱਲ ਵਿਸ਼ੇਸ਼ ਧਿਆਨ ਦੇਣ ਦੇ ਕੀਤੇ ਜਾ ਰਹੇ ਦਾਅਵੇ ਸਿਰਫ ਫੋਕੀ ਬਿਆਨਬਾਜ਼ੀ ਤੋਂ ਬਿਨਾਂ ਕੱਖ ਨਹੀਂ ਹਨ। ਇਸ ਮੌਕੇ ਪਿੰਡ ਵਾਸੀ ਦਲਵੀਰ ਸਿੰਘ, ਮੇਲਾ ਸਿੰਘ ਨੇ ਦੱਸਿਆ ਕਿ ਇਸ ਸੰਸਥਾ 'ਚ ਇਸ ਸਮੇਂ 70 ਵਿਦਿਆਰਥੀ ਵਿੱਦਿਆ ਪ੍ਰਾਪਤ ਕਰ ਰਹੇ ਹਨ, ਇਨ੍ਹਾਂ ਨੂੰ ਸਿਰਫ ਦੋ ਅਧਿਆਪਕ ਪੜ੍ਹਾ ਰਹੇ ਹਨ, ਇਹ ਵੀ ਪਤਾ ਲੱਗਾ ਹੈ ਕਿ ਇਨ੍ਹਾਂ ਵਿੱਚੋਂ ਇੱਕ ਅਧਿਆਪਕ ਨੇ ਤਾਂ ਬਦਲੀ ਲਈ ਵੀ ਫਾਰਮ ਭਰ ਦਿੱਤੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਸਰਕਾਰੀ ਵਿੱਦਿਅਕ ਸੰਸਥਾ 'ਚ ਸਿਰਫ ਪੱਛੜੇ ਵਰਗਾਂ ਦੇ ਬੱਚੇ ਹੀ ਪੜ੍ਹਦੇ ਹਨ। ਉਨ੍ਹਾਂ ਪੰਜਾਬ ਸਰਕਾਰ, ਸਿੱਖਿਆ ਵਿਭਾਗ ਤੋਂ ਮੰਗ ਕੀਤੀ ਕਿ ਇਸ ਸਕੂਲ ਦੀ ਤਰਸਯੋਗ ਹਾਲਤ 'ਚ ਸੁਧਾਰ ਲਿਆਉਣ ਲਈ ਤੁਰੰਤ ਧਿਆਨ ਦਿੱਤਾ ਜਾਵੇ।

# ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਜਗਰਾਉਂ (ਸੰਜੀਵ ਅਰੋੜਾ)**

ਗੁਰਦੁਆਰਾ ਗੋਪਾਲਸਰ ਸਾਹਿਬ (ਯਾਦਗਾਰੀ ਸ਼੍ਰੋਮਣੀ ਭਗਤ ਧੰਨਾ ਜੀ) ਪਿੰਡ ਗਗੜਾ ਵਿਖੇ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਧੂਮ-ਧਾਮ ਨਾਲ ਮਨਾਇਆ ਗਿਆ। ਬਾਬਾ ਕਮਲਜੀਤ ਸਿੰਘ ਤੇ ਭਾਈ ਅਮਰਜੀਤ ਸਿੰਘ ਦੇ ਉੱਦਮ ਉਪਰਾਲੇ ਸਦਕਾ ਸਮੂਹ ਇਲਾਕਾ ਨਿਵਾਸੀਆਂ ਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਏ ਇਸ ਦਿਹਾੜੇ ਮੌਕੇ ਸੰਗਤਾਂ ਨੇ ਵੱਡੀ ਗਿਣਤੀ 'ਚ ਸ਼ਿਰਕਤ ਕੀਤੀ। ਇਸ ਮੌਕੇ ਭਾਈ ਅਮਰਜੀਤ ਸਿੰਘ ਨੇ ਦੱਸਿਆ ਕਿ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਬੀਤੇ ਦਿਨੀਂ ਸ੍ਰੀ ਆਖੰਡ ਪਾਠ ਆਰੰਭ ਕਰਵਾਏ ਗਏ ਸਨ, ਜਿਨ੍ਹਾਂ ਦੇ ਅੱਜ ਭੋਗ ਪਾਏ ਗਏ। ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਵਿੱਚ ਮਹਾਨ ਗਿਆਨੀ ਸੰਤ ਮਹਾਂਪੁਰਖਾਂ ਨੇ ਹਾਜ਼ਰੀ ਭਰੀ। ਇਸ ਮੌਕੇ ਰਾਗੀ ਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਗੁਰੂ ਜੀ ਦੇ ਇਤਿਹਾਸ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਭਾਈ ਅਮਰਜੀਤ ਸਿੰਘ ਨੇ ਪਹੁੰਚੇ ਮਹਾਂਪੁਰਸ਼ਾਂ ਨੂੰ ਸਿਰੋਪਾ ਪਾ ਕੇ ਸਨਮਾਨਤ ਕੀਤਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

# ਲੋਕ ਗਲੀਆਂ 'ਚ ਖੜੇ ਸੀਵਰੇਜ ਦੇ ਪਾਣੀ 'ਚੋਂ ਲੰਘਣ ਲਈ ਮਜਬੂਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਚਾਲੀ ਮੁਕਤਿਆਂ ਦੀ ਧਰਤੀ ਸ੍ਰੀ ਮੁਕਤਸਰ ਸਾਹਿਬ ਦੇ ਲੋਕ ਸੀਵਰੇਜ ਦੇ ਗੰਦੇ ਪਾਣੀ ਵਿੱਚੋਂ ਲੰਘਣ ਲਈ ਮਜਬੂਰ ਹਨ ਅਤੇ ਸਾਰੀ ਸਾਰੀ ਰਾਤ ਪੀਣ ਵਾਲੇ ਪਾਣੀ ਦੀ ਉਡੀਕ ਕਰਨੀ ਪੈਂਦੀ ਹੈ ਮੁਹੱਲੇ ਦੀਆਂ ਔਰਤਾਂ ਨੂੰ। ਇਸ ਦੀ ਤਾਜ਼ਾ ਮਿਸਾਲ ਗਲੀ ਦਰਵਾਜ਼ੇ ਵਾਲੀ ਨੇੜੇ ਸ੍ਰੀ ਗੁਰੂ ਰਵਿਦਾਸ ਮੰਦਰ ਵਾਰਡ ਨੰਬਰ 16 ਤੇ 17, ਜੋ ਕਿ ਦੋ ਐੱਮ ਸੀਆਂ ਵਾਲੀ ਗਲੀ ਹੈ, ਇਸ ਗਲੀ ਦਾ ਸੀਵਰੇਜ ਕਰੀਬ ਇੱਕ ਹਫਤੇ ਤੋਂ ਬੰਦ ਹੈ, ਜਿਸ ਦੀ 1 ਜੁਲਾਈ 2023 ਨੂੰ ਸ਼ਿਕਾਇਤ ਵੀ ਦਰਜ ਕਰਵਾ ਚੁੱਕੇ ਨੇ, ਪਰ ਫੇਰ ਵੀ ਕੋਈ ਸੁਣਵਾਈ ਨਹੀਂ ਹੋ ਰਹੀ। ਇਸ ਤੋਂ ਇਲਾਵਾ ਗਲੀ ਵਿੱਚ ਵਾਟਰ ਸਪਲਾਈ ਦੀ ਪਾਈਪ ਲਾਈਨ ਵੀ ਨਹੀਂ ਹੈ, ਕਰੀਬ 70 ਘਰਾਂ ਦੀ ਆਬਾਦੀ ਵਾਲੀ ਇਸ ਗਲੀ ਨੂੰ ਮੇਨ ਸੜਕ ਤੋਂ ਸਿਰਫ ਅੱਧਾ ਇੰਚੀ ਵਾਟਰ ਸਪਲਾਈ ਦੀ ਪਾਈਪ ਹੀ ਮੁਹੱਈਆ ਕਰਵਾਈ ਗਈ ਹੈ, ਪੀਣ ਵਾਲੇ ਪਾਣੀ ਦੀ ਉਡੀਕ ਵਿੱਚ ਮੁਹੱਲੇ ਦੀਆਂ ਔਰਤਾਂ ਸਾਰੀ ਸਾਰੀ ਰਾਤ ਖੜੀਆਂ ਰਹਿੰਦੀਆਂ ਨੇ। ਮੁਹੱਲੇ ਵੱਲੋਂ ਸਬੰਧਤ ਮਹਿਕਮਿਆਂ ਨੂੰ ਵਾਰ ਵਾਰ ਬੇਨਤੀ ਕਰਨ 'ਤੇ ਵੀ ਕੋਈ ਹੱਲ ਨਹੀਂ ਹੋ ਰਿਹਾ।

ਪੰਜਾਬ ਦੀ ਮੌਜੂਦਾ ਸਰਕਾਰ ਨੂੰ ਬੇਨਤੀ ਹੈ ਕਿ ਜਲਦੀ ਇਨ੍ਹਾਂ ਮਸਲਿਆਂ ਦਾ ਹੱਲ ਕੀਤਾ ਜਾਵੇ, ਨਹੀਂ ਤਾਂ ਮੁਹੱਲਾ ਨਿਵਾਸੀ ਸੜਕਾਂ 'ਤੇ ਨਿੱਕਲਣ ਲਈ ਮਜਬੂਰ ਹੋਣਗੇ।

## ਕਾਤਰਾਂ

### ਜ਼ਿਲ੍ਹੇ ਦੇ ਨਾਗਰਿਕ ਡਿਜੀਟਲ ਇੰਡੀਆ ਨਾਲ ਜੁੜਨ : ਈ ਡੀ ਸੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ, ਇਲੈਕਟਰੌਨਿਕ ਤੇ ਇਨਫੌਰਮੇਸ਼ਨ ਤਕਨਾਲੋਜੀ ਮੰਤਰਾਲੇ, ਰਾਸ਼ਟਰੀ ਸੂਚਨਾ-ਵਿਗਿਆਨ ਕੇਂਦਰ ਵੱਲੋਂ ਪੂਰੇ ਭਾਰਤ ਵਿੱਚ ਡਿਜੀਟਲ ਇੰਡੀਆ ਹਫਤਾ ਮਨਾਇਆ ਜਾਵੇਗਾ। ਉਨ੍ਹਾ ਦੱਸਿਆ ਕਿ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਡਿਜੀਟਲ ਇੰਡੀਆ ਨਾਲ ਜੁੜਨ ਲਈ ਵੈੱਬ ਸਾਈਟ ਦੇ ਲਿੰਕ 'ਤੇ ਜਾ ਕੇ ਆਪਣੀ ਰਜਿਸਟਰੇਸ਼ਨ ਜ਼ਰੂਰ ਕਰਵਾਉਣੀ ਚਾਹੀਦੀ ਹੈ, ਤਾਂ ਜੋ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਰਕਾਰੀ ਸਕੀਮਾਂ ਬਾਰੇ ਉਨ੍ਹਾਂ ਨੂੰ ਜਾਣਕਾਰੀ ਮਿਲ ਸਕੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਕਿਹਾ ਕਿ ਡਿਜੀਟਲ ਇੰਡੀਆ ਨਾਲ ਜੁੜਨ ਲਈ ਆਪਣੀ ਰਜਿਸਟਰੇਸ਼ਨ ਜ਼ਰੂਰ ਕਰਵਾਉਣ। ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਸੂਚਨਾ ਅਫਸਰ, ਰਾਸ਼ਟਰੀ ਸੂਚਨਾ ਕੇਂਦਰ (ਐੱਨ.ਆਈ.ਸੀ.) ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਪਹਿਲੀ ਮੰਜ਼ਿਲ ਸ੍ਰੀ ਮੁਕਤਸਰ ਸਾਹਿਬ ਦੇ ਦਫਤਰ ਜਾ ਕੇ ਸੰਪਰਕ ਸਕਦੇ ਹਨ।

### ਸਿਵਲ ਸਰਜਨ ਨੇ 9 ਹਾਊਸ ਸਰਜਨਾਂ ਨੂੰ ਸੌਂਪੇ ਨਿਯੁਕਤੀ ਪੱਤਰ

**ਮਾਨਸਾ (ਆਤਮਾ ਸਿੰਘ ਪਮਾਰ)**-ਦਫਤਰ ਸਿਵਲ ਸਰਜਨ ਮਾਨਸਾ ਵਿਖੇ ਹਾਊਸ ਸਰਜਨਾਂ ਦੀ ਚੋਣ ਪ੍ਰਕਿਰਿਆ ਪੂਰੀ ਹੋਣ ਉਪਰੰਤ ਹਾਊਸ ਸਰਜਨਾਂ ਨੂੰ ਸਿਵਲ ਸਰਜਨ ਡਾ. ਅਸ਼ਵਨੀ ਕੁਮਾਰ ਵੱਲੋਂ ਨਿਯੁਕਤੀ ਪੱਤਰ ਸੌਂਪੇ ਗਏ। ਸਿਵਲ ਸਰਜਨ ਨੇ ਦੱਸਿਆ ਕਿ ਜ਼ਿਲ੍ਹੇ ਦੇ ਕੁੱਲ 46 ਉਮੀਦਵਾਰਾਂ ਵੱਲੋਂ ਇਸ ਅਸਾਮੀ ਲਈ ਅਪਲਾਈ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 21 ਉਮੀਦਵਾਰ ਨੇ ਕਾਊਂਸਲਿੰਗ ਵਿੱਚ ਭਾਗ ਲਿਆ। ਸਿਵਲ ਹਸਪਤਾਲ ਮਾਨਸਾ, ਐੱਸ.ਸੀ.ਐੱਚ. ਸਰਦੂਲਗੜ੍ਹ ਤੇ ਬੁਢਲਾਡਾ ਲਈ ਕੁੱਲ 9 ਹਾਊਸ ਸਰਜਨਾਂ ਦੀ ਸੂਚੀ ਸਰਕਾਰ ਦੇ ਨਿਯਮਾਂ ਤਹਿਤ ਮੈਰਿਟ-ਕਮ-ਰੋਸਟਰ ਦੇ ਅਧਾਰ 'ਤੇ ਬਣਾਈ ਗਈ ਕਮੇਟੀ ਦੀ ਦੇਖ ਰੇਖ ਹੇਠ ਜਾਰੀ ਕੀਤੀ ਗਈ। ਸਿਵਲ ਸਰਜਨ ਨੇ ਦੱਸਿਆ ਕਿ ਇਨ੍ਹਾਂ ਹਾਊਸ ਸਰਜਨਾਂ ਦੀ ਭਰਤੀ ਦਾ ਮੁੱਖ ਮੰਤਵ ਐਮਰਜੈਂਸੀ ਸੇਵਾਵਾਂ ਤੇ ਹੋਰ ਸਿਹਤ ਸੇਵਾਵਾਂ ਨੂੰ ਬਿਹਤਰ ਕਰਨਾ ਹੈ, ਤਾਂ ਜੋ ਇਨ੍ਹਾਂ ਸਿਹਤ ਸੰਸਥਾਵਾਂ ਵਿਖੇ ਆਉਣ ਵਾਲੇ ਕਿਸੇ ਵੀ ਮਰੀਜ਼ ਨੂੰ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਵਿਜੈ ਕੁਮਾਰ, ਉਪ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਦਰਸ਼ਨ ਸਿੰਘ, ਸ੍ਰੀਮਤੀ ਗੀਤਾ, ਸੰਦੀਪ, ਸ਼ੇਖਰ, ਮੌਜੂਦ ਸਨ।

### ਨੈਸ਼ਨਲ ਕੰਜ਼ਿਊਮਰ ਅਵੇਅਰਨੈੱਸ ਗਰੁੱਪ ਦੀ ਮੀਟਿੰਗ ਅੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ)**-ਨੈਸ਼ਨਲ ਕੰਜ਼ਿਊਮਰ ਅਵੇਅਰਨੈੱਸ ਗਰੁੱਪ (ਰਜਿ.) ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ 7 ਜੁਲਾਈ ਨੂੰ ਬਾਅਦ ਦੁਪਹਿਰ 3 ਵਜੇ ਸਥਾਨਕ ਸਿਟੀ ਹੋਟਲ ਪੈਲੇਸ ਵਿਖੇ ਜ਼ਿਲ੍ਹਾ ਪ੍ਰਧਾਨ ਸ਼ਾਮ ਲਾਲ ਗੋਇਲ ਦੀ ਪ੍ਰਧਾਨਗੀ ਹੇਠ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗਰੁੱਪ ਦੇ ਜਨਰਲ ਸਕੱਤਰ ਗੋਬਿੰਦ ਸਿੰਘ ਦਾਬੜਾ ਨੇ ਸਾਰੇ ਗਰੁੱਪ ਦੇ ਮੈਂਬਰਾਂ ਨੂੰ ਸਮੇਂ ਸਿਰ ਮੀਟਿੰਗ ਵਿੱਚ ਹਾਜ਼ਰ ਹੋਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਸ਼ਹਿਰ ਵਿੱਚ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਨਵੀਂ ਰਣਨੀਤੀ ਬਣਾਉਣ ਲਈ ਵਿਚਾਰ ਵਟਾਂਦਰਾ ਕੀਤਾ ਜਾਵੇਗਾ।

### ਗੌਰਮਿੰਟ ਪੈਨਸ਼ਨਰਜ਼ ਐਸੋ. ਦੀ ਮੀਟਿੰਗ ਭਲਕੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ 8 ਜੁਲਾਈ ਨੂੰ ਸਵੇਰੇ 9:00 ਵਜੇ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਹੋਵੇਗੀ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੀਆਂ ਪੈਨਸ਼ਨਰਜ਼ ਜਥੇਬੰਦੀਆਂ ਦੇ ਆਗੂ ਤੇ ਸੇਵਾ ਮੁਕਤ ਕਰਮਚਾਰੀ ਤੇ ਫੈਮਲੀ ਪੈਨਸ਼ਨਰ ਭਾਗ ਲੈਣਗੇ। ਇਸ ਮੀਟਿੰਗ 'ਚ ਸੇਵਾ ਮੁਕਤ ਕਰਮਚਾਰੀਆਂ ਦੀਆਂ ਅਹਿਮ ਮੰਗਾਂ ਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਮੰਗਾਂ ਸਬੰਧੀ ਅਪਣਾਈ ਜਾ ਰਹੀ ਟਾਲ ਮਟੋਲ ਦੀ ਨੀਤੀ ਬਾਰੇ ਖੁੱਲ੍ਹ ਕੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਮੀਟਿੰਗ ਦੀ ਪ੍ਰਧਾਨਗੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਤੇ ਉੱਘੇ ਟ੍ਰੇਡ ਯੂਨੀਅਨ ਆਗੂ ਕਰਮਜੀਤ ਸ਼ਰਮਾ ਕਰਨਗੇ। ਪ੍ਰਧਾਨ ਕਰਮਜੀਤ ਸ਼ਰਮਾ ਨੇ ਵੱਖ-ਵੱਖ ਵਿਭਾਗਾਂ ਦੇ ਸੇਵਾ ਮੁਕਤ ਕਰਮਚਾਰੀਆਂ ਤੇ ਫੈਮਲੀ ਪੈਨਸ਼ਨਰਾਂ ਨੂੰ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ ਦਾ ਸੱਦਾ ਦਿੱਤਾ ਹੈ।

# ਬੀ ਕੇ ਯੂ ਏਕਤਾ ਡਕੌਂਦਾ ਐੱਮ ਐੱਸ ਪੀ ਦੇ ਮੁੱਦੇ 'ਤੇ ਕੇਂਦਰ ਤੇ ਸੂਬਾ ਸਰਕਾਰਾਂ ਦੇ ਫੂਕੇਗੀ ਪੁਤਲੇ

## ਬਾਨੀ ਪ੍ਰਧਾਨ ਬਲਕਾਰ ਸਿੰਘ ਡਕੌਂਦਾ ਦੀ ਬਰਸੀ 13 ਨੂੰ ਭੁੱਚੋ ਮੰਡੀ 'ਚ ਮਨਾਉਣ ਦਾ ਫੈਸਲਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਆਪਣੀ ਜ਼ਿਲ੍ਹਾ ਮੀਟਿੰਗ ਕਰਕੇ ਕਈ ਕਿਸਾਨੀ ਮੁੱਦਿਆਂ 'ਤੇ ਅਹਿਮ ਚਰਚਾ ਕੀਤੀ ਹੈ। ਚਰਚਾ ਉਪਰੰਤ ਜਥੇਬੰਦੀ ਨੇ ਫੈਸਲਾ ਕੀਤਾ ਹੈ ਕਿ ਮੂੰਗੀ ਤੇ ਮੱਕੀ ਦੀ ਫਸਲ ਦੀ ਐੱਮ. ਐੱਸ. ਪੀ. ਲੈਣ ਦੀ ਮੰਗ 'ਤੇ ਜ਼ੋਰ ਦੇਣ ਲਈ ਜਥੇਬੰਦੀ ਵੱਲੋਂ ਜ਼ਿਲ੍ਹੇ ਅੰਦਰ ਪਿੰਡਾਂ ਵਿੱਚ ਕੇਂਦਰ ਤੇ ਸੂਬਾ ਸਰਕਾਰਾਂ ਦੇ ਪੁਤਲੇ ਫੂਕੇ ਜਾਣਗੇ ਅਤੇ ਜਥੇਬੰਦੀ ਦੇ ਬਾਨੀ ਪ੍ਰਧਾਨ ਬਲਕਾਰ ਸਿੰਘ ਡਕੌਂਦਾ ਦੀ ਬਰਸੀ ਵੀ 13 ਜੁਲਾਈ ਨੂੰ ਭੁੱਚੋ ਮੰਡੀ ਵਿਖੇ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ।

ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਫੌਜੀ ਜੇਠੂਕੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਸਿੰਘ ਕੋਟਲੀ ਨੇ ਮੀਟਿੰਗ ਦੀ ਇਹ ਕਾਰਵਾਈ ਜਾਰੀ ਕਰਦਿਆਂ ਅੱਗੇ ਦੱਸਿਆ ਕਿ ਮੀਟਿੰਗ ਵਿੱਚ ਮੂੰਗੀ ਤੇ ਮੱਕੀ ਦੀ ਫਸਲ ਦੀ ਜੋ ਬੇਕਦਰੀ ਹੋ ਰਹੀ, ਉਸ ਸਬੰਧੀ 6 ਜੁਲਾਈ ਨੂੰ ਮੁੱਖ ਮੰਤਰੀ ਪੰਜਾਬ ਸਮੇਤ ਮੋਦੀ ਸਰਕਾਰ ਦੇ ਪੁਤਲੇ ਪਿੰਡ ਪੱਧਰ 'ਤੇ ਫੂਕਣ ਦਾ ਫੈਸਲਾ ਕੀਤਾ ਗਿਆ ਹੈ ਅਤੇ ਮੰਗ ਕੀਤੀ ਗਈ ਹੈ ਕਿ ਵਾਅਦੇ ਮੁਤਾਬਕ ਦੋਵਾਂ ਫਸਲਾਂ 'ਤੇ ਐੱਮ ਐੱਸ ਪੀ ਦਿੱਤੀ ਜਾਵੇ। ਮੀਟਿੰਗ 'ਚ ਮਾਨਸਾ ਜ਼ਿਲ੍ਹੇ ਨਾਲ ਸਬੰਧਤ ਪਿੰਡ ਕੁੱਲਰੀਆਂ ਦੇ ਅਬਾਦਕਾਰ ਕਿਸਾਨਾਂ ਦਾ ਮਸਲਾ ਵੀ ਵਿਚਾਰਿਆ ਤੇ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਮਸਲਾ ਹੱਲ ਨਾ ਕੀਤਾ ਤਾਂ ਸਬੰਧਤ ਕਿਸਾਨ ਪਰਿਵਾਰਾਂ ਦੀ ਮਦਦ ਕੀਤੀ ਜਾਵੇਗੀ। ਇਹ ਵੀ ਕਿ 13 ਜੁਲਾਈ ਨੂੰ ਜਥੇਬੰਦੀ ਦੇ ਬਾਨੀ ਪ੍ਰਧਾਨ ਸਵਰਗੀ ਬਲਕਾਰ ਸਿੰਘ ਡਕੌਂਦਾ ਦੀ 13ਵੀਂ ਬਰਸੀ ਭੁੱਚੋ ਵਿੱਚ ਮਨਾਈ ਜਾਵੇਗੀ ਤੇ ਉਨ੍ਹਾਂ ਦੀ ਵਿਚਾਰਧਾਰਾ 'ਤੇ ਚੱਲਣ ਦਾ ਪ੍ਰਣ ਕੀਤਾ ਜਾਵੇਗਾ।

ਮੀਟਿੰਗ ਵਿੱਚ ਬਰਨਾਲਾ ਦੇ ਇੱਕ ਜੇ ਈ ਵੱਲੋਂ ਜਥੇਬੰਦੀ ਦੇ ਆਗੂ ਵਾਹਿਗੁਰੂ ਸਿੰਘ ਉਰਫ ਅਰੁਣ ਕੁਮਾਰ 'ਤੇ ਜੋ ਹਮਲਾ ਕੀਤਾ ਗਿਆ ਹੈ, ਉਸ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਇਹ ਵੀ ਐਲਾਨ ਕੀਤਾ ਕਿ ਗੁੰਡਾਗਰਦੀ ਕਰਨ ਵਾਲੇ ਅਨਸਰਾਂ ਨੂੰ ਸਬਕ ਸਿਖਾਉਣ ਲਈ ਜੋ ਵੀ ਸੰਘਰਸ਼ ਬਰਨਾਲਾ ਵਿਖੇ ਜਥੇਬੰਦੀ ਵੱਲੋਂ ਵਿੱਢਿਆ ਜਾਵੇਗਾ, ਉਸ 'ਚ ਬਠਿੰਡਾ ਜ਼ਿਲ੍ਹੇ 'ਚੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਵਿੱਚ ਜ਼ਿਲ੍ਹਾ ਬਠਿੰਡਾ ਨਾਲ ਸਬੰਧਤ ਇਕਾਈਆਂ ਦੇ ਮਾਮਲੇ ਵੀ ਵਿਚਾਰੇ ਗਏ। ਨਾਦਰਸ਼ਾਹੀ ਫੁਰਮਾਨ ਜਾਰੀ ਕਰਕੇ ਨਗਰ ਕੌਂਸਲ ਰਾਮਪੁਰਾ ਫੂਲ ਦੇ 13 ਫਾਇਰ ਬ੍ਰਿਗੇਡ ਮੁਲਾਜ਼ਮਾਂ ਨੂੰ ਨੌਕਰੀ ਤੋਂ ਕੱਢਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਤੇ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਹਰ ਸੰਘਰਸ਼ ਦੀ ਡੱਟਵੀਂ ਹਮਾਇਤ ਦਾ ਫੈਸਲਾ ਵੀ ਹੋਇਆ। ਮੀਟਿੰਗ ਨੇ ਮੁਲਾਜ਼ਮਾਂ ਨੂੰ ਤੁਰੰਤ ਬਹਾਲ ਕਰਨ ਦੀ ਮੰਗ ਕੀਤੀ।

ਇਸ ਮੀਟਿੰਗ ਵਿੱਚ ਨਥਾਣਾ ਬਲਾਕ ਦੇ ਜਨਰਲ ਸਕੱਤਰ ਜਗਦੇਵ ਸਿੰਘ ਲਹਿਰਾ ਮੁਹੱਬਤ, ਗੁਰਤੇਜ ਸਿੰਘ ਸੇਮਾਂ, ਰਾਮਪੁਰਾ ਬਲਾਕ ਦੇ ਪ੍ਰਧਾਨ ਮਹਿੰਦਰ ਸਿੰਘ ਬਾਲਿਆਂਵਾਲੀ, ਜਨਰਲ ਸਕੱਤਰ ਸੁਖਜਿੰਦਰ ਸਿੰਘ ਰਾਮਪੁਰਾ, ਸੰਗਤ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਹਰਮੇਲ ਸਿੰਘ ਚੱਕ ਹੀਰਾ ਸਿੰਘ ਵਾਲਾ, ਜਨਰਲ ਸਕੱਤਰ ਯਾਦਵਿੰਦਰ ਸਿੰਘ ਫੂੱਲੋ ਮਿੱਠੀ, ਬਠਿੰਡਾ ਬਲਾਕ ਦੇ ਜਲੌਰ ਸਿੰਘ ਨਰੂਆਣਾ ਆਦਿ ਆਗੂ ਹਾਜ਼ਰ ਸਨ।

# ਸਵਾਮੀ ਵਿਵੇਕਾਨੰਦ ਕਾਲਜ ਦੇ ਕੈਡਿਟਸ ਨੇ ਐੱਨ ਸੀ ਸੀ ਕੈਂਪ 'ਚ ਮੈਡਲ ਜਿੱਤੇ




**ਰਾਜਪੁਰਾ (ਰਮੇਸ਼ ਕਟਾਰੀਆ)**

ਪੰਜਾਬ ਬੀ. ਐੱਨ. ਐੱਨ.ਸੀ.ਸੀ. ਪਟਿਆਲਾ ਵੱਲੋਂ ਸਾਲਾਨਾ ਟ੍ਰੇਨਿੰਗ ਕੈਂਪ 13 ਜੂਨ ਤੋਂ 22 ਜੂਨ 2023 ਚਿਤਕਾਰਾ ਯੂਨੀਵਰਸਿਟੀ ਰਾਜਪੁਰਾ ਵਿਖੇ ਕਰਵਾਇਆ ਗਿਆ। ਕਾਲਜ ਦੇ ਚੇਅਰਮੈਨ ਸ੍ਰੀ ਅਸ਼ਵਨੀ ਗਰਗ ਤੇ ਪ੍ਰੈਜ਼ੀਡੈਂਟ ਸ੍ਰੀ ਅਸ਼ੋਕ ਗਰਗ ਦੀ ਅਗਵਾਈ ਤੇ ਐੱਨ. ਸੀ. ਸੀ. ਵਿਭਾਗ ਦੇ ਮੁਖੀ ਲੈਫਟੀਨੈਂਟ ਸ੍ਰੀ ਕੁਲਦੀਪ ਸਿੰਘ ਬਰਾੜ ਦੀ ਨਿਗਰਾਨੀ ਹੇਠ ਸਵਾਮੀ ਵਿਵੇਕਾਨੰਦ ਕਾਲਜ ਦੇ ਐੱਨ.ਸੀ.ਸੀ. ਆਰਮੀ ਵਿੰਗ ਦੇ 15 ਕੈਡਿਟਾਂ ਨੇ ਇਸ ਕੈਂਪ ਵਿੱਚ ਭਾਗ ਲਿਆ, ਜਿਸ ਵਿੱਚ ਇਨ੍ਹਾਂ ਕੈਡਿਟਾਂ ਨੇ ਟੈਂਟ ਪਿਚਿੰਗ ਮੁਕਾਬਲੇ, ਫਾਇਰਿੰਗ ਮੁਕਾਬਲੇ, ਵੱਖ-ਵੱਖ ਖੇਡ ਮੁਕਾਬਲੇ ਤੇ ਸੱਭਿਆਚਾਰਕ ਮੁਕਾਬਲਿਆਂ ਵਿੱਚ ਹਿੱਸਾ ਲਿਆ ਅਤੇ ਗੋਲਡ ਤੇ ਸਿਲਵਰ ਮੈਡਲ ਜਿੱਤੇ।

ਕੈਡਿਟ ਅਭਿਨਵ ਕੁਮਾਰ ਨੇ ਟੱਗ ਆਫ ਵਾਰ ਵਿੱਚ ਸਿਲਵਰ ਮੈਡਲ ਜਿੱਤਿਆ। ਕੈਡਿਟ ਅਮਨ ਕੁਮਾਰ ਨੇ ਫਾਇਰਿੰਗ ਮੁਕਾਬਲੇ 'ਚ ਗੋਲਡ ਮੈਡਲ ਜਿੱਤਿਆ।

# ਸ੍ਰੀ ਖਾਟੂ ਸ਼ਿਆਮ ਪੈਦਲ ਯਾਤਰਾ ਦਾ ਤਪਾ ਪੁੱਜਣ 'ਤੇ ਸਵਾਗਤ



**ਤਪਾ ਮੰਡੀ (ਅਰੁਣ ਗੋਇਲ)**

ਸ੍ਰੀ ਖਾਟੂ ਸ਼ਾਮ ਜੀ ਸ੍ਰੀ ਸਾਲਾਸਰ ਧਾਮ ਜੀ ਦੇ ਦਰਸ਼ਨਾਂ ਲਈ ਸ੍ਰੀ ਬਾਲਾ ਜੀ ਦਾ ਰਥ, ਜਿਸ ਨੂੰ ਫੁੱਲਾਂ ਨਾਲ ਸਜਾਇਆ ਹੋਇਆ ਸੀ ਦਾ ਬਰਨਾਲਾ-ਬਠਿੰਡਾ ਮੁੱਖ ਮਾਰਗ 'ਤੇ ਸਥਿਤ ਮਹਿਤਾ ਚੌਂਕ ਨਜ਼ਦੀਕ ਪੁੱਜਣ 'ਤੇ ਸ਼ਨੀਦੇਵ ਮੰਦਿਰ ਤਪਾ ਕਮੇਟੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ। ਇਸ ਮੌਕੇ ਹਾਜ਼ਰ ਸੰਜੇ ਮਿੱਤਲ ਨੇ ਦੱਸਿਆ ਕਿ ਇਹ ਯਾਤਰਾ ਆਪਸੀ ਭਾਈਚਾਰਕ ਸਾਂਝ, ਅਮਨ ਸ਼ਾਂਤੀ, ਧਰਮ ਦਾ ਪ੍ਰਚਾਰ ਤੇ ਸੰਦੇਸ਼ ਦੇਣ ਲਈ ਸ੍ਰੀ ਸ਼ਿਆਮ ਭਗਤ ਮੰਡਲ ਰੋਬਟਸ ਗੰਜ (ਯੂ ਪੀ) ਦੀ ਅਗਵਾਈ 'ਚ 7 ਜੂਨ ਨੂੰ ਲਾਲ ਚੌਂਕ ਕਸ਼ਮੀਰ ਤੋਂ ਸ਼ੁਰੂ ਹੋਈ ਯਾਤਰਾ, ਜੋ ਵੱਖ-ਵੱਖ ਸ਼ਹਿਰਾਂ ਵਿੱਚੋਂ ਦੀ ਹੁੰਦੀ ਹੋਈ 51 ਦਿਨਾਂ 'ਚ 1100 ਕਿਲੋਮੀਟਰ ਦਾ ਰਾਸਤਾ ਤੈਅ ਕਰਕੇ ਸ੍ਰੀ ਖਾਟੂ ਸ਼ਿਆਮ ਰਾਜਸਥਾਨ ਪੁੱਜੇਗੀ। ਇਸ ਤੋਂ ਪਹਿਲਾਂ 2018-19 'ਚ 71 ਦਿਨਾਂ ਦੀ ਯਾਤਰਾ ਕਲਕੱਤਾ ਤੋਂ ਸ੍ਰੀ ਖਾਟੂ ਸ਼ਿਆਮ ਦੀ ਕਰ ਚੁੱਕੇ ਹਾਂ ਤੇ ਭਵਿੱਖ 'ਚ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਯਾਤਰੀਆਂ ਦੇ ਖਾਣ-ਪੀਣ ਤੇ ਰਹਿਣ-ਸਹਿਣ ਦਾ ਸਾਰਾ ਪ੍ਰਬੰਧ ਮੋਬਾਇਲ ਬੱਸ 'ਚ ਹੀ ਕੀਤਾ ਹੋਇਆ ਹੈ।

ਉਨ੍ਹਾਂ ਦੱਸਿਆ ਕਿ ਇਸ ਯਾਤਰਾ 'ਚ ਮੁੱਖ ਤੌਰ 'ਤੇ ਪੁਨੀਤ ਜੈਨ ਸਮੇਤ 65 ਦੇ ਕਰੀਬ ਯਾਤਰੀਆਂ ਦਾ ਕਾਫਿਲਾ ਇਸ ਪੈਦਲ ਯਾਤਰਾ 'ਚ ਭਾਗ ਲੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ ਵੱਖ-ਵੱਖ ਥਾਵਾਂ 'ਤੇ ਪੁੱਜੀ ਯਾਤਰਾ ਦਾ ਭਗਤਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਹੈ, ਉਥੇ ਯਾਤਰੀਆਂ ਦੇ ਖਾਣ-ਪੀਣ ਦੀ ਵਿਵਸਥਾ ਦਾ ਵੀ ਪੂਰਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਹਰੀਸ਼ ਕੁਮਾਰ ਗੋਸ਼ਾ, ਪ੍ਰਦੀਪ ਕੁਮਾਰ, ਕਰਨ ਮਿੱਤਲ, ਭੁਪਿੰਦਰ ਹਸੀਜਾ, ਰਾਜਿੰਦਰ ਬਾਂਸਲ, ਰਾਜੀਵ ਗੋਲਾ, ਧਿਰੀ ਬਹਾਵਲਪੁਰੀਆਂ, ਕਿਰਤੀ ਬਿੰਨੀ ਸ਼ਰਮਾ, ਮਾਧਵ ਮਿੱਤਲ, ਖੇਮਕਰਨ, ਮਾਸਟਰ ਬੂਟਾ ਜੀ, ਪਵਨ ਕੁਮਾਰ ਬਤਾਰਾ, ਬਲਰਾਮ ਉਗੋਕੇ ਆਦਿ ਤੋਂ ਇਲਾਵਾ ਰਾਮਪੁਰਾ ਤੋਂ ਵੀ ਵੱਡੀ ਗਿਣਤੀ 'ਚ ਸ਼ਰਧਾਲੂ ਪੁੱਜੇ ਹੋਏ ਸਨ।

# ਡੀ ਟੀ ਐੱਫ ਵੱਲੋਂ ਡੀ ਈ ਓ ਐਲੀਮੈਂਟਰੀ ਸੰਗਰੂਰ ਵਿਰੁੱਧ ਸੰਘਰਸ਼ ਦਾ ਐਲਾਨ



**ਲੌਂਗੋਵਾਲ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੀ ਜ਼ਿਲ੍ਹਾ ਸੰਗਰੂਰ ਇਕਾਈ ਦੀ ਮੀਟਿੰਗ ਹੋਈ। ਇਸ ਬਾਰੇ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਨੇ ਕਿਹਾ ਕਿ ਇਸ ਮੀਟਿੰਗ ਵਿੱਚ ਜਥੇਬੰਦੀ ਵੱਲੋਂ ਪਿਛਲੇ ਕੁਝ ਸਮੇਂ ਵਿੱਚ ਲੜੇ ਗਏ ਸੰਘਰਸ਼ਾਂ ਦੀ ਵਿਸਥਾਰ 'ਚ ਸਮੀਖਿਆ ਕਰਦੇ ਹੋਏ ਸਾਰੇ ਪਹਿਲੂਆਂ 'ਤੇ ਵਿਸਥਾਰ ਵਿੱਚ ਚਰਚਾ ਕਰਕੇ ਭਵਿੱਖ ਵਿੱਚ ਸੁਧਾਰ ਦੇ ਖੇਤਰਾਂ ਦੀ ਨਿਸ਼ਾਨਦੇਹੀ ਕੀਤੀ ਗਈ। ਜਥੇਬੰਦੀ ਦੀ ਮਜ਼ਬੂਤੀ ਲਈ ਬਲਾਕ ਪੱਧਰੀ ਸਰਗਰਮੀਆਂ ਤੇ ਮੀਟਿੰਗਾਂ ਵੱਲ ਵਿਸ਼ੇਸ਼ ਧਿਆਨ ਦੇਣ ਦੀ ਗੱਲ 'ਤੇ ਵਿਚਾਰ ਕੀਤਾ ਗਿਆ। ਇਸ ਤੋਂ ਇਲਾਵਾ ਡੀ.ਈ.ਓ. ਐਲੀਮੈਂਟਰੀ ਸੰਗਰੂਰ ਖਿਲਾਫ ਚੱਲ ਰਹੇ ਮੌਜੂਦਾ ਸੰਘਰਸ਼ ਵਿੱਚ ਅਗਲੇ ਐਕਸ਼ਨਾਂ ਦੀ ਰੂਪ-ਰੇਖਾ ਉਲੀਕਦੇ ਹੋਏ ਡੀ.ਈ.ਓ. ਵੱਲੋਂ ਜਥੇਬੰਦੀ ਤੇ ਅਧਿਆਪਕ ਵਿਰੋਧੀ ਕਰਵਾਈਆਂ ਕਰਨ, ਜਥੇਬੰਦੀ ਦਾ ਅਕਸ ਖਰਾਬ ਕਰਨ ਤੇ ਅਧਿਆਪਕਾਂ ਨਾਲ ਮਾੜਾ ਵਿਹਾਰ ਕਰਨ ਵਾਲੇ ਬਲਾਕ ਚੀਮਾ ਦੇ ਬਲਾਕ ਅਫਸਰ ਨੂੰ ਅਜਿਹਾ ਕਰਨ ਤੋਂ ਰੋਕਣ ਦੀ ਬਜਾਏ ਉਸ ਨੂੰ ਸ਼ਹਿ ਦੇਣ ਖਿਲਾਫ 17 ਜੁਲਾਈ ਤੋਂ 21 ਜੁਲਾਈ ਤੱਕ ਬਲਾਕ ਪੱਧਰ 'ਤੇ ਡੀ.ਈ.ਓ. ਦੀਆਂ ਅਰਥੀਆਂ ਫੂਕਣ ਤੇ ਅਗਸਤ ਦੇ ਪਹਿਲੇ ਹਫਤੇ ਡੀ.ਈ.ਓ. ਦੇ ਦਫਤਰ ਅੱਗੇ ਵਿਸ਼ਾਲ ਧਰਨਾ ਦੇਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਕੱਚੇ ਅਧਿਆਪਕਾਂ ਦੇ ਸੰਗਰੂਰ 'ਚ ਚੱਲ ਰਹੇ ਸੰਘਰਸ਼ ਦੀ ਪੂਰਨ ਹਮਾਇਤ ਕਰਨ ਤੇ ਇਸ ਵਿੱਚ ਵਧ-ਚੜ੍ਹ ਕੇ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਤੋਂ ਇਲਾਵਾ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ, ਜ਼ਿਲ੍ਹਾ ਸਕੱਤਰ ਹਰਭਗਵਾਨ ਗੁਰਨੇ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ, ਮੀਤ ਪ੍ਰਧਾਨ ਪਰਵਿੰਦਰ ਉੱਭਾਵਾਲ, ਵਿੱਤ ਸਕੱਤਰ ਯਾਦਵਿੰਦਰ ਪਾਲ, ਪ੍ਰੈੱਸ ਸਕੱਤਰ ਜਸਬੀਰ ਨਮੋਲ ਤੇ ਜ਼ਿਲ੍ਹਾ ਕਮੇਟੀ ਮੈਂਬਰ ਗਗਨਦੀਪ ਧੂਰੀ, ਮਹਿੰਦਰ ਪ੍ਰਤਾਪ, ਸਹਿਦੇਵ ਚੱਠਾ, ਗੁਰਪ੍ਰੀਤ ਪਿਸ਼ੌਰ, ਗੁਰਮੀਤ ਸੇਖੂਵਾਸ ਤੇ ਬਲਾਕਾਂ ਦੇ ਆਗੂ ਚੰਦਰ ਸ਼ੇਖਰ, ਅੰਮ੍ਰਿਤਪਾਲ ਸਿੰਘ ਤੇ ਕੁਲਜੀਤ ਸਿੰਘ ਈਸਾਪੁਰ ਸ਼ਾਮਲ ਹੋਏ।

# ਮੁੱਖ ਮੰਤਰੀ ਦੇ ਯੂ ਸੀ ਸੀ ਬਾਰੇ ਬਿਆਨ ਦਾ ਅਸੀਂ ਸਵਾਗਤ ਕਰਦੇ ਹਾਂ : ਮਾਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-"ਬੇਸ਼ੱਕ ਘੱਟ ਗਿਣਤੀ ਕੌਮਾਂ, ਧਰਮਾਂ, ਫਿਰਕਿਆਂ, ਕਬੀਲਿਆਂ ਦੀ ਆਜ਼ਾਦੀ, ਅਣਖ-ਗੈਰਤ ਨੂੰ ਖਤਮ ਕਰਨ ਤੇ ਉਨ੍ਹਾਂ ਦੇ ਹੱਕ-ਹਕੂਕਾਂ ਨੂੰ ਕੁਚਲਣ ਵਾਲੇ ਸ੍ਰੀ ਮੋਦੀ ਹਕੂਮਤ ਵੱਲੋਂ ਲਿਆਂਦੇ ਜਾ ਰਹੇ ਯੂਨੀਵਰਸਲ ਸਿਵਲ ਕੋਡ ਦਾ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਕੇਜਰੀਵਾਲ ਨੇ ਬੀਜੇਪੀ-ਆਰ.ਐੱਸ.ਐੱਸ. ਦੀ ਬੀ-ਟੀਮ ਦਾ ਫਰਜ਼ ਨਿਭਾਉਂਦੇ ਹੋਏ ਇਸ ਮਨੁੱਖਤਾ ਮਾਰੂ ਕਾਨੂੰਨ ਦੇ ਹੱਕ 'ਚ ਜ਼ੋਰਦਾਰ ਬਿਆਨਬਾਜ਼ੀ ਕੀਤੀ ਹੈ, ਪਰ ਪੰਜਾਬ ਦੇ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਨੇ ਘੱਟ ਗਿਣਤੀ ਕੌਮਾਂ, ਫਿਰਕਿਆਂ ਵਿਸ਼ੇਸ਼ ਤੌਰ 'ਤੇ ਸਿੱਖ ਤੇ ਮੁਸਲਿਮ ਕੌਮ ਦੇ ਉੱਠ ਰਹੇ ਇਸ ਬਿੱਲ ਵਿਰੁੱਧ ਵਿਰੋਧ ਦੀ ਨਬਜ਼ ਨੂੰ ਪਹਿਚਾਨਦੇ ਹੋਏ ਇਹ ਕਹਿ ਕੇ ਕਿ ਜਿੱਥੇ ਇੰਡੀਆ ਵਿੱਚ ਵੱਖ-ਵੱਖ ਫੁੱਲਾਂ ਦੀ ਖੁਸ਼ਬੋ ਆ ਰਹੀ ਹੈ ਤੇ ਬਹੁਤ ਹਰਮਨ ਪਿਆਰਾ ਗੁਲਦਸਤਾ ਹੈ ਅਤੇ ਬੀਜੇਪੀ ਇੱਕੋ ਫੁੱਲ ਨੂੰ ਰੱਖਣਾ ਚਾਹੁੰਦੀ ਹੈ, ਅਜਿਹਾ ਹਰਗਿਜ਼ ਨਹੀਂ ਹੋਣ ਦਿੱਤਾ ਜਾਵੇਗਾ ਤੇ ਇਸ ਕਾਨੂੰਨ ਨੂੰ ਬਿਲਕੁਲ ਪ੍ਰਵਾਨ ਨਹੀਂ ਕੀਤਾ ਜਾਵੇਗਾ, ਕਹਿ ਕੇ ਵੱਖਰਾ ਤੇ ਘੱਟ ਗਿਣਤੀ ਕੌਮਾਂ ਪੱਖੀ ਸਟੈਂਡ ਲਿਆ ਹੈ, ਜਿਸ ਦਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਵਾਗਤ ਕਰਦਾ ਹੈ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐੱਮ ਪੀ ਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਯੂਨੀਵਰਸਲ ਸਿਵਲ ਕੋਡ 'ਤੇ ਆਪਣੀ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਕੇਜਰੀਵਾਲ ਤੋਂ ਵੱਖਰਾ ਸਟੈਂਡ ਲੈਂਦੇ ਹੋਏ ਤੇ ਇਸ ਮਨੁੱਖਤਾ ਮਾਰੂ ਕਾਨੂੰਨ ਨੂੰ ਰੱਦ ਕਰਨ ਦੀ ਗੱਲ ਕਰਦੇ ਹੋਏ, ਜੋ ਪ੍ਰਗਟ ਕੀਤੇ ਹਨ, ਉਸ ਦਾ ਸਵਾਗਤ ਕਰਦੇ ਹੋਏ ਜ਼ਾਹਰ ਕੀਤੇ। ਉਨ੍ਹਾਂ ਕਿਹਾ ਕਿ ਜਿਵੇਂ 1933 ਵਿੱਚ ਜਰਮਨ ਦੀ ਸਿਆਸਤ ਉਤੇ ਹਿਟਲਰ ਨੇ ਕਬਜ਼ਾ ਕਰ ਲਿਆ ਸੀ। ਫਿਰ ਉਸ ਦੀ ਨਾਜ਼ੀ ਪਾਰਟੀ ਨੇ ਨਿਊਰਮਬਰਗ ਕਾਨੂੰਨ ਬਣਾ ਦਿੱਤਾ ਸੀ, ਜਿਹੜੇ ਕਿ ਫਿਰਕਾਪ੍ਰਸਤ ਸੋਚ ਅਧੀਨ ਕਬੀਲਿਆਂ ਤੇ ਘੱਟ ਗਿਣਤੀਆਂ ਦੇ 60 ਲੱਖ ਯਹੂਦੀਆਂ ਤੇ ਨਿਵਾਸੀਆਂ ਨੂੰ ਗੈਸ ਚੈਂਬਰਾਂ ਵਿੱਚ ਪਾ ਕੇ ਸਾੜ ਦਿੱਤੇ ਸਨ। ਉਸੇ ਤਰ੍ਹਾਂ ਦੀ ਪਾਲਸੀ ਸ੍ਰੀ ਮੋਦੀ ਦੀ ਬੀਜੇਪੀ-ਆਰ.ਐੱਸ.ਐੱਸ. ਹਕੂਮਤ ਕਰ ਰਹੀ ਹੈ। ਇਸੇ ਤਰ੍ਹਾਂ ਜੋ 05 ਅਗਸਤ 2019 ਨੂੰ ਇਨ੍ਹਾਂ ਕੱਟੜਵਾਦੀਆਂ ਨੇ ਕਸ਼ਮੀਰੀਆਂ ਨੂੰ ਖੁਦ-ਮੁਖਤਿਆਰੀ ਪ੍ਰਦਾਨ ਕਰਨ ਵਾਲੀ ਸੰਵਿਧਾਨ ਦੀ ਧਾਰਾ 370 ਤੇ ਆਰਟੀਕਲ 35ਏ ਨੂੰ ਖਤਮ ਕਰਕੇ ਉਨ੍ਹਾਂ ਦੇ ਸੰਵਿਧਾਨਕ ਹੱਕਾਂ ਤੇ ਆਜ਼ਾਦੀ ਨੂੰ ਕੁਚਲ ਦਿੱਤਾ ਸੀ। ਉਸ ਸਮੇਂ ਇਹ ਕਦੇ ਨਹੀਂ ਪੜ੍ਹਿਆ-ਸੁਣਿਆ ਗਿਆ ਕਿ ਕਸ਼ਮੀਰੀ ਖਾੜਕੂ ਫੜੇ ਗਏ ਜਾਂ ਉਨ੍ਹਾਂ ਨੇ ਆਤਮ ਸਮਰਪਣ ਕੀਤਾ, ਪਰ 5 ਅਗਸਤ 2019 ਤੋਂ ਬਾਅਦ ਕਸ਼ਮੀਰੀਆਂ ਨੂੰ ਫੜ ਕੇ ਗੈਰ-ਕਾਨੂੰਨੀ ਤਰੀਕੇ ਮਾਰ ਦਿੰਦੇ ਰਹੇ ਹਨ। ਸੁਪਰੀਮ ਕੋਰਟ ਦੀ ਇਹ ਸ਼ਕਤੀ ਤੇ ਹੱਕ ਹੈ ਕਿ ਹਰ ਤਰ੍ਹਾਂ ਦੀ ਆਜ਼ਾਦੀ ਦੀ ਉਹ ਰੱਖਿਆ ਕਰੇ, ਜਿਸ ਨੂੰ ਕਿ ਕੋਈ ਵੀ ਹੁਕਮਰਾਨ ਜਾਂ ਤਾਕਤ ਕੁਚਲ ਨਹੀਂ ਸਕਦੀ, ਪਰ 2019 ਤੋਂ ਬਾਅਦ ਜੋ ਕਸ਼ਮੀਰੀਆਂ ਦੇ ਮਨੁੱਖੀ, ਇਨਸਾਨੀ, ਸੰਵਿਧਾਨਕ ਤੇ ਕਾਨੂੰਨੀ ਹੱਕ ਕੁਚਲੇ ਗਏ ਹਨ, ਉਸ ਸੰਬੰਧੀ ਜੋ ਸੁਪਰੀਮ ਕੋਰਟ ਸੰਵਿਧਾਨ ਦੀ ਰੱਖਿਆਕਾਰ ਹੈ, ਉਹ ਇਸ ਗੰਭੀਰ ਵਿਸ਼ੇ ਉਤੇ ਚੁੱਪ ਕਿਉਂ ਹੈ? ਜਿਸ ਦਾ ਮਤਲਬ ਇਹ ਹੈ ਕਿ ਸੈਂਟਰ ਦੀ ਬੀਜੇਪੀ-ਆਰ.ਐੱਸ.ਐੱਸ. ਹਕੂਮਤ 'ਤੇ ਸੁਪਰੀਮ ਕੋਰਟ ਤੇ ਹਾਈ ਕੋਰਟ, ਜੋ ਐਕਸ਼ਨ ਲੈ ਸਕਦੀਆਂ ਹਨ, ਉਹ ਨਹੀਂ ਲਿਆ ਜਾ ਰਿਹਾ। ਇਸ ਕਰਕੇ ਹੀ ਅਮਰੀਕਾ ਦੇ ਸਾਬਕਾ ਪ੍ਰੈਜ਼ੀਡੈਂਟ ਬਰਾਕ ਓਬਾਮਾ ਦੀਆਂ ਮਨੁੱਖਤਾ ਪੱਖੀ ਨੀਤੀਆਂ ਸੰਬੰਧੀ, ਸ੍ਰੀ ਮੋਦੀ ਨੇ ਅਮਰੀਕਾ ਦੌਰੇ ਦੌਰਾਨ ਕਹੇ, ਪਰ ਪ੍ਰੈਜ਼ੀਡੈਂਟ ਬਾਈਡਨ ਨੇ ਆਪਣੇ ਪਹਿਲੇ ਪ੍ਰੈਜ਼ੀਡੈਂਟ ਸ੍ਰੀ ਓਬਾਮਾ ਦੀ ਗੱਲ ਨੂੰ ਦੁਹਰਾਉਂਦੇ ਹੋਏ ਕਿਹਾ ਕਿ ਇੰਡੀਆ ਦੀ ਧਾਰਮਿਕ ਆਜ਼ਾਦੀ ਤੇ ਮਨੁੱਖੀ ਹੱਕਾਂ ਨੂੰ ਹਿੰਦੂਤਵ ਹੁਕਮਰਾਨਾਂ ਨੇ ਤੋੜ ਦਿੱਤਾ ਹੈ, ਜਿਸ ਨਾਲ ਇੰਡੀਆ ਟੁੱਟ ਜਾਵੇਗਾ।

ਜ਼ਿਕਰਯੋਗ ਹੈ ਕਿ ਜਦੋਂ ਪ੍ਰੈਜ਼ੀਡੈਂਟ ਓਬਾਮਾ ਸਨ, ਤਾਂ ਉਸ ਸਮੇਂ ਜੋ ਬਾਈਡਨ ਅਮਰੀਕਾ ਦੇ ਵਾਈਸ ਪ੍ਰੈਜ਼ੀਡੈਂਟ ਦੇ ਅਹੁਦੇ ਉਤੇ ਬਿਰਾਜ਼ਮਾਨ ਸਨ, ਜਿਨ੍ਹਾਂ ਵੱਲੋਂ ਇੰਡੀਆ ਵਿੱਚ ਹੋ ਰਹੇ ਮਨੁੱਖੀ ਅਧਿਕਾਰਾਂ ਦੇ ਉਲੰਘਣ ਬਾਰੇ ਸਪੱਸ਼ਟ ਕਹਿਣਾ ਸੰਸਾਰ ਪੱਧਰ 'ਤੇ ਬਹੁਤ ਵੱਡਾ ਮਹੱਤਵ ਰੱਖਦਾ ਹੈ, ਜਿਸ ਨੂੰ ਸੰਸਾਰ ਦੀ ਕੋਈ ਵੀ ਤਾਕਤ ਜਾਂ ਕੌਮਾਂਤਰੀ ਕਾਨੂੰਨ ਵੱਲੋਂ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕੇਗਾ।

# ਮੋਗਾ ਨਗਰ ਨਿਗਮ 'ਚ ਵਿਧਾਇਕ ਲਾਡੀ ਢੋਸ ਚੰਗੇ ਰਣਨੀਤੀਕਾਰ ਤੇ ਸਿਆਸਤਦਾਨ ਸਾਬਿਤ ਹੋਏ : ਆਪ ਆਗੂ


ਪ੍ਰੈੱਸ ਨਾਲ ਗੱਲਬਾਤ ਦੌਰਾਨ ਆਪ ਆਗੂ।

**ਕੋਟ ਈਸੇ ਖਾਂ (ਅਰੋੜਾ)**-ਹਲਕਾ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਨਗਰ ਨਿਗਮ ਮੋਗਾ ਦੇ ਕਾਂਗਰਸੀ ਪ੍ਰਧਾਨ ਖਿਲਾਫ ਬੇਭਰੋਸਗੀ ਮਤਾ ਲਿਆਉਣ ਵਿੱਚ ਅਹਿਮ ਭੂਮਿਕਾ ਰਹੀ ਹੈ ਅਤੇ ਵਿਧਾਇਕ ਲਾਡੀ ਢੋਸ ਤੇ ਮੋਗਾ ਤੋਂ ਵਿਧਾਇਕ ਅਮਨਦੀਪ ਕੌਰ ਅਰੋੜਾ ਦੀ ਵਧੀਆ ਕਾਰਜ਼ਗੁਜ਼ਾਰੀ ਕਾਰਨ ਹੀ ਆਮ ਆਦਮੀ ਪਾਰਟੀ ਨਗਰ ਨਿਗਮ 'ਤੇ ਕਾਬਜ਼ ਹੋਣ 'ਚ ਸਫਲ ਰਹੀ ਹੈ, ਜਿਸ ਨਾਲ ਵਿਧਾਇਕ ਲਾਡੀ ਢੋਸ ਦੇ ਨਾਲ ਨਾਲ ਵਿਧਾਇਕ ਅਮਨਦੀਪ ਕੌਰ ਅਰੋੜਾ ਦਾ ਸਿਆਸੀ ਕਦ ਵੀ ਵਧਿਆ ਹੈ, ਜਿਸ ਦੀ ਚਾਰੇ ਪਾਸੇ ਚਰਚਾ ਹੋ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਤਲਵਿੰਦਰ ਸਿੰਘ ਵਿਰਕ ਉਮਰੀਆਣਾ, ਡਾ. ਮਨਦੀਪ ਸਿੰਘ ਕੰਗ ਚੂਹੜਚੱਕ, ਨਿਰਵੈਰ ਸਿੰਘ ਸੰਧੂ ਅਟਾਰੀ ਆਦਿ ਆਪ ਆਗੂਆਂ ਨੇ ਪ੍ਰੈੱਸ ਨਾਲ ਸਾਂਝਾ ਕੀਤਾ। ਆਪ ਆਗੂਆਂ ਨੇ ਕਿਹਾ ਕਿ ਵਿਧਾਇਕ ਲਾਡੀ ਢੋਸ ਦੀ ਮਿਹਨਤ ਸਦਕਾ ਹੀ ਨਗਰ ਨਿਗਮ ਮੋਗਾ ਵਿੱਚ ਆਮ ਆਦਮੀ ਪਾਰਟੀ ਬਹੁਮਤ ਪ੍ਰਾਪਤ ਕਰ ਸਕੀ ਹੈ, ਜਿਸ ਕਰਕੇ ਵਿਧਾਇਕ ਲਾਡੀ ਢੋਸ ਇੱਕ ਚੰਗੇ ਰਣਨੀਤੀਕਾਰ ਤੇ ਚੰਗੇ ਸਿਆਸਤਦਾਨ ਸਾਬਿਤ ਹੋਏ ਹਨ। ਆਪ ਆਗੂਆਂ ਨੇ ਕਿਹਾ ਕਿ ਇਸ ਕਾਰਜ ਨੂੰ ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਵੱਲੋਂ ਵੀ ਸਲਾਹਿਆ ਜਾ ਰਿਹਾ ਹੈ। ਆਪ ਆਗੂਆਂ ਨੇ ਕਿਹਾ ਕਿ ਇਸ ਨਾਲ ਮੋਗੇ ਸ਼ਹਿਰ ਦਾ ਵਿਕਾਸ ਤੇਜ਼ੀ ਨਾਲ ਹੋਵੇਗਾ ਤੇ ਵਿਕਾਸ ਕਾਰਜਾਂ ਨੂੰ ਨਵੀਂ ਦਿਸ਼ਾ ਮਿਲੇਗੀ।

# ਸੀਨੀਅਰ ਸਿਟੀਜਨਜ਼ ਵੈੱਲਫੇਅਰ ਐਸੋ. ਦੀ ਮੀਟਿੰਗ ਯਾਦਗਾਰੀ ਹੋ ਨਿਬੜੀ



**ਧੂਰੀ (ਸੁਖਦੇਵ ਧੂਰੀ)**-ਸੀਨੀਅਰ ਸਿਟੀਜਨਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੀ ਮਹੀਨਾਵਾਰ ਮੀਟਿੰਗ ਵਿੱਚ ਭਾਰੀ ਮੀਂਹ ਦੇ ਬਾਵਜੂਦ ਸੀਨੀਅਰ ਸਿਟੀਜਨਜ਼ ਨੇ ਭਰਵੀਂ ਸ਼ਮੂਲੀਅਤ ਕੀਤੀ। ਇਹ ਮੀਟਿੰਗ ਸਥਾਨਕ ਦਫਤਰ ਵਿਖੇ ਐਸੋਸੀਏਸ਼ਨ ਦੇ ਪ੍ਰਧਾਨ ਜਗਦੀਸ਼ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਮਾਹੌਲ ਨੂੰ ਯਾਦਗਾਰੀ ਬਣਾਉਣ ਲਈ ਰੰਗਾ ਰੰਗ ਸ਼ੁਰੂਆਤ ਕਰਦਿਆਂ ਮਾਸਟਰ ਮੂਲ ਚੰਦ ਸ਼ਰਮਾ, ਮਾਸਟਰ ਜਸਵੰਤ ਗਿਰ ਵੱਲੋਂ ਗੀਤ ਸੁਣਾ ਕੇ ਵਾਹ ਵਾਹ ਖੱਟੀ। ਇਸ ਉਪਰੰਤ ਜਗਦੇਵ ਸ਼ਰਮਾ ਬੁਗਰਾ ਸੇਵਾ ਮੁਕਤ ਹੋਏ ਚੀਫ ਮੈਨੇਜਰ ਵੱਲੋਂ ਗਿੱਦੜ ਗਿੱਦੜੀ ਦੇ ਵਾਰਤਾਲਾਪ ਵਿਅੰਗ ਗਿੱਦੜ ਚਿੱਠੀ ਸੁਣਾ ਕੇ ਖੂਬ ਰੰਗ ਬੰਨ੍ਹਿਆ। ਇਸ ਤੋਂ ਬਾਅਦ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਨੇ ਉਨ੍ਹਾਂ ਦੀ ਸੰਸਥਾ ਵੱਲੋਂ ਚਲਾਈਆਂ ਜਾ ਰਹੀਆਂ ਟੈਸਟਿੰਗ ਲੈਬਜ਼ ਬਾਰੇ ਜਾਣਕਾਰੀ ਦਿੱਤੀ। ਉਪਰੰਤ ਐਸੋਸੀਏਸ਼ਨ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸੇਵਾ ਮੁਕਤ ਜ਼ਿਲ੍ਹਾ ਸਿੱਖਿਆ ਅਫਸਰ ਹੰਸ ਰਾਜ ਗਰਗ ਤੇ ਸੇਵਾ ਮੁਕਤ ਲੇਖਾਕਾਰ ਹਰਦੀਪ ਸਿੰਘ ਵੱਲੋਂ ਆਪਣੇ ਵਿਚਾਰ ਪ੍ਰਗਟ ਕਰਦਿਆਂ ਕੁਝ ਸੁਝਾਅ ਵੀ ਪੇਸ਼ ਕੀਤੇ। ਜਿਨ੍ਹਾਂ ਸੱਜਣਾਂ ਦਾ ਜਨਮ ਦਿਨ ਇਸ ਮਹੀਨੇ ਵਿੱਚ ਸੀ, ਉਨ੍ਹਾਂ ਦੇ ਹਾਰ ਪਾ ਕੇ, ਤੋਹਫੇ ਦੇ ਕੇ ਤੇ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਦੀ ਲੰਮੀ ਤੇ ਤੰਦਰੁਸਤ ਉਮਰ ਦੀ ਕਾਮਨਾ ਕੀਤੀ ਗਈ। ਮੀਟਿੰਗ ਦੀ ਸਮਾਪਤੀ ਤੋਂ ਪਹਿਲਾਂ ਐਸੋਸੀਏਸ਼ਨ ਦੀ ਰੂਹੇ ਰਵਾਂ ਸ਼ਖਸੀਅਤ ਸੁਪਰ ਸੀਨੀਅਰ ਸਿਟੀਜਨ ਕਾਮਰੇਡ ਗੁਰਦਿਆਲ ਸਿੰਘ ਨਿਰਮਾਣ ਨੇ ਬਹੁਤ ਹੀ ਪੁਰਾਣੇ ਰਿਕਾਰਡ ਗੀਤ ਸੁਣਾ ਕੇ ਮੀਂਹ ਵਾਲਾ ਮੇਲਾ ਲੁੱਟਿਆ। ਮੀਟਿੰਗ ਦੇ ਅੰਤ ਵਿੱਚ ਪ੍ਰਧਾਨ ਜਗਦੀਸ਼ ਸ਼ਰਮਾ ਵੱਲੋਂ ਪਿਛਲੇ ਸਮੇਂ ਐਸੋਸੀਏਸ਼ਨ ਵੱਲੋਂ ਕੀਤੇ ਕਾਰਜਾਂ ਦਾ ਵੇਰਵਾ ਦਿੱਤਾ ਤੇ ਆਏ ਸਾਥੀਆਂ ਦਾ ਧੰਨਵਾਦ ਕੀਤਾ।

# 2024 ਦੀਆਂ ਪਾਰਲੀਮਾਨੀ ਚੋਣਾਂ 'ਚ ਭਾਜਪਾ ਦੀ ਹੋਵੇਗੀ ਜਿੱਤ : ਭੱਟੀ

## ਜੱਸੂ ਨੂੰ ਭਾਜਪਾ ਯੁਵਾ ਮੋਰਚਾ ਦੇ ਬਡਾਲੀ ਆਲਾ ਸਿੰਘ ਮੰਡਲ ਦਾ ਕੀਤਾ ਪ੍ਰਧਾਨ ਨਿਯੁਕਤ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਸੀਨੀਅਰ ਆਗੂ ਦੀਦਾਰ ਸਿੰਘ ਭੱਟੀ ਦੀ ਅਗਵਾਈ 'ਚ ਜਿੱਥੇ ਪਾਰਟੀ ਵੱਲੋਂ ਪਿੰਡ-ਪਿੰਡ ਜਾ ਕੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਉੱਥੇ ਹੀ ਜ਼ਿਲ੍ਹੇ ਅੰਦਰ ਪਾਰਟੀ ਦੇ ਵੱਖ-ਵੱਖ ਮੰਡਲਾਂ ਤੇ ਵਿੰਗਾਂ ਦਾ ਗਠਨ ਕਰਕੇ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ ਦੀ ਅਗਵਾਈ 'ਚ ਬੀਤੇ ਕੱਲ੍ਹ ਪਿੰਡ ਧੀਰਪੁਰ ਵਿਖੇ ਹੋਈ ਇੱਕ ਭਰਵੀਂ ਮੀਟਿੰਗ 'ਚ ਜਸਪਾਲ ਸਿੰਘ ਜੱਸੂ ਨੂੰ ਭਾਜਪਾ ਯੁਵਾ ਮੋਰਚਾ ਦੇ ਬਡਾਲੀ ਆਲਾ ਸਿੰਘ ਮੰਡਲ ਦਾ ਪ੍ਰਧਾਨ ਥਾਪਦੇ ਹੋਏ ਬਾਕੀ ਅਹੁਦੇਦਾਰਾਂ ਨੂੰ ਨਿਯੁਕਤ ਕਰਨ ਦੇ ਅਧਿਕਾਰ ਦਿੱਤੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਦੀਦਾਰ ਸਿੰਘ ਭੱਟੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਦੇਸ਼ ਨੂੰ ਵਿਕਾਸਸ਼ੀਲ ਦੇਸ਼ਾਂ ਦੀ ਕਤਾਰ 'ਚ ਖੜਾ ਕਰਨ ਦੀਆਂ ਨੀਤੀਆਂ ਕਾਰਨ ਉਨ੍ਹਾਂ ਦੇ ਹੱਕ 'ਚ ਇੱਕ ਵੱਡੀ ਲਹਿਰ ਖੜੀ ਹੋ ਰਹੀ ਹੈ ਤੇ 2024 ਦੀਆਂ ਪਾਰਲੀਮਾਨੀ ਚੋਣਾਂ 'ਚ ਭਾਜਪਾ ਹੂੰਝਾ ਫੇਰ ਜਿੱਤ ਪ੍ਰਾਪਤ ਕਰਨ ਜਾ ਰਹੀ ਹੈ ਅਤੇ ਅੱਜ ਵੱਡੀ ਗਿਣਤੀ 'ਚ ਲੋਕ ਦੂਸਰੀਆਂ ਸਿਆਸੀ ਪਾਰਟੀਆਂ ਨੂੰ ਛੱਡ ਕੇ ਭਾਜਪਾ 'ਚ ਸ਼ਾਮਲ ਹੋ ਰਹੇ ਹਨ। ਪਾਰਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਮੌਕੇ ਪਿੰਡ ਧੀਰਪੁਰ ਦੇ ਵਸਨੀਕ ਜਗਤਾਰ ਸਿੰਘ, ਜੋਗਾ ਰਾਮ, ਗੁਲਾਮੀ ਰਾਮ, ਗੁਰਜੀਤ ਸਿੰਘ, ਬਲਵਿੰਦਰ ਸਿੰਘ ਤੇ ਗੁਰਸ਼ਰਨ ਸਿੰਘ ਨੇ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਭਾਜਪਾ ਕਿਸਾਨ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਅਜਾਇਬ ਸਿੰਘ ਜਖਵਾਲੀ, ਭਾਜਪਾ ਐੱਸ. ਸੀ. ਮੋਰਚਾ ਦੇ ਪ੍ਰਧਾਨ ਕੁਲਦੀਪ ਸਹੋਤਾ, ਹਰਜਿੰਦਰ ਸਿੰਘ ਭੰਗੂ, ਰਾਜਿੰਦਰ ਸਿੰਘ ਸੋਢੀ, ਗੁਰਮੁੱਖ ਸਿੰਘ, ਭਗਵੰਤ ਸਿੰਘ ਖਰੌੜਾ, ਜਸਪਾਲ ਸਿੰਘ ਅਨਾਇਤਪੁਰਾ, ਪਰਮਜੀਤ ਸਿੰਘ ਮੰਢੌਰ, ਅਮਰੀਕ ਸਿੰਘ, ਸੁੱਚਾ ਰਾਮ, ਸੁਲਤਾਨ ਰਾਮ, ਮੰਗਲ ਸਿੰਘ, ਗਗਨਦੀਪ ਸਿੰਘ, ਹਰਪ੍ਰੀਤ ਸਿੰਘ, ਰੋਹਿਤ ਪਾਠਕ ਤੇ ਵਿਸ਼ਾਲ ਗੋਇਲ ਆਦਿ ਹਾਜ਼ਰ ਸਨ।

# ਐਡੀਸਨ ਦੀ ਵਿਦਿਆਰਥਣ ਨੇ 7.5 ਬੈਂਡ ਪ੍ਰਾਪਤ ਕੀਤੇ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਸਥਾਨਕ ਸ਼ਹਿਰ ਦੀ ਕੋਟਕਪੂਰਾ ਸੜਕ ਉੱਪਰ ਸਥਿਤ ਐਡੀਸਨ ਇੰਸਟੀਚਿਊਟ ਆਇਲਟਸ ਤੇ ਪੀ.ਟੀ.ਈ. ਦੇ ਖੇਤਰ ਵਿੱਚ ਲਗਾਤਾਰ ਬਹੁਤ ਵਧੀਆ ਨਤੀਜੇ ਦੇ ਰਿਹਾ ਹੈ। ਸੰਸਥਾ ਦੇ ਡਾਇਰੈਕਟਰ ਹਰਿੰਦਰ ਸਿੰਘ ਬਰਾੜ ਰੋਡੇ ਨੇ ਦੱਸਿਆ ਕਿ ਸੰਸਥਾ ਦੀ ਵਿਦਿਆਰਥਣ ਮਨਵੀਰ ਤਿਵਾਰੀ ਵਾਸੀ ਘੋਲੀਆ (ਮੋਗਾ) ਨੇ ਆਇਲਟਸ ਦੀ ਪ੍ਰੀਖਿਆ ਵਿੱਚ ਲਿਸਨਿੰਗ, ਰੀਡਿੰਗ 7.5, ਸਪੀਕਿੰਗ 6.5, ਰਾਈਟਿੰਗ 6 ਤੇ ਓਵਰਆਲ 7 ਬੈਂਡ ਪ੍ਰਾਪਤ ਕਰਕੇ ਆਪਣਾ ਤੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥਣ ਨੇ ਇਸ ਦਾ ਸਿਹਰਾ ਸੰਸਥਾ ਦੇ ਅਧਿਆਪਕਾਂ ਨੂੰ ਦਿੱਤਾ ਤੇ ਦੱਸਿਆ ਕਿ ਪੜ੍ਹਾਈ ਲਈ ਸਾਰਥਿਕ ਮਾਹੌਲ ਬਹੁਤ ਹੀ ਲਾਹੇਵੰਦ ਸਾਬਿਤ ਹੋਇਆ ਹੈ। ਇਸ ਮੌਕੇ ਡਾਇਰੈਕਟਰ ਬਰਾੜ ਨੇ ਦੱਸਿਆ ਕਿ ਬੱਚਿਆਂ ਨੂੰ ਰੀਡਿੰਗ ਤੇ ਰਾਈਟਿੰਗ ਦੀਆਂ ਸਪੈਸ਼ਲ ਕਲਾਸਾਂ ਬਿਲਕੁਲ ਮੁਫਤ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਆਇਲਟਸ ਵਿੱਚ ਵਧੀਆ ਬੈਂਡ ਪ੍ਰਾਪਤ ਕਰਨ ਉਪਰੰਤ ਤੁਸੀਂ ਆਪਣਾ ਸਟੱਡੀ ਵੀਜ਼ਾ ਇਸ ਸੰਸਥਾ ਤੋਂ ਅਪਲਾਈ ਕਰ ਸਕਦੇ ਹੋ। ਇਸ ਮੌਕੇ ਵਿਦਿਆਰਥਣ ਨੂੰ ਪ੍ਰਮਾਣ ਪੱਤਰ ਸੌਂਪਦਿਆਂ ਡਾਇਰੈਕਟਰ ਹਰਿੰਦਰ ਸਿੰਘ ਬਰਾੜ ਰੋਡੇ ਨੇ ਉਜਵਲ ਭਵਿੱਖ ਲਈ ਕਾਮਨਾ ਕੀਤੀ।

# ਟਰੇਡ ਯੂਨੀਅਨਾਂ ਦੀ 14 ਦੀ ਸਾਂਝੀ ਮੋਹਾਲੀ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ



ਤਰਨ ਤਾਰਨ (ਪੱਤਰ ਪ੍ਰੇਰਕ, ਹਰਪ੍ਰੀਤ ਸਿੰਘ)-ਪੰਜਾਬ ਖੇਤ ਮਜ਼ਦੂਰ ਸਭਾ ਦੀ ਮੀਟਿੰਗ ਭੱਠਲ ਸਹਿਜਾ ਸਿੰਘ ਵਿਖੇ ਕਾਮਰੇਡ ਅਮਨਦੀਪ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਨੇ ਦੱਸਿਆ ਕਿ ਸੂਬਾ ਸਰਕਾਰ ਸਨਅਤੀ, ਮਨਰੇਗਾ, ਖੇਤ ਮਜ਼ਦੂਰਾਂ, ਆਂਗਣਵਾੜੀ ਵਰਕਰਾਂ, ਆਸ਼ਾ ਵਰਕਰਾਂ, ਭੱਠਾ ਮਜ਼ਦੂਰਾਂ ਤੇ ਉਸਾਰੀ ਕਾਮਿਆਂ ਨੂੰ ਮਾੜੀਆਂ ਨੀਤੀਆਂ ਤਹਿਤ ਭੁੱਖੇ ਮਰਨ ਦੀਆਂ ਨੀਤੀਆਂ ਨੂੰ ਲਾਗੂ ਕਰਨ ਦੇ ਵਿਰੋਧ ਵਿੱਚ ਸੰਘਰਸ਼ਸ਼ੀਲ ਟਰੇਡ ਯੂਨੀਅਨਾਂ ਵੱਲੋਂ 14 ਜੁਲਾਈ ਨੂੰ ਮੋਹਾਲੀ ਵਿਖੇ ਕੀਤੀ ਜਾਣ ਵਾਲੀ ਰੈਲੀ ਵਿੱਚ ਤਰਨ ਤਾਰਨ ਦੇ ਖੇਤ ਮਜ਼ਦੂਰ ਸੈਕੜਿਆਂ ਦੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਦੀ ਉਜਰਤ 26000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ, ਮਨਰੇਗਾ ਕਾਮਿਆਂ ਨੂੰ 200 ਦਿਨ ਕੰਮ ਅਤੇ ਕੰਮ ਦਿਹਾੜੀ ਸੱਤ ਸੌ ਰੁਪਏ ਦਿਤੀ ਜਾਵੇ, ਆਂਗਣਵਾੜੀ ਵਰਕਰਾਂ, ਆਸ਼ਾ ਵਰਕਰਾਂ ਤੇ ਮਿੱਡ ਡੇ ਮੀਲ ਵਰਕਰਾਂ ਨੂੰ ਵਰਕਰ ਦਾ ਦਰਜਾ ਦੇ ਕੇ ਘੱਟੋ-ਘੱਟ ਉਜਰਤਾਂ ਦੇ ਘੇਰੇ 'ਚ ਲਿਆਂਦਾ ਜਾਵੇ, ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਰਜਿਸਟਰ ਲਾਭਪਾਤਰੀ, ਉਸਾਰੀ ਮਜ਼ਦੂਰਾਂ ਦੀ ਮੌਤ ਉਪਰੰਤ ਐਕਸ ਗਰੇਸ਼ੀਆ ਦੀ ਰਕਮ ਦੋ ਲੱਖ ਰੁਪਏ ਤੋਂ ਵਧਾ ਕੇ ਪੰਜ ਲੱਖ ਰੁਪਏ ਕੀਤੀ ਜਾਵੇ।

ਲਾਭਪਾਤਰੀਆਂ ਦੇ ਸਾਰੇ ਪੈਂਡਿੰਗ ਪਏ ਕੇਸਾਂ ਦਾ ਨਿਪਟਾਰਾ ਜਲਦੀ ਕੀਤਾ ਜਾਵੇ, ਔਰਤਾਂ ਦੇ ਖਾਤਿਆਂ ਵਿੱਚ ਇੱਕ ਇੱਕ ਹਜ਼ਾਰ ਰੁਪਏ ਤੁਰੰਤ ਪਾਏ ਜਾਣ, ਵਿਧਵਾ ਤੇ ਬੁਢਾਪਾ ਪੈਨਸ਼ਨ ਪੰਜ ਹਜ਼ਾਰ ਰੁਪਏ ਕੀਤੀ ਜਾਵੇ ਅਤੇ ਸਰਕਾਰ ਆਪਣੀਆਂ ਕੀਤੀਆਂ ਗਰੰਟੀਆਂ ਫੌਰੀ ਲਾਗੂ ਕਰੇ। ਇਸ ਸਮੇਂ ਪ੍ਰਤਾਪ ਸਿੰਘ, ਸੁਰਜੀਤ ਸਿੰਘ, ਹਰਦੀਪ ਸਿੰਘ, ਮਨਪ੍ਰੀਤ ਕੌਰ, ਕਿਰਨ ਕੌਰ, ਕੰਵਲਜੀਤ ਕੌਰ, ਅਮਨਦੀਪ ਕੌਰ, ਸਵਰਨ ਕੌਰ ਆਦਿ ਹਾਜ਼ਰ ਸਨ।

# ਮੰਗਾਂ ਨੂੰ ਲੈ ਕੇ ਮੰਡੀ ਕਮੇਟੀ ਦੇ ਦਫਤਰ ਅੱਗੇ ਜ਼ੋਰਦਾਰ ਮੁਜ਼ਾਹਰਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਅੱਜ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸੰਯੁਕਤ ਕਿਸਾਨ ਮੋਰਚੇ ਨਾਲ ਸੰਬੰਧਤ ਕਿਸਾਨ ਜਥੇਬੰਦੀਆਂ ਨੇ ਅੰਮ੍ਰਿਤਸਰ ਜ਼ਿਲ੍ਹਾ ਦੀ ਮੁੱਖ ਮੰਡੀ ਭਗਤਾਂਵਾਲਾ ਵਿਖੇ ਮੰਡੀ ਕਮੇਟੀ ਦੇ ਦਫਤਰ ਅੱਗੇ ਜ਼ੋਰਦਾਰ ਮੁਜ਼ਾਹਰਾ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਸਾਥੀ ਡਾਕਟਰ ਸਤਨਾਮ ਸਿੰਘ ਅਜਨਾਲਾ, ਬਲਵਿੰਦਰ ਸਿੰਘ ਦੁਧਾਲਾ, ਸ਼ਮਸ਼ੇਰ ਸਿੰਘ ਹੇਰ, ਨਿਸ਼ਾਨ ਸਿੰਘ ਸਾਂਘਣਾ ਤੇ ਸੁਖਜੀਤ ਸਿੰਘ ਛੀਨਾ ਨੇ ਕੀਤੀ। ਇਸ ਮੁਜ਼ਾਹਰੇ ਨੂੰ ਸਤਨਾਮ ਸਿੰਘ ਝੰਡੇਰ, ਬਲਬੀਰ ਸਿੰਘ ਮੂਧਲ, ਲਖਬੀਰ ਸਿੰਘ ਨਿਜਾਮਪੁਰਾ, ਭੁਪਿੰਦਰ ਸਿੰਘ ਤੀਰਥਪੁਰ, ਕਰਨੈਲ ਸਿੰਘ ਨਵਾਂ ਪਿੰਡ, ਟੈਹਲ ਸਿੰਘ ਚੇਤਨਪੁਰਾ, ਨਿਰਵੈਲ ਸਿੰਘ ਡਾਲੇਕੇ, ਪ੍ਰਕਾਸ਼ ਸਿੰਘ ਥੋਥੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮੱਕੀ ਅਤੇ ਮੂੰਗੀ ਦੀ ਐਮ.ਐਸ.ਪੀ ਉੱਪਰ ਖਰੀਦ ਯਕੀਨੀ ਬਣਾਵੇ। ਬੁਲਾਰਿਆਂ ਨੇ ਬਾਸਮਤੀ ਦੀ ਕੀਮਤ ਪੰਜ ਹਜ਼ਾਰ ਰੁਪਏ ਐਲਾਨ ਕਰਨ ਦੀ ਮੰਗ ਕੀਤੀ। ਇਸ ਮੌਕੇ ਕਿਸਾਨਾਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨਾਂ ਅਤੇ ਅਧਿਆਪਕ ਵਰਗ 'ਤੇ ਕੀਤੇ ਗਏ ਲਾਠੀਚਾਰਜ ਦਾ ਸਖਤ ਵਿਰੋਧ ਕੀਤਾ। ਅਖੀਰ 'ਚ ਵਰ੍ਹਦੇ ਮੀਂਹ ਵਿੱਚ ਕਿਸਾਨਾਂ ਨੇ ਭਗਵੰਤ ਮਾਨ ਅਤੇ ਨਰਿੰਦਰ ਮੋਦੀ ਦੇ ਪੁਤਲਿਆਂ ਨੂੰ ਅੱਗ ਲਗਾਈ। ਇਸ ਮੌਕੇ ਅਕਾਸ਼ ਗੂੰਜਾਊ ਨਾਹਰਿਆਂ ਨਾਲ ਡਾਕਟਰ ਸਤਨਾਮ ਸਿੰਘ ਅਜਨਾਲਾ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਸੈਂਕੜੇ ਕਿਸਾਨਾਂ ਦਾ ਇਕੱਠ ਦੱਸਦਾ ਹੈ ਕਿ ਲੋਕ ਭਗਵੰਤ ਮਾਨ ਦੀ ਸਰਕਾਰ ਤੇ ਮੋਦੀ ਸਰਕਾਰ ਤੋਂ ਦੁਖੀ ਹਨ। ਜੇ ਇਨ੍ਹਾਂ ਸਰਕਾਰਾਂ ਨੇ ਕਿਸਾਨਾਂ ਮਜ਼ਦੂਰਾਂ ਦੇ ਭਖਦੇ ਮਸਲੇ ਹੱਲ ਨਾ ਕੀਤੇ ਤਾਂ ਸਿੰਘੂ ਬਾਰਡਰ ਵਾਲਾ ਹਾਲ ਦੁਬਾਰਾ ਸ਼ੁਰੂ ਕਰਨਾ ਪਵੇਗਾ।

ਇਸ ਮੁਜ਼ਾਹਰੇ ਵਿੱਚ ਅਵਤਾਰ ਸਿੰਘ ਇੱਬਣ ਕਲਾਂ, ਰਵਿੰਦਰ ਸਿੰਘ ਛੱਜਲਵਿੱਡੀ, ਮੇਜਰ ਸਿੰਘ ਜੌਹਲ, ਬਲਕਾਰ ਸਿੰਘ ਦੁਧਾਲਾ, ਸੁਖਵਿੰਦਰ ਸਿੰਘ ਚਵਿੰਡਾ ਦੇਵੀ, ਹਰਜੀਤ ਸਿੰਘ ਨਿਜਾਮਪੁਰ, ਮੰਗਲ ਸਿੰਘ ਧਰਮਕੋਟ, ਕੁਲਦੀਪ ਸਿੰਘ ਫਤਿਆਬਾਦ, ਕੁਲਵੰਤ ਸਿੰਘ ਭਲਾਈਪੁਰ, ਜਗਦੀਸ਼ ਸਿੰਘ ਤੇ ਦਇਆ ਸਿੰਘ ਕਾਫਲੇ ਦੇ ਰੂਪ ਵਿੱਚ ਸ਼ਾਮਲ ਹੋਏ। ਲਖਬੀਰ ਸਿੰਘ ਨਿਜਾਮਪੁਰ ਅਤੇ ਨਿਸ਼ਾਨ ਸਿੰਘ ਨੇ ਮੁਜ਼ਾਹਰੇ 'ਚ ਆਏ ਲੋਕਾਂ ਦਾ ਧੰਨਵਾਦ ਕੀਤਾ।

# ਬਿਆਸ ਦਰਿਆ 'ਚ ਪਾਣੀ ਵਧਣ ਨਾਲ ਪਿੰਡ ਘੜਕਾ ਦੀ 1700 ਏਕੜ ਬੀਜੀ ਫਸਲ ਤਬਾਹ



ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)-ਪੰਜਾਬ 'ਚ ਪੈ ਰਹੇ ਮੁਹਲੇਧਾਰ ਮੀਂਹ ਕਰਕੇ ਦੂਸਰਾ ਦਰਿਆ ਵਿੱਚ ਬੇਸ਼ੁਮਾਰ ਪਾਣੀ ਆਉਣ ਕਰਕੇ ਦਰਿਆ ਬਿਆਸ ਦੇ ਉਸਲਣ ਨਾਲ ਨੇੜਲੇ ਪਿੰਡ ਘੜਕਾ ਦੇ ਕਿਸਾਨਾਂ ਦੀ ਝੋਨਾ, ਬਾਸਮਤੀ ਅਤੇ ਪਸ਼ੂਆਂ ਦਾ ਹਰਾ ਚਾਰਾ ਆਦਿ ਸਾਉਣੀ ਦੀਆਂ ਫਸਲਾਂ ਕਰੀਬ 1700 ਏਕੜ ਪਾਣੀ ਦੇ ਤੇਜ਼ ਵਹਾ ਨਾਲ ਤਬਾਹ ਹੋ ਗਈਆਂ ਤੇ ਬੀਜੀਆਂ ਫਸਲਾਂ ਦਾ ਨਾਮੋ ਨਿਸ਼ਾਨ ਹੀ ਨਹੀਂ ਰਿਹਾ। ਜ਼ਮੀਨਾਂ ਵਿੱਚ ਲੱਗੇ ਟਿਊਬਵੈਲ ਡੀਜ਼ਲ ਇੰਜਣ, ਤੂੜੀ ਵਾਲੇ ਮੂਸਲ ਅਤੇ ਖੇਤਾਂ 'ਚ ਖੇਤੀਬਾੜੀ ਦੇ ਸੰਦ ਵੀ ਤਬਾਹ ਹੋ ਗਏ ਹਨ। ਖੇਤਾਂ ਵਿੱਚ ਦੋ ਦੋ ਫੁੱਟ ਤੋਂ ਲੈ ਕੇ 8 -8 ਫੁੱਟ ਤੱਕ ਦਾ ਤੇਜ਼ ਵਹਾਅ ਹੋ ਰਿਹਾ ਹੈ। ਪਿੰਡ ਘੜਕਾ ਤੇ ਇਸ ਦੇ ਆਸ ਪਾਸ ਮੰਡ ਖੇਤਰ ਦੇ ਪਿੰਡਾਂ 'ਚ ਹੜ੍ਹਾਂ ਵਾਲੀ ਸਥਿਤੀ ਬਣੀ ਹੋਣ ਕਰਕੇ ਲੋਕ ਤਰਾਹ ਤਰਾਹ ਕਰ ਰਹੇ ਹਨ। ਪਰ ਹਾਕਮ ਸਰਕਾਰ ਦੇ ਕਿਸੇ ਅਧਿਕਾਰੀ ਨੇ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਸਾਰ ਨਹੀਂ ਲਈ। ਅੱਜ ਦਰਜਨਾਂ ਕਿਸਾਨਾਂ ਜਿਨ੍ਹਾਂ 'ਚ ਪਿੰਡ ਦਾ ਅਗਾਂਹਵਧੂ ਸਰਪੰਚ ਮਨਦੀਪ ਸਿੰਘ ਘੜਕਾ, ਕਰਤਾਰ ਸਿੰਘ, ਮੇਜਰ ਸਿੰਘ ਜੇ. ਈ, ਸ਼ਿੰਦਾ ਸਿੰਘ ਸਾਹਿਬ ਕਿਸਾਨ ਆਗੂ, ਨਰਿੰਦਰ ਸਿੰਘ ਸੰਧੂ, ਬਲਰਾਜ ਸਿੰਘ ਬੱਲਾ, ਸ਼ਿੰਦਰ ਸਿੰਘ, ਰਘਬੀਰ ਸਿੰਘ, ਨਛੱਤਰ ਸਿੰਘ ਕਾਲਾ, ਪ੍ਰਗਟ ਸਿੰਘ ਮੈਂਬਰ, ਦਲਬੀਰ ਸਿੰਘ ਪ੍ਰਧਾਨ, ਬਲਦੇਵ ਸਿੰਘ ਮੈਂਬਰ, ਬਲਵਿੰਦਰ ਸਿੰਘ ਪ੍ਰਧਾਨ, ਪਲਵਿੰਦਰ ਸਿੰਘ ਹੀਰਾ, ਗੁਰਭੇਜ ਸਿੰਘ ਭੇਜੀ, ਪਿੱਪਲ ਸਿੰਘ, ਕੇਵਲ ਸਿੰਘ ਆਦਿ ਨੇ ਦੱਸਿਆ ਕਿ ਉਨ੍ਹਾਂ ਦੀਆਂ ਮੰਡ ਖੇਤਰ ਵਿੱਚ ਦਰਿਆਈ ਪਾਣੀ ਦੀ ਮਾਰ ਹੇਠ ਉਪਜਾਊ ਜ਼ਮੀਨਾਂ ਆਉਂਦੀਆਂ ਹਨ। ਸਮੇਂ ਸਮੇਂ ਦੀਆਂ ਸਰਕਾਰਾਂ ਉਨ੍ਹਾਂ ਨੂੰ ਬਣਦਾ ਮੁਆਵਜ਼ਾ ਦੇ ਦਿੰਦੀਆਂ ਸਨ। ਪਰ ਜਦੋਂ ਦੀ ਹਾਕਮ ਸਰਕਾਰ ਨੇ ਰਾਜ ਭਾਗ ਸਾਂਭਿਆ ਸਾਡੀ ਕੋਈ ਸਾਰ ਨਹੀਂ ਲਈ। ਅਜੇ ਤੱਕ ਸਾਡੇ ਕੋਲ ਵੀ ਸਰਕਾਰੀ ਅਧਿਕਾਰੀ ਨਹੀਂ ਪਹੁੰਚਿਆ। ਪੀੜਤ ਕਿਸਾਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਬੇਨਤੀ ਕੀਤੀ ਕਿ ਸਾਡਾ ਪਿਛਲੇ ਸਾਲ ਵਾਲਾ ਅਤੇ ਹੁਣ ਵਾਲਾ ਮੁਆਵਜ਼ਾ ਛੇਤੀ ਤੋਂ ਛੇਤੀ ਦਿੱਤਾ ਜਾਵੇ ਤਾਂ ਕਿ ਅਸੀਂ ਆਪਣੇ ਘਰ ਦਾ ਰੋਟੀ ਪਾਣੀ ਚਲਾ ਸਕੀਏ।

# ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਵੱਲੋਂ ਕਲਮ ਛੋੜ ਹੜਤਾਲ ਸ਼ੁਰੂ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਅੱਜ ਤੋਂ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਅਤੇ ਆਈ ਈ ਆਰ ਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ ਪਰ ਜੋ ਸਚਾਈ ਸਾਹਮਣੇ ਆਈ ਹੈ, ਉਹ ਸਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ ਐਸ ਆਰ ਅਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਂਅ 'ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ ਜੋ ਕਿ ਕੋਰਾ ਝੂਠ ਹੈ। ਹੜਤਾਲ ਸੰਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮੈਡਮ ਅਨੁ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ ਜੋ ਕਿ ਵਾਰ ਵਾਰ ਮੰਤਰੀਆ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀਂ ਹੋਈ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ 'ਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ। ਆਗੂ ਨੇ ਦੱਸਿਆ ਕਿ ਜਦੋਂ 7 ਅਕਤੂਬਰ 2022 ਨੂੰ ਪਾਲਿਸੀ ਜਾਰੀ ਹੋਈ ਸੀ ਤਾਂ ਮੁਲਾਜ਼ਮਾਂ ਨੂੰ ਕੁਝ ਖਦਸ਼ੇ ਸੀ ਜਿਸ ਸੰਬੰਧੀ ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਪੰਜਾਬ ਭਵਨ ਵਿਖੇ ਕੀਤੀ ਪ੍ਰੈਸ ਕਾਨਫਰੰਸ 'ਚ ਸਪੱਸ਼ਟ ਕਿਹਾ ਸੀ ਕਿ ਰੈਗੂਲਰ ਮੁਲਾਜ਼ਮਾਂ ਵਾਂਗ ਇਨ੍ਹਾਂ ਕੱਚੇ ਮੁਲਾਜ਼ਮਾਂ ਨੂੰ ਵੀ ਰੈਗੂਲਰ ਹੋਣ 'ਤੇ ਪੇ ਸਕੇਲ, ਭੱਤੇ ਸੀ ਐਸ ਆਰ ਰੂਲ ਅਤੇ ਪੈਨਸ਼ਨਰੀ ਲਾਭ ਮਿਲਣਗੇ ਪਰ 9 ਮਹੀਨਿਆਂ ਬਾਅਦ ਜੋ ਸਚਾਈ ਸਾਹਮਣੇ ਆਈ ਹੈ ਉਹ ਹਰ ਇਕ ਕੱਚੇ ਮੁਲਾਜ਼ਮ ਦੇ ਹੋਸ਼ ਉਡਾਉਣ ਵਾਲੀ ਹੈ। ਆਗੂ ਨੇ ਕਿਹਾ ਕਿ ਬਿਨਾਂ ਪੇ ਸਕੇਲ ਤੋਂ ਮੁਲਾਜ਼ਮ ਕਿਵੇਂ ਰੈਗੂਲਰ ਹੋਣਗੇ। ਆਗੂ ਨੇ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵੀਡੀਓ ਸ਼ੰਦੇਸ਼ ਰਾਹੀ ਦੱਸਿਆ ਕਿ ਕੁਝ ਕਰਮਚਾਰੀਆਂ ਦੀਆਂ ਤਨਖਾਹਾਂ ਵਿਚ ਵਾਧਾ ਕੀਤਾ ਜਾ ਰਿਹਾ ਹੈ ਪਰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੇ ਸੰਦੇਸ਼ ਵਿਚ ਦਫਤਰੀ ਕਰਮਚਾਰੀਆਂ ਦਾ ਕੋਈ ਜ਼ਿਕਰ ਨਹੀਂ ਕੀਤਾ। ਆਗੂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਆਗੂ ਨੇ ਕਿਹਾ ਕਿ 1 ਅਪ੍ਰੈਲ 2018 ਨੂੰ ਸਰਵ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਸਾਰੇ ਲਾਭ ਦੇ ਕੇ ਰੈਗੂਲਰ ਕਰ ਦਿੱਤਾ ਗਿਆ ਸੀ ਪ੍ਰੰਤੂ ਉਸ ਸਮੇਂ ਵੀ ਦਫਤਰੀ ਕਰਮਚਾਰੀਆਂ ਨਾਲ ਵਿਤਕਰਾ ਕੀਤਾ ਗਿਆ ਅਤੇ ਹੁਣ ਇਸ ਸਰਕਾਰ ਵੱਲੋਂ ਵੀ ਰੈਗੂਲਰ ਦੇ ਨਾਂਅ 'ਤੇ ਸਿਰਫ ਅਖਬਾਰੀ ਪ੍ਰਚਾਰ ਕਰਕੇ ਬੁੱਤਾ ਸਾਰਿਆ ਜਾ ਰਿਹਾ ਹੈ,ਜਿਸ ਕਰਕੇ ਮੁਲਾਜ਼ਮ ਹੜਤਾਲ ਕਰਨ ਨੂੰ ਮਜਬੂਰ ਹੋਏ ਹਨ। ਇਸ ਮੌਕੇ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਵੱਲੋਂ ਵੀ ਹੜਤਾਲੀ ਮੁਲਾਜ਼ਮਾਂ ਦਾ ਡਟ ਕੇ ਸਾਥ ਦਿੱਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮੈਡਮ ਅਨੁ ਅਰੋੜਾ, ਪ੍ਰਿੰਸਪਾਲ, ਮੈਡਮ ਰਜਨੀ ਬਾਲਾ, ਮਲਕਿੰਦਰ ਸਿੰਘ, ਵਨੀਤ ਮਹਾਜਨ, ਪ੍ਰਿਤਿਕਾ, ਸੁਬੋਧ ਕੁਮਾਰ, ਮੈਡਮ ਰੁਪਿੰਦਰ ਕੌਰ, ਰਘਬੀਰ ਸਿੰਘ ਡੇਰਾ ਬਾਬਾ ਨਾਨਕ, ਸਤਪਾਲ, ਨੀਰੂ, ਜਤਿੰਦਰ, ਸਤਨਾਮ ਆਦਿ ਹਾਜ਼ਰ ਸਨ।

# ਤਰਸ ਦੇ ਅਧਾਰ 'ਤੇ ਸਫਾਈ ਸੇਵਕਾਂ ਦੇ ਜਲਦ ਦਿੱਤੇ ਜਾਣਗੇ ਨਿਯੁਕਤੀ ਪੱਤਰ : ਮੰਤਰੀ ਸਥਾਨਕ ਸਰਕਾਰਾਂ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਸਰਕਾਰ ਵਾਲਮੀਕਿ ਭਾਈਚਾਰੇ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰੇਗੀ ਅਤੇ ਜਲਦ ਹੀ ਇੱਕ ਸਮਾਗਮ ਕਰਕੇ ਤਰਸ ਦੇ ਅਧਾਰ 'ਤੇ ਨਿਯੁਕਤ ਹੋਣ ਵਾਲੇ ਸਫਾਈ ਸੇਵਕਾਂ ਨੂੰ ਨਿਯੁਕਤੀ ਪੱਤਰ ਦਿੱਤੇ ਜਾਣਗੇ।

ਇਨਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਮੰਤਰੀ ਬਣਨ ਤੋਂ ਬਾਅਦ ਪਹਿਲੀ ਵਾਰ ਅੰਮ੍ਰਿਤਸਰ ਵਿਖੇ ਪੁੱਜੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕੀਤਾ। ਅੰਮ੍ਰਿਤਸਰ ਵਿਖੇ ਪੁੱਜਣ 'ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਬਲਕਾਰ ਸਿੰਘ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਉਪਰੰਤ ਸਥਾਨਕ ਸਰਕਾਰਾਂ ਬਾਰੇ ਮੰਤਰੀ ਧੂਣਾ ਸਾਹਿਬ ਟਰਸੱਟ ਵੱਲੋਂ ਸ੍ਰੀ ਵਾਲਮੀਕਿ ਤੀਰਥ ਵਿਖੇ ਭਗਵਾਨ ਰਾਮ ਦੇ ਪੁੱਤਰ ਲਵ-ਕੁਸ਼ ਦੇ ਜਨਮ ਦਿਹਾੜੇ ਮੌਕੇ ਕੇਕ ਕੱਟਿਆ। ਉਨ੍ਹਾ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ 'ਤੇ ਚਲ ਕੇ ਅਸੀਂ ਆਪਣੀ ਜ਼ਿੰਦਗੀ ਨੂੰ ਸਫਲ ਬਣਾ ਸਕਦੇ ਹਾਂ। ਉਨ੍ਹਾ ਕਿਹਾ ਕਿ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਸਮਾਜ ਵਿੱਚ ਬਿਨਾਂ ਜਾਤ-ਪਾਤ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਬਣਾ ਕੇ ਰੱਖੀਏ। ਬਲਕਾਰ ਸਿੰਘ ਨੇ ਕਿਹਾ ਕਿ ਅੰਮ੍ਰਿਤਸਰ ਗੁਰੂਆਂ ਪੀਰਾਂ ਦੀ ਧਰਤੀ ਹੈ ਅਤੇ ਅਸੀਂ ਸਾਰੇ ਬੜੇ ਭਾਗਸ਼ਾਲੀ ਹਾਂ ਕਿ ਭਗਵਾਨ ਵਾਲਮੀਕਿ ਜੀ ਨੇ ਇਸ ਧਰਤੀ 'ਤੇ ਬੈਠ ਕੇ ਰਮਾਇਣ ਦੀ ਰਚਨਾ ਕੀਤੀ। ਇਸ ਮੌਕੇ ਧੂਣਾ ਸਾਹਿਬ ਟਰੱਸਟ ਵਲੋਂ ਕੈਬਨਿਟ ਮੰਤਰੀ ਬਲਕਾਰ ਸਿੰਘ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ।

ਇਸ ਉਪਰੰਤ ਕੈਬਨਿਟ ਮੰਤਰੀ ਬਲਕਾਰ ਸਿੰਘ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਸਰਬਤ ਦੇ ਭਲੇ ਦੀ ਕਾਮਨਾ ਕੀਤੀ। ਉਨ੍ਹਾ ਕਿਹਾ ਕਿ ਮੈਂ ਵਾਹਿਗੁਰੂ ਜੀ ਦਾ ਸ਼ੁਕਰਾਨਾ ਕਰਨ ਆਇਆ ਹਾਂ ਕਿ ਮੈਨੂੰ ਜੋ ਏਨੀ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ 'ਤੇ ਖਰਾ ਉਤਰ ਸਕਾਂ। ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਤਲਵਾੜ, ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ, ਕਮਿਸ਼ਨਰ ਨਗਰ ਨਿਗਮ ਸੰਦੀਪ ਰਿਸ਼ੀ, ਐਸ ਡੀ ਐਮ ਰਾਜੇਸ਼ ਸ਼ਰਮਾ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਜਸਪ੍ਰੀਤ ਸਿੰਘ, ਸੰਤ ਮਲਕੀਤ ਨਾਥ, ਰਵਿੰਦਰ ਹੰਸ, ਓ.ਪੀ. ਗੱਬਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਪੈਨਸ਼ਨਰ ਐਸੋਸੀਏਸ਼ਨ ਵੱਲੋਂ ਕਾਦੀਆਂ 'ਚ ਅਰਥੀ ਫੂਕ ਮੁਜ਼ਾਹਰਾ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਅੱਜ ਪੈਨਸ਼ਨਰ ਐਸੋਸੀਏਸ਼ਨ ਜਥੇਬੰਦੀ ਪਾਵਰਕਾਮ ਅਤੇ ਟਰਾਂਸਕੋ ਮੰਡਲ ਕਾਦੀਆਂ ਵੱਲੋਂ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਮੰਡਲ ਪੱਧਰ 'ਤੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ ਜਿਸ ਦੀ ਪ੍ਰਧਾਨਗੀ ਰਤਨ ਸਿੰਘ ਨੇ ਕੀਤੀ। ਰੈਲੀ ਦੌਰਾਨ ਵੱਖ ਵੱਖ ਬੁਲਾਰਿਆਂ ਮੰਗ ਕੀਤੀ ਕਿ 1/1/16 ਤੋਂ ਪਹਿਲਾਂ ਸੇਵਾ ਮੁਕਤ ਹੋ ਚੁੱਕੇ ਕਰਮਚਾਰੀਆਂ ਨੂੰ ਵੀ 2,59 ਦੇ ਗੁਣਾਕ ਨਾਲ ਪੈਨਸ਼ਨ ਦਿੱਤੀ ਜਾਵੇ, 23 ਸਾਲਾ ਸਕੇਲ ਬਿਨਾਂ ਸ਼ਰਤ ਸਾਰੇ ਕਰਮਚਾਰੀਆਂ ਨੂੰ ਦਿੱਤਾ ਜਾਵੇ, ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ, ਬਿਜਲੀ ਯੂਨਿਟਾਂ ਦੀ ਰਿਆਇਤ ਸਾਰੇ ਸੇਵਾਮੁਕਤ ਕਰਮਚਾਰੀਆਂ ਅਤੇ ਨਵੇਂ ਭਰਤੀ ਹੋਏ ਮੁਲਾਜ਼ਮਾਂ ਨੂੰ ਦਿੱਤੀ ਜਾਵੇ, ਡੀ ਏ ਦਾ ਬਕਾਇਆ ਅਤੇ 1/1/ 16 ਤੋਂ ਸੋਧੇ ਹੋਏ ਸਕੇਲਾਂ ਦਾ ਬਕਾਇਆ ਦਿੱਤਾ ਜਾਵੇ। ਪਾਵਰਕੌਮ ਮੈਨੇਜਮੈਂਟ ਨੂੰ ਤਾੜਨਾ ਕੀਤੀ ਕਿ ਜੇਕਰ 31 ਜੁਲਾਈ ਤੱਕ ਸਾਡੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਹੈਡ ਆਫਿਸ ਪਟਿਆਲਾ ਧਰਨੇ ਵਿੱਚ ਕਰਮਚਾਰੀ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੇ। ਧਰਨੇ ਦੌਰਾਨ ਬਲਵਿੰਦਰ ਸਿੰਘ, ਬਲਬੀਰ ਸਿੰਘ, ਕੁੰਨਣ ਸਿੰਘ, ਰਮੇਸ਼ ਸ਼ਰਮਾ, ਅਮਰੀਕ ਸਿੰਘ ਚੀਮਾ, ਬਲਵਿੰਦਰ ਸਿੰਘ ਉਮਰਪੁਰਾ, ਟੀ ਐਸ ਯੂ ਦੇ ਸਰਕਲ ਪ੍ਰਧਾਨ ਜਗਤਾਰ ਸਿੰਘ ਖੁੰਡਾ, ਸੰਤੋਖ ਸਿੰਘ, ਸੋਹਣ ਲਾਲ ਆਦਿ ਬੁਲਾਰਿਆਂ ਨੇ ਸੰਬੋਧਨ ਕੀਤਾ।

# ਵਿਦੇਸ਼ ਭੇਜਣ ਦੇ ਨਾਂਅ 'ਤੇ ਠੱਗੀ ਮਾਰਨ ਵਾਲੇ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਅੰਦਰ ਨਿੱਤ ਰੋਜ਼ ਕੋਈ ਨਾ ਕੋਈ ਮਾਮਲਾ ਵਿਦੇਸ਼ ਭੇਜਣ ਦੇ ਨਾਂਅ 'ਤੇ ਠੱਗੀ ਵੱਜਣ ਦਾ ਸਾਹਮਣੇ ਆਉਂਦਾ ਹੈ। ਭਾਵੇਂ ਪੰਜਾਬ ਸਰਕਾਰ ਵੱਲੋਂ ਇਸ ਮਸਲੇ ਦਾ ਠੋਸ ਹੱਲ ਕੱਢਣ ਦੀਆਂ ਗੱਲਾਂ ਕਹੀਆਂ ਜਾਂਦੀਆਂ ਹਨ ਪਰ ਫ਼ਿਰ ਵੀ ਇਨ੍ਹਾਂ ਠੱਗਾਂ ਵੱਲੋਂ ਵਿਦੇਸ਼ ਭੇਜਣ ਦੇ ਨਾਂਅ 'ਤੇ ਠੱਗੀ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਭੋਲੇ ਭਾਲੇ ਲੋਕ ਇਨ੍ਹਾਂ ਝੂਠੇ ਏਜੰਟੇ ਦੀਆਂ ਗੱਲਾਂ 'ਚ ਆ ਕੇ ਇੱਕ ਤਾਂ ਆਪਣੇ ਪੈਸੇ ਖ਼ਰਾਬ ਕਰ ਲੈਂਦੇ ਹਨ ਉਥੇ ਹੀ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਵੀ ਹੁੰਦੇ ਹਨ। ਅਜਿਹਾ ਹੀ ਇੱਕ ਮਾਮਲਾ ਪਿੰਡ ਗੁਰਦਾਸਪੁਰ ਅਧੀਨ ਪੈਂਦੇ ਪਿੰਡ ਜਫਰਵਾਲ ਤੋਂ ਸਾਹਮਣੇ ਆਇਆ ਹੈ। ਪਿੰਡ ਜਫਰਵਾਲ ਦੇ ਰਹਿਣ ਵਾਲੇ ਤਰਸੇਮ ਸਿੰਘ ਪੁੱਤਰ ਬਚਨ ਸਿੰਘ ਨੇ ਵਿਦੇਸ਼ ਜਾਣ ਲਈ ਇੱਕ ਏਜੰਟ ਕੋਲ ਪੈਸੇ ਜਮ੍ਹਾਂ ਕਰਵਾਏ ਸਨ ਪਰ ਉਸ ਏਜੰਟ ਨੇ ਪੀੜਤ ਤਰਸੇਮ ਸਿੰਘ ਨੂੰ ਰੱਜ ਕੇ ਖੱਜਲ ਖੁਆਰ ਕੀਤਾ। ਇਸ ਏਜੰਟ ਤੋਂ ਦੁਖੀ ਹੋ ਕੇ ਪੀੜਤ ਤਰਸੇਮ ਸਿੰਘ ਨੇ ਆਪਣੀ ਸ਼ਿਕਾਇਤ ਪੁਲਸ ਪ੍ਰਸ਼ਾਸਨ ਨੂੰ ਦਿੱਤੀ। ਮਾਮਲੇ ਜਾਂਚ ਕਰ ਰਹੇ ਅਧਿਕਾਰੀ ਰਾਜਬੀਰ ਉਪ ਪੁਲਸ ਕਪਤਾਨ ਗੁਰਦਾਸਪੁਰ ਨੇ ਜਾਂਚ ਦੌਰਾਨ ਪਾਇਆ ਕਿ ਦੋਸ਼ੀ ਸੁਰੇਸ਼ ਕੁਮਾਰ ਪੁੱਤਰ ਸੁਰਜੀਤ ਸਿੰਘ ਵਾਸੀ ਮੇਹਰਬਾਨਪੁਰ ਥਾਣਾ ਜੰਡਿਆਲਾ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਨੇ ਤਰਸੇਮ ਸਿੰਘ ਪੁੱਤਰ ਬਚਨ ਸਿੰਘ ਵਾਸੀ ਜੱਫਰਵਾਲ ਨੂੰ ਵਿਦੇਸ਼ ਰੁਮਾਨੀਆ ਭੇਜਣ ਦੇ ਨਾਂਅ 'ਤੇ ਉਸ ਕੋਲੋਂ 3 ਲੱਖ 67 ਹਜ਼ਾਰ ਰੁਪਏ ਲਏ ਜਦੋਂਕਿ ਸੁਰੇਸ਼ ਕੁਮਾਰ ਨੇ ਨਾ ਤਾਂ ਤਰਸੇਮ ਸਿੰਘ ਨੂੰ ਵਿਦੇਸ਼ ਭੇਜਿਆ ਅਤੇ ਨਾ ਹੀ ਉਸ ਦੇ ਪੈਸੇ ਵਾਪਸ ਕੀਤੇ। ਪੁਲਸ ਨੇ ਕਥਿਤ ਦੋਸ਼ੀ ਸੁਰੇਸ਼ ਕੁਮਾਰ ਖ਼ਿਲਾਫ਼ 420 ਅਤੇ ਪੰਜਾਬ ਟਰੈਵਲ ਐਕਟ 2014 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਐੱਸ ਡੀ ਐੱਮ ਵੱਲੋਂ ਭਿੱਖੀਵਿੰਡ 'ਚ ਆਈਲੈਟਸ ਸੈਂਟਰਾਂ ਦੀ ਚੈਕਿੰਗ




ਭਿੱਖੀਵਿੰਡ/(ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਐੱਸ ਡੀ ਐੱਮ ਭਿੱਖੀਵਿੰਡ ਅਨਿਲ ਗੁਪਤਾ ਅਤੇ ਤਹਿਸੀਲਦਾਰ ਸਰਬਜੀਤ ਸਿੰਘ ਥਿੰਦ ਵੱਲੋਂ ਅੱਜ ਆਪਣੀ ਟੀਮ ਸਮੇਤ ਭਿੱਖੀਵਿੰਡ 'ਚ ਸਥਿਤ ਆਈਲੈਟਸ ਸੈਂਟਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਆਈਲੈਟਸ ਸੈਂਟਰਾਂ ਅਤੇ ਵੀਜ਼ਾ ਸਲਾਹਕਾਰਾਂ ਦੇ ਲਾਇਸੰਸਾਂ ਦੀ ਪੜਤਾਲ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐੱਸ ਡੀ ਐੱਮ ਅਨਿਲ ਗੁਪਤਾ ਨੇ ਦੱਸਿਆ ਕਿ ਆਈਲੈਟਸ ਸੈਂਟਰ ਖੋਲ੍ਹਣ ਦੇ ਚਾਹਵਾਨ ਵਿਅਕਤੀ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਕੋਲੋਂ ਲਾਇਸੰਸ ਲੈਣਾ ਜ਼ਰੂਰੀ ਹੁੰਦਾ ਹੈ, ਜਿਸ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੈਂਟਰ 'ਚ ਹੋਣ ਵਾਲੇ ਵੱਖ-ਵੱਖ ਕੰਮਾਂ ਸੰਬੰਧੀ 25 ਹਜ਼ਾਰ ਤੋਂ ਲੈ ਕੇ ਇੱਕ ਲੱਖ ਰੁਪਏ ਤੱਕ ਦੀ ਫੀਸ ਵਸੂਲੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਪਾਸੋਂ ਜਾਰੀ ਹੋਈ ਲਿਸਟ ਵਿੱਚ ਉਨ੍ਹਾਂ ਨੂੰ ਚਾਰ ਆਈਲੈਟਸ ਸੈਂਟਰਾਂ ਨੂੰ ਚੈਕ ਕਰਨ ਦੇ ਆਦੇਸ਼ ਦਿੱਤੇ ਗਏ ਸਨ। ਉਨ੍ਹਾਂ ਦੱਸਿਆ ਕਿ ਮਾਣਯੋਗ ਡਿਪਟੀ ਕਮਿਸ਼ਨਰ ਤਰਨ ਤਾਰਨ ਬਲਦੀਪ ਕੌਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਜਦੋਂ ਅੱਜ ਉਨ੍ਹਾਂ ਵੱਲੋਂ ਆਪਣੀ ਟੀਮ ਅਤੇ ਸਥਾਨਕ ਪੁਲਸ ਦੇ ਸਹਿਯੋਗ ਨਾਲ ਸ਼ਹਿਰ 'ਚ ਚੱਲ ਰਹੇ ਵੱਖ-ਵੱਖ ਸੈਂਟਰਾਂ ਦੀ ਚੈਕਿੰਗ ਕੀਤੀ ਗਈ ਤਾਂ ਇਹ ਗੱਲ ਸਾਹਮਣੇ ਆਈ ਹੈ ਕਿ ਸ਼ਹਿਰ ਦੇ ਬਹੁਤ ਸਾਰੇ ਸੈਂਟਰ ਬਿਨਾਂ ਲਾਇਸੰਸ ਤੋਂ ਚੱਲ ਰਹੇ ਹਨ। ਐੱਸ ਡੀ ਐੱਮ ਭਿੱਖੀਵਿੰਡ ਨੇ ਦੱਸਿਆ ਕਿ ਚੈਕਿੰਗ ਦੌਰਾਨ ਗਲੋਬਲ ਸਟੱਡੀ ਅਤੇ ਬਾਠ ਆਈਲੈਟਸ ਸੈਂਟਰ ਦੇ ਮਾਲਕਾਂ ਕੋਲ ਲਾਇਸੰਸ ਅਤੇ ਹੋਰ ਜ਼ਰੂਰੀ ਦਸਤਾਵੇਜ਼ ਮੁਕੰਮਲ ਨਹੀਂ ਸਨ, ਜਿਸ ਕਾਰਨ ਉਪਰੋਕਤ ਦੋਵਾਂ ਸੈਂਟਰਾਂ ਨੂੰ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਜਦੋਂ ਗਰੇ ਮੈਟਰਸ ਸੈਂਟਰ ਦੀ ਚੈਕਿੰਗ ਕੀਤੀ ਗਈ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਉਪਰੋਕਤ ਸੈਂਟਰ ਕੋਲ ਮੁਹਾਲੀ ਦਾ ਲਾਇਸੰਸ ਸੀ, ਜਿਸ ਦੀ ਮਿਆਦ ਵੀ 2022 ਤੱਕ ਹੀ ਸੀ, ਪ੍ਰੰਤੂ ਗਰੇ ਮੈਟਰਸ ਦੀ ਭਿੱਖੀਵਿੰਡ ਬ੍ਰਾਂਚ ਕੋਲ ਤਰਨ ਤਾਰਨ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਸੈਂਟਰ ਚਲਾਉਣ ਦੀ ਮਨਜ਼ੂਰੀ ਨਹੀਂ ਸੀ, ਜਿਸ ਕਾਰਨ ਇਸ ਸੈਂਟਰ ਨੂੰ ਵੀ ਬੰਦ ਕਰਵਾਇਆ ਗਿਆ। ਇਸੇ ਤਰ੍ਹਾਂ ਪੀਅਰਸਨ ਸਕੂਲ ਆਫ ਇੰਗਲਿਸ਼ ਦੇ ਮਾਲਕ ਨੂੰ ਵਿਦਿਆਰਥੀਆਂ ਨੂੰ ਦੂਰ-ਦੂਰ ਬਿਠਾਉਣ ਦੀ ਹਦਾਇਤ ਜਾਰੀ ਕੀਤੀ ਗਈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਅੱਜ ਕੀਤੀ ਗਈ ਫਿਜ਼ੀਕਲ ਜਾਂਚ ਦੌਰਾਨ ਇਹ ਵੀ ਖੁਲਾਸਾ ਹੋਇਆ ਹੈ ਕਿ ਸ਼ਹਿਰ ਦੇ ਬਹੁਤੇ ਸਾਰੇ ਸੈਂਟਰ ਵਿਦਿਆਰਥੀਆਂ ਤੋਂ ਮਨਮਰਜ਼ੀ ਨਾਲ ਫੀਸ ਤਾਂ ਵਸੂਲ ਰਹੇ ਹਨ, ਪ੍ਰੰਤੂ ਉਹ ਸਰਕਾਰ ਕੋਲੋਂ ਸੰਬੰਧਤ ਬਿਜ਼ਨਸ ਲਈ ਲਾਇਸੰਸ ਲੈਣਾ ਜ਼ਰੂਰੀ ਨਹੀਂ ਸਮਝਦੇ। ਇਸ ਮੌਕੇ ਐਸ ਡੀ ਐਮ ਅਨਿਲ ਗੁਪਤਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਚੈਕਿੰਗ ਦੌਰਾਨ ਆਈਲੈਟਸ ਸੈਂਟਰਾਂ ਦਾ ਕਾਫੀ ਰਿਕਾਰਡ ਵੀ ਕਬਜ਼ੇ 'ਚ ਲਿਆ ਗਿਆ ਹੈ, ਜਿਸ ਦੀ ਪੜਤਾਲ ਕੀਤੀ ਜਾ ਰਹੀ ਹੈ। ਐਸ ਡੀ ਐਮ ਦਾ ਕਹਿਣਾ ਸੀ ਕਿ ਪੜਤਾਲ ਦੌਰਾਨ ਅਣ-ਅਧਿਕਾਰਤ ਜਾਂ ਗੈਰ ਕਾਨੂੰਨੀ ਢੰਗ ਨਾਲ ਚੱਲ ਰਹੇ ਸੈਂਟਰਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਸਟੇਨੋ ਸੁਖਵਿੰਦਰ ਸਿੰਘ,ਐਸ ਐਚ ਓ ਭਿੱਖੀਵਿੰਡ ਅਤੇ ਤਹਿਸੀਲਦਾਰ ਸਰਬਜੀਤ ਸਿੰਘ ਥਿੰਦ ਹਾਜ਼ਰ ਸਨ।

# ਪੰਜਾਬ ਦੇ ਸਰਕਾਰੀ ਸਕੂਲਾਂ 'ਚ ਪ੍ਰੀ-ਪ੍ਰਾਇਮਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਸਮਰ ਕੈਂਪ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ 'ਚ ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਪ੍ਰੀ-ਪ੍ਰਾਇਮਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਸਮਰ ਕੈਂਪ ਲਗਾਏ ਜਾ ਰਹੇ ਹਨ।

ਇਸ ਦੌਰਾਨ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫਸਰ ਸੈਕੰ: ਅਮਰਜੀਤ ਸਿੰਘ ਭਾਟੀਆ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਐਲੀ: ਮਮਤਾ ਖੁਰਾਣਾ ਸੇਠੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਜਾਰੀ ਸਮਾਂ ਸਾਰਣੀ 'ਤੇ ਅਮਲ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਦੇ ਸਰਕਾਰੀ ਸਕੂਲਾਂ ਵਿੱਚ ਪ੍ਰੀ-ਪ੍ਰਾਇਮਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਸਮਰ ਕੈਂਪ ਲਗਾਏ ਜਾ ਰਹੇ ਹਨ, ਜਿਸ ਵਿੱਚ ਸਿੱਖਿਆ ਵਿਭਾਗ ਵੱਲੋਂ ਰੋਜ਼ਾਨਾ ਭੇਜੀਆਂ ਜਾਂਦੀਆਂ ਜਮਾਤ ਅਨੁਸਾਰ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਇਸ ਮੌਕੇ ਡੀ.ਈ.ਓ. ਭਾਟੀਆ, ਡੀ.ਈ.ਓ. ਮੈਡਮ ਮਮਤਾ ਖੁਰਾਣਾ ਸੇਠੀ, ਡਿਪਟੀ ਡੀ.ਈ.ਓ. ਸੈਕੰ: ਲਖਵਿੰਦਰ ਸਿੰਘ, ਡਿਪਟੀ ਡੀ.ਈ.ਓ. ਐਲੀ: ਪ੍ਰਕਾਸ਼ ਜੋਸ਼ੀ, ਬਲਾਕ ਨੋਡਲ ਅਫਸਰਾਂ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਤੇ ਸੈਂਟਰ ਮੁੱਖ ਅਧਿਆਪਕਾਂ ਨੇ ਜ਼ਿਲ੍ਹੇ ਦੇ ਵੱਖ-ਵੱਖ ਸਕੂਲ 'ਚ ਵਿਜ਼ਟ ਕਰਕੇ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਸਮਰ ਕੈਂਪਾਂ 'ਚ ਵਿਦਿਆਰਥੀਆਂ ਨੂੰ ਜਮਾਤਵਾਰ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ ਤਾਂ ਜੋ ਵਿਦਿਆਰਥੀ ਦਾ ਸਰਵਪੱਖੀ ਵਿਕਾਸ ਹੋ ਸਕੇ।

# ਧਰਤੀ ਹੇਠਲੇ ਪਾਣੀ ਦੀ ਦੁਰਵਰਤੋਂ ਬਣੀ ਚਿੰਤਾ ਦਾ ਵਿਸ਼ਾ



**ਗੁਰਦਾਸਪੁਰ (ਜਨਕ ਮਹਾਜਨ)**- ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਬੇਸ਼ੱਕ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਵੱਖ-ਵੱਖ ਯੋਗ ਉਪਰਾਲੇ ਕੀਤੇ ਜਾਂਦੇ ਰਹੇ ਹਨ ਪਰ ਅੱਜ ਵੀ ਪਾਣੀ ਦੀ ਦੁਰਵਰਤੋਂ ਭਵਿੱਖ ਲਈ ਇਕ ਚਿੰਤਾ ਦਾ ਵਿਸ਼ਾ ਹੈ। ਮਾਹਰਾਂ ਮੁਤਾਬਕ ਧਰਤੀ ਹੇਠਾਂ ਪੀਣ ਯੋਗ ਪਾਣੀ ਕੁਝ ਸਾਲਾਂ ਦਾ ਹੀ ਬਚਿਆ ਹੈ ਪਰ ਫ਼ਿਰ ਵੀ ਲੋਕ ਪਾਣੀ ਦੀ ਸਾਂਭ-ਸੰਭਾਲ ਵੱਲ ਖ਼ਾਸ ਖਿਆਲ ਨਹੀਂ ਦੇ ਰਹੇ। ਇਸ ਸੰਬੰਧੀ ਗੱਲਬਾਤ ਕਰਦਿਆਂ ਸਮਾਜ ਸੇਵੀ ਜਨਕ ਰਾਜ ਸ਼ਰਮਾ ਸੇਵਾ ਮੁਕਤ ਚੀਫ਼ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਅਤੇ ਪ੍ਰਧਾਨ ਗਰੀਨ ਐਜੂਕੇਸ਼ਨ-ਐਨ ਜੀ ਓ ਗੁਰਦਾਸਪੁਰ ਨੇ ਦੱਸਿਆ ਕਿ ਮਨੁੱਖੀ ਜੀਵਨ ਪਾਣੀ ਤੋਂ ਬਿਨਾਂ ਅਸੰਭਵ ਹੈ, ਇਸ ਲਈ ਪਾਣੀ ਦੀ ਸਾਂਭ-ਸੰਭਾਲ ਕਰਨਾ ਸਾਡੀ ਸਾਰਿਆਂ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਦਾ ਹੋਕਾ ਵਾਰ-ਵਾਰ ਦਿੱਤਾ ਜਾਂਦਾ ਹੈ ਪਰ ਸਿੱਧੀ ਬਿਜਾਈ ਵੱਲ ਕਿਸਾਨਾਂ ਵੱਲੋਂ ਕੋਈ ਖ਼ਾਸ ਤਰਜੀਹ ਨਹੀਂ ਦਿੱਤੀ ਜਾਂਦੀ। ਉਨ੍ਹਾ ਕਿਹਾ ਜ਼ਿਲ੍ਹਾ ਗੁਰਦਾਸਪੁਰ ਅੰਦਰ ਇਸ ਵਾਰ ਵੀ ਕਿਸਾਨਾਂ ਵੱਲੋਂ ਬਹੁਤ ਘੱਟ ਝੋਨੇ ਦੀ ਸਿੱਧੀ ਬਿਜਾਈ ਕੀਤੀ ਗਈ ਹੈ ਅਤੇ ਜ਼ਿਆਦਾਤਰ ਕਿਸਾਨਾਂ ਨੇ ਕੱਦੂ ਕਰਕੇ ਹੀ ਝੋਨਾ ਲਗਾਉਣ ਨੂੰ ਪਹਿਲ ਦਿੱਤੀ ਹੈ। ਸਮਾਜ ਸੇਵੀਆਂ ਦਾ ਕਹਿਣਾ ਹੈ ਕਿ ਮੋਟਰਾਂ ਦੇ ਬਿੱਲ ਮਾਫ਼ ਹੋਣ 'ਤੇ ਕਿਸਾਨਾਂ ਵੱਲੋਂ ਮੋਟਰਾਂ ਨੂੰ ਆਟੋਕੱਟ ਲਗਾ ਦਿੱਤੇ ਗਏ ਹਨ ਅਤੇ ਬਿਜਲੀ ਆਉਣ 'ਤੇ ਮੋਟਰਾਂ ਲਗਾਤਾਰ ਚਲਦੀਆਂ ਰਹਿੰਦੀਆਂ ਹਨ। ਉਨ੍ਹਾਂ ਕਿਹਾ ਬੱਸ ਅੱਡਿਆਂ 'ਤੇ ਪਾਣੀ ਵਾਲੀਆਂ ਟੂਟੀਆਂ ਹਰ ਸਮੇਂ ਆਮ ਹੀ ਚਲਦੀਆਂ ਦੇਖੀਆਂ ਜਾਂਦੀਆਂ ਹਨ ਜਿਨ੍ਹਾਂ ਨੂੰ ਬੰਦ ਕਰਨ ਵੱਲ ਕੋਈ ਧਿਆਨ ਨਹੀਂ ਦਿੰਦਾ। ਉਨ੍ਹਾਂ ਕਿਹਾ ਇਸੇ ਤਰ੍ਹਾਂ ਪਿੰਡਾਂ ਅੰਦਰ ਕੁਝ ਲੋਕ ਆਪਣੇ ਘਰਾਂ ਦੇ ਬਾਹਰ ਗੱਡੀਆਂ ਮੋਟਰਾਂ ਤੋਂ ਇਲਾਵਾਂ ਵੱਡੀਆਂ ਪਾਈਪਾਂ ਲਗਾ ਕੇ ਸਬਜ਼ੀਆਂ ਵਾਲੀਆਂ ਕਿਆਰੀਆਂ ਅਤੇ ਗਲੀਆਂ ਨੂੰ ਲੰਬਾ ਸਮਾਂ ਸਾਫ਼ ਕਰਦੇ ਰਹਿੰਦੇ ਹਨ ਜਿਸ ਨਾਲ ਪਾਣੀ ਦੀ ਦੁਰਵਰਤੋ ਹੁੰਦੀ ਰਹਿੰਦੀ ਹੈ। ਉਨ੍ਹਾਂ ਕਿਹਾ ਜੇਕਰ ਇਸੇ ਤਰ੍ਹਾਂ ਪਾਣੀ ਦੀ ਦੁਰਵਰਤੋਂ ਹੁੰਦੀ ਰਹੀ ਤਾਂ ਆਉਣ ਵਾਲੀ ਪੀੜ੍ਹੀ ਲਈ ਜ਼ਿੰਦਗੀ ਜਿਊਣਾ ਹੋਰ ਮੁਸ਼ਕਲ ਹੋ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਪਾਣੀ ਦੀ ਦੁਰਵਰਤੋਂ ਨੂੰ ਰੋਕਣ ਲਈ ਠੋਸ ਉਪਰਾਲੇ ਕੀਤੇ ਜਾਣ ਜਿਸ ਨਾਲ ਧਰਤੀ ਹੇਠਲੇ ਪਾਣੀ ਨੂੰ ਬਚਾਇਆ ਜਾ ਸਕੇ।

# ਭ੍ਰਿਸ਼ਟਾਚਾਰ ਤੇ ਨਸ਼ੇ ਦੇ ਖਾਤਮੇ ਲਈ ਲੋਕਾਂ ਦਾ ਸਹਿਯੋਗ ਜ਼ਰੂਰੀ : ਵਿਧਾਇਕ ਸੋਹਲ



ਤਰਨ ਤਾਰਨ (ਸਾਗਰ ਅਰੋੜਾ)- ਹਲਕਾ ਵਿਧਾਇਕ ਪਿੰਡ-ਪਿੰਡ ਗਲੀ-ਗਲੀ ਪ੍ਰੋਗਰਾਮ ਦੇ ਤਹਿਤ ਅੱਜ ਵਿਧਾਇਕ ਡਾ.ਕਸ਼ਮੀਰ ਸਿੰਘ ਸੋਹਲ ਅੱਡਾ ਗੱਗੋਬੂਹਾ ਵਿਖੇ ਪਹੁੰਚੇ, ਜਿੱਥੇ ਕਿ ਵਿਧਾਇਕ ਸੋਹਲ ਵੱਲੋਂ ਪਾਰਟੀ ਦੇ ਵਲੰਟੀਅਰਾਂ, ਆਪ ਆਗੂ ਲਖਬੀਰ ਸਿੰਘ ਛੀਨਾ ਅਤੇ ਹੋਰ ਮੁਹਤਬਰ ਵਿਅਕਤੀਆਂ ਨਾਲ ਮੀਟਿੰਗ ਕੀਤੀ ਤੇ ਅੱਡਾ ਗੱਗੋਬੂਹਾ ਦੇ ਲੋਕਾਂ ਨੂੰ ਜੋ ਮੁਸ਼ਕਲਾਂ ਆ ਰਹੀਆਂ ਸਨ, ਬਾਰੇ ਜਾਣਕਾਰੀ ਹਾਸਲ ਕੀਤੀ। ਪਿੰਡ ਵਾਸੀਆਂ ਨੇ ਗਲੀਆਂ ਨਾਲੀਆਂ, ਸੀਵਰੇਜ, ਪਾਣੀ ਦੀ ਨਿਕਾਸੀ ਦੀ ਸਮੱਸਿਆ ਨੂੰ ਵਿਧਾਇਕ ਸੋਹਲ ਦੇ ਧਿਆਨ 'ਚ ਲਿਆਂਦਾ। ਪਿੰਡ ਵਾਸੀਆਂ ਨੇ ਦੱਸਿਆ ਕਿ ਪਿੰਡ ਵਿੱਚ ਸਾਂਝ ਕੇਂਦਰ ਦੀ ਖਾਲੀ ਪਈ ਬਿਲਡਿੰਗ ਨਸ਼ੇੜੀਆਂ ਦਾ ਅੱਡਾ ਬਣੀ ਹੋਈ ਹੈ, ਜਿਸ ਕਾਰਨ ਪਿੰਡ ਵਾਸੀ ਬੇਹੱਦ ਪ੍ਰੇਸ਼ਾਨ ਹਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਸੋਹਲ ਨੇ ਕਿਹਾ ਕਿ ਪੰਜਾਬ 'ਚੋਂ ਭ੍ਰਿਸ਼ਟਾਚਾਰ ਅਤੇ ਨਸ਼ਾ ਤਦ ਹੀ ਖਤਮ ਹੋ ਸਕਦਾ ਹੈ ਜੇਕਰ ਲੋਕ ਆਪ ਮੁਹਾਰੇ ਹੋ ਕੇ ਸਰਕਾਰ ਦਾ ਸਾਥ ਦੇਣ। ਉਨ੍ਹਾ ਕਿਹਾ ਕਿ 75 ਸਾਲਾਂ ਦੀ ਗੰਦਗੀ ਨੂੰ ਲੋਕਾਂ ਦੇ ਸਾਥ ਤੋਂ ਬਿਨਾਂ ਸਾਫ ਨਹੀਂ ਕੀਤਾ ਜਾ ਸਕਦਾ। ਵਿਧਾਇਕ ਸੋਹਲ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਜਲਦ ਹੱਲ ਕੀਤਾ ਜਾਵੇਗਾ। ਆਪ ਆਗੂ ਲਖਬੀਰ ਸਿੰਘ ਛੀਨਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਵਿਧਾਇਕ ਸੋਹਲ ਵੱਲੋਂ ਅੱਜ ਵਰ੍ਹਦੇ ਮੀਂਹ 'ਚ ਪਿੰਡ ਦਾ ਦੌਰਾ ਕੀਤਾ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ। ਲਖਬੀਰ ਸਿੰਘ ਨੇ ਦੱਸਿਆ ਕਿ 75 ਸਾਲਾਂ ਵਿੱਚ ਪਹਿਲੀ ਵਾਰ ਸਾਨੂੰ ਅਜਿਹਾ ਮਿਹਨਤੀ ਅਤੇ ਇਮਾਨਦਾਰ ਵਿਧਾਇਕ ਮਿਲਿਆ ਹੈ ਤੇ ਸਾਨੂੰ ਆਸ ਹੈ ਕਿ ਵਿਧਾਇਕ ਡਾ. ਸੋਹਲ ਸਾਰੀਆਂ ਮੁਸ਼ਕਲਾਂ ਦਾ ਜਲਦ ਤੋਂ ਜਲਦ ਹੱਲ ਕਰਵਾਉਣਗੇ। ਇਸ ਮੌਕੇ ਕੁਲਦੀਪ ਕੁਮਾਰ, ਸੁਖਦੇਵ ਸਿੰਘ, ਗੁਰਬੀਰ ਸਿੰਘ, ਇਕਬਾਲ ਸਿੰਘ, ਮੁਖਤਾਰ ਸਿੰਘ, ਰਜਿੰਦਰ ਸਿੰਘ ਆਦਿ ਹਾਜ਼ਰ ਸਨ।

# 21 ਵਾਂ ਰਾਸ਼ਟਰੀ ਰੰਗਮੰਚ ਉਤਸਵ 2023-ਅੰਧਾ ਯੁੱਗ ਦੀ ਪੇਸ਼ਕਾਰੀ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਮੰਚ ਰੰਗਮੰਚ ਅੰਮ੍ਰਿਤਸਰ ਵੱਲੋਂ ਵਿਰਸਾ ਵਿਹਾਰ ਅੰਮ੍ਰਿਤਸਰ ਦੇ ਸਹਿਯੋਗ ਨਾਲ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਦੀ ਅਗਵਾਈ ਹੇਠ ਜਾਰੀ 21 ਵੇਂ ਰਾਸ਼ਟਰੀ ਰੰਗਮੰਚ ਉਤਸਵ ਦੇ ਪੰਜਵੇਂ ਦਿਨ ਪ੍ਰਸਿੱਧ ਲੇਖਕ ਧਰਮਵੀਰ ਭਾਰਤੀ ਦਾ ਲਿਖਿਆ ਅਤੇ ਕੇਵਲ ਧਾਲੀਵਾਲ ਦੁਆਰਾ ਨਿਰਦੇਸ਼ਤ ਕੀਤਾ ਨਾਟਕ 'ਅੰਧਾ ਯੁੱਗ' ਦਾ ਮੰਚਨ ਵਿਰਸਾ ਵਿਹਾਰ ਦੇ ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਸਫ਼ਲਤਾਪੂਰਵਕ ਪੇਸ਼ ਕੀਤਾ ਗਿਆ। ਅੰਧਾ ਯੁੱਗ ਵੇਦ ਵਿਆਸ ਦੁਆਰਾ ਰਚਿਤ ਪ੍ਰਾਚੀਨ ਸੰਸਕ੍ਰਿਤ ਮਹਾਂਕਾਵਿ, ਮਹਾਭਾਰਤ 'ਤੇ ਅਧਾਰਤ ਹੈ। ਇਹ ਨਾਟਕ ਮਹਾਨ ਮਹਾਭਾਰਤ ਯੁੱਧ ਦੇ ਅਠਾਰ੍ਹਵੇਂ ਅਤੇ ਆਖਰੀ ਦਿਨ ਸ਼ੁਰੂ ਹੁੰਦਾ ਹੈ, ਜਿਸ ਨੇ ਕੌਰਵਾਂ ਦੇ ਰਾਜ ਨੂੰ ਤਬਾਹ ਕਰ ਦਿੱਤਾ ਸੀ, ਪਾਂਡਵਾਂ ਦੇ ਚਚੇਰੇ ਭਰਾਵਾਂ, ਉਨ੍ਹਾਂ ਦੀ ਰਾਜਧਾਨੀ ਹਸਤਿਨਾਪੁਰ ਦਾ ਖ਼ੂਬਸੂਰਤ ਸ਼ਹਿਰ ਸੜ ਰਿਹਾ ਸੀ, ਖੰਡਰ ਵਿੱਚ ਕੁਰੂਕਸ਼ੇਤਰ ਯੁੱਧ ਦਾ ਮੈਦਾਨ ਲਾਸ਼ਾਂ ਨਾਲ ਵਿਛਿਆ ਹੋਇਆ ਸੀ। ਮੌਤ ਦੇ ਵਿਰਲਾਪ ਨਾਲ ਸਾਰਾ ਆਸਮਾਨ ਭਰਿਆ ਪਿਆ ਸੀ, ਕਿਉਂਕਿ ਚਚੇਰੇ ਭਰਾਵਾਂ ਨੇ ਇੱਕ ਦੂਜੇ ਨੂੰ ਮਾਰ ਦਿੱਤਾ। ਬਚੇ ਹੋਏ ਲੋਕ ਦੁਖੀ ਅਤੇ ਗੁੱਸੇ ਵਿੱਚ ਰਹਿ ਗਏ ਕਿਉਂਕਿ ਉਹ ਤਬਾਹੀ ਲਈ ਦੂਜਿਆਂ ਨੂੰ ਇਲਾਹੀ ਇੱਛਾ ਵੀ ਦੋਸ਼ੀ ਠਹਿਰਾਉਂਦੇ ਰਹੇ, ਫਿਰ ਵੀ ਕੋਈ ਵੀ ਇਸ ਨੂੰ ਆਪਣੇ ਨੈਤਿਕ ਵਿਕਲਪਾਂ ਦੇ ਨਤੀਜੇ ਵਜੋਂ ਦੇਖਣ ਲਈ ਤਿਆਰ ਨਹੀਂ ਸੀ। ਗੁਰੂ ਦਰੋਣਾਚਾਰੀਆ ਦਾ ਪੁੱਤਰ ਅਸ਼ਵਥਾਮਾ, ਪਾਂਡਵਾਂ ਦੇ ਵਿਰੁੱਧ ਬਦਲਾ ਲੈਣ ਦੀ ਇੱਕ ਆਖਰੀ ਖਵਾਇਸ਼ ਵਿੱਚ ਵਿਨਾਸ਼ ਦਾ ਅੰਤਮ ਹਥਿਆਰ ਬ੍ਰਹਮਾਸਤਰ ਜਾਰੀ ਕਰਦਾ ਹੈ, ਜੋ ਸੰਸਾਰ ਨੂੰ ਤਬਾਹ ਕਰਨ ਦਾ ਵਾਅਦਾ ਕਰਦਾ ਹੈ, ਫਿਰ ਵੀ ਕੋਈ ਇਸ ਦੀ ਨਿੰਦਾ ਕਰਨ ਲਈ ਅੱਗੇ ਨਹੀਂ ਆਉਂਦਾ, ਨੈਤਿਕਤਾ ਅਤੇ ਮਨੁੱਖਤਾ ਜੰਗ ਦੇ ਪਹਿਲੇ ਜਾਨੀ ਨੁਕਸਾਨ ਸਨ। ਕ੍ਰਿਸ਼ਨਾ ਜਿਸ ਨੇ ਯੁੱਧ ਤੋਂ ਪਹਿਲਾਂ ਚਚੇਰੇ ਭਰਾਵਾਂ ਵਿਚਕਾਰ ਵਿਚੋਲਗੀ ਦਾ ਕੰਮ ਕੀਤਾ, ਨਾਟਕ ਦਾ ਨੈਤਿਕ ਕੇਂਦਰ ਬਣਿਆ ਹੋਇਆ ਹੈ। ਇੱਥੋਂ ਤੱਕ ਕਿ ਆਪਣੀ ਅਸਫ਼ਲਤਾ ਵਿੱਚ ਵੀ ਉਹ ਵਿਕਲਪ ਪੇਸ਼ ਕਰਦਾ ਹੈ ਜੋ ਨੈਤਿਕ ਅਤੇ ਨਿਆਂਪੂਰਨ ਦੋਵੇਂ ਹਨ ਅਤੇ ਯਾਦ ਦਿਵਾਉਂਦਾ ਹੈ ਕਿ ਉੱਚ ਜਾਂ ਪਵਿੱਤਰ ਰਸਤਾ ਹਮੇਸ਼ਾ ਬੁਰੇ ਸਮੇਂ ਵਿੱਚ ਵੀ ਮਨੁੱਖਾਂ ਲਈ ਪਹੁੰਚਯੋਗ ਹੁੰਦਾ ਹੈ। ਇਸ ਨਾਟਕ ਵਿੱਚ ਈਮਨੂੰਅਲ ਸਿੰਘ, ਅੰਕੁਰ, ਯਸ਼ ਮਿਸ਼ਰਾ, ਜੌਹਨ ਪਾਲ, ਰਵਿੰਦਰ ਕੌਰ, ਨਰੇਸ਼, ਰਾਜੇਸ਼, ਵੈਭਵ, ਨਿਸ਼ਾਂਤ, ਅੰਕੁਸ਼, ਗੁਰਪ੍ਰੀਤ ਸਿੰਘ, ਸੰਜੇ ਸਿੰਘ ਆਦਿ ਕਲਾਕਾਰਾਂ ਨੇ ਦਮਦਾਰ ਅਦਾਕਾਰੀ ਪੇਸ਼ ਕੀਤੀ। ਨਾਟਕ ਦਾ ਸੰਗੀਤ ਕੁਸ਼ਾਗਰ ਕਾਲੀਆ ਅਤੇ ਹਰਸ਼ਿਤਾ ਵੱਲੋਂ ਦਿੱਤਾ ਗਿਆ। ਨਾਟਕ ਦੇ ਅੰਤ ਵਿੱਚ ਰੰਗਮੰਚ ਦੇ ਸਿੱਖਿਆ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਟੀ-ਸ਼ਰਟ ਦੇ ਕੇ ਸਨਮਾਨਤ ਕੀਤਾ ਗਿਆ।

# ਕਿਸਾਨ ਜਥੇਬੰਦੀ ਦੀ ਸਭਰਾ 'ਚ ਪੰਦਰਵਾੜਾ ਮੀਟਿੰਗ



ਪੱਟੀ (ਬਲਦੇਵ ਸਿੰਘ ਸੰਧੂ /ਸਮਸ਼ੇਰ ਸਿੰਘ ਯੋਧਾ) - ਪਿੰਡ ਸਭਰਾ 'ਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਪੰਦਰਵਾੜਾ ਮੀਟਿੰਗ ਹੋਈ। ਮੀਟਿੰਗ 'ਚ ਸੜਕਾਂ ਬਣਾਉਣ ਲਈ ਲਈਆਂ ਜਾ ਰਹੀਆਂ ਜ਼ਮੀਨਾਂ, ਅਬਾਦਕਾਰਾਂ ਦਾ ਉਜਾੜਾ, ਚਿਪ ਵਾਲੇ ਮੀਟਰ, ਗੰਦੇ ਪਾਣੀਆਂ ਅਤੇ ਰੁਲ ਰਹੀ ਮੱਕੀ ਤੇ ਮੂੰਗੀ 'ਤੇ ਚਰਚਾ ਹੋਈ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ 15 ਦਿਨਾਂ ਬਾਅਦ ਹੋਣ ਵਾਲੀ ਮੀਟਿੰਗ ਗੁਰਦੁਆਰਾ ਬਾਬਾ ਕਾਹਨ ਸਿੰਘ ਪਿੰਡ ਸਭਰਾ ਵਿਖੇ ਅਮਰਜੀਤ ਸਿੰਘ ਸਭਰਾ, ਬਲਕਾਰ ਸਿੰਘ ਦੋਧੀ ਤੇ ਲੱਖਾ ਸਿੰਘ ਜੋਤੀਸ਼ਾਹ ਦੀ ਪ੍ਰਧਾਨਗੀ ਹੇਠ ਕੀਤੀ ਗਈ। ਪ੍ਰੈਸ ਨੋਟ ਜਾਰੀ ਕਰਦਿਆਂ ਦਲੇਰ ਸਿੰਘ ਸਭਰਾ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਜੁਗਰਾਜ ਸਿੰਘ ਰਾਜਸਥਾਨੀ ਅਤੇ ਨਛੱਤਰ ਸਿੰਘ ਫੌਜੀ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਭਾਰਤ ਮਾਲਾ ਪ੍ਰੋਜੈਕਟ ਤਹਿਤ ਲਈਆਂ ਜ਼ਮੀਨਾਂ 'ਤੇ ਸੜਕਾਂ ਬਣਾਉਣ ਲਈ ਕਾਹਲੇ ਹਨ ਪਰ ਜ਼ਮੀਨਾਂ ਦੇ ਪੂਰੇ ਰੁਪਏ ਨਹੀਂ ਦੇ ਰਹੇ। ਵਾਰ ਵਾਰ ਪੀੜਤਾਂ ਨੂੰ ਜ਼ਲੀਲ ਕੀਤਾ ਜਾ ਰਿਹਾ ਹੈ। ਦਹਾਕਿਆਂ ਤੋਂ ਪੰਜਾਬ ਭਰ 'ਚ ਬੰਜਰ ਜ਼ਮੀਨਾਂ ਪੁੱਟ ਕੇ ਅਬਾਦ ਕਰਨ ਵਾਲੇ ਪਰਵਾਰਾਂ ਨੂੰ ਸਰਕਾਰ ਪੱਕੇ ਮਾਲਕੀ ਹੱਕ ਦੇਣ ਦੀ ਥਾਂ, ਉਜਾੜਨ ਲਈ ਉਤਾਵਲੇ ਹਨ, ਪਾਵਰਕੌਮ ਨੂੰ ਤੋੜ ਕੇ, ਬਿਜਲੀ ਪੂਰੀ ਤਰ੍ਹਾਂ ਪ੍ਰਾਈਵੇਟ ਹੱਥਾਂ ਵਿਚ ਦੇਣ ਲਈ ਚਿਪ ਵਾਲੇ ਮੀਟਰ ਲਾਉਣ ਦੀ ਤਿਆਰੀ ਖਿੱਚੀ ਹੋਈ ਹੈ।

ਪੰਜਾਬ ਦੇ ਪਾਣੀ ਪ੍ਰਦੂਸ਼ਤ ਹੋ ਚੁੱਕੇ ਹਨ, ਮੱਕੀ ਤੇ ਮੂੰਗੀ ਵਪਾਰੀਆਂ ਦੇ ਰਹਿਮੋ ਕਰਮ 'ਤੇ ਹੈ, ਬਰਸਾਤ ਦੇ ਮੌਸਮ 'ਚ ਕਿਸਾਨਾਂ ਲਈ ਇਨ੍ਹਾਂ ਫਸਲਾਂ ਨੂੰ ਸੁਕਾਉਣਾ ਹੋਰ ਵੀ ਮੁਸ਼ਕਲ ਹੈ, ਸਰਕਾਰ ਐਮ ਐਸ ਪੀ ਅਨੁਸਾਰ ਫਸਲਾਂ ਵਿਕਵਾਏ ਅਤੇ 23 ਫਸਲਾਂ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ ਆਦਿ ਮੰਗਾਂ ਨੂੰ ਲੈ ਕੇ 24 ਜੁਲਾਈ ਨੂੰ ਡੀ ਸੀ ਦਫਤਰਾਂ 'ਤੇ ਧਰਨੇ ਦਿੱਤੇ ਜਾਣਗੇ।

ਜੇਕਰ ਸਰਕਾਰ ਮਸਲਿਆਂ ਵੱਲ ਨਹੀਂ ਆਉਂਦੀ ਤਾਂ 25 ਨੂੰ ਰੇਲਾਂ ਜਾਮ ਹੋਣਗੀਆਂ। ਇਸ ਸਮੇਂ ਸ਼ਿੰਗਾਰਾ ਸਿੰਘ, ਗੁਰਦਿਆਲ ਸਿੰਘ, ਪ੍ਰਕਾਸ਼ ਸਿੰਘ, ਸੁਖਵਿੰਦਰ ਸਿੰਘ, ਬਲਵੰਤ ਸਿੰਘ, ਧਰਮ ਸਿੰਘ, ਸਰਵਨ ਸਿੰਘ, ਹਰਦੀਪ ਸਿੰਘ, ਕੁਲਦੀਪ ਸਿੰਘ, ਕਰਨੈਲ ਸਿੰਘ, ਮੁਖਤਾਰ ਸਿੰਘ, ਗੁਰਮੇਜ ਸਿੰਘ, ਸੁਖਵੰਤ ਸਿੰਘ, ਆਦਿ ਹਾਜ਼ਰ ਸਨ।

# ਕੱਚੇ ਅਧਿਆਪਕਾਂ ਨੇ ਮਾਨ ਸਰਕਾਰ ਦਾ ਫੂਕਿਆ ਪੁਤਲਾ



ਮਜੀਠਾ (ਸੋਇਮ ਆਨੰਦ)-ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਕੱਚੇ ਅਧਿਆਪਕਾਂ ਨੂੰ ਰੈਗੂਲਰ ਕਰਨ ਦਾ ਬਿਆਨ ਦਿੱਤਾ ਗਿਆ ਸੀ। ਜਿਸ ਦਾ ਕੱਚੇ ਅਧਿਆਪਕਾਂ ਜਮ ਕੇ ਵਿਰੋਧ ਕੀਤਾ ਅਤੇ 8736 ਕੱਚੇ ਅਧਿਆਪਕਾਂ ਦੀ ਟੀਮ ਵੱਲੋਂ ਸੀ ਐਮ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਮੂਹ 8736 ਕੱਚੇ ਅਧਿਆਪਕਾਂ ਵੱਲੋਂ ਸੀ ਐਮ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਕੱਚੇ ਅਧਿਆਪਕਾਂ ਨੂੰ ਪੱਕੇ ਕਰਨ ਲਈ ਸਰਕਾਰ ਵੱਲੋਂ ਬਣਾਈ ਹੋਈ 10 ਸਾਲਾ ਪਾਲਸੀ ਤੋਂ ਭੱਜ ਰਹੀ ਹੈ, ਸਿਰਫ ਤੇ ਸਿਰਫ ਤਨਖਾਹ ਵਾਧਾ ਹੀ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੇਕਰ ਕੱਚੇ ਅਧਿਆਪਕਾਂ ਨੂੰ ਪੱਕੇ ਕੀਤਾ ਹੈ ਤਾਂ ਉਨ੍ਹਾਂ ਦੇ ਨਿਯੁਕਤੀ ਪੱਤਰ ਜਾਰੀ ਕਿਉਂ ਨਹੀ ਕੀਤੇ ਜਾ ਰਹੇ। ਉਨ੍ਹਾਂ ਕਿਹਾ ਕਿ ਜੇਕਰ ਕੱਚੇ ਅਧਿਆਪਕਾਂ ਵੱਲੋਂ ਆਪਣੀਆਂ ਮੰਗਾਂ ਮੁਸ਼ਕਲਾਂ ਸੰਬੰਧੀ ਯੂਨੀਅਨ ਵੱਲੋਂ ਵਿਰੋਧ ਕੀਤਾ ਜਾਂਦਾ ਹੈ ਤਾਂ ਸਰਕਾਰ ਵੱਲੋਂ ਉਨ੍ਹਾਂ ਨੂੰ ਲਾਠੀਚਾਰਜ ਨਾਲ ਦਬਾਇਆ ਜਾਂਦਾ ਹੈ ਜਿਸ ਦਾ ਯੂਨੀਅਨ ਵੱਲੋਂ ਵਿਰੋਧ ਕੀਤਾ ਗਿਆ। ਅਧਿਆਪਕਾਂ ਨੇ ਕਿਹਾ ਕਿ ਸਾਡੇ 'ਤੇ ਨਜਾਇਜ਼ ਲਾਠੀਚਾਰਜ ਕਰਨਾ ਸਰਕਾਰ ਦੀ ਘਿਣੌਨੀ ਹਰਕਤ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਕੱਚੇ ਅਧਿਆਪਕਾਂ ਨੂੰ ਪੱਕੇ ਕੀਤਾ ਹੈ ਤਾਂ ਉਨ੍ਹਾਂ ਨੂੰ ਬਣਦਾ ਹੱਕ ਦਿੱਤਾ ਜਾਵੇ, ਫਿਰ ਕੋਈ ਵੀ ਅਧਿਆਪਕ ਅੰਦੋਲਨ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

# ਮੈਗਸਿਪਾ ਵੱਲੋਂ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਨਵ-ਨਿਯੁਕਤ ਕਲਰਕਾਂ ਨੂੰ ਟ੍ਰੇਨਿੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸ਼ਨ ਸੰਸਥਾਨ ਚੰਡੀਗੜ੍ਹ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਨਵ-ਨਿਯੁਕਤ ਹੋਏ 35 ਕਲਰਕਾਂ ਨੂੰ ਦਫ਼ਤਰੀ ਕੰਮ ਕਾਜ ਸੰਬੰਧੀ ਟ੍ਰੇਨਿੰਗ ਦੇਣ ਲਈ ਦੋ ਦਿਨਾ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਡਿਪਟੀ ਕਮਿਸ਼ਨਰ ਅਮਿਤ ਤਲਵਾੜ ਵੱਲੋਂ ਮੈਗਸਿਪਾ ਨੂੰ ਪੱਤਰ ਲਿਖ ਕੇ ਨਵੇਂ ਕਲਰਕਾਂ ਨੂੰ ਟ੍ਰੇਨਿੰਗ ਦੇਣ ਸੰਬੰਧੀ ਕਿਹਾ ਗਿਆ ਸੀ ਤਾਂ ਜੋ ਨਵੇਂ ਕਲਰਕਾਂ ਨੂੰ ਦਫ਼ਤਰੀ ਰਿਕਾਰਡ ਮੇਨਟੇਨ ਕਰਨਾ, ਈ-ਆਫਿਸ ਵਿੱਚ ਕੰਮ ਕਰਨਾ ਅਤੇ ਹੋਰ ਜਾਣਕਾਰੀ ਮੁਹੱਈਆ ਕਰਵਾਈ ਜਾ ਸਕੇ। ਇਸ ਟ੍ਰੇਨਿੰਗ ਸੈਮੀਨਾਰ ਨੂੰ ਆਰ ਕੇ ਸ਼ਰਮਾ, ਸੀਨੀਅਰ ਸਲਾਹਕਾਰ ਮੈਗਸਿਪਾ ਚੰਡੀਗੜ੍ਹ ਵੱਲੋਂ ਟ੍ਰੇਨਿੰਗ ਦਿੱਤੀ ਗਈ। ਸ਼ਰਮਾ ਨੇ ਨਵ-ਨਿਯੁਕਤ ਹੋਏ ਕਰਮਚਾਰੀਆਂ ਨੂੰ ਦਫ਼ਤਰ ਕੰਮਕਾਜ ਕਿਵੇਂ ਕਰਨਾ ਹੈ, ਨਿਯਮਾਂ ਸੰਬੰਧੀ ਈ-ਆਫਿਸ ਅਤੇ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਦਫ਼ਤਰ ਵਿੱਚ ਕਿਸ ਤਰ੍ਹਾਂ ਦਾ ਵਿਵਹਾਰ ਕਰਨਾ ਹੈ ਸੰਬੰਧੀ ਟ੍ਰੇਨਿੰਗ ਦਿੱਤੀ ਗਈ। ਉਨ੍ਹਾਂ ਨਵੇਂ ਕਲਰਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਸੀਂ ਲੰਬਾ ਸਮਾਂ ਸਰਕਾਰੀ ਨੌਕਰੀ ਵਿੱਚ ਰਹਿਣਾ ਹੈ ਅਤੇ ਤੁਹਾਡਾ ਫਰਜ਼ ਬਣਦਾ ਹੈ ਕਿ ਸਰਕਾਰੀ ਨਿਯਮਾਂ ਸੰਬੰਧੀ ਪੂਰੀ ਜਾਣਕਾਰੀ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਈ-ਆਫਿਸ ਦੀ ਮਹੱਤਤਾ ਕਾਫ਼ੀ ਵਧ ਗਈ ਹੈ ਅਤੇ ਸਾਰਾ ਕੰਮਕਾਜ ਹੁਣ ਈ-ਆਫਿਸ ਰਾਹੀਂ ਹੋ ਰਿਹਾ ਹੈ। ਇਸ ਸੰਬੰਧੀ ਤੁਹਾਨੂੰ ਟ੍ਰੇਨਿੰਗ ਦਿੱਤੀ ਗਈ ਹੈ ਤਾਂ ਜੋ ਤੁਹਾਨੂੰ ਈ-ਆਫਿਸ ਵਿੱਚ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਆ ਸਕੇ।

## ਕਸਬਾ ਫਤਿਹਾਬਾਦ ਦੀ ਬਿਜਲੀ ਸਪਲਾਈ ਦਾ ਰੱਬ ਹੀ ਰਾਖਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਜਿਥੇ ਇੱਕ ਪਾਸੇ ਸੂਬੇ ਵਿਚਲੀ 'ਆਪ' ਸਰਕਾਰ ਬਿਜਲੀ ਸਪਲਾਈ ਦੇ ਵੱਡੇ ਵੱਡੇ ਦਾਅਵੇ ਕਰ ਰਹੀ ਹੈ ਉਥੇ ਹੀ ਮਾਝੇ ਦੇ ਇਤਿਹਾਸਕ ਕਸਬਾ ਫਤਿਹਾਬਾਦ ਦੀ ਬਿਜਲੀ ਸਪਲਾਈ ਦਾ ਰੱਬ ਹੀ ਰਾਖਾ ਹੈ। ਹਨੇਰੀ ਜਾਂ ਮੀਂਹ ਪੈਣ ਤੋਂ ਪਹਿਲਾਂ ਹੀ ਬੰਦ ਹੋਈ ਬਿਜਲੀ 24 -24 ਘੰਟੇ ਨਹੀ ਆਉਂਦੀ। ਇਸ ਕਸਬੇ ਦੀ ਮਾੜੀ ਬਿਜਲੀ ਸਪਲਾਈ ਨੂੰ ਲੈ ਕੇ ਪਹਿਲਾਂ ਵੀ ਖਬਰਾਂ ਪ੍ਰਕਾਸ਼ਿਤ ਹੋਈਆਂ ਹਨ ਪਰ ਪਾਵਰਕਾਮ ਦੇ ਉੱਚ ਅਧਿਕਾਰੀ ਕੁੰਭਕਰਨੀ ਨੀਂਦ ਸੁੱਤੇ ਹੋਏ ਹਨ। ਇਸ ਸਬ ਸਟੇਸ਼ਨ ਦੀ ਐਸ ਡੀ ਓ ਦੀ ਪੋਸਟ ਵੀ ਬੀਤੇ ਕੁਝ ਮਹੀਨਿਆਂ ਤੋਂ ਖਾਲੀ ਹੈ ਜਿਸ ਕਰਕੇ ਇਥੋਂ ਦਾ ਸਟਾਫ ਬਿਨਾਂ ਐਸ ਡੀ ਓ ਦੇ ਕਿੰਨਾ ਕੁ ਗੰਭੀਰ ਹੋ ਕੇ ਕੰਮ ਕਰਦਾ ਹੋਵੇਗਾ ਇਸ ਦਾ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਭੁਪਿੰਦਰ ਸਿੰਘ ਟੀਟੂ ਨੇ ਸਰਕਾਰ ਦੀ 600 ਯੂਨਿਟ ਵਾਲੇ ਸਕੀਮ 'ਤੇ ਤਨਜ਼ ਕੱਸਦਿਆਂ ਕਿਹਾ ਕਿ ਜੇਕਰ ਬਿਜਲੀ ਸਪਲਾਈ ਚੱਲਣੀ ਹੀ ਨਹੀਂ ਤਾਂ ਬਿੱਲ ਤਾਂ ਆਪੇ ਜ਼ੀਰੋ ਆਉਣਗੇ। ਉਨ੍ਹਾਂ ਕਿਹਾ ਕਿ ਸਰਕਾਰ ਨਿਰਵਿਘਨ ਬਿਜਲੀ ਦੇਵੇ, ਲੋਕ ਬਿੱਲ ਆਪੇ ਤਾਰ ਲੈਣਗੇ। ਘੱਟ ਘੱਟ ਬਿਜਲੀ ਦੀ ਸਪਲਾਈ ਤਾਂ ਆਵੇਗੀ।

# ਦੋਆਬਾ ਕਿਸਾਨ ਯੂਨੀਅਨ ਤੇ ਕੁਲ ਹਿੰਦ ਕਿਸਾਨ ਸਭਾ ਵੱਲੋਂ ਸਾਂਝੇ ਤੌਰ 'ਤੇ ਅਰਥੀ ਫੂਕ ਮੁਜ਼ਾਹਰਾ



**ਮਹਿਤਪੁਰ (ਰਾਜਾ)** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮੱਕੀ ਅਤੇ ਦਾਲਾਂ ਦੀ ਐਮ ਐਸ ਪੀ ਤੋਂ ਘੱਟ ਰੇਟ 'ਤੇ ਵਿਕਣ ਅਤੇ ਮੰਡੀਆਂ ਵਿੱਚ ਕਿਸਾਨਾਂ ਦੀ ਹੁੰਦੀ ਲੁੱਟ ਨੂੰ ਰੋਕਣ ਲਈ ਦੋਆਬਾ ਕਿਸਾਨ ਯੂਨੀਅਨ ਅਤੇ ਕੁਲ ਹਿੰਦ ਕਿਸਾਨ ਸਭਾ ਵੱਲੋਂ ਮਹਿਤਪੁਰ ਬੱਸ ਅੱਡੇ 'ਤੇ ਅਰਥੀ ਫੂਕ ਮੁਜਾਹਰਾ ਕੀਤਾ ਗਿਆ। ਇਸ ਮੌਕੇ 'ਤੇ ਕਸ਼ਮੀਰ ਸਿੰਘ ਪੰਨੂ ਅਤੇ ਮਨਦੀਪ ਸਿੱਧੂ ਨੇ ਪੰਜਾਬ ਸਰਕਾਰ ਨੂੰ ਸਖਤ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੱਕੀ ਅਤੇ ਮੂੰਗੀ ਦੀ ਐਮ ਐਸ ਪੀ ਨਿਰਧਾਰਤ ਕਰਦਿਆਂ ਲੋਕਾਂ ਨਾਲ ਇਹ ਵਾਅਦਾ ਕੀਤਾ ਸੀ ਇਹਨਾਂ ਫਸਲਾਂ ਦਾ ਘੱਟੋ ਘੱਟ ਖਰੀਦ ਮੁੱਲ ਯਕੀਨੀ ਬਣਾਇਆ ਜਾਵੇਗਾ। ਮੱਕੀ ਦੀ ਫਸਲ ਲਗਭਗ ਅੱਧੀ ਤੋਂ ਵੱਧ ਵਿਕ ਚੁੱਕੀ ਹੈ ਪਰ ਅਜੇ ਤੱਕ ਮੱਕੀ ਦੇ ਅਸਲ ਮੁੱਲ ਦੋ ਹਜ਼ਾਰ ਨੱਬੇ ਰੁਪਏ ਦੀ ਥਾਂ ਕੇਵਲ ਬਾਰਾਂ ਸੌ ਰੁਪਏ ਪ੍ਰਤੀ ਕੁਇੰਟਲ ਹੀ ਮੁੱਲ ਲਗ ਰਿਹਾ ਹੈ। ਇਸ ਤੋਂ ਪਹਿਲਾਂ ਵੀ ਸਰਕਾਰ ਨੂੰ ਬਹੁਤ ਵਾਰ ਮੰਗ ਪੱਤਰ ਭੇਜ ਕੇ ਚਿਤਾਵਨੀ ਦਿੱਤੀ ਜਾ ਚੁੱਕੀ ਹੈ ਪਰ ਸਰਕਾਰ ਨੇ ਇਨ੍ਹਾਂ ਫਸਲਾਂ ਦੇ ਸਹੀ ਖਰੀਦ ਮੁੱਲ ਵਾਸਤੇ ਕੁਝ ਨਹੀਂ ਕੀਤਾ।

ਜਿਸ ਦੇ ਨਤੀਜੇ ਵਜੋਂ ਕਿਸਾਨਾਂ ਦੀ ਫਸਲ ਅੱਧੇ ਮੁੱਲ 'ਤੇ ਵਿਕ ਰਹੀ ਹੈ। ਕਿਸਾਨ ਜਥੇਬੰਦੀਆਂ ਨੇ ਇਹ ਵੀ ਮੰਗ ਕੀਤੀ ਕਿ ਪੰਜਾਬ ਸਰਕਾਰ ਘੱਟ ਮੁੱਲ 'ਤੇ ਵਿਕੀ ਮੱਕੀ ਦੀ ਫਸਲ ਦੀ ਭਰਪਾਈ ਵੀ ਜਲਦੀ ਕਰੇ। ਫਸਲਾਂ ਦੇ ਸਹੀ ਭਾਅ ਮਿਲਣ ਤਕ ਸੰਯੁਕਤ ਕਿਸਾਨ ਮੋਰਚੇ ਵੱਲੋਂ ਜੋ ਵੀ ਸੰਘਰਸ਼ ਦੀ ਰਣਨੀਤੀ ਬਣਾਈ ਜਾਵੇਗੀ , ਮਹਿਤਪੁਰ ਇਲਾਕੇ ਵਿੱਚ ਉਸਨੂੰ ਪੂਰਾ ਸਫਲ ਬਣਾਇਆ ਜਾਵੇਗਾ। ਇਸ ਮੌਕੇ 'ਤੇ ਗੁਰਨਾਮ ਸਿੰਘ ਮਹਿਸਮਪੁਰੀ, ਮਨਦੀਪ ਸਿੱਧੂ, ਸੰਦੀਪ ਅਰੋੜਾ, ਹਰਜਿੰਦਰ ਸਿੰਘ ਖੈਹਰਾ ਮੁਸਤਰਕਾ ,ਰਸਪਾਲ ਸਿੰਘ ਧੰਝੂ, ਤੇਜਪਾਲ ਸਿੰਘ ਗਿੱਲ, ਅਰਬਿੰਦਰ ਸਿੰਘ ਚੀਮਾ -ਨਿਰਮਲ ਸਿੰਘ - ਸੰਤੋਖ ਸਿੰਘ ਝੁੱਗੀਆਂ, ਜਸਵੰਤ ਸਿੰਘ ਸਿੰਘਪੁਰ, ਗੁਰਨਾਮ ਸਿੰਘ ਸੰਧੂ , ਕਿਰਪਾਲ ਸਿੰਘ ਤੰਦਾਉਰਾ, ਕੁਲਬੀਰ ਸਿੰਘ, ਗੁਰਭੇਜ ਸਿੰਘ ਕੈਮਵਾਲਾ, ਅਵਤਾਰ ਸਿੰਘ ਰਾਮੂੰਵਾਲ, ਮਹਿੰਦਰਪਾਲ ਸਿੰਘ ਟੁਰਨਾ, ਪਵਨ ਸਾਹਪੁਰ, ਨਵਦੀਪ ਤੇਜੀ, ਰਮਨਦੀਪ ਸਿੰਘ, ਅਜੇ ਮੁਹੇਮ, ਗੁਰਪ੍ਰੀਤ ਸਿੰਘ ਕਾਕਾ, ਗੁਰਪ੍ਰੀਤ ਤੇਜੀ, ਪਰਮਜੀਤ ਸਿੰਘ ਮੰਗਾ, ਸਤਨਾਮ ਸਿੰਘ, ਜੋਗਾ ਸਿੰਘ, ਹਰਦੇਵ ਸਿੰਘ ਰਾਮੂੰਵਾਲ, ਅਮਰੀਕ ਸਿੰਘ ਉਮਰੇਵਾਲ, ਹਰੀ ਸਿੰਘ ਹਰਦੋ ਸੰਘਾ, ਪ੍ਰਕਾਸ਼ ਸਿੰਘ ਪਾਸੀ ਆਦਿ ਹਾਜਰ ਸਨ।

# ਸੰਤ ਬਾਬਾ ਰਾਮ ਸਿੰਘ ਦੀ ਬਰਸੀ ਮੌਕੇ ਡੇਰਾ ਬੁੰਗਾ ਸਾਹਿਬ ਵਿਖੇ ਧਾਰਮਿਕ ਸਮਾਗਮ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**- ਸੰਤ ਬਾਬਾ ਰਾਮ ਸਿੰਘ ਜੀ ਦੀ 23 ਵੀਂ ਬਰਸੀ ਡੇਰਾ ਬੁੰਗਾ ਸਾਹਿਬ ਪਿੰਡ ਤਾਜੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਡੇਰੇ ਦੇ ਮੁੱਖ ਸੰਚਾਲਕ ਸੰਤ ਬਾਬਾ ਮਹਾਂਵੀਰ ਸਿੰਘ ਜੀ ਦੀ ਯੋਗ ਅਗਵਾਈ ਹੇਠ ਸਮੂੰਹ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਤੇ ਉਤਸਾਹ ਪੂਰਵਕਢੰਗ ਨਾਲ ਮਨਾਈ ਗਈ। ਇਸ ਮੌਕੇ ਸਭ ਤੋਂ ਪਹਿਲਾ ਚਾਰ ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ। ਬਾਅਦ 'ਚ ਗਿਆਨੀ ਰਾਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਗਿਆਨੀ ਸਤਿੰਦਰਬੀਰ ਸਿੰਘ ਨੇ ਸੰਗਤਾਂ ਨੂੰ ਅਲਾਹੀ ਬਾਣੀ ਦੇ ਕੀਰਤਨ ਨਾਲ ਨਿਹਾਲ ਕੀਤਾ। ਇਸ ਮੌਕੇ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਹਾਜਰ ਹੋਏ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਸੰਗਤਾਂ ਨਾਲ ਧਾਰਮਿਕ ਪ੍ਰਵਚਨ ਕਰਦਿਆਂ ਜਿੱਥੇ ਮਹਾਂਪੁਰਸ਼ਾਂ ਦੇ ਪਰਉਪਕਾਰੀ ਕਾਰਜਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਉਥੇ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਦਾ ਸੰਦੇਸ਼ ਵੀ ਦਿੱਤਾ। ਇਸ ਮੌਕੇ ਸੰਤ ਤੇਜਾ ਸਿੰਘ ਖੁੱਡੇ ਵਾਲਿਆਂ ਨੇ ਸੰਗਤਾਂ ਨਾਲ ਧਾਰਮਿਕ ਪ੍ਰਵਚਨ ਕਰਦਿਆਂ ਕਿਹਾ ਕਿ ਸੰਤ ਬਾਬਾ ਰਾਮ ਸਿੰਘ ਜੀ ਨੇ ਦੋਆਬਾ ਮੰਡਲ ਦੇ ਜਨਰਲ ਸਕੱਤਰ ਹੁੰਦੇ ਹੋਏ ਸੰਗਤਾਂ ਨੂੰ ਗੁਰੂ ਸਿੱਖੀ ਨਾਲ ਜੋੜਿਆ ਅਤੇ ਸੇਵਾ- ਸਿਮਰਨ ਤੇ ਪਰਉਪਕਾਰੀ ਜੀਵਨ ਜਿਊਣ ਦੀ ਜਾਂਚ ਦੱਸੀ। ਉਨਾਂ ਸੰਗਤਾਂ ਨੂੰ ਬਾਣੀ ਅਤੇ ਬਾਣੀ ਨਾਲ ਜੁੜਨ ਦਾ ਸੰਦੇਸ ਦਿੱਤਾ। ਇਸ ਮੌਕੇ ਸੰਤ ਜੀਤ ਸਿੰਘ ਜੌਹਲਾਂ, ਬਾਬਾ ਜੀਵਾ ਸਿੰਘ ਦਮਦਮੀ ਟਕਸਾਲ, ਸੰਤ ਸੰਤੋਖ ਸਿੰਘ ਪਾਲਦੀ, ਸੰਤ ਬਿਕਰਮਜੀਤ ਸਿੰਘ ਨੰਗਲ, ਸੰਤ ਪ੍ਰੀਤਮ ਸਿੰਘ ਬਾੜੀਆਂ, ਸੰਤ ਰਣਜੀਤ ਸਿੰਘ ਬਾਹੋਵਾਲ, ਸੰਤ ਪ੍ਰੀਤਮ ਸਿੰਘ ਡੁਮੇਲੀ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਬਲਬੀਰ ਸਿੰਘ, ਸੰਤ ਜੋਗਿੰਦਰ ਸਿੰਘ ਅਟਾਰੀ, ਸੰਤ ਬੀਬੀ ਜਸਪ੍ਰੀਤ ਕੌਰ, ਸੰਤ ਗੁਰਚਰਨ ਪੰਡਵਾ, ਸੰਤ ਸਤਰੰਜਣ ਸਿੰਘ ਧੁੱਗਾ, ਸੰਤ ਬਲਬੀਰ ਸਿੰਘ ਬਿਛੋਹੀ, ਸੰਤ ਸਤਨਾਮ ਦਾਸ, ਸੰਤ ਤਰਲੋਚਨ ਸਿੰਘ, ਸੰਤ ਗੁਰਨਾਮ ਸਿੰਘ ਬੰਗਾ, ਸੰਤ ਅਮਰਜੀਤ ਸਿੰਘ ਹਰਖੋਵਾਲ, ਸੰਤ ਬਲਬੀਰ ਸਿੰਘ ਲੰਗੇਰੀ, ਸੰਤ ਗੁਰਮੀਤ ਸਿੰਘ, ਸੰਤ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ, ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ, ਭਾਈ ਸੁਖਵਿੰਦਰ ਸਿੰਘ ਚੰਡੀਗੜ੍ਹ ਵਾਲੇ, ਗਿਆਨੀ ਸਾਹਿਬ ਸਿੰਘ, ਬੀਬੀ ਜਸਵੀਰ ਕੌਰ, ਬਾਬਾ ਇੰਦਰਵੀਰ ਸਿੰਘ, ਪਰਮਜੀਤ ਸਿੰਘ, ਜਸਪਾਲ ਸਿੰਘ, ਬੀਬੀ ਪੁਸ਼ਪਿੰਦਰ ਕੌਰ, ਰਾਜਵਿੰਦਰ ਕੌਰ, ਬੀਬੀ ਸੁਖਵਿੰਦਰ ਕੌਰ,ਸਰਬਜੀਤ ਸਿੰਘ ਸਮੇਤ ਇਲਾਕੇ ਦੇ ਸੰਤ ਮਹਾਂਪੁਰਸ਼ ਅਤੇ ਲਾਗਲੇ ਪਿੰਡਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿਚ ਹਾਜਰ ਸਨ।

## ਭਲਕੇ 8 ਨੂੰ ਲਗਾਇਆ ਜਾਵੇਗਾ 20ਵਾਂ ਖ਼ੂਨਦਾਨ ਕੈਂਪ

**ਰੂਪਨਗਰ, (ਰਜਿੰਦਰ ਸੈਣੀ)**-ਸਮਾਜ ਸੇਵੀ ਸੰਸਥਾ ਕਾਕਾ ਰਾਮ ਸੈਣੀ ਚੈਰੀਟੇਬਲ ਟਰੱਸਟ (ਰਜਿ.) ਵਲੋਂ 8 ਜੁਲਾਈ ਨੂੰ ਸੈਣੀ ਭਵਨ ਵਿਖੇ 20ਵਾਂ ਖ਼ੂਨਦਾਨ ਕੈਂਪ ਲਗਾਉਣ ਅਤੇ ਇਸੇ ਦਿਨ ਸੰਸਥਾ ਵਲੋਂ ਪ੍ਰਕਾਸ਼ਿਤ ਕੀਤਾ ਜਾਂਦਾ ਤਿਮਾਹੀ ਮੈਗਜ਼ੀਨ "ਸੈਣੀ ਸੰਸਾਰ" ਦਾ 49ਵਾਂ ਅੰਕ ਜਾਰੀ ਕਰਨ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਹ ਜਾਣਕਾਰੀ ਡਾ. ਅਜਮੇਰ ਸਿੰਘ ਤੰਬੜ ਪ੍ਰਧਾਨ ਪ੍ਰਬੰਧਕੀ ਕਮੇਟੀ ਸੈਣੀ ਭਵਨ ਨੇ ਟਰੱਸਟ ਦੀ ਮਾਸਿਕ ਮੀਟਿੰਗ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਖ਼ੂਨਦਾਨ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਉਲੰਪੀਅਨ ਰਾਜਪਾਲ ਸਿੰਘ ਹੁੰਦਲ ਸੁਪਰਡੈਂਟ ਆਫ ਪੁਲਸ (ਐਚ) ਰੂਪਨਗਰ ਕਰਨਗੇ ਅਤੇ ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਹਿਰ ਦੇ ਉੱਘੇ ਸਮਾਜ ਸੇਵਕ ਸਰਜਨ ਡਾ. ਆਰ. ਐਸ. ਪਰਮਾਰ ਪਹੁੰਚ ਰਹੇ ਹਨ। ਡਾ. ਤੰਬੜ ਨੇ ਦੱਸਿਆ ਕਿ ਤਿਮਾਹੀ ਮੈਗਜ਼ੀਨ "ਸੈਣੀ ਸੰਸਾਰ" ਦਾ 49ਵਾਂ ਅੰਕ ਲੋਕਅਰਪਣ ਅਦਾ ਕਰਨ ਦੀ ਰਸਮ ਐਡਵੋਕੇਟ ਕਮਲ ਸੈਣੀ ਕਰਨਗੇ। ਸੰਸਥਾਨ ਦੇ ਟਰੱਸਟੀ ਅਤੇ ਪੀਆਰਓ ਰਾਜਿੰਦਰ ਸੈਣੀ ਨੇ ਅੱਗੇ ਦੱਸਿਆ ਕਿ ਖ਼ੂਨਦਾਨ ਕੈਂਪ 20 ਜੁਲਾਈ ਨੂੰ ਸਵੇਰੇ 9 ਤੋਂ 1 ਵਜੇ ਤੱਕ ਚਲੇਗਾ ਅਤੇ ਕੈਂਪ 'ਚ ਰੋਟਰੀ ਐਂਡ ਬਲੱਡ ਬੈਂਕ ਸੋਸਾਇਟੀ ਰਿਸੋਰਸ ਸੈਂਟਰ, ਚੰਡੀਗੜ੍ਹ ਦੀ ਟੀਮ ਖ਼ੂਨ ਇਕੱਠਾ ਕਰੇਗੀ। ਇਸ ਕੈਂਪ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਪੁਲਸ ਸਾਂਝ ਕੇਂਦਰ ਰੂਪਨਗਰ, ਰਜ਼ਨੀ ਹਰਬਲ ਮਲਿਕਪੁਰ, ਗੁਰੂ ਨਾਨਕ ਕਰਿਆਨਾ ਸਟੋਰ ਪਪਰਾਲਾ, ਰੋਟਰੀ ਕਲੱਬ ਰੂਪਨਗਰ, ਇੰਨਰਵੀਲ ਕਲੱਬ ਰੂਪਨਗਰ ਵਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ। ਟਰੱਸਟ ਦੀ ਮਾਸਿਕ ਮੀਟਿੰਗ ਦੌਰਾਨ ਸੰਸਥਾ ਦੇ ਸਭ ਤੋਂ ਵੱਡੀ ਉਮਰ ਦੇ ਟਰੱਸਟੀ ਕੈਪਟਨ ਹਾਕਮ ਸਿੰਘ ਦਾ 89ਵਾਂ ਜਨਮ ਦਿਨ ਵੀ ਮਨਾਇਆ ਗਿਆ। ਇਸ ਮੌਕੇ 'ਤੇ ਸੰਸਥਾਨ ਦੇ ਟਰੱਸਟੀ ਤੇ ਮੈਂਬਰ ਕੈਪਟਨ ਹਾਕਮ ਸਿੰਘ, ਗੁਰਮੱਖ ਸਿੰਘ ਸੈਣੀ, ਇੰਜ. ਹਰਜੀਤ ਸਿੰਘ, ਆਰ. ਐਸ. ਸੈਣੀ, ਡਾ. ਜਸਵੰਤ ਕੌਰ, ਬਹਾਦਰਜੀਤ ਸਿੰਘ, ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਰਾਜਿੰਦਰ ਸਿੰਘ ਨਨੂਆ, ਜਗਦੇਵ ਸਿੰਘ, ਦਲਜੀਤ ਸਿੰਘ, ਰਾਜਿੰਦਰ ਸਿੰਘ ਗਿਰਨ, ਹਰਦੀਪ ਸਿੰਘ ਆਦਿ ਹਾਜ਼ਰ ਸਨ।

## 14 ਦੀ ਰੈਲੀ 'ਚ ਸੀ ਟੀ ਯੂ ਪੰਜਾਬ ਦੇ ਹਜ਼ਾਰਾਂ ਮਜ਼ਦੂਰ ਸ਼ਾਮਲ ਹੋਣਗੇ : ਫੜਵਾਲ



**ਜਲੰਧਰ ( ਰਾਜੇਸ਼ ਥਾਪਾ )** ਪੰਜਾਬ ਦੀਆਂ ਪ੍ਰਮੁੱਖ ਟਰੇਡ ਯੂਨੀਅਨਾਂ ਏਟਕ, ਇੰਟਕ, ਏਕਟੂ ਅਤੇ ਸੀ ਟੀ ਯੂ ਪੰਜਾਬ ਵਲੋਂ ਸਾਂਝੇ ਤੌਰ ਤੇ ਮਜ਼ਦੂਰਾਂ ਦੀਆਂ ਮੁੱਖ ਮੰਗਾਂ ਨੂੰ ਲੈ ਕੇ ਲੇਬਰ ਕਮਿਸ਼ਨਰ ਪੰਜਾਬ ਦੇ ਮੁਹਾਲੀ ਮੁੱਖ ਦਫਤਰ ਸਾਹਮਣੇ 14 ਜੁਲਾਈ ਨੂੰ ਵਿਸ਼ਾਲ ਰੋਸ ਰੈਲੀ ਅਤੇ ਪ੍ਰਦਰਸ਼ਨ ਕਰਨ ਦੇ ਕੀਤੇ ਫੈਸਲੇ ਦੇ ਮੱਦੇਨਜ਼ਰ ਸੀ ਟੀ ਯੂ ਪੰਜਾਬ ਨਾਲ ਸਬੰਧਤ ਯੂਨੀਅਨਾਂ ਵੱਲੋਂ ਕੀਤੀ ਜਾ ਰਹੀ ਤਿਆਰੀ ਦੇ ਸਬੰਧ ਵਿੱਚ ਸੀ ਟੀ ਯੂ ਪੰਜਾਬ ਦੀ ਸੂਬਾਈ ਮੀਟਿੰਗ ਸਾਥੀ ਗੰਗਾ ਪ੍ਰਸ਼ਾਦ ਦੀ ਪ੍ਰਧਾਨਗੀ ਹੇਠ ਸੂਬਾ ਕੇਂਦਰ ਸ਼ਹੀਦ ਸਵਰਣ ਸਿੰਘ ਚੀਮਾ ਯਾਦਗਾਰ ਭਵਨ ਗੜ੍ਹਾ ਵਿਖੇ ਹੋਈ। ਸੀ ਟੀ ਯੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਫੜਵਾਲ ਨੇ ਕਿਹਾ ਕਿ ਪਿਛਲੇ ਗਿਆਰਾਂ ਸਾਲ ਤੋਂ ਮਿਨੀਮਮ ਵੇਜ਼ ਵਿੱਚ ਸੋਧ ਨਾ ਕੀਤੇ ਜਾਣ ਵਿਰੁੱਧ ਮਜ਼ਦੂਰਾਂ ਵਿੱਚ ਰੋਸ ਹੈ ਅਤੇ 14 ਜੁਲਾਈ ਨੂੰ ਸੀ ਟੀ ਯੂ ਪੰਜਾਬ ਦੀ ਅਗਵਾਈ ਹੇਠ ਹਜ਼ਾਰਾਂ ਕਾਮੇ ਮੁਹਾਲੀ ਰੈਲੀ ਵਿੱਚ ਸ਼ਾਮਲ ਹੋਣਗੇ। ਮੰਗਾਂ ਬਾਰੇ ਦੱਸਦਿਆਂ ਉਹਨਾਂ ਕਿਹਾ ਕਿ ਮਿਨੀਮਮ ਵੇਜ਼ ਵਿੱਚ ਸੋਧ ਕਰਕੇ ਘੱਟੋ ਘੱਟ ਉਜਰਤ 26000/-ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ, ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਕਿਰਤ ਕਾਨੂੰਨਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ, ਨਿਰਮਾਣ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਰਿਨਿਊਲ ਤੇ ਲਾਭਕਾਰੀ ਸਕੀਮਾਂ ਦੀਆਂ ਸ਼ਰਤਾਂ ਨਰਮ ਕੀਤੀਆਂ, ਮਨਰੇਗਾ ਵਰਕਰਾਂ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਤੇ ਦਿਹਾੜੀ 700/-ਰੁਪਏ ਨਿਸਚਿਤ ਕੀਤੀ ਜਾਵੇ, ਘਰੇਲੂ ਮਜ਼ਦੂਰਾਂ ਤੇ ਹੋਰ "ਗੈਰ ਜਥੇਬੰਦ ਮਜ਼ਦੂਰਾਂ ਦੀ ਭਲਾਈ ਲਈ ਬਣੇ ਸਮਾਜਿਕ ਸੁਰੱਖਿਆ ਐਕਟ 2008" ਨੂੰ ਲਾਗੂ ਕੀਤਾ ਜਾਵੇ, ਹਾਈਡਰਾਫਟ ਭੱਠਿਆਂ ਦੀ ਮਜ਼ਦੂਰੀ ਮਜ਼ਦੂਰੀ ਵਿੱਚ ਕਮੇਟੀ ਦੀਆਂ ਸਿਫਾਰਸ਼ਾਂ ਅਨੁਸਾਰ ਵਾਧਾ ਕੀਤਾ ਜਾਵੇ, ਮਿਡ ਡੇ ਮੀਲ ਆਸ਼ਾ ਵਰਕਰਾਂ ਸਫਾਈ ਕਾਮਿਆਂ ਤੇ ਹੋਰ ਸਾਰੇ ਸਕੀਮ ਵਰਕਰਾਂ ਨੂੰ ਘੱਟੋ ਘੱਟ ਉਜਰਤਾਂ ਦੇ ਦਾਇਰੇ ਸ਼ਾਮਲ ਕਰਕੇ ਘੱਟੋ ਘੱਟ ਉਜਰਤ ਦਾ ਮਿਲਣਾ ਯਕੀਨੀ ਬਣਾਇਆ ਜਾਵੇ ਅਤੇ ਮਜ਼ਦੂਰਾਂ ਦੀਆਂ ਹੋਰ ਮੰਗਾਂ ਨੂੰ ਲੈ ਕੇ ਰੈਲੀ ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਸੀ ਟੀ ਯੂ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਇਸ਼ਾਰੇ 'ਤੇ ਮਜ਼ਦੂਰਾਂ ਦੀ ਹੋ ਰਹੀ ਆਰਥਿਕ ਲੁੱਟ ਦੇ ਖਿਲਾਫ ਟਰੇਡ ਯੂਨੀਅਨਾਂ ਨੂੰ ਲੜਦਿਆਂ ਲੜਦਿਆਂ ਆਰ ਐੱਸ ਐੱਸ ਦੀ ਮਨੂਵਾਦੀ ਸੋਚ, ਭਾਜਪਾ ਦੀ ਮੋਦੀ ਸ਼ਾਹ ਸਰਕਾਰ ਦੇ ਫਾਸ਼ੀਵਾਦ ਦੇ ਖਿਲਾਫ ਅਤੇ ਸੰਵਿਧਾਨ ਨੂੰ ਬਚਾਉਣ ਤੇ ਜਮਹੂਰੀਅਤ ਦੀ ਰਾਖੀ ਲਈ ਵਿਚਾਰਧਾਰਕ ਲੜਾਈ ਲੜਨੀ ਪਵੇਗੀ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਮੀਟਿੰਗ ਵਿੱਚ ਹਾਜਰ ਸੂਬਾਈ ਆਗੂਆਂ ਸਰਵਸਾਥੀ ਦੇਵ ਰਾਜ ਵਰਮਾ, ਸੱਜਣ ਸਿੰਘ ਮੁਹਾਲੀ, ਮਾਸਟਰ ਸੁਭਾਸ਼ ਸ਼ਰਮਾ, ਸ਼ਿਵ ਕੁਮਾਰ ਪਠਾਨਕੋਟ, ਜਗਦੀਸ਼ ਚੰਦਰ, ਜਸਵੰਤ ਸਿੰਘ ਸੰਧੂ, ਜਗਤਾਰ ਸਿੰਘ ਕਰਮਪੁਰਾ, ਅਜੈਬ ਸਿੰਘ, ਜਸਵੰਤ ਸਿੰਘ ਬੁੱਟਰ, ਮਨਹਰਨ, ਭੋਲੇ ਪ੍ਰਸ਼ਾਦ ਅਤੇ ਹੋਰ ਸਾਥੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।

## ਡੀ ਸੀ ਸਾਰੰਗਲ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ

**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਰਵਿਦਾਸੀਆ ਧਰਮ ਦੇ ਮਹਾਨ ਡੇਰਾਂ ਸੱਚ ਖੰਡ ਬੱਲਾਂ ਵਿੱਚ ਜਲੰਧਰ ਦੇ ਨਵੇਂ ਨਿਯੁਕਤ ਹੋਏ ਡਿਪਟੀ ਕਮਿਸ਼ਨਰ ਜਲੰਧਰ ਵਿਸ਼ੇਸ਼ ਸਾਰੰਗਲ ਨੇ ਡੇਰਾਂ ਬੱਲਾ ਵਿੱਖੇ ਵਿੱਸ਼ੇਸ ਤੌਰ 'ਤੇ ਨਤਮਸਤੱਕ ਹੋ ਕੇ ਸੰਤ ਨਿਰੰਜਣ ਦਾਸ ਜੀ ਤੋਂ ਆਸ਼ੀਰਵਾਦ ਲਿਆ ਤੇ ਨਾਲ ਹੀ ਜਲੰਧਰ ਦੇ ਲੋਕਾਂ ਲਈ ਸੁੱਖ ਦੀ ਅਰਦਾਸ ਕੀਤੀ। ਸਾਰੰਗਲ ਨੇ ਜ਼ਿਲ੍ਹੇ ਦੀ ਖੁਸ਼ਹਾਲੀ ਅਤੇ ਜ਼ਿਲ੍ਹਾ ਵਾਸੀਆਂ ਦੀ ਪੂਰੀ ਨਿਮਰਤਾ ਤੇ ਤਨਦੇਹੀ ਨਾਲ ਸੇਵਾ ਕਰਨ ਲਈ ਬਲ ਬਖਸ਼ਣ ਦੀ ਪ੍ਰਾਥਨਾ ਕੀਤੀ। ਉਨ੍ਹਾਂ ਡੇਰਾ ਸੱਚਖੰਡ ਬੱਲਾਂ ਵੱਲੋਂ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਨਿਭਾਈ ਜਾ ਰਹੀ ਭੂਮਿਕਾ ਦੀ ਵੀ ਸ਼ਲਾਘਾ ਕੀਤੀ।

## ਹਿੰਦੂ ਨੇਤਾਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਠੋਸ ਉਪਰਾਲੇ ਕਰੇ ਮਾਨ ਸਰਕਾਰ : ਮਿੱਕੀ ਪੰਡਤ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ , ਉਂਕਾਰ ਸਿੰਘ )**- ਪੰਜਾਬ 'ਚ ਰਹਿੰਦੇ ਹਿੰਦੂ ਨੇਤਾਵਾਂ 'ਤੇ ਦਿਨ-ਬ-ਦਿਨ ਵਧ ਰਹੇ ਹਮਲਿਆਂ ਦੀ ਰੋਕਥਾਮ ਅਤੇ ਹਿੰਦੂਆਂ ਦੇ ਹਿੱਤਾਂ ਦੀ ਰੱਖਿਆ ਸਬੰਧੀ ਵਿਚਾਰ ਵਿਟਾਂਦਰਾ ਕਰਨ ਲਈ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ ਦੀ ਅਗਵਾਈ ਵਿਚ ਇਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸ਼ਿਵ ਸੈਨਾ ਜ਼ਿਲ੍ਹਾ ਪ੍ਰਧਾਨ ਸ਼ਿਵਮ ਵੈਦ, ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ, ਹਿੰਦੂ ਨੇਤਾ ਨਿਖਲੇਸ਼ ਜਸਰਾ ਨੈਨੂ, ਜਤਿੰਦਰ ਸਿੰਘ ਸੈਣੀ ਮਹਾਂਵੀਰ ਯੂਥ ਚਿੰਤਪੁਰਨੀ ਸੇਵਾ ਦਲ, ਜਿੰਦਰ ਬਣਿਆਲ, ਸੁਧਾਂਸ਼ੂ ਮਲਹੋਤਰਾ, ਹਰਜੀਤ ਸਿੰਘ, ਜੋਵਨ, ਗੌਰਵ ਅਤੇ ਹੋਰ ਹਾਜਰ ਸਨ। ਮੀਟਿੰਗ ਉਪਰੰਤ ਮਿੱਕੀ ਪੰਡਿਤ ਦੀ ਅਗਵਾਈ ਵਿੱਚ ਸ਼ਿਵ ਸੈਨਾ ਵਰਕਰਾਂ ਨੇ ਡੀ.ਐਸ.ਪੀ ਟਾਂਡਾ ਕੁਲਵੰਤ ਸਿੰਘ ਨੂੰ ਆਪਣੀਆਂ ਇਕ ਮੰਗ ਪੱਤਰ ਦਿੱਤਾ। ਮਿੱਕੀ ਪੰਡਿਤ ਨੇ ਕਿਹਾ ਕਿ ਬੀਤੇ ਦਿਨੀਂ ਬਟਾਲਾ ਵਿਖੇ ਸ਼ਿਵ ਸੈਨਾ ਨੇਤਾ ਰਾਜੀਵ ਮਹਾਜਨ 'ਤੇ ਹੋਏ ਕਾਤਲਾਨਾ ਹਮਲੇ ਦੇ ਦੋਸ਼ੀਆਂ ਨੂੰ ਪੁਲਸ ਪ੍ਰਸ਼ਾਸਨ ਜਲਦ ਗ੍ਰਿਫਤਾਰ ਕਰੇ ਅਤੇ ਉਨ੍ਹਾਂ ਦੇ ਪਰਵਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਵੇ।

## ਮਮਤਾ ਦਿਵਸ ਮਨਾਇਆ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਗੀਤਾਂਜਲੀ ਸਿੰਘ ਤੇ ਮੈਡੀਕਲ ਅਫਸਰ ਜਸਵਿੰਦਰ ਕੌਰ ਦੀ ਅਗਵਾਈ ਹੇਠ ਅਮਰਗੜ੍ਹ ਵਿੱਖੇ ਮਮਤਾ ਦਿਵਸ ਮਨਾਇਆ ਗਿਆ। ਜਿਸ ਵਿਚ ਸਿਹਤ ਅਧਿਕਾਰੀ ਲਖਵਿੰਦਰ ਕੌਰ, ਗੁਰਦੇਵ ਕੌਰ ਅਤੇ ਪਰਵੀਨ ਕੁਮਾਰੀ ਵਲੋਂ ਗਰਭਵਤੀ ਮਾਵਾਂ ਦਾ ਚੈੱਕਅੱਪ ਤੇ ਬੱਚਿਆਂ ਦਾ ਟੀਕਾਕਰਣ ਕੀਤਾ ਗਿਆ। ਲੋਕਾਂ ਨੂੰ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਮੁਫ਼ਤ ਜਣੇਪਾ, ਮੁਫ਼ਤ ਟੈਸਟ ਤੇ ਮੁਫਤ ਇਲਾਜ਼, ਡੇਂਗੂ ਮਲੇਰੀਆ, ਨਸ਼ਿਆਂ ਤੇ ਭਰੂਣ ਹੱਤਿਆ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ 'ਤੇ ਆਸ਼ਾ ਵਰਕਰਸ ਤੇ ਹੋਰ ਪਿੰਡ ਵਾਸੀ ਮੌਜੂਦ ਸਨ।

## ਲਾਇਨਜ ਕਲੱਬ ਗੋਲਡ ਦੇ ਅਹੁਦੇ ਦੀ ਕਮਾਨ ਸ਼ੇਰ ਚਮਨ ਲਾਲ ਕੰਡਾ ਨੂੰ ਮਿਲੀ

**ਫਗਵਾੜਾ (ਰਮਨ ਸ਼ਰਮਾ)** ਲਾਇਨਜ ਕਲੱਬ ਫਗਵਾੜਾ ਗੋਲਡ ਦੀ ਇੱਕ ਮੀਟਿੰਗ ਵਰਿੰਦਰਾ ਅਰੋੜਾ ਦੀ ਪ੍ਰਧਾਨਗੀ ਹੇਠ ਸਮਾਪਤ ਹੋਈ। ਜਿਸ ਵਿੱਚ ਸ਼ੇਰ ਚਮਨ ਲਾਲ ਕੰਡਾ ਨੂੰ ਸਰਬਸੰਮਤੀ ਨਾਲ ਆਉਣ ਵਾਲੇ ਸਾਲ 2023-24 ਲਈ ਪ੍ਰਧਾਨ ਚੁਣਿਆ ਗਿਆ। ਸਮੂਹ ਮੈਂਬਰਾਂ ਦੀ ਸਹਿਮਤੀ ਨਾਲ ਨਵ-ਨਿਯੁਕਤ ਪ੍ਰਧਾਨ ਲਾਇਨ ਚਮਨ ਲਾਲ ਕੰਡਾ ਨੇ ਲਾਇਨ ਗੋਪਾਲ ਉੱਪਲ ਨੂੰ ਸਕੱਤਰ, ਲਾਇਨ ਅਨਿਲ ਅਰੋੜਾ ਨੂੰ ਖਜਾਨਚੀ ਅਤੇ ਲਾਇਨ ਸੰਜੀਵ ਅਰੋੜਾ ਨੂੰ ਪੀ.ਆਰ.ਓ. ਦਾ ਚਾਰਜ ਸੌਂਪਿਆ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਕਲੱਬ ਦੀ ਰਵਾਇਤ ਨੂੰ ਕਾਇਮ ਰੱਖਦੇ ਹੋਏ ਸਮਾਜ ਸੇਵਾ ਦੇ ਖੇਤਰ ਵਿੱਚ ਨਵੀਨਤਮ ਪ੍ਰੋਜੈਕਟਾਂ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਜਾਵੇਗਾ। ਮੀਟਿੰਗ ਵਿੱਚ ਹਾਜਰ ਸਮੂਹ ਮੈਂਬਰਾਂ ਨੇ ਨਵੀਂ ਟੀਮ ਨੂੰ ਹਾਰ ਪਾ ਕੇ ਵਧਾਈ ਦਿੱਤੀ ਅਤੇ ਸ਼ੁੱਭ ਕਾਮਨਾਵਾਂ ਦਿੱਤੀਆਂ। ਨਵੀਂ ਟੀਮ ਨੇ ਕਿਹਾ ਕਿ ਸਥਾਈ ਪ੍ਰਾਜੈਕਟਾਂ ਨੂੰ ਜਾਰੀ ਰੱਖਦੇ ਹੋਏ ਜਲਦੀ ਹੀ ਨਵੇਂ ਪ੍ਰਾਜੈਕਟ ਵੀ ਤਿਆਰ ਕੀਤੇ ਜਾਣਗੇ। ਇਸ ਦੌਰਾਨ ਨਵੀਂ ਟੀਮ ਦੇ ਪਹਿਲੇ ਪ੍ਰੋਜੈਕਟ ਤਹਿਤ ਪੌਦੇ ਲਗਾਉਣ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਲਾਇਨ ਅਮਿਤ ਵਧਵਾ, ਲਾਇਨ ਮਨਜੀਤ ਲਾਲ, ਲਾਇਨ ਗੁਲਜੀਤ ਸਿੰਘ, ਲਾਇਨ ਰਾਜੇਸ਼ ਅਰੋੜਾ, ਲਾਇਨ ਗੁਰਦੀਪ ਰਾਏ, ਲਾਇਨ ਸਿਮਰਨ ਬੱਤਰਾ, ਲਾਇਨ ਬਲਵਿੰਦਰ ਸਿੰਘ ਆਦਿ ਹਾਜਰ ਸਨ।

## ਅੰਗਹੀਣਾਂ ਲਈ ਅਸੈਸਮੈਂਟ ਕੈਂਪ 13 ਨੂੰ

**ਫਗਵਾੜਾ (ਰਮਨ ਸ਼ਰਮਾ)** ਡਿਪਟੀ ਕਮਿਸ਼ਨਰ ਕਪੂਰਥਲਾ ਕੈਪਟਨ ਕਰਨੈਲ ਸਿੰਘ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ,ਪੰਜਾਬ ਵੱਲੋਂ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਸ਼ਕਤੀਕਰਨ ਮੰਤਰਾਲਾ ਰਾਹੀ ਦਿਵਿਆਂਗਜਨ (ਅੰਗਹੀਣ ਵਿਅਕਤੀਆਂ) ਦੀ ਸਹੂਲਤ ਲਈ ਭਾਰਤ ਸਰਕਾਰ ਦੀ ਏਡੀਆਈਪੀ ਸਕੀਮ ਅਧੀਨ ਦਿਵਿਆਂਗਜਨਾਂ ਨੂੰ ਸਹਾਇਤਾ ਅਤੇ ਉਪਕਰਣ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਅਸੈਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਦਿਵਿਆਂਗਜਨ (ਅੰਗਹੀਣ ਵਿਅਕਤੀਆਂ) ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਪੁੱਜਦਾ ਕਰਨ ਦੇ ਲਈ ਸਾਲ 2023-24 ਦੌਰਾਨ ਜ਼ਿਲ੍ਹਾ ਕਪੂਰਥਲਾ ਦੇ ਬਲਾਕ ਫਗਵਾੜਾ ਵਿਚ 13 ਜੁਲਾਈ ਨੂੰ ਗੀਤਾ ਭਵਨ,ਮਾਡਲ ਟਾਊਨ ਫਗਵਾੜਾ ਵਿਖੇ ਅਸੈਸਮੈਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਕੈਂਪ ਵਿਚ ਆਉਣ ਵਾਲਿਆਂ ਉਮੀਦਵਾਰ ਜਿਨਾਂ ਦੀ ਆਮਦਨ 22500/- ਰੁਪਏ ਪ੍ਰਤੀ ਮਹੀਨਾ ਤੋਂ ਜ਼ਿਆਦਾ ਨਾ ਹੋਵੇ ਉਹ ਕੈਂਪ ਦਾ ਲਾਭ ਲੈ ਸਕਦੇ ਹਨ। ਆਮਦਨ ਦਾ ਸਰਟੀਫਿਕੇਟ ਬੀ.ਪੀ.ਐਲ ਕਾਰਡ/ਮਨਰੇਗਾ ਤੋਂ ਆਮਦਨ ਸਰਟੀਫਿਕੇਟ ਕਾਰਡ/ਐਮ.ਪੀ/ਐਮ.ਐਲ.ਏ/ਕਾਊਂਸਲਰ/ਗ੍ਰਾਮ ਪੰਚਾਇਤ ਦੁਆਰਾ ਸਰਟੀਫਿਕੇਟ ਸਵੀਕਾਰ ਕੀਤਾ ਜਾ ਸਕਦਾ ਹੈ। ਇਸ ਲਈ ਆਮਦਨ ਦਾ ਸਰਟੀਫਿਕੇਟ,ਅਧਾਰ ਕਾਰਡ,ਦੋ ਪਾਸਪੋਰਟ ਸਾਈਜ ਫੋਟੋਆਂ ਅਤੇ ਦਿਵਿਆਂਗਤਾ ਦਾ ਸਰਟੀਫਿਕੇਟ (ਯੂਡੀ ਆਈਡੀ) ਲੈ ਕੇ 13 ਜੁਲਾਈ ਨੂੰ ਸਵੇਰੇ 9 ਵਜੇ ਗੀਤਾ ਭਵਨ,ਮਾਡਲ ਟਾਊਣ ਫਗਵਾੜਾ ਵਿਖੇ ਪਹੁੰਚ ਕੇ ਇਸ ਸਕੀਮ ਦਾ ਲਾਭ ਲਿਆ ਪ੍ਰਾਪਤ ਕੀਤਾ ਜਾਵੇ।

## ਪੋਸਟ ਮੈਟ੍ਰਿਕ ਸਕਾਲਰਸ਼ਿਪ, ਜਾਲ੍ਹੀ ਜਾਤੀ ਸਰਟੀਫਿਕੇਟ ਵਰਗੇ ਮਸਲਿਆਂ ਨੂੰ ਸਰਕਾਰ ਗੰਭੀਰਤਾ ਨਾਲ ਹੱਲ ਕਰੇ : ਸੰਤ ਸਰਵਣ ਦਾਸ , ਸੰਤ ਸਤਵਿੰਦਰ ਹੀਰਾ



**ਹੁਸ਼ਿਆਰਪੁਰ (ਓ ਪੀ ਰਾਣਾ )**-ਆਦਿ ਧਰਮ ਗੁਰੂ ਸੰਤ ਸਰਵਣ ਦਾਸ ਲੁਧਿਆਣਾ, ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.)ਭਾਰਤ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਜਾਅਲੀ ਜਾਤੀ ਸਰਟੀਫਿਕੇਟ ਬਣਾਕੇ ਗਰੀਬ ਆਦਿ ਵਾਸੀ ਬਹੁਜਨ ਸਮਾਜ ਦੀਆਂ ਰਾਖਵੇਂਕਰਨ ਦੀਆਂ ਨੌਕਰੀਆਂ ਹੜੱਪਣ ਅਤੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਵਰਗੇ ਮਾਮਲਿਆਂ ਨੂੰ ਪਹਿਲ ਦੇ ਅਧਾਰ 'ਤੇ ਅਤੇ ਗੰਭੀਰਤਾ ਨਾਲ ਹੱਲ ਕਰੇ ਕਿਉਂਕਿ ਇਹ ਆਦਿ ਵਾਸੀ ਬਹੁਜਨ ਸਮਾਜ ਦੇ ਸੰਵਿਧਾਨਕ ਅਧਿਕਾਰਾਂ ਦਾ ਅਹਿਮ ਮਾਮਲਾ ਹੈ। ਇਸ ਸੰਬੰਧੀ 8 ਜੁਲਾਈ ਨੂੰ ਧਾਮ ਸੱਚਖੰਡ ਚਾਨਣ ਪੁਰੀ ਸ਼ੇਰਗੜ ਚੰਡੀਗੜ੍ਹ ਰੋਡ ਨਜਦੀਕ ਅਸਲਾਮਾਬਾਦ ਵਿਖੇ ਮੀਟਿੰਗ ਵਿਚ ਸਮਾਜ ਦੇ ਨੌਜਵਾਨਾਂ,ਬੁਧੀਜੀਵੀਆਂ ਨਾਲ ਵਿਚਾਰ ਚਰਚਾ ਕੀਤੀ ਜਾਵੇਗੀ। ਉਨਾਂ ਕਿਹਾ ਕਿ ਆਦਿ ਧਰਮ ਮਿਸ਼ਨ (ਰਜਿ.)ਭਾਰਤ ਵਲੋਂ ਪਹਿਲਾਂ ਵੀ ਕਈ ਬਾਰ ਸਰਕਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਬਰਬਾਦ ਕਰਨ ਵਾਲਿਆਂ ਖਿਲਾਫ ਸਖਤ ਕਦਮ ਚੁੱਕੇ ਜਾਣ। ਵਿਦਿਆਰਥੀਆਂ ਦੀਆਂ ਰੋਕੀਆਂ ਡਿਗਰੀਆਂ ਤੁਰੰਤ ਦਿੱਤੀਆਂ ਜਾਣ ਅਤੇ ਜਿਹੜੇ ਵਿਦਿਆਰਥੀ ਦਾਖਲਾ ਲੈਣ ਲਈ ਭਟਕ ਰਹੇ ਹਨ ਉਨਾਂ ਦੇ ਕਾਲਜਾਂ ਵਿਚ ਦਾਖਲੇ ਕਰਾਏ ਜਾਣ। ਜਿਹੜੇ ਟੈਕਨੀਕਲ ਕਾਲਿਜ ,ਯੂਨੀਵਰਸਿਟੀਆਂ ਵਿਦਿਆਰਥੀਆਂ ਨਾਲ ਇਸ ਮਸਲੇ ਤੇ ਤਾਲਮੇਲ ਨਹੀਂ ਕਰਦੇ ਉਨਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਸੰਤ ਸਮਾਜ ਨੇ ਕਿਹਾ ਕਿ ਸਵਰਨ ਜਾਤੀ ਦੇ ਲੋਕਾਂ ਵੱਲੋਂ ਅਨੁਸੂਚਿਤ ਜਾਤੀ ਦੇ ਜਾਅਲੀ ਸ਼ਡਿਊਲਕਾਸਟ ਸਰਟੀਫਿਕੇਟ ਬਣਾ ਕੇ ਲਾਭ ਲੈ ਰਹੇ ਲੋਕਾਂ ਖਿਲਾਫ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਦੀਆਂ ਬਣਾਈਆਂ ਜਾਇਦਾਦਾਂ ਕੁਰਕ ਕੀਤੀਆਂ ਜਾਣ ਅਤੇ ਅਨੁਸੂਚਿਤ ਜਾਤੀ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਪੁਰਾਣਾ ਬੈਕਲਾਗ ਪੂਰਾ ਕਰਕੇ ਸਰਕਾਰੀ ਨੌਕਰੀਆਂ ਦਿੱਤੀਆਂ ਜਾਣ। ਉਨਾਂ ਕਿਹਾ ਆਦਿ ਵਾਸੀ ਬਹੁਜਨ ਸਮਾਜ ਦੇ ਸੰਵਿਧਾਨਕ ਅਧਿਕਾਰਾਂ ਲਈ ਸੰਤ ਸਮਾਜ ਚੁੱਪ ਕਰਕੇ ਨਹੀਂ ਬੈਠੇਗਾ ਅਤੇ ਹਰ ਸੰਘਰਸ਼ ਲਈ ਤਿਆਰ ਰਹੇਗਾ ਤੇ ਸਹਿਯੋਗ ਕਰੇਗਾ।

## 'ਸਾਹਿਤ ਉਚਾਰਨ ਮੁਕਾਬਲਾ' ਦੀਆਂ ਜੇਤੂ ਵਿਦਿਆਰਥਣਾਂ ਦਾ ਸਨਮਾਨ



**ਬਹਿਰਾਮ (ਅਵਤਾਰ ਕਲੇਰ)** 'ਮਹਿਲਾ ਸਸ਼ਕਤੀਕਰਨ' ਨੂੰ ਸਮਰਪਿਤ ਵਰ੍ਹੇ ਦੇ ਸੱਤਵੇਂ ਸਮਾਗਮ ਦੌਰਾਨ 'ਸਾਹਿਤ ਉਚਾਰਨ ਮੁਕਾਬਲਾ' ਕਰਵਾਇਆ ਗਿਆ। ਇਹ ਮੁਕਾਬਲਾ ਡਾ. ਹਰਚਰਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉੜਾਪੜ ਵਿਖੇ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਸਕੂਲ ਦੀਆਂ ਬਾਰਵੀਂ ਤੇ ਗਿਆਰਵੀਂ ਜਮਾਤ ਦੀਆਂ ਵਿਦਿਆਰਥਣਾਂ ਤਰਨਪ੍ਰੀਤ, ਸੋਨੀਆ, ਹਰਪ੍ਰੀਤ, ਹਰਜੋਤ, ਹਰਦੀਪ, ਅਰਸ਼ਦੀਪ ਨੇ ਗੀਤਾਂ, ਕਵਿਤਾਵਾਂ ਤੇ ਵਿਚਾਰਾਂ ਰਾਹੀਂ ਭਰਵੀਆਂ ਪੇਸ਼ਕਾਰੀਆਂ ਕੀਤੀਆਂ। ਇਹਨਾਂ ਨੂੰ ਸੰਸਥਾ ਵਲੋਂ ਯਾਦਗਾਰੀ ਚਿੰਨ੍ਹ, ਪ੍ਰਮਾਣ ਪੱਤਰ ਅਤੇ ਫੁੱਲ ਮਲਾਵਾਂ ਨਾਲ ਸਨਮਾਨਿਤ ਕੀਤਾ ਗਿਆ। ਇਨਾਮ ਵੰਡ ਰਸਮ ਨਿਭਾਉਂਦਿਆਂ ਪ੍ਰਿੰਸੀਪਲ ਪਰਮਜੀਤ ਕੌਰ ਪੀ ਈ ਐਸ ਨੇ ਸੰਸਥਾ ਦੇ ਸਾਹਿਤ ਖੇਤਰ ਵਿੱਚ ਵੰਨ ਸੁਵੰਨੇ ਉੱਦਮਾਂ ਦੀ ਸ਼ਲਾਘਾ ਕੀਤੀ ਅਤੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ। ਨਵਜੋਤ ਸਾਹਿਤ ਸੰਸਥਾ ਔੜ ਦੇ ਪ੍ਰਧਾਨ ਰਜਨੀ ਸ਼ਰਮਾ ਨੇ ਕੁੜੀਆਂ ਨੂੰ ਸਮੇਂ ਝਲਕਾਰਿਆਂ ਤੋਂ ਬਚ ਕੇ ਆਪਣੀ ਮੰਜ਼ਿਲ ਵੱਲ ਤੁਰੇ ਰਹਿਣ ਦੀ ਪ੍ਰੇਰਨਾ ਦਿੱਤੀ। ਸੰਸਥਾ ਦੇ ਸਕੱਤਰ ਅਮਰ ਜਿੰਦ ਨੇ ਦੱਸਿਆ ਕਿ ਮਹਿਲਾ ਵਰਗ ਨੂੰ ਸਮਰਪਿਤ ਅਜਿਹੇ ਸਮਾਗਮਾਂ ਦੀ ਲੜੀ ਵਿੱਚ ਹੁਣ 'ਤੀਆਂ ਦਾ ਤਿਉਹਾਰ', 'ਮਹਿਲਾ ਅਧਿਆਪਕਾਂ ਦਾ ਸਨਮਾਨ', 'ਜਾਗ੍ਰਤੀ ਸੈਮੀਨਾਰ', 'ਕਵਿੱਤਰੀ ਦਰਬਾਰ' ਤੋਂ ਇਲਾਵਾ ਦਸੰਬਰ ਮਹੀਨੇ ਹੋਣ ਜਾ ਰਹੇ ਸਲਾਨਾ ਸਮਾਗਮ ਸਬੰਧੀ ਵਿਉਂਤਬੰਦੀ ਹੋ ਚੁੱਕੀ ਹੈ। ਪਿੰਡ ਦੇ ਸਰਪੰਚ ਸੁਰਿੰਦਰ ਸਿੰਘ ਅਤੇ ਪਸਵਕ ਕਮੇਟੀ ਦੇ ਚੇਅਰਮੈਨ ਨਰਿੰਦਰ ਸਿੰਘ ਨੇ ਸੰਸਥਾ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਸਮਾਗਮ ਵਿੱਚ ਪਿਆਰਾ ਲਾਲ ਬੰਗੜ, ਸਤਪਾਲ ਸਾਹਲੋਂ, ਸੁਰਜੀਤ ਮਜਾਰੀ, ਦਵਿੰਦਰ ਬੇਗ਼ਮਪੁਰੀ, ਬਿੰਦਰ ਮੱਲ੍ਹਾਬੇਦੀਆਂ ਆਦਿ ਵੀ ਸ਼ਾਮਲ ਸਨ।

## ਨਿਰਵਿਘਨ ਤੇ ਭ੍ਰਿਸ਼ਟਾਚਾਰ ਮੁਕਤ ਰਜਿਸਟ੍ਰੇਸ਼ਨ ਸੇਵਾਵਾਂ ਲਈ ਨਿਵੇਕਲੀ ਪਹਿਲਕਦਮੀ

**ਜਲੰਧਰ ( ਸ਼ੈਲੀ ਐਲਬਰਟ)** ਪ੍ਰਾਪਰਟੀ ਖਰੀਦਦਾਰਾਂ ਤੋਂ ਫੀਡਬੈਕ ਇਕੱਤਰ ਕਰਨ ਲਈ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਇੱਕ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਉਨ੍ਹਾਂ ਵੱਲੋਂ ਜ਼ਿਲ੍ਹੇ ਦੇ ਸਾਰੇ ਸਬ-ਰਜਿਸਟਰਾਰ ਅਫਸਰਾਂ ਤੋਂ ਪ੍ਰਾਪਰਟੀ ਰਜਿਸਟ੍ਰੇਸ਼ਨ ਸੇਵਾਵਾਂ ਲੈਣ ਵਾਲੇ ਪ੍ਰਾਪਰਟੀ ਖਰੀਦਦਾਰਾਂ ਨੂੰ ਫੋਨ ਕਰਕੇ ਉਨ੍ਹਾਂ ਦੇ ਰਜਿਸਟ੍ਰੇਸ਼ਨ ਅਨੁਭਵਾਂ ਬਾਰੇ ਪ੍ਰਤੀਕਿਰਿਆ ਹਾਸਲ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਫੋਨ ਕਾਲਾਂ ਇਸ ਗੱਲ ਨੂੰ ਯਕੀਨੀ ਬਣਾਉਣ ਲਈ ਕੀਤੀਆਂ ਜਾਣਗੀਆਂ ਕਿ ਬਿਨੈਕਾਰਾਂ ਨੂੰ ਮਾਲ ਸੇਵਾਵਾਂ ਸੁਚਾਰੂ ਢੰਗ ਨਾਲ ਮਿਲ ਰਹੀਆਂ ਹਨ ਅਤੇ ਉਨ੍ਹਾਂ ਨੂੰ ਰਜਿਸਟ੍ਰੇਸ਼ਨ ਦੇ ਕੰਮ ਲਈ ਵਾਧੂ ਪੈਸੇ ਦੇਣ ਲਈ ਨਹੀਂ ਕਿਹਾ ਗਿਆ ਹੈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ, ਐਸ.ਡੀ.ਐਮਜ ਅਤੇ ਸਬ-ਰਜਿਸਟਰਾਰਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਕਿਹਾ ਕਿ ਜਾਇਦਾਦ ਦੇ ਖਰੀਦਦਾਰਾਂ ਅਤੇ ਵਿਕਰੇਤਾਵਾਂ ਦੀ ਸੂਚੀ ਤਿਆਰ ਕਰਕੇ ਰੋਜਾਨਾ ਦੇ ਆਧਾਰ 'ਤੇ ਉਨ੍ਹਾਂ ਦੇ ਦਫਤਰ ਵਿੱਚ ਜਮ੍ਹਾਂ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਬਿਨੈਕਾਰਾਂ ਦੇ ਨਾਂਅ, ਮੋਬਾਈਲ ਨੰਬਰ ਅਤੇ ਹੋਰ ਮਹੱਤਵਪੂਰਨ ਜਾਣਕਾਰੀ ਸੂਚੀ ਵਿੱਚ ਦਰਸਾਈ ਜਾਣੀ ਚਾਹੀਦੀ ਹੈ ਤਾਂ ਜੋ ਉਹ ਉਨ੍ਹਾਂ ਨੂੰ ਰੈਂਡਮ ਢੰਗ ਨਾਲ ਫੋਨ ਕਰ ਸਕਣ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਹ ਸੇਵਾਵਾਂ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਮਿਲਣ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਇਹ ਉਪਰਾਲਾ ਕੀਤਾ ਗਿਆ ਹੈ। ਆਪਣੀਆਂ ਫੋਨ ਕਾਲਾਂ ਵਿੱਚ ਡਿਪਟੀ ਕਮਿਸ਼ਨਰ ਵੱਲੋਂ ਬਿਨੈਕਾਰਾਂ ਨੂੰ ਕੁਝ ਸਵਾਲ ਪੁੱਛੇ ਜਾਣਗੇ, ਜਿਨ੍ਹਾਂ ਵਿੱਚ ਰਜਿਸਟਰੇਸ਼ਨ ਪ੍ਰਕਿਰਿਆ ਨੂੰ ਪੂਰਾ ਕਰਨ ਵਿੱਚ ਕਿੰਨਾ ਸਮਾਂ ਲੱਗਿਆ, ਕੀ ਕਿਸੇ ਏਜੰਟ, ਡੀਡ ਰਾਈਟਰ ਜਾਂ ਮਾਲ ਅਧਿਕਾਰੀ ਨੇ ਉਨ੍ਹਾਂ ਤੋਂ ਰਿਸ਼ਵਤ/ਵਾਧੂ ਪੈਸੇ ਦੀ ਮੰਗ ਕੀਤੀ ਸੀ, ਆਦਿ ਸ਼ਾਮਲ ਹਨ। ਸਾਰੰਗਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ-ਟਾਲਰੈਂਸ ਦੀ ਨੀਤੀ ਅਪਣਾਈ ਗਈ ਹੈ। ਉਨ੍ਹਾਂ ਸਪੱਸ਼ਟ ਕਿਹਾ ਕਿ ਮਾਲ ਅਧਿਕਾਰੀਆਂ ਅਤੇ ਡੀਡ ਰਾਈਟਰਾਂ ਵੱਲੋਂ ਰਜਿਸਟ੍ਰੇਸ਼ਨ ਸੇਵਾਵਾਂ ਪ੍ਰਦਾਨ ਕਰਨ ਵਿੱਚ ਜੇਕਰ ਕੋਈ ਖਾਮੀ ਪਾਈ ਜਾਂਦੀ ਹੈ ਤਾਂ ਜ਼ਿੰਮੇਵਾਰ ਵਿਅਕਤੀਆਂ ਖਿਲਾਫ ਕਾਨੂੰਨ ਅਨੁਸਾਰ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਮਹਾਜਨ, ਉਪ ਮੰਡਲ ਮੈਜਿਸਟਰੇਟ ਵਿਕਾਸ ਹੀਰਾ ਤੇ ਬਲਬੀਰ ਰਾਜ ਸਿੰਘ, ਸਬ ਰਜਿਸਟਰਾਰ ਪ੍ਰਦੀਪ ਕੁਮਾਰ ਤੇ ਕੁਲਵੰਤ ਸਿੰਘ ਸਿੱਧੂ, ਤਹਿਸੀਲਦਾਰ ਰੁਪਿੰਦਰ ਸਿੰਘ ਬੱਲ, ਨਾਇਬ ਤਹਿਸੀਲਦਾਰ ਗੁਰਨਾਇਬ ਸਿੰਘ ਅਤੇ ਮਾਲ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

## 'ਬੱਚਿਆਂ ਦੇ ਉੱਜਲ ਭਵਿੱਖ ਲਈ ਅਧਿਆਪਕ ਤੇ ਮਾਪੇ ਹਰ ਸੰਭਵ ਯਤਨ ਕਰਨ'





**ਟਾਂਡਾ ਉੜਮੁੜ, ( ਜਸਵਿੰਦਰ ਸੰਧੂ, ਉਂਕਾਰ ਸਿੰਘ )**- ਪੰਜਾਬ ਸਰਕਾਰ ਸਿੱਖਿਆ ਵਿਭਾਗ ਵੱਲੋਂ ਮਿਲੀਆਂ ਹਦਾਇਤਾਂ ਤੇ ਅਮਲ ਕਰਦੇ ਹੋਏ ਸਰਕਾਰੀ ਹਾਈ ਸਕੂਲ ਕੰਧਾਲਾਂ ਜੱਟਾਂ ਦੇ ਮੁੱਖ ਅਧਿਆਪਕ ਜਤਿੰਦਰਪਾਲ ਸਿੰਘ ਦੀ ਅਗਵਾਈ ਵਿੱਚ ਚੱਲ ਰਹੇ ਸਮਰ ਕੈਂਪ ਦਾ ਨਿਰੀਖਣ ਕਰਨ ਲਈ ਜ਼ਿਲ੍ਹਾ ਡਿਪਟੀ ਸਿਖਿਆ ਅਫਸਰ ਸੁਖਵਿੰਦਰ ਸਿੰਘ ਅਤੇ ਬਲਾਕ ਨੋਡਲ ਅਫਸਰ ਰਾਜੇਸ਼ ਕੁਮਾਰ ਨੇ ਅਚਨਚੇਤ ਸਕੂਲ ਦਾ ਦੌਰਾ ਕੀਤਾ। ਇਸ ਮੌਕੇ ਤੇ ਮੁੱਖ ਅਧਿਆਪਕ ਜਤਿੰਦਰਪਾਲ ਸਿੰਘ, ਅਧਿਆਪਕ ਭਰਤ ਤਲਵਾੜ, ਸ੍ਰੀਮਤੀ ਮਨਜੀਤ ਕੌਰ, ਹਰਦੀਪ ਸਿੰਘ, ਨਿਰਮਲ ਕੁਮਾਰ, ਸ੍ਰੀਮਤੀ ਰੀਨਾ ਸਰਮਾ, ਸ੍ਰੀਮਤੀ ਗੁਰਬਖਸ਼ ਕੌਰ, ਸ੍ਰੀਮਤੀ ਗੁਰਪ੍ਰੀਤ ਕੌਰ, ਰਾਜਵਿੰਦਰ ਸਿੰਘ ਸਾਹੀ ਅਤੇ ਹੋਰ ਅਧਿਆਪਕਾਂ ਨੇ ਜੀ ਆਇਆਂ ਕਹਿੰਦੇ ਹੋਏ ਉਨ੍ਹਾਂ ਦਾ ਸੁਆਗਤ ਕੀਤਾ।

ਇਸ ਸਮਰ ਕੈਂਪ ਦੀ ਚੈਕਿੰਗ ਦੌਰਾਨ ਵੱਖ-ਵੱਖ ਖੇਡਾਂ ਅਤੇ ਆਪਣੀ ਕਲਾ ਦਾ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸੁਖਵਿੰਦਰ ਸਿੰਘ ਅਤੇ ਰਾਜੇਸ ਕੁਮਾਰ ਨੇ ਕਿਹਾ ਕਿ ਅੱਜ ਦੇ ਇਸ ਯੁੱਗ ਵਿਚ ਵਿਦਿਆਰਥੀਆਂ ਦਾ ਮਨੋਬਲ ਉੱਚਾ ਕਰਨ ਅਤੇ ਉਨ੍ਹਾਂ ਦਾ ਭਵਿੱਖ ਸੁਰੱਖਿਅਤ ਕਰਨ ਲਈ ਪੰਜਾਬ ਸਰਕਾਰ ਅਜਿਹੇ ਸਮਰ ਕੈਂਪਾਂ ਦਾ ਆਯੋਜਨ ਕਰ ਰਹੀ ਹੈ ਤਾਂ ਜੋ ਹਰ ਵਿਦਿਆਰਥੀ ਆਪਣੀ ਨਿਸਚਿਤ ਕੀਤੀ ਮੰਜ਼ਲ ਨੂੰ ਪਾ ਸਕੇ। ਉਨ੍ਹਾਂ ਸਮੂਹ ਸਕੂਲ ਸਟਾਫ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਹਰ ਅਧਿਆਪਕ ਤੇ ਮਾਤਾ-ਪਿਤਾ ਦਾ ਇਹ ਫਰਜ ਬਣਦਾ ਹੈ ਕਿ ਉਹ ਬੱਚਿਆਂ ਦੇ ਉੱਜਲ ਭਵਿੱਖ ਲਈ ਹਰ ਸੰਭਵ ਯਤਨ ਕਰਨ ਤਾਂ ਜੋ ਵਿਦਿਆਰਥੀ ਆਪਣੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿਚ ਮੱਲਾਂ ਮਾਰ ਕੇ ਆਪਣੇ ਸਕੂਲ ਤੇ ਪੰਜਾਬ ਦਾ ਨਾਂਅ ਰੌਸ਼ਨ ਕਰ ਸਕਣ। ਸੁਖਵਿੰਦਰ ਸਿੰਘ ਅਤੇ ਰਾਜੇਸ ਕੁਮਾਰ ਨੇ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਕੰਧਾਲਾ ਜੱਟਾਂ ਵਿਖੇ ਚੱਲ ਰਹੇ ਸਮਰ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਵੇਖ ਕੇ ਉਨ੍ਹਾਂ ਬੱਚਿਆਂ ਦੀ ਹੌਂਸਲਾ ਅਫਜਾਈ ਕੀਤੀ ਅਤੇ ਕਿਹਾ ਕਿ ਹਰ ਵਿਦਿਆਰਥੀ ਨੂੰ ਆਪਣੀ ਪੜ੍ਹਾਈ ਦੇ ਨਾਲ-ਨਾਲ ਸਰਵਪੱਖੀ ਵਿਕਾਸ ਵੱਲ ਵੀ ਧਿਆਨ ਜਰੂਰ ਦੇਣਾ ਚਾਹੀਦਾ ਹੈ ਤਾਂ ਜੋ ਮਾਨਸਿਕ ਅਤੇ ਸਰੀਰਕ ਤੌਰ 'ਤੇ ਹਮੇਸ਼ਾ ਤੰਦਰੁਸਤ ਰਹਿ ਸਕਣ। ਇਸ ਮੌਕੇ ਤੇ ਹੈੱਡ ਟੀਚਰ ਸ੍ਰੀਮਤੀ ਲਜਿਆ ਰਾਣੀ, ਸ੍ਰੀਮਤੀ ਕਸ਼ਮੀਰ ਕੌਰ, ਸ੍ਰੀਮਤੀ ਕੁਲਦੀਪ ਕੌਰ, ਗੁਰਪ੍ਰੀਤ ਸਿੰਘ, ਕੁਮਾਰੀ ਸਤਵਿੰਦਰ ਕੌਰ, ਸ੍ਰੀਮਤੀ ਕਮਲਜੀਤ ਕੌਰ ਅਤੇ ਹੋਰ ਸਟਾਫ ਹਾਜਰ ਸਨ।

## ਵਿਜੇ ਭਸੀਨ ਨੂੰ ਦੂਸਰੀ ਵਾਰ ਮਿਲਿਆ ਰੋਟਰੀ ਨਾਰਥ ਦਾ ਬੈੱਸਟ ਪ੍ਰਧਾਨ ਦਾ ਪੁਰਸਕਾਰ

**ਅੰਮ੍ਰਿਤਸਰ, (ਅਰੋੜਾ)**-ਰੋਟਰੀ 3070 ਵੱਲੋਂ ਸਮੂਹ ਰੋਟਰੀ ਕਲੱਬਾਂ 'ਚ ਰਹਿ ਕੇ ਦੇਸ਼ ਅਤੇ ਸਮਾਜ ਭਲਾਈ ਕੰਮਾਂ 'ਚ ਆਪਣੀ ਸ਼ਲਾਘਾਯੋਗ ਭੂਮਿਕਾ ਨਿਭਾਉਣ ਵਾਲੇ ਅਹੁਦੇਦਾਰਾਂ ਨੂੰ ਸਨਮਾਨਤ ਕਰਨ ਲਈ ਰੋਟਰੀ 3070 ਦੇ ਗਵਰਨਰ ਡਾ. ਦੁਸ਼ਯੰਤ ਚੌਧਰੀ ਵੱਲੋਂ ਲੁਧਿਆਣਾ ਵਿਖੇ ਰੱਖੇ ਗਏ ਪੁਰਸਕਾਰ ਵੰਡ ਸਮਾਗਮ ਵਿਚ ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਦੇ ਪ੍ਰਧਾਨ ਵਿਜੇ ਭਸੀਨ ਨੂੰ 130 ਕਲੱਬਾਂ 'ਚ ਸਭ ਤੋਂ ਵਧੀਆ ਅਤੇ ਸ਼ਲਾਘਾਯੋਗ ਕੰਮ ਕਰਨ ਦੇ ਚੱਲਦੇ ਉਨ੍ਹਾ ਨੂੰ ਰੋਟਰੀ ਦੇ ਪੂਰੇ ਜ਼ਿਲ੍ਹੇ ਵਿਚ ਬੈਸਟ ਪ੍ਰਧਾਨ ਦਾ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਗੁਰਮੀਤ ਸਿੰਘ ਹੀਰਾ ਨੂੰ ਸਕੱਤਰ ਅਹੁਦੇ 'ਤੇ ਰਹਿ ਕੇ ਸ਼ਲਾਘਾਯੋਗ ਕੰਮ ਕਰਨ ਦੇ ਯੋਗ ਐਵਾਰਡ ਦਿੱਤਾ ਗਿਆ । ਰੋਟੇਰੀਅਨ ਕੁਲਦੀਪ ਸਿੰਘ ਅਰੋੜਾ, ਡਾ. ਜੀ ਐੱਸ ਮਦਾਨ, ਡਾ. ਮਨਜੀਤਪਾਲ ਕੌਰ, ਆਰ ਐੱਸ ਚੱਠਾ, ਰਸਜੀਤ ਸਿੰਘ ਖੇੜਾ, ਮੁਕੇਸ਼ ਨੰਦਾ, ਡਾ. ਸੁਖਮਨਪ੍ਰੀਤ ਕੌਰ, ਮਨਿੰਦਰ ਕੌਰ ਨੂੰ ਉਨ੍ਹਾਂ ਦੇ ਸਾਲ 'ਚ ਕੀਤੇ ਗਏ ਕੰਮਾਂ ਦੇ ਅਧਾਰ 'ਤੇ ਪੁਰਸਕਾਰ ਦੇ ਕੇ ਸਨਮਾਨਤ ਕੀਤਾ ਗਿਆ । ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ ਨੇ ਦੱਸਿਆ ਕਿ ਰੋਟਰੀ ਕਲੱਬ ਨਾਰਥ ਨੇ ਇਸ ਸਮਾਗਮ 'ਚ ਕੁੱਲ 21 ਪੁਰਸਕਾਰ ਪ੍ਰਾਪਤ ਕਰ ਇੱਕ ਨਵਾਂ ਕੀਰਤੀਮਾਨ ਸਥਾਪਤ ਕੀਤਾ। ਰੋਟਰੀ ਪ੍ਰਧਾਨ ਵਿਜੇ ਭਸੀਨ ਨੇ ਸਾਰੇ ਰੋਟਰੀ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸਾਰੇ ਰੋਟਰੀ ਮੈਂਬਰਾਂ ਦੀ ਮਿਹਨਤ ਅਤੇ ਲਗਨ ਦਾ ਨਤੀਜਾ ਹੈ ਜੋ ਅੱਜ ਰੋਟਰੀ ਕਲੱਬ ਨਾਰਥ ਨੂੰ ਏਨੇ ਪੁਰਸਕਾਰ ਦੇ ਕੇ ਸਨਮਾਨਤ ਕੀਤਾ ਗਿਆ।

## ਭਾਰਤੀ ਕਿਸਾਨ ਯੂਨੀਅਨ ਨੇ ਮੁੱਖ ਮੰਤਰੀ ਦਾ ਪੁਤਲਾ ਫੂਕ ਕੇ ਕੀਤਾ ਰੋਸ ਜਾਹਰ

**ਮਹਿਤਪੁਰ (ਰਾਜਾ)** ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਇਕਾਈ ਵਲੋਂ ਮੱਕੀ ਅਤੇ ਮੂੰਗੀ ਦੀ ਫਸਲ 'ਤੇ ਕਿਸਾਨਾਂ ਨੂੰ ਐਮ ਐਸ ਪੀ ਤਹਿਤ ਪੂਰਾ ਰੇਟ ਦੇਣ ਦੀ ਬਜਾਏ ਵਪਾਰੀਆਂ ਵਲੋਂ ਘੱਟ ਰੇਟ 'ਤੇ ਕਿਸਾਨਾਂ ਦੀ ਫਸਲ ਦੀ ਖਰੀਦ ਕਰਕੇ ਕਿਸਾਨਾ ਦੀ ਕੀਤੀ ਜਾ ਰਹੀ ਲੁੱਟ ਖਸੁੱਟ ਦੇ ਰੋਸ ਵਜੋਂ ਇਥੇ ਸਥਾਨਿਕ ਮਾਰਕੀਟ ਕਮੇਟੀ ਦੇ ਦਫਤਰ ਸਾਹਮਣੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਰੋਸ ਜਾਹਿਰ ਕੀਤਾ ਗਿਆ । ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕੇਵਲ ਸਿੰਘ ਖੈਹਿਰਾ, ਬਲਾਕ ਪ੍ਰਧਾਨ ਨਰਿੰਦਰ ਸਿੰਘ ਬਾਜਵਾ, ਜਲੰਧਰ ਜ਼ਿਲ੍ਹੇ ਦੇ ਸੀਨੀਅਰ ਮੀਤ ਪ੍ਰਧਾਨ ਜਸਵੰਤ ਸਿੰਘ ਲੋਹਗੜ੍ਹ, ਪ੍ਰੈਸ ਸਕੱਤਰ ਤਜਿੰਦਰ ਪਾਲ ਸਿੰਘ ਸਿੱਧੂ, ਬਲਾਕ ਮਹਿਤਪੁਰ ਦੇ ਯੂਥ ਪ੍ਰਧਾਨ ਗੁਰਿੰਦਰ ਸਿੰਘ ਪੱਡਾ, ਮੁੱਖ ਸਲਾਹਕਾਰ ਲਖਵੀਰ ਸਿੰਘ ਗੋਬਿੰਦਪੁਰ, ਸੀਨੀਅਰ ਮੀਤ ਪ੍ਰਧਾਨ ਰਮਨਜੀਤ ਸਿੰਘ ਸਮਰਾ, ਮਹਿੰਦਰ ਪਾਲ ਸਿੰਘ, ਗੁਰਜੰਟ ਸਿੰਘ, ਜਸਵੀਰ ਸਿੰਘ, ਪਾਲ ਸਿੰਘ ਜ਼ਿਲ੍ਹਾ ਸੱਕਤਰ ਆਦਿ ਮੌਜੂਦ ਸਨ ।

## ਮੋਦੀ ਸਰਕਾਰ ਦਾ ਅਕਸ ਖਰਾਬ ਕਰਨ ਲਈ ਝੂਠ ਫੈਲਾ ਰਹੀਆਂ ਵਿਰੋਧੀ ਧਿਰਾਂ : ਅਰੁਣ ਖੋਸਲਾ

ਫਗਵਾੜਾ 06 ਜੁਲਾਈ (ਰਮਨ ਸ਼ਰਮਾ) ਕੇਂਦਰ ਦੀ ਸੱਤਾ 'ਚ ਭਾਜਪਾ ਦੇ ਨੌਂ ਸਾਲ ਪੂਰੇ ਹੋਣ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਾਰਜਕਾਲ ਨੂੰ ਦੇਸ਼ ਦੇ ਸਮੂਹ ਵਰਗਾਂ ਲਈ ਸੁਨਹਿਰੀ ਦੌਰ ਦੱਸਦਿਆਂ ਭਾਜਪਾ ਦੇ ਸੀਨੀਅਰ ਆਗੂ ਅਤੇ ਸ਼ਹਿਰ ਦੇ ਸਾਬਕਾ ਮੇਅਰ ਅਰੁਣ ਖੋਸਲਾ ਨੇ ਕਿਹਾ ਕਿ ਸਾਰੇ ਧਰਮਾਂ ਦਾ ਬਰਾਬਰ ਸਤਿਕਾਰ ਕਰਨਾ ਹੀ ਮੋਦੀ ਸਰਕਾਰ ਦਾ ਮੂਲ ਮੰਤਰ ਹੈ। ਉਹਨਾਂ ਕਿਹਾ ਕਿ ਅੱਜ ਦੇਸ਼ ਵਿੱਚ ਕਿਸੇ ਵਿਸ਼ੇਸ਼ ਜਾਤੀ ਜਾਂ ਧਰਮ ਨੂੰ ਲਾਭ ਪਹੁੰਚਾਉਣ ਲਈ ਕੋਈ ਵੀ ਵਿਕਾਸ ਅਤੇ ਕਲਿਆਣਕਾਰੀ ਯੋਜਨਾ ਨਹੀਂ ਬਣਾਈ ਜਾਂਦੀ, ਸਗੋਂ ਹਰ ਯੋਜਨਾ ਦਾ ਲਾਭ ਸਾਰੇ ਭਾਰਤੀਆਂ ਤੱਕ ਪਹੁੰਚਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਵਿਰੋਧੀ ਪਾਰਟੀਆਂ ਕੋਲ ਮੋਦੀ ਸਰਕਾਰ ਨੂੰ ਘੇਰਨ ਲਈ ਕੋਈ ਠੋਸ ਮੁੱਦਾ ਨਹੀਂ ਹੈ, ਇਸ ਲਈ ਭਾਜਪਾ ਅਤੇ ਪ੍ਰਧਾਨ ਮੰਤਰੀ ਮੋਦੀ ਦਾ ਅਕਸ ਹਿੰਦੂ ਕੱਟੜਪੰਥੀ ਅਤੇ ਘੱਟ ਗਿਣਤੀ ਵਿਰੋਧੀ ਵਜੋਂ ਪੇਸ਼ ਕਰਕੇ ਮੁਸਲਮਾਨਾਂ ਅਤੇ ਸਿੱਖਾਂ ਨੂੰ ਭੜਕਾਉਣ ਦੀ ਨਾਕਾਮ ਕੋਸ਼ਿਸ਼ ਕੀਤੀ ਜਾ ਰਹੀ ਹੈ। ਜੋ ਕਿ ਕਦੇ ਵੀ ਸਫਲ ਨਹੀਂ ਹੋਵੇਗੀ ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ 350 ਤੋਂ ਵੱਧ ਸੀਟਾਂ ਨਾਲ ਦੇਸ਼ ਦੀ ਸੱਤਾ 'ਚ ਇਕ ਵਾਰ ਫਿਰ ਸ਼ਾਨਦਾਰ ਵਾਪਸੀ ਕਰੇਗੀ, ਜਿਸ ਦੇ ਵਿੱਚ ਦੱਖਣੀ ਭਾਰਤ ਦੇ ਰਾਜਾਂ ਦਾ ਵੀ ਅਹਿਮ ਯੋਗਦਾਨ ਹੋਵੇਗਾ। ਉਨ੍ਹਾਂ ਕਿਹਾ ਕਿ ਮੋਦੀ ਸ਼ਾਸਨ ਅਧੀਨ ਜਿੱਥੇ ਬਹੁਗਿਣਤੀ ਹਿੰਦੂ ਸਮਾਜ ਦੀ ਆਸਥਾ ਦਾ ਸਤਿਕਾਰ ਕਰਦੇ ਹੋਏ ਪੰਜ ਸੌ ਸਾਲਾਂ ਦੇ ਲੰਮੇ ਸੰਘਰਸ਼ ਤੋਂ ਬਾਅਦ ਭਗਵਾਨ ਸ਼੍ਰੀ ਰਾਮ ਦੀ ਜਨਮ ਭੂਮੀ ਅਯੁੱਧਿਆ ਵਿੱਚ ਵਿਸ਼ਾਲ ਮੰਦਿਰ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਉੱਥੇ ਹੀ ਸ਼੍ਰੀ ਸੋਮਨਾਥ ਅਤੇ ਕੇਦਾਰਨਾਥ ਮੰਦਰਾਂ ਦੀ ਵੀ ਕਾਇਆ ਕਲਪ ਕੀਤੀ ਗਈ ਹੈ। ਇਸੇ ਤਰ੍ਹਾਂ ਦੇਸ਼ ਦੀ ਕੁੱਲ ਆਬਾਦੀ ਵਿੱਚੋਂ ਸਿਰਫ਼ ਦੋ ਫ਼ੀਸਦੀ ਸਿੱਖ ਅਬਾਦੀ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹ ਦਿੱਤਾ ਗਿਆ ਹੈ। ਮੋਦੀ ਸਰਕਾਰ ਨੇ 1984 ਦੇ ਸਿੱਖ ਕਤਲੇਆਮ ਲਈ ਇਨਸਾਫ਼ ਦਾ ਰਾਹ ਸਾਫ਼ ਕੀਤਾ ਹੈ। ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਫਗਾਨਿਸਤਾਨ ਤੋਂ ਸਤਿਕਾਰ ਸਹਿਤ ਭਾਰਤ ਲਿਆਂਦੇ ਗਏ ਅਤੇ ਤਾਲਿਬਾਨੀ ਜ਼ੁਲਮ ਦਾ ਸ਼ਿਕਾਰ ਹੋਏ ਹਿੰਦੂ-ਸਿੱਖਾਂ ਦਾ ਭਾਰਤ ਵਿੱਚ ਪੁਨਰਵਾਸ ਕੀਤਾ ਜਾ ਰਿਹਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 400ਵਾਂ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350ਵਾਂ ਪ੍ਰਕਾਸ਼ ਪੁਰਬ ਕੌਮੀ ਤਿਉਹਾਰਾਂ ਵਜੋਂ ਮਨਾਇਆ ਗਿਆ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਵੀਰ ਬਾਲ ਦਿਵਸ ਵਜੋਂ ਮਾਨਤਾ ਦਿੱਤੀ ਗਈ ਹੈ। ਇਸ ਤੋਂ ਇਲਾਵਾ ਪੰਜਾਬ ਵਿੱਚ ਆਈ.ਆਈ.ਐਮ. ਖੋਲ੍ਹਣਾ, ਪੀਜੀਆਈ ਦੇ ਸੈਟੇਲਾਈਟ ਸੈਂਟਰਾਂ ਦੀ ਸਥਾਪਨਾ ਅਤੇ ਬਠਿੰਡਾ ਵਿੱਚ ਏਮਜ਼ ਹਸਪਤਾਲ ਦੀ ਸਥਾਪਨਾ ਮੋਦੀ ਸਰਕਾਰ ਦੀਆਂ ਜ਼ਿਕਰਯੋਗ ਪ੍ਰਾਪਤੀਆਂ ਹਨ। ਖੋਸਲਾ ਨੇ ਕਿਹਾ ਕਿ ਕਸ਼ਮੀਰ ਵਿੱਚੋਂ ਧਾਰਾ 370 ਅਤੇ 35-ਏ ਨੂੰ ਖਤਮ ਕਰਕੇ ਮੋਦੀ ਸਰਕਾਰ ਨੇ ਉਥੋਂ ਦੇ ਬਹੁਗਿਣਤੀ ਮੁਸਲਮਾਨਾਂ ਨੂੰ ਮੁੱਖ ਧਾਰਾ ਨਾਲ ਜੋੜਿਆ ਅਤੇ ਅੱਜ ਕਸ਼ਮੀਰ ਦਾ ਸਰਬਪੱਖੀ ਵਿਕਾਸ ਹੋ ਰਿਹਾ ਹੈ। ਘਾਟੀ 'ਚ ਅੱਤਵਾਦ ਦੀ ਕਮਰ ਟੁੱਟ ਗਈ ਹੈ। ਹੁਣ ਯੂਨੀਫਾਰਮ ਸਿਵਲ ਕੋਡ (ਯੂ.ਸੀ.ਸੀ.) ਲਾਗੂ ਕਰਕੇ ਮੁਸਲਿਮ ਔਰਤਾਂ ਨੂੰ ਬਰਾਬਰੀ ਦੇ ਅਧਿਕਾਰ ਦੇਣ ਲਈ ਵੀ ਕਦਮ ਚੁੱਕੇ ਜਾ ਰਹੇ ਹਨ ਪਰ ਅਫਸੋਸ ਦੀ ਗੱਲ ਹੈ ਕਿ ਮੋਦੀ ਸਰਕਾਰ ਦੇ ਇਸ ਕ੍ਰਾਂਤੀਕਾਰੀ ਕਦਮ ਨੂੰ ਮੁਸਲਿਮ ਵਿਰੋਧੀ ਕਰਾਰ ਦਿੱਤਾ ਜਾ ਰਿਹਾ ਹੈ ਅਤੇ ਦੇਸ਼ ਵਿੱਚ ਅਰਾਜਕਤਾ ਫੈਲਾਉਣ ਦੇ ਯਤਨ ਵਿਰੋਧੀ ਧਿਰਾਂ ਵੱਲੋਂ ਕੀਤੇ ਜਾ ਰਹੇ ਹਨ, ਜਿਸਦੀ ਦੇਸ਼ ਵਿਦੇਸ਼ 'ਚ ਵੱਸਦੇ ਸਮੂਹ ਭਾਰਤੀਆਂ ਵਲੋਂ ਸਖਤ ਨਖੇਧੀ ਕੀਤੀ ਜਾਣੀ ਚਾਹੀਦੀ ਹੈ।

## ਜਾਖੜ ਨੂੰ ਬਹੁਜਨ ਸਮਾਜ ਆਉਣ ਵਾਲੇ ਇਲੈਕਸ਼ਨ 'ਚ ਸਬਕ ਸਿਖਾਵੇਗਾ : ਭੁੱਟੋ

**ਮਹਿਤਪੁਰ (ਰਾਜਾ)** ਭਾਜਪਾ ਵਲੋਂ ਬਹੁਜਨ ਸਮਾਜ ਨੂੰ ਪੈਰ ਦੀ ਜੁੱਤੀ ਆਖਣ ਵਾਲੇ ਜਾਖੜ ਨੂੰ ਪੰਜਾਬ ਪ੍ਰਧਾਨ ਲਗਾ ਕੇ ਦਲਿਤ ਆਗੂਆਂ ਦਾ ਅਪਮਾਨ ਕੀਤਾ ਗਿਆ ਹੈ। ਇਹ ਵਿਚਾਰ ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਪ੍ਰਧਾਨ ਰਾਜ ਕੁਮਾਰ ਭੁੱਟੋ ਅਤੇ ਬਲਵਿੰਦਰ ਬਾਊਪੁਰ ਨੇ ਦਿੱਤੇ। ਉਹਨਾਂ ਕਿਹਾ ਹੈ ਕਿ ਮਨੂੰਵਾਦੀ ਵਿਚਾਰਧਾਰਾ ਵਾਲੀ ਭਾਜਪਾ ਕਦੇ ਵੀ ਪੰਜਾਬ ਦੇ ਲੋਕਾਂ ਦਾ ਭਲਾ ਨਹੀ ਕਰ ਸਕਦੀ, ਭਾਜਪਾ, ਕਾਂਗਰਸ ਅਤੇ ਆਪ ਵਿਚ ਬੈਠੇ ਦਲਿਤ ਆਗੂਆਂ ਨੂੰ ਆਪਣੇ ਹਿਰਦੇ ਫਰੋਲਣ ਦੀ ਲੋੜ ਹੈ। ਤਾਜੀ ਘਟਨਾ ਇਹ ਹੈ ਕਿ ਮੱਧ ਪ੍ਰਦੇਸ਼ ਦੇ ਸਿੱਧੀ ਜ਼ਿਲ੍ਹੇ ਵਿਚ ਇਕ ਆਦਿਵਾਸੀ ਵਿਅਕਤੀ ਦੇ ਮੂੰਹ ਉਤੇ ਉਥੋਂ ਦੇ ਲੋਕਲ ਦਬੰਗ ਨੇਤਾ ਵਲੋਂ ਪਿਸ਼ਾਬ ਕਰ ਕੇ ਉਸ ਨੂੰ ਜਲੀਲ ਕੀਤਾ ਗਿਆ। ਭਾਜਪਾ ਵਿਚ ਬੈਠੇ ਅਨੇਕਾਂ ਹੀ ਧਨਾਢ ਆਗੂਆਂ ਵਲੋਂ ਬਾਰ ਬਾਰ ਬਹੁਜਨ ਸਮਾਜ ਨੂੰ ਪੈਰ ਦੀ ਜੁੱਤੀ ਆਖ ਕੇ ਜਲੀਲ ਕੀਤਾ ਜਾ ਰਿਹਾ ਹੈ, ਪੰਜਾਬ ਦੇ ਲੋਕ ਕਦੇ ਵੀ ਜਾਖੜ ਵਰਗੇ ਜਾਤ ਅਭਿਮਾਨੀ ਲੋਕਾਂ ਨੂੰ ਮੂੰਹ ਨਹੀਂ ਲਗਾਉਣਗੇ। ਦਲਿਤ ਆਗੂਆਂ ਨੂੰ ਆਤਮ ਚਿੰਤਨ ਕਰਕੇ ਕਰਕੇ ਇਸ ਤੋਂ ਕਿਨਾਰਾ ਕਰ ਲੈਣਾ ਚਾਹੀਦਾ ਹੈ। ਭਾਰਤੀ ਜਨਤਾ ਪਾਰਟੀ ਸੰਵਿਧਾਨ ਵਿਰੋਧੀ ਪਾਰਟੀ ਹੈ, ਇਹ ਬਹੁਜਨ ਸਮਾਜ ਦੇ ਸੰਵਿਧਾਨਿਕ ਹੱਕਾਂ ਨੂੰ ਖਤਮ ਕਰ ਰਹੀ ਹੈ। ਭਾਰਤੀ ਜਨਤਾ ਪਾਰਟੀ ਨੇ ਸੁਨੀਲ ਜਾਖੜ ਨੂੰ ਪ੍ਰਧਾਨ ਲਗਾ ਕੇ ਸਮੁੱਚੇ ਬਹੁਜਨ ਸਮਾਜ ਦਾ ਨਿਰਾਦਰ ਕੀਤਾ ਹੈ, ਅਜਿਹੀ ਪਾਰਟੀ ਨੂੰ ਚੋਣਾਂ ਵਿੱਚ ਬਹੁਜਨ ਸਮਾਜ ਮੂੰਹ ਨਹੀਂ ਲਾਵੇਗਾ ਅਤੇ ਇਸ ਨੂੰ ਸਬਕ ਸਿਖਾਵੇਗਾ।

## ਨਸ਼ਾ ਤਸਕਰਾਂ ਦੀ ਸੂਚਨਾ ਟੋਲ ਫ੍ਰੀ ਹੈੱਲਪ ਲਾਈਨ ਨੰਬਰ 'ਤੇ ਦਿੱਤੀ ਜਾਵੇ : ਡਿਪਟੀ ਕਮਿਸ਼ਨਰ

**ਗੁਰਦਾਸਪੁਰ, (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਏ ਜਾ ਰਹੇ ਨਸ਼ਾ ਮੁਕਤੀ ਅਭਿਆਨ ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਇੱਕ ਨਸ਼ਾ ਮੁਕਤੀ ਕੰਟਰੋਲ ਕੇਂਦਰ ਸਥਾਪਤ ਕੀਤਾ ਗਿਆ ਹੈ ਜੋ ਹਫ਼ਤੇ ਦੇ ਸਾਰੇ ਦਿਨ 24 ਘੰਟੇ ਆਪਣੀਆਂ ਸੇਵਾਵਾਂ ਦੇ ਰਿਹਾ ਹੈ। ਇਸ ਨਸ਼ਾ ਮੁਕਤੀ ਕੰਟਰੋਲ ਕੇਂਦਰ ਦਾ ਟੋਲ ਫ੍ਰੀ ਹੈਲਪ ਲਾਈਨ ਨੰਬਰ 1800-180-1852 ਹੈ, ਜਿਸ ਉੱਪਰ ਨਸ਼ਾ ਤਸਕਰਾਂ ਦੀ ਸੂਚਨਾ ਦਿੱਤੀ ਜਾ ਸਕਦੀ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਨਸ਼ਾ ਮੁਕਤੀ ਕੰਟਰੋਲ ਕੇਂਦਰ ਦੇ ਹੈਲਪ ਲਾਈਨ ਨੰਬਰ 1800-180-1852 ਉੱਪਰ ਕੋਈ ਵੀ ਵਿਅਕਤੀ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਉਨ੍ਹਾ ਕਿਹਾ ਕਿ ਇਸ ਦੇ ਨਾਲ ਹੀ ਇਸ ਹੈਲਪ ਲਾਈਨ ਨੰਬਰ ਉੱਪਰ ਨਸ਼ਾ ਕਰਨ ਵਾਲੇ ਪੀੜਤਾਂ ਦੀ ਸੂਚਨਾ ਵੀ ਦਿੱਤੀ ਜਾ ਸਕਦੀ ਹੈ ਤਾਂ ਜੋ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਪੀੜਤ ਵਿਅਕਤੀਆਂ ਦਾ ਇਲਾਜ ਕਰਵਾਇਆ ਜਾ ਸਕੇ।